28-DEC-PAGE-1.qxd 12/27/2023 9:46 PM Page 1

ਵੀਰਵਾਰ, 28 ਦਸੰਬਰ, 2023

13 ਪੋਹ { ਨਾਨਕਸ਼ਾਹੀ 555 / ਬਿਕਰਮੀ 2080 }

ਜਿਲਦ/VOL. : 72

ਅੰਕ/NO. : 208

# ਨਵਾਂ ਜ਼ਮਾਨਾ

DAILY NAWAN ZAMANA • THURSDAY, 28 DECEMBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਭਾਰਤ ਜੋੜੋ ਯਾਤਰਾ ਤੋਂ ਬਾਅਦ 'ਭਾਰਤ ਨਿਆਏ ਯਾਤਰਾ'

## ਰਾਹੁਲ ਦੀ ਅਗਵਾਈ 'ਚ 14 ਨੂੰ ਮਨੀਪੁਰ ਤੋਂ ਚੱਲ ਕੇ 6200 ਕਿੱਲੋਮੀਟਰ ਤੈਅ ਕਰਕੇ 20 ਮਾਰਚ ਨੂੰ ਮੁੰਬਈ ਪੁੱਜੇਗੀ

**ਨਵੀਂ ਦਿੱਲੀ** : ਕਾਂਗਰਸ ਰਾਹੁਲ ਗਾਂਧੀ ਦੀ ਅਗਵਾਈ ਵਿਚ 14 ਜਨਵਰੀ ਤੋਂ 20 ਮਾਰਚ ਤੱਕ 'ਭਾਰਤ ਨਿਆਏ ਯਾਤਰਾ' ਕਰੇਗੀ ਤੇ ਇਹ ਯਾਤਰਾ ਮਨੀਪੁਰ ਤੋਂ ਸ਼ੁਰੂ ਹੋ ਕੇ ਮੁੰਬਈ ਤਕ ਜਾਵੇਗੀ। ਇਹ ਐਲਾਨ ਬੁੱਧਵਾਰ ਇਥੇ ਕਾਂਗਰਸ ਦੇ ਜਨਰਲ ਸਕੱਤਰ (ਸੰਗਠਨ) ਕੇ ਸੀ ਵੇਣੂਗੋਪਾਲ ਨੇ ਕੀਤਾ।

ਉਨ੍ਹਾ ਕਿਹਾ ਕਿ ਯਾਤਰਾ ਅਸਾਮ, ਨਾਗਾਲੈਂਡ, ਮੇਘਾਲਿਆ, ਪੱਛਮੀ ਬੰਗਾਲ, ਬਿਹਾਰ, ਝਾਰਖੰਡ, ਓਡੀਸ਼ਾ, ਛੱਤੀਸਗੜ੍ਹ, ਯੂ ਪੀ, ਮੱਧ ਪ੍ਰਦੇਸ਼, ਰਾਜਸਥਾਨ ਅਤੇ ਗੁਜਰਾਤ ਸਮੇਤ 14 ਰਾਜਾਂ ਦੇ 85 ਜ਼ਿਲ੍ਹਿਆਂ ਵਿੱਚੋਂ ਹੁੰਦੀ ਹੋਈ 6,200 ਕਿਲੋਮੀਟਰ ਦੀ ਦੂਰੀ ਤੈਅ ਕਰੇਗੀ। ਯਾਤਰਾ ਜ਼ਿਆਦਾਤਰ ਦੂਰੀ ਬੱਸ ਰਾਹੀਂ ਤੈਅ ਕਰੇਗੀ ਤੇ ਕੁੱਝ ਸਥਾਨਾਂ 'ਤੇ ਪੈਦਲ ਯਾਤਰਾ ਕੀਤੀ ਜਾਵੇਗੀ।

ਇਸਤੋਂ ਪਹਿਲਾਂ ਰਾਹੁਲ ਨੇ ਕੰਨਿਆਕੁਮਾਰੀ ਤੋਂ ਕਸ਼ਮੀਰ ਤਕ 4500 ਕਿੱਲੋਮੀਟਰ ਦੀ ਯਾਤਰਾ ਕੀਤੀ ਸੀ।



### ਰਾਹੁਲ ਭਲਵਾਨਾਂ ਨੂੰ ਮਿਲੇ

**ਨਵੀਂ ਦਿੱਲੀ** : ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਵਜੋਂ ਬ੍ਰਿਜ ਭੂਸ਼ਣ ਸ਼ਰਣ ਸਿੰਘ ਦੇ ਵਿਸ਼ਵਾਸਪਾਤਰ ਸੰਜੈ ਸਿੰਘ ਦੀ ਚੋਣ ਕਾਰਨ ਪੈਦਾ ਹੋਏ ਵਿਵਾਦ ਦੇ ਮੱਦੇਨਜ਼ਰ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਬੁੱਧਵਾਰ ਹਰਿਆਣਾ ਦੇ ਝੱਜਰ 'ਚ ਉਲੰਪਿਕ ਕਾਂਸੀ ਤਮਗਾ ਜੇਤੂ ਬਜਰੰਗ ਪੂਨੀਆ ਅਤੇ ਹੋਰ ਪਹਿਲਵਾਨਾਂ ਨਾਲ ਮੁਲਾਕਾਤ ਕੀਤੀ। ਬਜਰੰਗ ਨੇ ਪਿਛਲੇ ਹਫਤੇ ਸੰਜੈ ਸਿੰਘ ਦੀ ਜਿੱਤ ਦੇ ਵਿਰੋਧ 'ਚ ਆਪਣਾ ਪਦਮਸ੍ਰੀ ਪੁਰਸਕਾਰ ਵਾਪਸ ਕਰਨ ਦਾ ਐਲਾਨ ਕੀਤਾ ਸੀ। ਰਾਹੁਲ ਨੇ ਵਰਿੰਦਰ ਅਖਾੜਾ ਵਿਖੇ ਪਹਿਲਵਾਨਾਂ ਨਾਲ ਮੁਲਾਕਾਤ ਕੀਤੀ। ਬਜਰੰਗ ਨੇ ਆਪਣੇ ਕੁਸ਼ਤੀ ਕਰੀਅਰ ਦੀ ਸ਼ੁਰੂਆਤ ਇਸੇ ਅਖਾੜੇ ਤੋਂ ਕੀਤੀ ਸੀ। ਬਜਰੰਗ ਨੇ ਬਾਅਦ ਵਿਚ ਪੱਤਰਕਾਰਾਂ ਨੂੰ ਕਿਹਾ-ਰਾਹੁਲ ਗਾਂਧੀ ਸਾਡੀ ਟ੍ਰੇਨਿੰਗ ਦੇਖਣ ਆਏ ਸਨ। ਉਨ੍ਹਾ ਮੇਰੇ ਨਾਲ ਕੁਸ਼ਤੀ ਅਤੇ ਕਸਰਤ ਕੀਤੀ। ਉਹ ਦੇਖਣ ਆਏ ਸਨ ਕਿ ਭਲਵਾਨ ਦੀ ਰੋਜ਼ਾਨਾ ਜ਼ਿੰਦਗੀ ਕਿਹੋ ਜਿਹੀ ਹੁੰਦੀ ਹੈ।

# ਗਣਤੰਤਰ ਦਿਵਸ ਪਰੇਡ ਨੂੰ ਵੀ ਭਗਵਾਂ ਰੰਗ, ਸਾਡੀ ਝਾਕੀ ਨਾਮਨਜ਼ੂਰ : ਮਾਨ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਦੱਸਿਆ ਕਿ ਕੇਂਦਰ ਸਰਕਾਰ ਨੇ 26 ਜਨਵਰੀ ਦੀ ਗਣਤੰਤਰ ਦਿਵਸ ਪਰੇਡ 'ਚ ਪੰਜਾਬ ਦੀ ਝਾਕੀ ਨੂੰ ਸ਼ਾਮਲ ਕਰਨ ਦੀ ਇਜਾਜ਼ਤ ਨਹੀਂ ਦਿੱਤੀ, ਜਦਕਿ ਭਾਜਪਾ ਸ਼ਾਸਤ ਰਾਜਾਂ ਨੂੰ ਵਧੇਰੇ ਤਰਜੀਹ ਦਿੱਤੀ ਗਈ ਹੈ।

ਇਥੇ ਪ੍ਰੈਸ ਕਾਨਫਰੰਸ 'ਚ ਉਨ੍ਹਾ ਕਿਹਾ ਕਿ ਪਿਛਲੇ ਸਾਲ ਵੀ ਪੰਜਾਬ ਨਾਲ ਅਜਿਹਾ ਵਿਤਕਰਾ ਕੀਤਾ ਗਿਆ ਸੀ। 26 ਜਨਵਰੀ ਦੀ ਪਰੇਡ ਨੂੰ ਵੀ ਭਗਵਾਂ ਰੰਗ ਦਿੱਤਾ ਗਿਆ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ-ਇਸ ਵਾਰ ਪੰਜਾਬ ਸਰਕਾਰ ਨੂੰ ਪੁੱਛਿਆ ਗਿਆ ਸੀ ਕਿ ਪੰਜਾਬ ਆਪਣੀ ਝਾਕੀ ਲਿਆਵੇਗਾ ਜਾਂ ਨਹੀਂ। ਅਸੀਂ 4 ਅਗਸਤ ਨੂੰ ਕੇਂਦਰ ਸਰਕਾਰ ਨੂੰ ਪੱਤਰ ਲਿਖ ਭੇਜ ਕੇ ਝਾਕੀ ਦੀ ਇੱਛਾ ਜ਼ਾਹਰ ਕੀਤੀ ਸੀ। ਅਸੀਂ ਤਿੰਨ ਡਿਜ਼ਾਈਨ ਭੇਜੇ ਸਨ। ਇੱਕ ਸੀ ਪੰਜਾਬ ਦਾ ਕੁਰਬਾਨੀਆਂ ਅਤੇ ਸ਼ਹਾਦਤਾਂ ਦਾ ਇਤਿਹਾਸ, ਦੂਜਾ ਭਾਰਤ ਦੀ ਮਾਈ ਭਾਗੋ-ਪਹਿਲੀ ਮਹਿਲਾ ਯੋਧਾ ਅਤੇ ਤੀਜਾ ਪੰਜਾਬ ਦਾ ਅਮੀਰ ਵਿਰਸਾ ਤੇ ਇਤਿਹਾਸ। ਇਸ ਸੰਬੰਧੀ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਨਾਲ ਤਿੰਨ ਮੀਟਿੰਗਾਂ ਕੀਤੀਆਂ ਗਈਆਂ ਤੇ ਬੁੱਧਵਾਰ ਪੰਜਾਬ ਦੀ ਝਾਕੀ ਸ਼ਾਮਲ ਨਾ ਕਰਨ ਬਾਰੇ ਪੱਤਰ ਮਿਲਿਆ ਹੈ।

## ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਨਤਮਸਤਕ

**ਫਤਹਿਗੜ੍ਹ ਸਾਹਿਬ. (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਬੁੱਧਵਾਰ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਜੀ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਜੋੜ ਮੇਲੇ ਦੇ ਦੂਜੇ ਦਿਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ।



ਪਵਿੱਤਰ ਅਸਥਾਨ ਉਤੇ ਮੱਥਾ ਟੇਕਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਮੁਕੱਦਸ ਅਸਥਾਨ ਨਾ ਸਿਰਫ ਸਿੱਖਾਂ ਲਈ, ਸਗੋਂ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਜੀ ਨੇ ਬਾਲ ਉਮਰ ਵਿੱਚ ਸ਼ਹੀਦੀ ਪ੍ਰਾਪਤ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਤੇ ਸਾਹਿਬਜ਼ਾਦਾ ਫਤਹਿ ਸਿੰਘ ਜੀ ਦੀ ਸ਼ਹਾਦਤ ਵਾਲੀ ਇਹ ਪਾਵਨ ਧਰਤੀ ਸਦੀਆਂ ਤੋਂ ਪੰਜਾਬੀਆਂ ਨੂੰ ਬੇਇਨਸਾਫੀ, ਜਬਰ-ਜ਼ੁਲਮ ਅਤੇ ਦਮਨ ਦੇ ਖਿਲਾਫ ਆਵਾਜ਼ ਬੁਲੰਦ ਕਰਨ ਲਈ ਪ੍ਰੇਰਿਤ ਕਰਦੀ ਆ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਨੇ ਉਸ ਮੌਕੇ ਦੇ ਸਰਹਿੰਦ ਦੇ ਮੁਗਲ ਹਾਕਮ ਦੇ ਆਪਹੁਦਰੇਪਣ ਅਤੇ ਧੱਕੇਸ਼ਾਹੀ ਦੇ ਵਿਰੁੱਧ ਖੜ੍ਹੇ ਹੋ ਕੇ ਨਿਰਭੈ ਤੇ ਬਹਾਦਰੀ ਦਾ ਮਿਸਾਲੀ ਪ੍ਰਗਟਾਵਾ ਕੀਤਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਦੁਨੀਆ ਦੇ ਇਤਿਹਾਸ ਵਿੱਚ ਅਜਿਹੀ ਕੋਈ ਮਿਸਾਲ ਨਹੀਂ ਮਿਲਦੀ, ਜਦੋਂ ਛੋਟੇ ਸਾਹਿਬਜ਼ਾਦਿਆਂ ਦੀ ਉਮਰ ਵਿੱਚ ਕਿਸੇ ਹੋਰ ਨੇ ਲਾਸਾਨੀ ਕੁਰਬਾਨੀ ਦਿੱਤੀ ਹੋਵੇ।

## ਐੱਫ ਡੀ 'ਤੇ ਵਿਆਜ ਵਧਿਆ

**ਨਵੀਂ ਦਿੱਲੀ** : ਭਾਰਤੀ ਸਟੇਟ ਬੈਂਕ ਨੇ ਕੁਝ ਫਿਕਸਡ ਡਿਪਾਜ਼ਿਟ (ਐੱਫ ਡੀ) 'ਤੇ ਵਿਆਜ ਦਰਾਂ 'ਚ 0.5 ਫੀਸਦੀ ਤੱਕ ਦਾ ਵਾਧਾ ਕੀਤਾ ਹੈ ਤੇ ਇਹ ਤੁਰੰਤ ਲਾਗੂ ਹੋ ਗਈਆਂ ਹਨ। ਬੈਂਕ ਨੇ 7 ਤੋਂ 45 ਦਿਨਾਂ ਤੱਕ ਦੀ ਮਿਆਦ ਪੂਰੀ ਹੋਣ ਵਾਲੀ ਜਮ੍ਹਾ ਰਾਸ਼ੀ 'ਤੇ ਵਿਆਜ ਦਰ 3 ਫੀਸਦੀ ਤੋਂ ਵਧਾ ਕੇ 3.50 ਫੀਸਦੀ ਕਰ ਦਿੱਤੀ ਹੈ। 46 ਦਿਨਾਂ ਦੀ ਮਿਆਦ 'ਤੇ 179 ਦਿਨਾਂ ਦੀ ਵਿਆਜ ਦਰ 4.50 ਫੀਸਦੀ ਤੋਂ ਵਧਾ ਕੇ 4.75 ਫੀਸਦੀ ਕਰ ਦਿੱਤੀ ਹੈ। 180 ਦਿਨਾਂ ਤੋਂ 210 ਦਿਨਾਂ ਦੀ ਮਿਆਦ 'ਤੇ ਵਿਆਜ ਦਰ ਵੀ 5.25 ਫੀਸਦੀ ਤੋਂ ਵਧਾ ਕੇ 5.75 ਫੀਸਦੀ ਕਰ ਦਿੱਤੀ ਹੈ। 211 ਦਿਨਾਂ ਤੋਂ ਇੱਕ ਸਾਲ ਤੋਂ ਘੱਟ ਮਿਆਦ ਵਾਲੀਆਂ ਐੱਫ ਡੀਜ਼ ਲਈ ਵਿਆਜ ਦਰ 5.75 ਪ੍ਰਤੀਸ਼ਤ ਤੋਂ ਵਧਾ ਕੇ 6 ਪ੍ਰਤੀਸ਼ਤ ਕਰ ਦਿੱਤੀ ਗਈ ਹੈ। ਤਿੰਨ ਸਾਲ ਤੋਂ ਲੈ ਕੇ ਪੰਜ ਸਾਲ ਤੋਂ ਘੱਟ ਦੀ ਮਿਆਦ ਵਾਲੇ ਡਿਪਾਜ਼ਿਟ 'ਤੇ ਵਿਆਜ ਦਰ 6.50 ਫੀਸਦੀ ਤੋਂ ਵਧਾ ਕੇ 6.75 ਕਰ ਦਿੱਤੀ ਗਈ ਹੈ। ਹੋਰ ਕਾਰਜਕਾਲ ਦਰਾਂ 'ਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ।

## ਐੱਮ ਫਿਲ ਦੇ ਦਾਖਲੇ ਖਿਲਾਫ ਚਿਤਾਵਨੀ

**ਨਵੀਂ ਦਿੱਲੀ** : ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂ ਜੀ ਸੀ) ਨੇ ਵਿਦਿਆਰਥੀਆਂ ਨੂੰ ਯੂਨੀਵਰਸਿਟੀਆਂ ਤੋਂ ਮਾਸਟਰ ਆਫ ਫਿਲਾਸਫੀ (ਐੱਮ ਫਿਲ) ਪ੍ਰੋਗਰਾਮਾਂ 'ਚ ਦਾਖਲੇ ਨਾ ਲੈਣ ਦੀ ਚਿਤਾਵਨੀ ਦਿੱਤੀ ਹੈ। ਇਹ ਚਿਤਾਵਨੀ ਯੂ ਜੀ ਸੀ ਵੱਲੋਂ ਐੱਮ ਫਿਲ ਕੋਰਸਾਂ ਨੂੰ ਰੱਦ ਕਰਨ ਤੋਂ ਬਾਅਦ ਆਈ ਹੈ, ਜਿਸ ਦੇ ਬਾਵਜੂਦ ਕੁਝ ਯੂਨੀਵਰਸਿਟੀਆਂ ਇਹ ਕਰਵਾ ਰਹੀਆਂ ਹਨ। ਯੂ ਜੀ ਸੀ ਨੇ ਇਸ ਤੋਂ ਪਹਿਲਾਂ ਉੱਚ ਵਿਦਿਅਕ ਸੰਸਥਾਵਾਂ ਨੂੰ ਐੱਮ ਫਿਲ ਪ੍ਰੋਗਰਾਮਾਂ ਨੂੰ ਬੰਦ ਕਰਨ ਦਾ ਨਿਰਦੇਸ਼ ਦਿੰਦੇ ਹੋਏ ਐੱਮ ਫਿਲ ਡਿਗਰੀ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਸੀ। ਇਸ ਤੋਂ ਇਲਾਵਾ ਯੂਨੀਵਰਸਿਟੀਆਂ ਨੂੰ ਅਕਾਦਮਿਕ ਸਾਲ 2023-24 ਲਈ ਐੱਮ ਫਿਲ ਪ੍ਰੋਗਰਾਮ ਲਈ ਦਾਖਲੇ ਰੋਕਣ ਦੇ ਨਿਰਦੇਸ਼ ਦਿੱਤੇ ਗਏ ਸਨ। ਅਧਿਕਾਰਤ ਨੋਟੀਫਿਕੇਸ਼ਨ 'ਚ ਯੂ ਜੀ ਸੀ ਨੇ ਕਿਹਾ-ਇਹ ਯੂ ਜੀ ਸੀ ਦੇ ਧਿਆਨ 'ਚ ਆਇਆ ਹੈ ਕਿ ਕੁਝ ਯੂਨੀਵਰਸਿਟੀਆਂ ਐੱਮ ਫਿਲ ਪ੍ਰੋਗਰਾਮ ਲਈ ਨਵੀਆਂ ਅਰਜ਼ੀਆਂ ਮੰਗ ਰਹੀਆਂ ਹਨ। ਇਸ ਸੰਬੰਧ ਵਿੱਚ ਇਹ ਧਿਆਨ 'ਚ ਲਿਆਂਦਾ ਜਾ ਰਿਹਾ ਹੈ ਕਿ ਐੱਮ ਫਿਲ ਡਿਗਰੀ ਮਾਨਤਾ ਪ੍ਰਾਪਤ ਡਿਗਰੀ ਨਹੀਂ ਹੈ।

## ਆਸਕਰ ਜੇਤੂ ਫਿਲਮ ਦੇ ਅਦਾਕਾਰ ਦੀ ਲਾਸ਼ ਕਾਰ 'ਚੋਂ ਮਿਲੀ



**ਸਿਓਲ** : ਆਸਕਰ ਪੁਰਸਕਾਰ ਜੇਤੂ ਫਿਲਮ 'ਪੈਰਾਸਾਈਟ' ਦੇ ਅਦਾਕਾਰ ਲੀ ਸਨ-ਕਿਊਨ ਬੁੱਧਵਾਰ ਕੇਂਦਰੀ ਸਿਓਲ ਦੇ ਪਾਰਕ 'ਚ ਕਾਰ 'ਚ ਮ੍ਰਿਤਕ ਮਿਲੇ। ਇਸ ਤੋਂ ਪਹਿਲਾਂ ਪੁਲਸ ਨੇ ਕਿਹਾ ਸੀ ਕਿ ਉਹ ਬੇਹੋਸ਼ ਮਿਲੇ। ਲੀ ਦੇ ਪਰਵਾਰ ਨੇ ਪੁਲਸ ਨੂੰ ਸੂਚਿਤ ਕੀਤਾ ਸੀ ਕਿ ਲੀ ਖੁਦਕੁਸ਼ੀ ਕਰਨ ਵਰਗਾ ਨੋਟ ਘਰ 'ਚ ਛੱਡ ਕੇ ਚਲੇ ਗਏ ਹਨ। ਇਸ ਤੋਂ ਬਾਅਦ ਪੁਲਸ ਨੇ ਅਦਾਕਾਰ ਦੀ ਭਾਲ ਸ਼ੁਰੂ ਕੀਤੀ ਸੀ।

## ਕੁਸ਼ਤੀ ਫੈਡਰੇਸ਼ਨ ਚਲਾਉਣ ਲਈ ਤਿੰਨ ਮੈਂਬਰੀ ਪੈਨਲ

**ਨਵੀਂ ਦਿੱਲੀ** : ਖੇਡ ਮੰਤਰਾਲੇ ਵੱਲੋਂ ਭਾਰਤੀ ਕੁਸ਼ਤੀ ਫੈਡਰੇਸ਼ਨ ਨੂੰ ਨਿਯਮਾਂ ਦੀ ਪਾਲਣਾ ਨਾ ਕਰਨ ਕਾਰਨ ਮੁਅੱਤਲ ਕਰਨ ਤੋਂ ਬਾਅਦ ਭਾਰਤੀ ਉਲੰਪਿਕ ਐਸੋਸੀਏਸ਼ਨ ਨੇ ਉਸ ਦਾ ਕੰਮ ਚਲਾਉਣ ਲਈ ਬੁੱਧਵਾਰ ਤਿੰਨ ਮੈਂਬਰੀ ਐਡਹਾਕ ਪੈਨਲ ਕਾਇਮ ਕਰ ਦਿੱਤਾ। ਵੁਸ਼ੂ ਐਸੋਸੀਏਸ਼ਨ ਆਫ ਇੰਡੀਆ ਦੇ ਪ੍ਰਧਾਨ ਭੁਪਿੰਦਰ ਸਿੰਘ ਬਾਜਵਾ ਪੈਨਲ ਦੇ ਚੇਅਰਮੈਨ ਹੋਣਗੇ ਅਤੇ ਹਾਕੀ ਉਲੰਪੀਅਨ ਐੱਮ ਐੱਮ ਸੋਮਾਇਆ ਤੇ ਸਾਬਕਾ ਕੌਮਾਂਤਰੀ ਸ਼ਟਲਰ ਮੰਜੂਸ਼ਾ ਕੰਵਰ ਦੋ ਮੈਂਬਰ ਹੋਣਗੇ।

## ਵੀ ਕੇ ਸਿੰਘ ਦੀ ਪੰਜਾਬ ਵਾਪਸੀ



**ਚੰਡੀਗੜ੍ਹ** : ਪੰਜਾਬ ਦੇ ਸਭ ਤੋਂ ਸੀਨੀਅਰ ਅਧਿਕਾਰੀ ਵਿਜੇ ਕੁਮਾਰ ਸਿੰਘ ਦੀ ਵਾਪਸੀ ਹੋ ਰਹੀ ਹੈ। 1990 ਬੈਚ ਦੇ ਵੀ ਕੇ ਸਿੰਘ ਇਸ ਸਮੇਂ ਰੱਖਿਆ ਮੰਤਰਾਲੇ 'ਚ ਸਕੱਤਰ ਵਜੋਂ ਸਾਬਕਾ ਫੌਜੀਆਂ ਦਾ ਵਿਭਾਗ ਦੇਖ ਰਹੇ ਸਨ। ਪੰਜਾਬ ਸਰਕਾਰ ਨੇ ਉਨ੍ਹਾ ਦੀ ਵਾਪਸੀ ਲਈ ਕੇਂਦਰ ਨੂੰ ਬੇਨਤੀ ਕੀਤੀ ਸੀ, ਜਿਸ ਨੂੰ ਕੇਂਦਰ ਸਰਕਾਰ ਨੇ ਸਵੀਕਾਰ ਕਰ ਲਿਆ ਹੈ। ਸਿੰਘ, ਜੋ 2017 ਤੋਂ ਕੇਂਦਰੀ ਡੈਪੂਟੇਸ਼ਨ 'ਤੇ ਸਨ, ਇਸ ਸਮੇਂ ਵਿਨੀ ਮਹਾਜਨ ਤੋਂ ਬਾਅਦ ਸਭ ਤੋਂ ਸੀਨੀਅਰ ਹਨ, ਜਦੋਂਕਿ ਮੁੱਖ ਸਕੱਤਰ ਦਾ ਅਹੁਦਾ 1993 ਬੈਚ ਦੇ ਆਈ ਏ ਐਸ ਅਧਿਕਾਰੀ ਅਨੁਰਾਗ ਵਰਮਾ ਕੋਲ ਹੈ। ਸਿੰਘ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪ੍ਰਿੰਸੀਪਲ ਸਕੱਤਰ ਲਾਏ ਜਾਣ ਦੀ ਆਸ ਹੈ ਕਿਉਂਕਿ ਏ ਵੇਣੂ ਪ੍ਰਸਾਦ ਦੇ ਜੁਲਾਈ ਵਿਚ ਰਿਟਾਇਰ ਹੋਣ ਤੋਂ ਬਾਅਦ ਇਹ ਅਹੁਦਾ ਖਾਲੀ ਹੈ।

## ਮਸੱਰਤ ਆਲਮ ਦੀ ਜਥੇਬੰਦੀ ਗੈਰਕਾਨੂੰਨੀ ਕਰਾਰ

**ਜੰਮੂ** : ਮੁਸਲਿਮ ਲੀਗ ਜੰਮੂ ਕਸ਼ਮੀਰ (ਮਸੱਰਤ ਆਲਮ ਧੜਾ) ਨੂੰ ਜੰਮੂ-ਕਸ਼ਮੀਰ 'ਚ ਗੈਰ-ਕਾਨੂੰਨੀ ਸੰਗਠਨ ਐਲਾਨਿਆ ਗਿਆ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇਸ ਬਾਰੇ ਟਵੀਟ ਕਰਦਿਆਂ ਇਹ ਵੀ ਕਿਹਾ ਕਿ ਉਹ ਅੱਤਵਾਦੀ ਗਤੀਵਿਧੀਆਂ ਦਾ ਸਮਰਥਨ ਕਰਦੇ ਹਨ ਅਤੇ ਲੋਕਾਂ ਨੂੰ ਭੜਕਾਉਂਦੇ ਹਨ। ਇਹ ਸੰਗਠਨ ਅਤੇ ਇਸ ਦੇ ਮੈਂਬਰ ਜੰਮੂ-ਕਸ਼ਮੀਰ 'ਚ ਦੇਸ਼ ਵਿਰੋਧੀ ਅਤੇ ਵੱਖਵਾਦੀ ਗਤੀਵਿਧੀਆਂ ਦੇ ਨਾਲ-ਨਾਲ ਅੱਤਵਾਦੀ ਗਤੀਵਿਧੀਆਂ ਦਾ ਸਮਰਥਨ ਕਰਨ ਅਤੇ ਲੋਕਾਂ ਨੂੰ ਜੰਮੂ-ਕਸ਼ਮੀਰ 'ਚ ਇਸਲਾਮਿਕ ਸ਼ਾਸਨ ਸਥਾਪਤ ਕਰਨ ਲਈ ਉਕਸਾਉਣ 'ਚ ਸ਼ਾਮਲ ਹਨ। ਸੰਗਠਨ ਦਾ ਅੰਤਰਮ ਚੇਅਰਮੈਨ ਮਸੱਰਤ ਆਲਮ 2015 ਤੋਂ ਜੇਲ੍ਹ 'ਚ ਹੈ। ਉਹ 2008 ਅਤੇ 2010 'ਚ ਕਸ਼ਮੀਰ 'ਚ ਹੋਏ ਹਿੰਸਕ ਪ੍ਰਦਰਸ਼ਨਾਂ ਦਾ ਮੁੱਖ ਸੂਤਰਧਾਰ ਰਿਹਾ ਹੈ। ਸਈਅਦ ਅਲੀ ਸ਼ਾਹ ਗਿਲਾਨੀ ਦੀ ਮੌਤ ਤੋਂ ਬਾਅਦ, ਉਸ ਨੂੰ ਹੁਰੀਅਤ ਦਾ ਅੰਤਰਮ ਚੇਅਰਮੈਨ ਬਣਾਇਆ ਗਿਆ ਸੀ।

# ਇਜ਼ਰਾਈਲ ਨੇ ਸ਼ਰਨਾਰਥੀ ਕੈਂਪਾਂ 'ਤੇ ਹਮਲੇ ਵਧਾਏ

**ਰਫਾਹ** : ਇਜ਼ਰਾਈਲੀ ਸੁਰੱਖਿਆ ਬਲਾਂ ਨੇ ਭੀੜ-ਭੜੱਕੇ ਵਾਲੇ ਫਲਸਤੀਨੀ ਇਲਾਕਿਆਂ 'ਤੇ ਗੋਲਾਬਾਰੀ ਕੀਤੀ ਅਤੇ ਲੋਕਾਂ ਨੂੰ ਇਲਾਕਾ ਖਾਲੀ ਕਰਨ ਦਾ ਆਦੇਸ਼ ਦੇਣ ਦੇ ਬਾਅਦ ਮੱਧ ਗਾਜ਼ਾ ਦੇ ਸ਼ਹਿਰੀ ਸਰਨਾਰਥੀ ਕੈਂਪਾਂ 'ਤੇ ਆਪਣੇ ਜ਼ਮੀਨੀ ਹਮਲੇ ਨੂੰ ਵਧਾ ਦਿੱਤਾ ਹੈ। ਗਾਜ਼ਾ ਦੀਆਂ ਮੁੱਖ ਦੂਰਸੰਚਾਰ ਕੰਪਨੀਆਂ ਨੇ ਇਨ੍ਹਾਂ ਖੇਤਰਾਂ 'ਚ ਸੇਵਾਵਾਂ ਪੂਰੀ ਤਰ੍ਹਾਂ ਠੱਪ ਕਰ ਦਿੱਤੀਆਂ ਹਨ। ਜੰਗ ਲਈ ਨਵੇਂ ਇਲਾਕਿਆਂ ਦਾ ਜ਼ਦ 'ਚ ਆਉਣਾ ਇਸ ਵੱਲ ਸੰਕੇਤ ਹੈ ਕਿ ਆਉਣ ਵਾਲਾ ਸਮਾਂ ਭਿਆਨਕ ਤੇ ਲੰਮਾ ਹੈ, ਕਿਉਂਕਿ ਇਜ਼ਰਾਈਲ ਨੇ ਹਮਾਸ ਨੂੰ ਖਤਮ ਕਰਨ ਦੀ ਸਹੁੰ ਖਾਧੀ ਹੋਈ ਹੈ।



ਉਧਰ, ਦਿੱਲੀ ਦੇ ਚਾਣਕਿਆਪੁਰੀ ਸਥਿਤ ਇਜ਼ਰਾਈਲੀ ਸਫਾਰਤਖਾਨੇ ਨੇੜੇ ਮੰਗਲਵਾਰ ਸ਼ਾਮ ਨੂੰ ਹੋਏ ਧਮਾਕੇ ਦੇ ਮਾਮਲੇ ਵਿਚ ਸੀ ਸੀ ਟੀ ਵੀ ਕੈਮਰੇ ਵਿਚ ਦੋ ਮਸ਼ਕੂਕ ਨੌਜਵਾਨ ਨਜ਼ਰ ਆਏ ਹਨ। ਸੂਤਰਾਂ ਨੇ ਦੱਸਿਆ ਕਿ ਧਮਾਕੇ ਤੋਂ ਥੋੜ੍ਹੀ ਦੇਰ ਪਹਿਲਾਂ ਘਟਨਾ ਵਾਲੀ ਥਾਂ ਦੇ ਨੇੜੇ ਦੋ ਨੌਜਵਾਨਾਂ ਨੂੰ ਸੜਕ 'ਤੇ ਜਾਂਦੇ ਦੇਖਿਆ ਜਾ ਸਕਦਾ ਸੀ। ਅਧਿਕਾਰੀ ਨੇ ਦੱਸਿਆ ਕਿ ਇਸ ਘਟਨਾ ਤੋਂ ਬਾਅਦ ਪੁਲਸ ਨੇ ਗਸ਼ਤ ਵਧਾ ਦਿੱਤੀ ਹੈ। ਸੁਰੱਖਿਆ ਏਜੰਸੀਆਂ ਨੇ ਅਬਦੁਲ ਕਲਾਮ ਰੋਡ ਅਤੇ ਪ੍ਰਿਥਵੀਰਾਜ ਰੋਡ 'ਤੇ ਕਈ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਹੈ। ਘਟਨਾ ਸਥਾਨ ਦਾ ਦੌਰਾ ਕਰਨ ਵਾਲੇ ਸੁਰੱਖਿਆ ਅਧਿਕਾਰੀਆਂ ਨੇ ਕਿਹਾ ਕਿ ਘਟਨਾ ਸਥਾਨ 'ਤੇ ਵਿਸਫੋਟਕ ਦਾ ਕੋਈ ਨਿਸ਼ਾਨ ਨਹੀਂ ਮਿਲਿਆ ਇਸ ਲਈ ਰਸਾਇਣਕ ਧਮਾਕੇ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਘਟਨਾ ਵਾਲੀ ਥਾਂ ਤੋਂ ਇਜ਼ਰਾਈਲ ਦੇ ਰਾਜਦੂਤ ਨੂੰ ਅਪਮਾਨਜਨਕ ਭਾਸ਼ਾ 'ਚ ਸੰਬੋਧਤ ਪੱਤਰ ਬਰਾਮਦ ਕੀਤਾ ਗਿਆ ਹੈ।

# ਲੱਖਾਂ ਸੰਗਤਾਂ ਹੋਈਆਂ ਨਤਮਸਤਕ



**ਸ੍ਰੀ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਸਭਾ ਦੇ ਦੂਜੇ ਦਿਨ ਬੁੱਧਵਾਰ ਵੀ ਦੇਸ਼-ਵਿਦੇਸ਼ ਤੋਂ ਪਹੁੰਚੀਆਂ ਲੱਖਾਂ ਸੰਗਤਾਂ ਨੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਗੁਰਦੁਆਰਾ ਠੰਢਾ ਬੁਰਜ ਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਲਈ ਵਿਸ਼ਾਲ ਪੱਧਰ 'ਤੇ ਲੰਗਰ, ਮੈਡੀਕਲ ਸਹੂਲਤ, ਰਿਹਾਇਸ਼, ਧਾਰਮਿਕ ਸਾਹਿਤ ਪ੍ਰਦਰਸ਼ਨੀਆਂ, ਜੋੜਾ ਘਰ, ਗਠੜੀ ਘਰ ਆਦਿ ਦੇ ਪ੍ਰਬੰਧ ਕੀਤੇ ਗਏ। ਸੰਗਤਾਂ ਤੇ ਸੇਵਾ ਸੁਸਾਇਟੀਆਂ ਵੱਲੋਂ ਵੀ ਵੱਡੀ ਪੱਧਰ 'ਤੇ ਸੰਗਤ ਦੀ ਸੇਵਾ ਲਈ ਵੱਖ ਵੱਖ ਤਰ੍ਹਾਂ ਦੇ ਪ੍ਰਬੰਧ ਕੀਤੇ ਗਏ ਸਨ।

## ਕੈਂਟਰ ਦੀ ਟੱਕਰ 'ਚ ਦੋ ਹੋਮਗਾਰਡਾਂ ਦੀ ਮੌਤ

**ਡੇਰਾਬੱਸੀ** : ਬਰਵਾਲਾ ਰੋਡ 'ਤੇ ਮੰਗਲਵਾਰ ਰਾਤ ਕਰੀਬ ਡੇਢ ਵਜੇ ਕਾਰ ਨੂੰ ਟੱਕਰ ਮਾਰ ਕੇ ਆ ਰਹੇ ਕੈਂਟਰ ਨੇ ਮੋਟਰਸਾਈਕਲ 'ਤੇ ਗਸ਼ਤ ਕਰ ਰਹੇ ਹੋਮਗਾਰਡ ਦੇ ਜਵਾਨਾਂ ਨੂੰ ਟੱਕਰ ਮਾਰ ਦਿੱਤੀ। ਦੋਵਾਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ 53 ਸਾਲਾ ਹਰੀ ਸਿੰਘ ਵਾਸੀ ਪਿੰਡ ਭਾਂਖਰਪੁਰ ਅਤੇ ਜਸਮੇਰ ਸਿੰਘ ਵਜੋਂ ਹੋਈ ਹੈ। ਕੈਂਟਰ ਕਾਰ ਨੂੰ ਫੇਟ ਮਾਰ ਕੇ ਤੇਜ਼ੀ ਨਾਲ ਆ ਰਿਹਾ ਸੀ ਤੇ ਕਾਰ ਚਾਲਕ ਉਸ ਦਾ ਪਿੱਛਾ ਕਰ ਰਿਹਾ ਸੀ। ਡੇਰਾਬੱਸੀ ਕੈਂਟਰ ਯੂਨੀਅਨ ਦੇ ਸਾਹਮਣੇ ਪਹੁੰਚ ਕੇ ਕੈਂਟਰ ਗਲਤ ਪਾਸੇ ਚਲਾ ਗਿਆ, ਜਿਸ ਕਾਰਨ ਸਾਹਮਣੇ ਤੋਂ ਆ ਰਹੇ ਦੋਵੇਂ ਹੋਮਗਾਰਡ ਉਸ ਦੀ ਲਪੇਟ 'ਚ ਆ ਕੇ ਗੰਭੀਰ ਜ਼ਖ਼ਮੀ ਹੋ ਗਏ।



ਸਿਵਲ ਹਸਪਤਾਲ ਦੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਹਾਦਸੇ ਮਗਰੋਂ ਕੈਂਟਰ ਚੰਡੀਗੜ੍ਹ ਵੱਲ ਭੱਜ ਗਿਆ। ਪੁਲਸ ਨੇ ਚੰਡੀਗੜ੍ਹ ਪੁਲਸ ਨੂੰ ਸੂਚਨਾ ਦੇ ਕੇ ਕੈਂਟਰ ਚਾਲਕ ਨੂੰ ਕਾਬੂ ਕਰ ਕੇ ਡੇਰਾਬੱਸੀ ਲਿਆਂਦਾ।

## ਅਮਰੀਕਾ 'ਚ ਵਿਧਾਇਕ ਦੇ ਪੰਜ ਰਿਸ਼ਤੇਦਾਰਾਂ ਸਣੇ 6 ਦੀ ਮੌਤ

**ਵਿਜੈਵਾੜਾ** : ਆਂਧਰਾ ਦੇ ਇੱਕ ਪਰਵਾਰ ਦੇ ਛੇ ਮੈਂਬਰਾਂ ਦੀ ਅਮਰੀਕਾ ਦੇ ਟੈਕਸਾਸ 'ਚ ਸੜਕ ਹਾਦਸੇ 'ਚ ਮੌਤ ਹੋ ਗਈ। ਉਹ ਵਾਈ ਐੱਸ ਆਰ ਕਾਂਗਰਸ ਪਾਰਟੀ ਦੇ ਮੁਮੀਦੀਵਰਮ ਤੋਂ ਵਿਧਾਇਕ ਪੀ ਵੈਂਕਟ ਸਤੀਸ਼ ਕੁਮਾਰ ਦੇ ਰਿਸ਼ਤੇਦਾਰ ਸਨ। ਜੌਹਨਸਨ ਕਾਉਂਟੀ ਵਿਚ ਮੰਗਲਵਾਰ ਹਾਈਵੇਅ 'ਤੇ ਟਰੱਕ-ਕਾਰ ਦੀ ਟੱਕਰ ਵਿਚ ਇਹ ਮੌਤਾਂ ਹੋਈਆਂ। ਪੀੜਤਾਂ ਦੀ ਪਛਾਣ ਵਿਧਾਇਕ ਦੇ ਰਿਸ਼ਤੇਦਾਰ ਪੀ ਨਾਗੇਸ਼ਵਰ ਰਾਓ, ਨਾਗੇਸ਼ਵਰ ਰਾਓ ਦੀ ਪਤਨੀ ਸੀਤਾ ਮਹਾਲਕਸ਼ਮੀ, ਧੀ ਨਵੀਨਾ, ਦੋਹਤੀ ਕ੍ਰਿਤਿਕ ਅਤੇ ਨਿਸ਼ੀਤਾ ਵਜੋਂ ਹੋਈ ਹੈ। ਇੱਕ ਹੋਰ ਵਿਅਕਤੀ ਦੀ ਵੀ ਜਾਨ ਚਲੇ ਗਈ। ਨਾਗੇਸ਼ਵਰ ਰਾਓ ਦਾ ਜਵਾਈ ਲੋਕੇਸ਼ ਜ਼ਖ਼ਮੀ ਹੋ ਗਿਆ ਅਤੇ ਉਸ ਦੀ ਹਾਲਤ ਵੀ ਨਾਜ਼ੁਕ ਦੱਸੀ ਗਈ ਹੈ। ਵਿਧਾਇਕ ਅਨੁਸਾਰ ਉਸ ਦਾ ਚਾਚਾ ਅਤੇ ਉਸ ਦਾ ਪਰਵਾਰ ਅਟਲਾਂਟਾ 'ਚ ਰਹਿ ਰਿਹਾ ਸੀ। ਉਹ ਕ੍ਰਿਸਮਸ ਦੀਆਂ ਛੁੱਟੀਆਂ 'ਤੇ ਟੈਕਸਾਸ 'ਚ ਕੁਝ ਰਿਸ਼ਤੇਦਾਰਾਂ ਨੂੰ ਮਿਲਣ ਤੋਂ ਬਾਅਦ ਘਰ ਪਰਤ ਰਹੇ ਸਨ।

## ਮੁਰਗੇ-ਮੁਰਗੀਆਂ ਦੀ ਲੁੱਟ



**ਆਗਰਾ** : ਫਿਰੋਜ਼ਾਬਾਦ ਹਾਈਵੇਅ 'ਤੇ ਬੁੱਧਵਾਰ ਸਵੇਰੇ ਸੰਘਣੀ ਧੁੰਦ ਕਾਰਨ ਹਾਦਸੇ ਦਾ ਸ਼ਿਕਾਰ ਲੋਡਰ ਵਿੱਚੋਂ ਮੁਰਗੇ-ਮੁਰਗੀਆਂ ਦੀ ਲੁੱਟ ਮਚ ਗਈ। ਜਿਸ ਨੂੰ ਮੌਕਾ ਮਿਲਿਆ, ਉਹ ਮੁਰਗੇ-ਮੁਰਗੀਆਂ ਨੂੰ ਪਿੰਜਰੇ 'ਚੋਂ ਕੱਢ ਕੇ ਲੈ ਗਿਆ। ਕੋਈ ਇਕ-ਦੋ ਲੈ ਗਿਆ ਤੇ ਕਿਸੇ ਨੇ ਬੋਰੀ ਭਰ ਲਈ।

## ਅੱਜ-ਨਾਮਾ

ਕਰ'ਤੀ ਪੰਜਾਬ ਦੀ ਕੇਂਦਰ ਨੇ ਰੱਦ ਝਾਕੀ,
ਪਿਛਲੀ ਵਾਂਗ ਇਹ ਖੇਡ ਦੁਹਰਾਈ ਮੀਆਂ।
ਭੇਜ ਕੇ ਪੱਤਰ ਸੀ ਪੁੱਛਿਆ ਆਪ ਕੇਂਦਰ,
ਪੂਰੀ ਤਜਵੀਜ਼ ਸੀ ਉਨ੍ਹਾਂ ਮੰਗਾਈ ਮੀਆਂ।
ਆਲਾ-ਟੋਲਾ ਪੰਜਾਬ ਨਹੀਂ ਕੋਈ ਕਰਿਆ,
ਖੇਚਲ ਕੀਤੀ, ਪਰ ਰਾਸ ਨਾ ਆਈ ਮੀਆਂ।
ਕਿਹੜੇ ਕਾਰਨ ਤੋਂ ਝਾਕੀ ਆ ਰੱਦ ਕੀਤੀ,
ਇੰਨੀ ਵੀ ਬਾਤ ਨਾ ਕਿਸੇ ਬਤਾਈ ਮੀਆਂ।
ਇਸ ਤਰ੍ਹਾਂ ਕੇਂਦਰ ਦਾ ਪਊ ਪ੍ਰਭਾਵ ਮੰਦਾ,
ਹਰ ਕੋਈ ਸੋਚਾਂ ਦਾ ਘੋੜਾ ਭਜਾਊ ਮੀਆਂ।
ਚਰਚਾ ਸੱਥਾਂ ਦੇ ਤੀਕ ਜਦ ਆਣ ਪਹੁੰਚੀ,
ਡਾਢੀ ਭਾਜਪਾ ਨੂੰ ਮੁਸ਼ਕਲ ਆਊ ਮੀਆਂ।

-ਤੀਸ ਮਾਰ ਖਾਂ

# ਵਿਮਲਾ ਡਾਂਗ ਨੇ ਬਾਲ ਮਜ਼ਦੂਰ ਬੱਚਿਆਂ ਲਈ ਤਰੱਕੀ ਦਾ ਰਾਹ ਖੋਲ੍ਹਿਆ : ਰਜਿੰਦਰਪਾਲ ਕੌਰ, ਜਸਵੰਤ ਰਾਏ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਭੈਣ ਜੀ ਵਿਮਲਾ ਡਾਂਗ ਦਾ ਜਨਮ ਦਿਨ ਹਰ ਸਾਲ ਵਾਂਗ ਬਾਲ ਮਜ਼ਦੂਰ ਸਿੱਖਿਆ ਕੋਰਸ ਦੇ ਬੱਚਿਆਂ ਨਾਲ ਮਨਾਇਆ ਗਿਆ। ਇਸ ਵਾਰ ਸਮਾਗਮ ਦੇ ਮੁੱਖ ਮਹਿਮਾਨ ਮੇਜਰ ਪਰਮਜੀਤ ਸਿੰਘ ਪੰਮੀ ਅਤੇ ਸੁਖਬੀਰ ਕੌਰ ਸਨ। ਸਮਾਗਮ ਦਾ ਕਰਤਾ ਧਰਤਾ ਬਾਲ ਮਜ਼ਦੂਰ ਸਿੱਖਿਆ ਕੋਰਸ ਦਾ ਕੋਆਰਡੀਨੇਟਰ ਜਸਵੰਤ ਰਾਏ ਸੀ। ਪੰਜਾਬ ਇਸਤਰੀ ਸਭਾ ਦੀ ਸੂਬਾ ਜਨਰਲ ਸਕੱਤਰ ਰਾਜਿੰਦਰਪਾਲ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਜੁਗਨੂੰਆਂ ਦਾ ਮੇਲਾ ਹੈ, ਕਿਉਂਕਿ ਇੱਥੇ ਮੌਜੂਦ ਹਰ ਸ਼ਖਸੀਅਤ ਇਸ ਸਮਾਜ ਦਾ ਹਨੇਰਾ ਦੂਰ ਕਰਨ ਆਪਣੇ ਆਪਣੇ ਢੰਗ ਨਾਲ ਕੋਸ਼ਿਸ਼ ਕਰ ਰਹੀ ਹੈ। ਇਸ ਬਾਲ ਮਜ਼ਦੂਰ ਸਿੱਖਿਆ ਕੋਰਸ ਦਾ ਮੁੱਢ ਭੈਣ ਜੀ ਵਿਮਲਾ ਡਾਂਗ ਨੇ ਬੰਨ੍ਹਿਆਂ ਸੀ ਜਿਨ੍ਹਾਂ ਦੀ ਤੀਬਰ ਇੱਛਾ ਸੀ ਕਿ ਢਾਬਿਆਂ 'ਤੇ ਕੰਮ ਕਰਦੇ, ਗਲੀਆਂ ਵਿੱਚ ਰੱਦੀ ਇਕੱਠੇ ਕਰਦੇ ਬੱਚਿਆਂ ਨੂੰ ਸਨਮਾਨ ਯੋਗ ਜ਼ਿੰਦਗੀ ਜਿਊਣ ਦੇ ਕਾਬਲ ਬਣਾਇਆ ਜਾਵੇ। ਜਸਵੰਤ ਰਾਏ ਨੇ ਦੱਸਿਆ ਕਿ ਭੈਣ ਜੀ ਨੂੰ ਇਨ੍ਹਾਂ ਬੱਚਿਆਂ ਨੂੰ ਪੜ੍ਹਾਈ ਨਾਲ ਜੋੜਨ ਵਾਸਤੇ ਬਹੁਤ ਮਿਹਨਤ ਕਰਨੀ ਪਈ, ਮੈਂ ਉਨ੍ਹਾਂ ਦੇ ਨਾਲ ਜਾਇਆ ਕਰਦਾ ਸੀ ਜਦੋਂ ਉਹ ਢਾਬਾ ਮਾਲਕਾਂ ਤੋਂ ਬੱਚਿਆਂ ਨੂੰ ਦੋ ਘੰਟੇ ਦੀ ਛੁੱਟੀ ਦੇਣ ਵਾਸਤੇ ਮਨਾਉਣ ਜਾਂਦੇ ਹੁੰਦੇ ਸਨ। ਉਨ੍ਹਾਂ ਨੇ 1995 ਤੋਂ ਹੁਣ ਤੱਕ ਬੱਚਿਆਂ ਦੀ ਕਾਰਗੁਜ਼ਾਰੀ ਬਾਰੇ ਗੱਲ ਕਰਦਿਆਂ ਦੱਸਿਆ ਕਿ ਇਸ ਨੂੰ ਸਫਲ ਬਣਾਉਣ ਵਿਚ ਮੈਡਮ ਵੀਰਇੰਦਰ, ਕਿਰਨਦੀਪ, ਰਾਜਵਿੰਦਰ ਕੌਰ, ਵਰਿੰਦਰ ਕੌਰ ਦਾ ਉੱਘਾ ਯੋਗਦਾਨ ਹੈ। ਅਧਿਆਪਕ ਆਗੂ ਬਲਕਾਰ ਸਿੰਘ ਵਲਟੋਹਾ ਨੇ ਸਮਾਜ ਦੀ ਕਾਣੀਵੰਡ ਦਾ ਵਰਨਣ ਕਰਦਿਆ ਦੱਸਿਆ ਕਿ ਭੈਣ ਵਿਮਲਾ ਡਾਂਗ ਅਤੇ ਕਾਮਰੇਡ ਸੱਤਪਾਲ ਡਾਂਗ ਨੇ ਇਸ ਸਿਸਟਮ ਨੂੰ ਬਦਲਣ ਲਈ ਅਣਥੱਕ ਮਿਹਨਤ ਕੀਤੀ। ਇਹ ਕੋਰਸ ਉਨ੍ਹਾਂ ਦੇ ਸੁਪਨੇ ਦਾ ਇਕ ਛੋਟਾ ਜਿਹਾ ਹਿੱਸਾ ਹੈ। ਮੁੱਖ ਮਹਿਮਾਨ ਮੇਜਰ ਪਰਮਜੀਤ ਸਿੰਘ ਪੰਮੀ ਨੇ ਆਪਣੇ ਮਿਲਟਰੀ ਵਿਚਲੇ ਸਮੇਂ ਅਤੇ ਫਿਰ ਅਮਰੀਕਾ ਵਿੱਚ ਹੰਢਾਏ ਵੱਖ-ਵੱਖ ਰੌਚਕ ਤਜਰਬੇ ਸਾਂਝੇ ਕੀਤੇ ਅਤੇ ਇਸ ਸਮਾਗਮ 'ਚ ਸ਼ਿਰਕਤ ਕਰਨ ਦੀ ਖੁਸ਼ੀ ਪ੍ਰਗਟ ਕੀਤੀ ਅਤੇ ਪ੍ਰਬੰਧਕਾਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਤੋਂ ਇਲਾਵਾ ਪੰਜਾਬ ਪੈਨਸ਼ਨਰ ਯੂਨੀਅਨ ਦੇ ਆਗੂ ਸਤਿਆਪਾਲ ਗੁਪਤਾ, ਨਰਿੰਦਰ ਪਾਲ ਨੇ ਵੀ ਸੰਬੋਧਨ ਕੀਤਾ। ਪੰਜਾਬ ਇਸਤਰੀ ਸਭਾ ਰਲੀਫ ਟਰੱਸਟ ਦੇ ਆਨਰੇਰੀ ਸਕੱਤਰ ਵਿਜੈ ਕਪੂਰ ਨੇ ਆਪਣੇ ਟਰੱਸਟ ਵੱਲੋਂ ਪਾਏ ਯੋਗਦਾਨ ਅਤੇ ਇਸ ਕੋਰਸ ਦੀ ਹੁਣ ਤੱਕ ਦੀ ਕਾਰਗੁਜ਼ਾਰੀ ਦਾ ਵਰਨਣ ਕਰਦਿਆਂ ਸਭ ਦਾ ਧੰਨਵਾਦ ਕੀਤਾ। ਐਨ ਸੀ ਸੀ ਇੰਚਾਰਜ ਸੁਖਪਾਲ ਸਿੰਘ ਅਤੇ ਹਰਮਨਪ੍ਰੀਤ ਸਿੰਘ ਨੇ ਵੀਰ ਬਾਲ ਦਿਵਸ ਤੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨਾਲ ਸਬੰਧਤ ਗੀਤ, ਦਿਲ ਟੁੰਬਵੀਆਂ ਕਵਿਤਾਵਾਂ ਪੇਸ਼ ਕਰਵਾਈਆਂ। ਅੰਤ ਵਿੱਚ ਮੁੱਖ ਮਹਿਮਾਨ ਮੇਜਰ ਪਰਮਜੀਤ ਸਿੰਘ ਪੰਮੀ ਅਤੇ ਭੈਣ ਸੁਖਬੀਰ ਕੌਰ ਨੂੰ ਸਨਮਾਨਤ ਕੀਤਾ ਗਿਆ ਅਤੇ ਉਨ੍ਹਾਂ ਨੇ ਸੁਖਵਿੰਦਰ ਬੈਂਸ, ਵੀਰਇੰਦਰ ਕੌਰ, ਮੈਡਮ ਅਜਮੇਰ ਕੌਰ ਅਤੇ ਨਾਰੀ ਚੇਤਨਾ ਮੰਚ ਦੇ ਪ੍ਰਧਾਨ ਜਸਪਾਲ ਭਾਟੀਆ ਨੂੰ ਸਨਮਾਨਤ ਕੀਤਾ। ਉਨ੍ਹਾਂ ਨੇ ਅਤੇ ਖਾਸ ਮਹਿਮਾਨਾਂ ਨੇ ਬੱਚਿਆਂ ਨੂੰ ਵਰਦੀਆਂ ਵੰਡੀਆਂ। ਵਿਸ਼ੇਸ਼ ਮਹਿਮਾਨਾਂ ਵਿੱਚ ਵਾਈਸ ਪ੍ਰਿੰਸੀਪਲ ਲਾਲ ਸਿੰਘ ਬਾਸਰਕੇ, ਧਰਮਿੰਦਰ ਸਿੰਘ, ਬਲਦੇਵ ਰਾਜ, ਰਾਮ ਮੂਰਤੀ, ਛੇਹਰਟਾ ਟੀਚਰਜ਼ ਕਲੱਬ ਵੱਲੋਂ ਕੁਲਵੰਤ ਸਿੰਘ ਸੰਧੂ, ਕੁਲਵੰਤ ਰਾਜ, ਅਵਤਾਰ ਸਿੰਘ ਅਤੇ ਹੋਰ ਮੈਂਬਰ ਸ਼ਾਮਲ ਹੋਏ। ਪ ਸ ਸ ਫ ਦੇ ਪ੍ਰਧਾਨ ਅਜੈ ਕੁਮਾਰ ਸਨੋਤਰਾ ਵੀ ਸ਼ਾਮਲ ਹੋਏ। ਸਭ ਤੋਂ ਵਿਸ਼ੇਸ਼ ਗੱਲ ਇਹ ਸੀ ਕਿ ਅਵਤਾਰ ਸਿੰਘ ਨੇ ਆਪਣੀ ਜੇਬ ਵਿਚਲੇ ਸਾਰੇ ਪੈਸੇ ਕੱਢ ਕੇ ਫੰਡ ਵਜੋਂ ਦੇ ਦਿੱਤੇ।



CMYK

28-DEC-PAGE-1.qxd 12/27/2023 9:49 PM Page 2



# ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਤ ਸਜਾਇਆ ਵਿਸ਼ਾਲ ਨਗਰ ਕੀਰਤਨ

**ਮਮਦੋਟ (ਹਰਪਾਲ ਸਿੰਘ ਸੋਢੀ)**-ਗੁਰੂ ਸਾਹਿਬ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਤ ਇੱਕ ਮਹਾਨ ਨਗਰ ਕੀਰਤਨ ਇਲਾਕਾ ਨਿਵਾਸੀਆਂ ਅਤੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਸਿੰਘ ਸਭਾ ਮਮਦੋਟ ਤੋਂ ਸਜਾਇਆ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਸਿੰਘ ਸਭਾ ਮਮਦੋਟ ਤੋਂ ਸ਼ੁਰੂ ਹੋ ਕੇ ਪਿੰਡ ਸਾਹਨਕੇ ਤੋਂ ਹੁੰਦਾ ਹੋਇਆ ਲੱਖਾ ਸਿੰਘ ਵਾਲਾ, ਮਮਦੋਟ ਬੱਸ ਸਟੈਂਡ ਅਤੇ ਬਿਜਲੀ ਘਰ ਤੋਂ ਹੁੰਦਾ ਹੋਇਆ ਪਿੰਡ ਲਖਮੀਰ ਕੇ ਉਤਾੜ ਦੇ ਗੁਰਦੁਆਰਾ ਗੋਬਿੰਦਸਰ ਸਾਹਿਬ ਤੋਂ ਹੁੰਦਾ ਹੋਇਆ ਚੱਕ ਰੋਨਾ ਰਹੀਮੇ ਕੇ ਤੋਂ ਵਾਪਸ ਗੁਰਦੁਆਰਾ ਭਾਗ ਸਾਹਿਬ ਤੋਂ ਹੁੰਦਾ ਹੋਇਆ ਗੁਰਦੁਆਰਾ ਸਿੰਘ ਸਭਾ ਮਮਦੋਟ ਵਿਖੇ ਪਰਤਿਆ।

ਨਗਰ ਕੀਰਤਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਫੁੱਲਾਂ ਨਾਲ ਸਜਾਈ ਪਾਲਕੀ ਦੀ ਅਗਵਾਈ ਪੰਜ ਪਿਆਰਿਆਂ ਨੇ ਕੀਤੀ। ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਕਵੀਸ਼ਰੀ ਜਥੇ ਅਤੇ ਢਾਡੀ ਸਿੰਘਾਂ ਨੇ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਭਾਈ ਰੇਸ਼ਮ ਸਿੰਘ ਹੀਰਾ ਦੇ ਕਵੀਸ਼ਰੀ ਜਥੇ ਨੇ ਗੁਰੂ ਜਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਦੇ ਅੱਗੇ ਅੱਗੇ ਬੀਬੀਆਂ ਦੇ ਜਥੇ ਵੱਲੋਂ ਸ਼ਬਦ ਸੁਣਾ ਕੇ ਮਾਹੌਲ ਨੂੰ ਪੂਰੀ ਤਰ੍ਹਾਂ ਧਾਰਮਕ ਬਣਾਇਆ ਹੋਇਆ ਸੀ।

ਨਗਰ ਕੀਰਤਨ ਦਾ ਜਗ੍ਹਾ ਜਗ੍ਹਾ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਲੰਗਰ ਲਗਾਏ ਗਏ। ਗਤਕਾ ਪਾਰਟੀਆਂ ਵੱਲੋਂ ਗਤਕੇ ਦੇ ਜੌਹਰ ਦਿਖਾਏ ਗਏ। ਨਗਰ ਕੀਰਤਨ ਦਾ ਪੰਚਾਇਤ ਮਮਦੋਟ ਦੇ ਸਾਹਮਣੇ ਪ੍ਰੈਸ ਕਲੱਬ ਮਮਦੋਟ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਸੰਧੂ ਅਤੇ ਸਮੂਹ ਪ੍ਰੈਸ ਕਲੱਬ (ਰਜਿ:) ਦੇ ਅਹੁਦੇਦਾਰਾਂ ਵੱਲੋਂ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਅਨਾਜ ਮੰਡੀ ਮਮਦੋਟ ਵਿਖੇ ਵੀ ਇਸ ਸਬੰਧ ਵਿੱਚ ਮਾਰਕੀਟ ਕਮੇਟੀ ਦੇ ਸਕੱਤਰ ਬਿਕਰਮਜੀਤ ਸਿੰਘ ਅਤੇ ਸਮੂਹ ਸਟਾਫ ਅਤੇ ਆੜ੍ਹਤੀਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਉਪਰੰਤ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ ਅਤੇ ਇੱਥੇ ਹਲਕਾ ਵਿਧਾਇਕ ਰਜਨੀਸ਼ ਦਹੀਆ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਰਾਜ ਸਿੰਘ ਸੰਧੂ ਅਤੇ ਸਮੁੱਚੀ ਟੀਮ ਵੱਲੋਂ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਪੁਲਸ ਥਾਣਾ ਮਮਦੋਟ ਦੇ ਸਾਹਮਣੇ ਨਗਰ ਕੀਰਤਨ ਪਹੁੰਚਣ 'ਤੇ ਮਮਦੋਟ ਥਾਣਾ ਦੇ ਐਸ.ਐਚ.ਓ ਗੁਰਮੀਤ ਸਿੰਘ ਅਤੇ ਸਮੂਹ ਸਟਾਫ ਨੇ ਨਗਰ ਕੀਰਤਨ ਦਾ ਸਵਾਗਤ ਕੀਤਾ।



# ਔਰਤਾਂ ਲਈ ਇੱਕ ਹਜ਼ਾਰ ਰੁਪਏ ਵਾਅਦਾ ਲਾਗੂ ਕਰੇ ਮਾਨ ਸਰਕਾਰ : ਲਿਬਰੇਸ਼ਨ

**ਮਾਨਸਾ** : ਹੁਣ ਤੱਕ ਵੱਖ-ਵੱਖ ਪਾਰਟੀਆਂ ਵੱਲੋਂ ਬਣਾਈਆਂ ਗਈਆਂ ਸਰਕਾਰਾਂ ਨੇ ਵੋਟਾਂ ਤੋਂ ਪਹਿਲਾਂ ਮਜ਼ਦੂਰਾਂ ਤੇ ਵਾਅਦਿਆਂ ਦੀਆਂ ਝੜੀਆਂ ਲਾਈਆਂ ਗਈਆਂ ਪਰ ਸੱਤਾ 'ਤੇ ਕਾਬਜ਼ ਹੁੰਦਿਆਂ ਹੀ ਵਾਅਦੇ ਵੱਟ ਪਾਉਣ ਵਾਲੇ ਗੁਰਦਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਜੇਕਰ ਮੁੱਖ ਮੰਤਰੀ ਭਗਵੰਤ ਮਾਨ ਦੇ ਚਿਹਰੇ ਨੂੰ ਲੋਕਾਂ ਨੇ ਵੋਟਾਂ ਪਾਈਆਂ ਤਾਂ ਹੁਣ ਭਗਵੰਤ ਮਾਨ ਸਰਕਾਰ ਵੀ ਮਜ਼ਦੂਰਾਂ ਤੋਂ ਮੁੱਖ ਮੋੜ ਗਈ। ਸਰਕਾਰਾਂ ਦੇ ਵਾਅਦਿਆਂ ਤੋਂ ਅੱਕ ਕੇ ਆਪਣੀਆਂ ਮੰਗਾਂ ਨੂੰ ਲਾਗੂ ਕਰਨ ਲਈ ਜਥੇਬੰਦੀ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਅਤੇ ਸੀ ਪੀ ਆਈ ਐਮ ਐੱਲ ਲਿਬਰੇਸ਼ਨ ਦੀ ਅਗਵਾਈ ਹੇਠ 5 ਜਨਵਰੀ ਸੰਗਰੂਰ ਰੈਲੀ ਨੂੰ ਸਫਲ ਕਰਨ ਲਈ ਖੋਖਰ ਕਲਾਂ, ਸੱਦਾ ਸਿੰਘ ਵਾਲਾ, ਰਾਮਦਿੱਤੇਵਾਲਾ, ਗੇਹਲੇ, ਕੋਟਲੀ ਕਲਾਂ, ਭਾਈਦੇਸਾ, ਮੂਸਾ ਆਦਿ ਪਿੰਡਾਂ ਵਿਚ ਨੁੱਕੜ ਮੀਟਿੰਗਾਂ ਕੀਤੀਆਂ ਗਈਆਂ। ਮਜ਼ਦੂਰ ਮੁਕਤੀ ਮੋਰਚਾ ਪੰਜਾਬ ਅਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਪਾਰਟੀ ਦੇ ਤਹਿਸੀਲ ਸਕੱਤਰ ਕਾਮਰੇਡ ਗੁਰਸੇਵਕ ਮਾਨਬੀਬੜੀਆਂ ਨੇ ਕਿਹਾ ਭਗਵੰਤ ਮਾਨ ਸਰਕਾਰ ਵੱਲੋਂ ਔਰਤਾਂ ਨੂੰ ਇੱਕ ਇੱਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਕੀਤਾ ਸੀ ਅਤੇ ਬੁਢਾਪਾ ਪੈਨਸ਼ਨ ਸਕੀਮ ਪੱਚੀ ਸੌ ਰੁਪਏ ਕਰਨ ਅਤੇ ਫੈਕਟਰੀ ਐਕਟ ਤਹਿਤ ਬਾਰਾਂ ਘੰਟਿਆਂ ਦਾ ਨੋਟੀਫਿਕੇਸ਼ਨ ਜਾਰੀ ਕਰਨਾ, ਮਜ਼ਦੂਰਾਂ ਦੀਆਂ ਸਮੁੱਚੀਆਂ ਮੰਗਾਂ 'ਤੇ ਕਈ ਵਾਰ ਮੀਟਿੰਗਾਂ ਸੱਦ ਕੇ ਭਗਵੰਤ ਮਾਨ ਸਰਕਾਰ ਵੱਲੋਂ ਮੀਟਿੰਗਾਂ ਕੈਂਸਲ ਕਰਕੇ ਮਜ਼ਦੂਰ ਆਗੂਆਂ ਦਾ ਅਪਮਾਨ ਕੀਤਾ ਗਿਆ। ਆਗੂਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਰਾਜ ਵਿੱਚ ਮਜ਼ਦੂਰਾਂ ਨੂੰ ਅੱਖੋਂ ਪਰੋਖੇ ਕੀਤਾ ਹੋਇਆ ਹੈ। ਮਜ਼ਦੂਰਾਂ ਦੀ ਇੱਕ ਵੀ ਮੰਗ ਪੂਰੀ ਨਹੀਂ ਹੋਈ ਅਤੇ ਦੂਜੇ ਪਾਸੇ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਪੰਜਾਬ ਲੁੱਟਣ ਲਈ ਖੁੱਲ੍ਹ ਦਿੱਤੀ ਹੋਈ ਹੈ। ਆਗੂਆਂ ਨੇ ਕਿਹਾ ਜੇਕਰ ਭਗਵੰਤ ਮਾਨ ਸਰਕਾਰ ਨੇ ਮਜ਼ਦੂਰਾਂ ਦੀ ਮੰਗਾਂ 'ਤੇ ਕੋਈ ਗੌਰ ਨਾ ਕੀਤੀ ਤਾਂ ਆਉਣ ਵਾਲੀਆਂ ਚੋਣਾਂ ਵਿੱਚ ਮਜ਼ਦੂਰ ਹਿਸਾਬ ਕਰਨਗੇ। ਇਸ ਸਮੇਂ ਮਜ਼ਦੂਰ ਆਗੂ ਮੇਜਰ ਸਿੰਘ ਸੱਦਾ ਸਿੰਘ ਵਾਲਾ, ਬਿੱਲੂ ਸਿੰਘ, ਬਾਵਾ ਸਿੰਘ ਨਰਿੰਦਰ ਪੁਰਾ, ਗੁਰਪਿਆਰ ਗੇਹਲੇ, ਕ੍ਰਿਸ਼ਨਾ ਕੌਰ ਅਮਰਜੀਤ ਕੌਰ, ਬਿੰਦਰ ਕੌਰ ਕੋਟਲੀ ਕਲਾਂ, ਇੰਦਰਜੀਤ ਕੌਰ ਆਦਿ ਆਗੂਆਂ ਨੇ ਸੰਬੋਧਨ ਕੀਤਾ।



# ਮੁੱਖ ਮੰਤਰੀ ਨੇ ਕੀਤੀ ਐੱਚ ਪੀ ਪੀ ਸੀ ਤੇ ਐੱਚ ਪੀ ਡਬਲਿਯੂ ਪੀ ਸੀ ਮੀਟਿੰਗ ਦੀ ਅਗਵਾਈ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਸਕੂਲਾਂ ਵਿਚ ਸਾਲ 2024-25 ਵਿਦਿਅਕ ਸੈਸ਼ਨ ਸ਼ੁਰੂ ਹੋਣ ਨਾਲ ਪਹਿਲਾਂ ਰਾਜ ਦੇ ਸਰਕਾਰੀ ਸਕੂਲਾਂ ਵਿਚ ਪਹਿਲੀ ਤੋਂ ਅੱਠਵੀਂ ਕਲਾਸਾਂ ਦੀਆਂ ਕੋਰਸ ਕਿਤਾਬਾਂ ਉਪਲਬਧ ਕਰਵਾਉਣ ਤਹਿਤ ਮੁੱਖ ਮੰਤਰੀ ਮਨੋਹਰ ਲਾਲ ਦੀ ਅਗਵਾਈ ਹੇਠ ਇੱਥੇ ਹੋਈ ਹਾਈ ਪਾਵਰ ਪ੍ਰਚੇਜ਼ ਕਮੇਟੀ ਦੀ ਮੀਟਿੰਗ ਵਿਚ ਮੰਜੂਰੀ ਪ੍ਰਦਾਨ ਕੀਤੀ ਗਈ। ਇਸ 'ਤੇ ਲਗਭਗ ਸਾਢੇ 55 ਕਰੋੜ ਰੁਪਏ ਦੀ ਪ੍ਰਿੰਟਿੰਗ ਲਾਗਤ ਆਵੇਗੀ। ਇਸ ਤੋਂ ਇਲਾਵਾ, ਐਚਪੀਪੀਸੀ ਅਤੇ ਹਾਈ ਪਾਵਰ ਵਰਕਸ ਪ੍ਰਚੇਜ਼ ਕਮੇਟੀ (ਐਚਪੀਡਬਲਿਯੂਪੀਸੀ) ਦੀ ਮੀਟਿੰਗ ਵਿਚ ਕੁੱਲ 264 ਕਰੋੜ ਰੁਪਏ ਤੋਂ ਵੱਧ ਦੇ ਕੰਟ੍ਰੈਕਟ ਅਤੇ ਵੱਖ-ਵੱਖ ਵਸਤੂਆਂ ਦੀ ਖਰੀਦ ਨੂੰ ਮੰਜੂਰੀ ਦਿੱਤੀ ਗਈ। ਮੀਟਿੰਗ ਵਿਚ ਵੱਖ-ਵੱਖ ਬੋਲੀਦਾਤਾਵਾਂ ਨਾਲ ਨੈਗੋਸੀਏਸ਼ਨ ਦੇ ਬਾਅਦ ਦਰਾਂ ਤੈਅ ਕਰ ਕੇ ਲਗਭਗ 5 ਕਰੋੜ ਰੁਪਏ ਦੀ ਬਚਤ ਕੀਤੀ ਗਈ ਹੈ। ਮੀਟਿੰਗ ਵਿਚ ਸਕੂਲ ਸਿੱਖਿਆ ਮੰਤਰੀ ਕੰਵਰ ਪਾਲ , ਉੱਚੇਰੀ ਸਿਖਿਆ ਮੰਤਰੀ ਮੂਲਚੰਦ ਸ਼ਰਮਾ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਜੇ ਪੀ ਦਲਾਲ, ਸਹਿਕਾਰਤਾ ਮੰਤਰੀ ਡਾ. ਬਨਵਾਰੀ ਲਾਲ, ਸ਼ਹਿਰੀ ਸਥਾਨਕ ਸਰਕਾਰ ਮੰਤਰੀ ਡਾ. ਕਮਲ ਗੁਪਤਾ ਅਤੇ ਕਿਰਤ ਰਾਜ ਮੰਤਰੀ ਅਨੂਪ ਧਾਨਕ ਵੀ ਮੌਜੂਦ ਸਨ। ਹਾਈ ਪਾਵਰ ਪ੍ਰਚੇਜ ਕਮੇਟੀ ਦੀ ਮੀਟਿੰਗ ਵਿਚ ਸਕੂਲ ਸਿਖਿਆ ਪਰਿਯੋਜਨਾ ਪਰਿਸ਼ਦ , ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਤੇ ਐਚਪੀਡਬਲਿਯੂਪੀਸੀ ਦੀ ਮੀਟਿੰਗ ਵਿਚ ਸਿੰਚਾਈ ਅਤੇ ਜਲ ਸੰਸਾਧਨ ਵਿਭਾਗ, ਗੁਰੂਗ੍ਰਾਮ ਮਹਾਨਗਰ ਵਿਕਾਸ ਅਥਾਰਿਟੀ, ਫਰੀਦਾਬਾਦ ਮਹਾਨਗਰ ਵਿਕਾਸ ਅਥਾਰਿਟੀ ਸਮੇਤ ਕੁੱਲ 13 ਏਜੰਡੇ ਰੱਖੇ ਗਏ ਅਤੇ ਸਾਰੇ ਏਜੰਡਿਆਂ ਨੂੰ ਮੰਜੂਰੀ ਪ੍ਰਦਾਨ ਕੀਤੀ ਗਈ। ਹਰਿਆਣਾ ਸਰਕਾਰ ਵੱਲੋਂ ਜਲ ਸਰੰਖਣ ਅਤੇ ਘੱਟ ਪਾਣੀ ਦੇ ਨਾਲ ਵੱਧ ਪੈਦਾਵਾਰ ਦੇ ਵਿਜਨ ਦੇ ਨਾਲ ਲਾਗੂ ਕੀਤੀ ਜਾ ਰਹੀ ਸੂਖਮ ਸਿੰਚਾਈ ਪਰਿਯੋਜਨਾਵਾਂ ਨੂੰ ਲਗਾਤਾਰ ਗਤੀ ਮਿਲ ਰਹੀ ਹੈ। ਇਸ ਲੜੀ ਵਿਚ ਦੀ ਮੀਟਿੰਗ ਵਿਚ ਜੀਂਦ ਵਿਚ ਸਥਾਪਿਤ 15 ਐਮਐਲਡੀ ਸਮਰੱਥਾ ਦੇ ਐਸਟੀਪੀ ਪਲਾਂਟ ਦੇ ਉਪਚਾਰਿਤ ਪਾਣੀ ਨੂੰ ਸੂਖਮ ਸਿੰਚਾਈ ਪਰਿਯੋਜਨਾ ਦੇ ਤਹਿਤ ਇਸਤੇਮਾਲ ਕਰਨ ਤਹਿਤ ਪਰਿਯੋਜਨਾ ਨੂੰ ਮੰਜੂਰੀ ਦਿੱਤੀ ਗਈ। ਇਸ ਦੇ ਲਈ ਐਸਟੀਪੀ ਤੇ ਸੂਖਮ ਸਿੰਚਾਈ ਤਹਿਤ ਕੰਮਿਊਨਿਟੀ ਅਧਾਰਿਤ ਸੌਰ/ਗ੍ਰਿਡ ਸੰਚਾਲਿਤ ਏਕੀਕ੍ਰਿਤ ਸੂਖਮ ਸਿੰਚਾਈ ਬੁਨਿਆਦੀ ਢਾਂਚੇ ਦੀ ਸਥਾਪਨਾ ਕੀਤੀ ਜਾਵੇਗੀ, ਇਸ 'ਤੇ ਲਗਭਗ 30 ਕਰੋੜ ਰੁਪਏ ਦੀ ਲਾਗਤ ਆਵੇਗੀ। ਮੀਟਿੰਗ ਵਿਚ ਗੁਰੂਗ੍ਰਾਮ ਮਹਾਨਗਰ ਵਿਕਾਸ ਅਥਾਰਿਟੀ ਦੇ ਤਹਿਤ ਸੈਕਟਰ-103/106, ਸੈਕਟਰ-102ਏ/103, ਸੈਕਟਰ 102-102ਏ ਅਤੇ ਸੈਕਟਰ 106-109 ਅਤੇ ਸੈਕਟਰ 75/75ਏ ਦੀ ਮਾਸਟਰ ਰੋਡ ਡਿਵਾਈਡਿੰਗ ਦਾ ਅਪਗ੍ਰੇਡੇਸ਼ਨ ਅਤੇ ਵਿਸ਼ੇਸ਼ ਮੁਰੰਮਤ ਦਾ ਕੰਮ ਕੀਤਾ ਜਾਵੇਗਾ। ਨਾਲ ਹੀ ਸੈਕਟਰ 27/28 ਅਤੇ 28/43 ਦੀ ਡਿਵਾਈਡਿੰਗ ਦੇ ਨਾਲ ਸੜਕ, ਫੁੱਟਪਾਥ, ਸਾਈਕਲ ਟ੍ਰੈਕ, ਜਲ ਨਿਕਾਸੀ, ਬਾਗਬਾਨੀ ਤੇ ਹੋਰ ਕੰਮਾਂ ਦਾ ਵਿਕਾਸ ਕੰਮਾਂ ਲਈ ਵੀ ਮੰਜੂਰੀ ਪ੍ਰਦਾਨ ਕੀਤੀ ਗਈ। ਇਸ ਤੋਂ ਇਲਾਵਾ, ਫਰੀਦਾਬਾਦ ਮਹਾਨਗਰ ਵਿਕਾਸ ਅਥਾਰਿਟੀ ਦੇ ਤਹਿਤ ਗ੍ਰੇਟਰ ਫਰੀਦਾਬਾਦ ਵਿਚ ਸੈਕਟਰ-75 ਤੋਂ 89 ਤਕ ਵੱਖ-ਵੱਖ ਮਾਸਟਰ ਸੜਕਾਂ ਦੀ ਵਿਸ਼ੇਸ਼ ਮੁਰੰਮਤ ਦਾ ਕੰਮ ਨੂੰ ਵੀ ਮੰਜੂਰੀ ਪ੍ਰਦਾਨ ਕੀਤੀ ਗਈ। ਇੰਨ੍ਹਾਂ ਸਾਰੀਆਂ ਸੜਕਾਂ ਦੇ ਕੰਮ ਲਈ ਲਗਭਗ 159 ਕਰੋੜ ਕਰੋੜ ਰੁਪਏ ਦੀ ਲਾਗਤ ਆਵੇਗੀ। ਮੀਟਿੰਗ ਵਿਚ ਮੁੱਖ ਮੰਤਰੀ ਦੇ ਪ੍ਰਧਾਨ ਸਲਾਹਕਾਰ, ਅਰਬਨ ਡਿਵੇਲਪਮੈਂਟ, ਡੀਐਸ ਢੇਸੀ, ਨਗਰ ਅਤੇ ਗ੍ਰਾਮ ਆਯੋਜਨਾ ਵਿਭਾਗ ਦੇ ਵਧੀਕ ਮੁੱਖ ਸਕੱਤਰ ਅਰੁਣ ਕੁਮਾਰ ਗੁਪਤਾ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਵੀ ਉਮਾਸ਼ੰਕਰ, ਸਿੰਚਾਈ ਅਤੇ ਜਲ ਸੰਸਾਧਨ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਪੰਕਜ ਅਗਰਵਾਲ, ਸਪਲਾਈ ਅਤੇ ਨਿਪਟਾਨ ਵਿਭਾਗ ਦੇ ਮਹਾਨਿਦੇਸ਼ਕ ਮੁਹੰਮਦ ਸ਼ਾਇਨ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਡਾ. ਅਮਿਤ ਅਗਰਵਾਲ, ਹਰਿਆਣਾ ਸਕੂਲ ਸਿਖਿਆ ਪਰਿਯੋਜਨਾ ਪਰਿਸ਼ਦ ਦੀ ਰਾਜ ਪਰਿਯੋਜਨਾ ਨਿਦੇਸ਼ਕ ਆਸ਼ਿਮਾ ਬਰਾੜ, ਗੁਰੂਗ੍ਰਾਮ ਮਹਾਨਗਰ ਵਿਕਾਸ ਅਥਾਰਿਟੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਪੀਸੀ ਮੀਣਾ, ਫਰੀਦਾਬਾਦ ਮਹਾਨਗਰ ਵਿਕਾਸ ਅਥਾਰਿਟੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਏ ਸ੍ਰੀਨਿਵਾਸ ਅਤੇ ਵਿੱਤ ਵਿਭਾਗ ਦੇ ਵਿਸ਼ੇਸ਼ ਸਕੱਤਰ ਪੰਕਜ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

# ਕਾਂਗਰਸ ਪਾਰਟੀ ਪੰਜਾਬ 'ਚ ਬਿਨਾਂ ਕਿਸੇ ਗੱਠਜੋੜ ਦੇ ਚੋਣਾਂ ਜਿੱਤਣ ਦਾ ਦਮ ਰੱਖਦੀ : ਸਨੀ ਦੂਆ

**ਸਮਰਾਲਾ, (ਸੁਰਜੀਤ ਸਿੰਘ)**- ਪੰਜਾਬ ਵਿੱਚ ਕਾਂਗਰਸ ਪਾਰਟੀ ਬਿਨਾ ਕਿਸੇ ਗੱਠਜੋੜ ਦੇ ਆਪਣੇ ਦਮ 'ਤੇ ਚੋਣਾਂ ਜਿੱਤਣ ਦਾ ਦਮ ਰੱਖਦੀ ਹੈ। ਇਹ ਵਿਚਾਰ ਅੱਜ ਏਥੇ ਆਉਣ ਵਾਲੀਆਂ ਲੋਕ ਸਭਾ ਅਤੇ ਪੰਚਾਇਤੀ ਚੋਣਾਂ ਦੀ ਤਿਆਰੀ ਦੇ ਮੱਦੇਨਜ਼ਰ ਕਾਂਗਰਸ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸ਼ਹਿਰੀ ਪ੍ਰਧਾਨ ਸੰਨੀ ਦੁਆ ਨੇ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਪਿੰਡਾਂ ਅਤੇ ਸ਼ਹਿਰਾਂ ਵਿਚ ਮੀਟਿੰਗਾਂ ਅਤੇ ਲੋਕ ਸੰਪਰਕ ਮੁਹਿੰਮ ਜਾਰੀ ਹੈ। ਲੋਕਾਂ ਵੱਲੋਂ ਕਾਂਗਰਸ ਪਾਰਟੀ ਦੇ ਹੱਕ ਵਿੱਚ ਚੰਗਾ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹੀ ਵਾਹਦ ਇੱਕ ਅਜਿਹੀ ਪਾਰਟੀ ਹੈ ਜੋ ਕਿ ਸੂਬੇ ਦੀ ਤਰੱਕੀ ਬਾਰੇ ਉਸਾਰੂ ਸੋਚ ਰੱਖਦੀ ਹੈ। ਸ਼ਹਿਰੀ ਕਾਂਗਰਸ ਕਮੇਟੀ ਪ੍ਰਧਾਨ ਕੌਂਸਲਰ ਸਨੀ ਦੂਆ ਨੇ ਕਿਹਾ ਕਿ ਹਲਕਾ ਸਮਰਾਲਾ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਹਲਕੇ ਵਿਚ ਹਰ ਇਕ ਦੇ ਸੁਖ ਦੁਖ ਵਿਚ ਹਾਜ਼ਰ ਹੁੰਦੇ ਹਨ। ਰਾਜਾ ਗਿੱਲ ਦੀ ਅਗਵਾਈ ਵਿਚ ਹਲਕੇ ਵਿਚ ਕਾਂਗਰਸ ਪਾਰਟੀ ਦਿਨੋਂ ਦਿਨ ਮਜ਼ਬੂਤ ਹੁੰਦੀ ਜਾ ਰਹੀ ਹੈ। ਸੰਨੀ ਨੇ ਅੱਗੇ ਕਿਹਾ ਕਿ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਜ਼ਿਲ੍ਹਾ ਕਾਂਗਰਸ ਖੰਨਾ ਦੇ ਪ੍ਰਧਾਨ ਲਖਬੀਰ ਸਿੰਘ ਲੱਖਾ ਪਾਇਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਕਾਂਗਰਸ ਪਾਰਟੀ ਦੇ ਸਮੁੱਚੇ ਅਹੁਦੇਦਾਰ ਆਪਣੇ ਘਰ ਦੀ ਛੱਤ 'ਤੇ ਕਾਂਗਰਸ ਪਾਰਟੀ ਦਾ ਝੰਡਾ ਲਹਿਰਾਉਣ ਤੇ ਨਾਲ ਹੀ ਲੋਕ ਸਭਾ ਚੋਣਾਂ ਤੇ ਪੰਚਾਇਤੀ ਚੋਣਾਂ ਦੀ ਹੁਣ ਤੋਂ ਤਿਆਰੀ ਖਿੱਚ ਲੈਣ। ਪ੍ਰਧਾਨ ਸਨੀ ਦੂਆ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਰੋਧੀ ਧਿਰ ਦੇ ਲੀਡਰ ਪ੍ਰਤਾਪ ਸਿੰਘ ਬਾਜਵਾ ਨੂੰ ਬਲਾਕ ਕਾਂਗਰਸ ਸ਼ਹਿਰੀ ਸਮਰਾਲਾ ਦੇ ਅਹੁਦੇਦਾਰਾਂ ਦੀਆਂ ਭਾਵਨਾਵਾਂ ਨੂੰ ਦੱਸਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਨਾਲ ਕਿਸੇ ਵੀ ਤਰ੍ਹਾਂ ਗੱਠਜੋੜ ਨਾ ਕੀਤਾ ਜਾਵੇ ਕਿਉਂਕਿ ਹੇਠਲੇ ਪੱਧਰ ਤੋਂ ਲੈ ਕੇ ਉੱਪਰ ਤੱਕ ਕਾਂਗਰਸੀ ਲੀਡਰਾਂ ਨੂੰ ਆਪ ਵੱਲੋਂ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਇਸ ਮੌਕੇ ਅਮਰ ਨਾਥ ਟਾਂਗਰਾ, ਸੀਨੀਅਰ ਕਾਂਗਰਸੀ ਆਗੂ ਤਰਸੇਮ ਜ਼ਰਮਾ, ਜਿਲ੍ਹਾ ਕਾਂਗਰਸ ਬੁਲਾਰਾ ਗੁਰਮੇਲ ਸਿੰਘ ਖੁਰਲ ਚੇਅਰਮੈਨ ਬੀ ਸੀ ਸੈਲ ਸਮਰਾਲਾ, ਜੁਗਲ ਕਿਸ਼ੋਰ ਸਾਹਨੀ ਬੁਲਾਰਾ ਕਾਂਗਰਸ ਕਮੇਟੀ ਸ਼ਹਿਰੀ, ਅਮਰਜੀਤ ਮਿਗਲਾਨੀ ਮੀਤ ਪ੍ਰਧਾਨ ਸ਼ਹਿਰੀ, ਪ੍ਰੇਮ ਨਾਥ ਦਾਨਾ ਸੀਨੀਅਰ ਵਾਈਸ ਪ੍ਰਧਾਨ ਸ਼ਹਿਰੀ, ਮਨਦੀਪ ਖੁੱਲਰ ਜ਼ਿਲ੍ਹਾ ਮੀਤ ਪ੍ਰਧਾਨ, ਮਿੱਤਰਪਾਲ ਸਿੰਘ ਲਵਲੀ ਸਾਬਕਾ ਪ੍ਰਧਾਨ ਨਗਰ ਕੌਂਸਲ, ਮੋਦੀ ਸ਼ੁਕਲਾ, ਰਜਿੰਦਰ ਮੱਟੂ, ਕਰਮ ਚੰਦ, ਮੋਹਿਤ ਦੂਆ, ਸੁਸ਼ੀਲ ਕੁਮਾਰ, ਸੁਵਿੰਦਰ ਸਿੰਘ, ਹਰਵਿੰਦਰ ਸਿੰਘ ਕਾਕਾ, ਪਵਨਦੀਪ ਸਿੰਘ, ਵਿੱਕੀ ਕੁਮਾਰ, ਆਸ਼ੂ ਵਰਮਾ, ਵਿਪਨ ਵਡੇਰਾ ਹਾਜ਼ਰ ਸਨ।




# ਆਪ ਦਾ ਅਗਲਾ ਹਲਕਾ ਇੰਚਾਰਜ ਕੌਣ ਹੋਵੇਗਾ ?

**ਸਾਹਕੋਟ (ਗਿਆਨ ਸੈਦਪੁਰੀ)**-ਆਮ ਆਦਮੀ ਪਾਰਟੀ ਹਲਕਾ ਸਾਹਕੋਟ ਦੇ ਇਨਚਾਰਜ ਸਵਰਗੀ ਰਤਨ ਸਿੰਘ ਕਾਕੜ ਕਲਾਂ ਦੇ ਅਚਾਨਕ ਸਦੀਵੀਂ ਵਿਛੋੜੇ ਨਾਲ ਇਹ ਚਰਚਾ ਆਮ ਹੋ ਰਹੀ ਹੈ ਕਿ ਅਗਲਾ ਹਲਕਾ ਇਨਚਾਰਜ ਕੌਣ ਬਣੇਗਾ। ਹੁਣ ਤਾਂ ਹਲਕਾ ਇਨਚਾਰਜ ਦੀ ਨਵੀਂ ਨਿਯੁਕਤੀ ਹੋਣੀ ਹੈ, ਉਂਜ ਹਲਕੇ ਦੇ ਸਿਆਸੀ ਅਕਾਸ਼ ਵਿੱਚ ਆਪ ਦੇ ਹਲਕਾ ਇਨਚਾਰਜ ਬਦਲੇ ਜਾਣ ਦੀ ਗੱਲ ਘੁੰਮਦੀ ਰਹਿੰਦੀ ਸੀ। ਇਹ ਕਿਹਾ ਜਾ ਸਕਦਾ ਹੈ ਕਿ ਪਿਛਲੇ ਲਗਭਗ 25 ਸਾਲ ਤੋਂ ਕਾਂਗਰਸ ਪਾਰਟੀ ਅੰਦਰ ਜੋ ਹਲਕੇ ਦੀ ਟਿਕਟ ਪ੍ਰਾਪਤੀ ਦੀ ਕਸ-ਮ-ਕਸ ਚਲਦੀ ਰਹੀ ਹੈ, ਉਹੋ ਜਿਹੇ ਹਾਲਾਤ ਆਪ ਦੀ ਇਨਚਾਰਜੀ ਲਈ ਬਣੇ ਹੋਏ ਹਨ। ਇਹ ਸਮਝਿਆ ਜਾ ਰਿਹਾ ਹੈ ਕਿ ਰਾਣਾ ਹਰਦੀਪ ਸਿੰਘ ਜੋ ਪਿਛਲੇ 10 ਕੁ ਸਾਲਾਂ ਤੋਂ ਹਲਕੇ ਦੀ ਸਿਆਸਤ ਨਾਲ ਜੁੜੇ ਹੋਏ ਹਨ ਹਲਕਾ ਇਨਚਾਰਜ ਬਣਨਾ ਚਾਹੁੰਦੇ ਹਨ।

ਉਨ੍ਹਾਂ ਦੇ ਹਲਕਾ ਇਨਚਾਰਜ ਬਣਨ ਦੇ ਹਾਮੀਆਂ ਦਾ ਇਹ ਮੰਨਣਾ ਹੈ ਕਿ ਉਹ ਧਾਕੜ ਵੀ ਹਨ ਤੇ ਸਿਆਸੀ ਤੌਰ 'ਤੇ ਸਿਆਣੇ ਤੇ ਸੰਜੀਦਾ ਵੀ ਹਨ। ਉਹ ਵਿਰੋਧੀਆਂ ਨੂੰ ਸਿਆਸੀ ਟੱਕਰ ਦੇਣ ਦੇ ਸਮਰੱਥ ਵੀ ਹਨ। ਨਵੀਆਂ ਬਣੀਆਂ ਪ੍ਰਸਥਿਤੀਆਂ ਵਿੱਚ ਸਵਰਗੀ ਰਤਨ ਸਿੰਘ ਕਾਕੜ ਕਲਾਂ ਦੇ ਸਮੱਰਥਕ ਚਾਹੁੰਦੇ ਹਨ ਕਿ ਹਲਕੇ ਦੀ ਵਾਗਡੋਰ ਬੀਬੀ ਰਣਜੀਤ ਕੌਰ ਕੋਲ ਹੋਵੇ। ਰਣਜੀਤ ਕੌਰ ਰਤਨ ਸਿੰਘ ਕਾਕੜ ਕਲਾਂ ਦੀ ਵਿਧਵਾ ਹੈ ਤੇ ਪੜ੍ਹੇ ਲਿਖੇ ਹਨ।

ਉਨ੍ਹਾਂ ਦੇ ਹਲਕਾ ਇਨਚਾਰਜ ਬਣਨ ਦੀ ਚਾਰਾਜੋਈ ਵਜੋਂ ਬੁੱਧਵਾਰ ਨੂੰ ਕਾਕੜ ਕਲਾਂ ਦੇ ਸਮੱਰਥਕਾਂ ਦੀ ਇੱਕ ਅਹਿਮ ਮੀਟਿੰਗ ਵੀ ਹੋਈ ਹੈ।

ਕੰਨਸੋਆਂ ਇਹ ਵੀ ਹਨ ਕਿ ਆਪ ਪੰਜਾਬ ਦੇ ਜਨਰਲ ਸਕੱਤਰ ਬੀਬੀ ਰਾਜਵਿੰਦਰ ਕੌਰ ਥਿਆੜਾ ਵੀ ਹਲਕਾ ਇਨਚਾਰਜ ਬਣਨ ਲਈ ਤਰਕੀਬਾਂ ਦੇ ਆਹਰ ਵਿੱਚ ਹਨ। ਬੇਸ਼ੱਕ ਉਹ ਪਾਰਟੀ ਦੇ ਵੱਡੇ ਆਗੂ ਹਨ ਪਰ ਉਨ੍ਹਾਂ ਦੀ ਦਾਅਵੇਦਾਰੀ ਨੂੰ ਪਸੰਦ ਨਹੀਂ ਕੀਤਾ ਜਾ ਰਿਹਾ। ਹਲਕੇ ਦੀ ਆਪ ਵੱਲੋਂ ਵਾਗਡੋਰ ਸੰਭਾਲਣ ਦੀ ਜ਼ੁੰਮੇਵਾਰੀ ਤਜਿੰਦਰ ਸਿੰਘ ਰਾਮ ਪੁਰ ਨੂੰ ਦਿੱਤੇ ਜਾਣ ਦੀ ਵੀ ਚਰਚਾ ਹੈ। ਉਨ੍ਹਾਂ ਦੀ ਸਿਆਸੀ ਸੰਜੀਦਗੀ ਉਨ੍ਹਾਂ ਦੀ ਦਾਅਵੇਦਾਰੀ ਨੂੰ ਮਜਬੂਤੀ ਬਖਸ਼ਦੀ ਹੈ। ਰਤਨ ਸਿੰਘ ਕਾਕੜ ਕਲਾਂ ਦੇ ਜੀਉਂਦੇ ਜੀ ਹੀ ਹਲਕਾ ਇਨਚਾਰਜ ਬਣਨ ਲਈ ਚਾਰਾਜੋਈ ਕਰਨ ਵਾਲਿਆਂ ਵਿੱਚ ਰਜਿੰਦਰ ਸਿੰਘ ਭੁਲੱਰ ਵੀ ਸ਼ਾਮਲ ਹਨ।

ਈਸਾਈ ਆਗੂ ਡਾ ਵਿਲੀਅਮ ਜੌਨ ਵੱਲੋਂ ਹਲਕਾ ਇਨਚਾਰਜ ਵਜੋਂ ਦਾਅਵੇਦਾਰੀ ਇਸ ਅਧਾਰ 'ਤੇ ਠੋਕੀ ਜਾ ਰਹੀ ਹੈ ਕਿ ਉਨ੍ਹਾਂ ਦਾ ਲੰਮਾ ਸਿਆਸੀ ਸਫਰ ਹੈ ਤੇ ਉਹ ਇੱਥੋਂ ਤਿੰਨ ਵਾਰ ਚੋਣ ਲੜ ਚੁੱਕੇ ਹਨ।

ਕਬੱਡੀ ਜਗਤ ਦੇ ਵੱਡੇ ਸਟਾਰ ਪਿੰਦਰ ਪੰਡੋਰੀ ਵੀ ਦੌੜ ਵਿੱਚ ਸ਼ਾਮਲ ਹਨ। ਅੰਨਾ ਹਜਾਰੇ ਦੀ ਮੂਵਮੈਂਟ ਤੋਂ ਲੈ ਕੇ ਹੁਣ ਤੱਕ ਆਪ ਸਿਆਸਤ ਵਿੱਚ ਸਰਗਰਮ ਰੂਪ ਲਾਲ ਸਰਮਾਂ ਵੀ ਇਨਚਾਰਜੀ ਨਾਂ ਦੀ 'ਮਹਿਬੂਬਾ' ਦੇ ਰਕੀਬਾਂ ਵਿੱਚ ਸ਼ਾਮਲ ਹਨ। ਹਰਜਿੰਦਰ ਸਿੰਘ ਸੀਚੇਵਾਲ ਵੀ ਆਪ ਵਿੱਚ ਪ੍ਰਵਾਨਤ ਆਗੂ ਹੈ ਉਕਤ ਦੌੜ ਵਿੱਚ ਹੋ ਵੀ ਸ਼ਾਮਲ ਹਨ।



ਰਾਣਾ ਹਰਦੀਪ ਸਿੰਘ, ਬੀਬੀ ਰਣਜੀਤ ਕੌਰ, ਤਜਿੰਦਰ ਸਿੰਘ ਰਾਮ ਪੁਰ, ਹਰਜਿੰਦਰ ਸਿੰਘ ਸੀਚੇਵਾਲ, ਡਾ ਵਿਲੀਅਮ ਜੌਨ

# ਗੁਰਦੁਆਰਾ ਦੇਸੂ ਸ਼ਹੀਦਾਂ ਵਿਖੇ ਚੱਲ ਰਹੇ ਗੁਰਬਾਣੀ ਕੰਠ ਸਮਾਗਮ

**ਸਿਰਸਾ (ਸੁਰਿੰਦਰ ਪਾਲ ਸਿੰਘ)** ਕਾਲਾਂਵਾਲੀ ਖੇਤਰ ਦੇ ਪਿੰਡ ਦੇਸੂ ਦੇ ਗੁਰਦੁਆਰਾ ਦੇਸੂ ਸ਼ਹੀਦਾਂ ਵਿਖੇ ਗੁਰੂ ਘਰ ਵਿਖੇ ਸੇਵਾ ਨਿਭਾਅ ਰਹੇ ਬਾਬਾ ਕੁੰਦਨ ਸਿੰਘ ਅਤੇ ਬਾਬਾ ਮੇਜਰ ਸਿੰਘ ਨੇ ਦੱਸਿਆ ਕਿ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਿਹ ਸਿੰਘ ਅਤੇ ਮਾਤਾ ਗੁਜਰ ਕੌਰ ਅਤੇ ਸਮੂਹ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ ਪ੍ਰੋਗਰਾਮਾਂ ਦੇ ਚੱਲਦੇ ਗੁਰੂਘਰ ਵਿਖੇ ਸਵੇਰੇ 4 ਵਜੇ ਤੋਂ 8 ਵਜੇ ਤੱਕ ਕਥਾ ਕੀਰਤਨ ਪ੍ਰਵਾਹ ਚਲਦਾ ਹੈ। ਬਾਬਾ ਕੁੰਦਨ ਸਿੰਘ ਤੇ ਬਾਬਾ ਮੇਜਰ ਸਿੰਘ ਨੇ ਕਿਹਾ ਕਿ ਧਰਮ ਅਤੇ ਹੱਕ-ਸੱਚ ਅਤੇ ਇਨਸਾਫ ਲਈ ਸਾਡੇ ਗੁਰੂਆਂ, ਸਾਹਿਬਜ਼ਾਦਿਆਂ, ਸਿੰਘਾਂ, ਸਿੰਘਣੀਆਂ ਵੱਲੋਂ ਦਿੱਤੀਆਂ ਸ਼ਹਾਦਤਾਂ ਸਾਨੂੰ ਧਰਮ ਦੇ ਰਾਹ ਚੱਲਣ ਲਈ ਮਾਰਗ ਦਰਸ਼ਨ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰ ਵਿਖੇ ਪੋਹ ਦੇ ਮਹੀਨੇ ਤੋਂ ਮੇਲਾ ਮਾਘੀ 'ਤੇ ਆ ਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਹਰ ਸਾਲ ਦੀ ਤਰ੍ਹਾਂ ਭੋਗ ਪਾਏ ਜਾਣਗੇ ਅਤੇ ਫਰਵਰੀ ਵਿੱਚ ਕੋਤਰੀ ਲੜੀ ਸ਼ੁਰੂ ਹੋਏਗੀ, ਜਿਸ ਦੀ ਸਮਾਪਤੀ ਇੱਕ ਮਾਰਚ ਨੂੰ ਹੋਏਗੀ।

ਉਨ੍ਹਾਂ ਕਿਹਾ ਕਿ ਸੰਗਤਾ ਨੂੰ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜੋਰਾਵਰ ਸਿੰਘ, ਬਾਬਾ ਫ਼ਤਿਹ ਸਿੰਘ ਅਤੇ ਮਾਤਾ ਗੁਜਰ ਕੌਰ ਅਤੇ ਸਮੂਹ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਤ ਸਮਾਗਮਾਂ ਵਿੱਚ ਗੁਰਸਿੱਖ ਵਿਚਾਰਧਾਰਾ ਅਤੇ ਉਦੇਸ਼ਾਂ 'ਤੇ ਵਿਸਤਾਰ ਪੂਰਵਕ ਚਾਨਣ ਪਾਇਆ ਜਾਂਦਾ ਹੈ ਅਤੇ ਜਗਿਆਸੂਆਂ ਨੂੰ ਗੁਰਬਾਣੀ ਕੰਠ ਕਰਾਈ ਜਾਂਦੀ ਹੈ।


**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 11.12.2023 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਸੀ ਸੀ 'ਚ ਕਰਜ਼ਦਾਰ) : ਮੈਸ: ਮੁੰਨਾ ਟਰੇਡਰਜ਼ ਰਜਿ. ਦਫ਼ਤਰ ਇੰਦਰਾ ਦਾਨਾ ਮੰਡੀ, ਲੋਹੀਆਂ ਖਾਸ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਰਾਹੀਂ ਇਸ ਦੇ ਮਾਲਕ ਸ੍ਰੀ ਜਸਵਿੰਦਰ ਸਿੰਘ ਪੁੱਤਰ ਕਰਮ ਚੰਦ ਵਾਸੀ ਬਸਤੀ ਰੂਰਲ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ।
2. (ਸੀ ਸੀ 'ਚ ਮਾਲਕ) : ਸ੍ਰੀ ਜਸਵਿੰਦਰ ਸਿੰਘ ਪੁੱਤਰ ਕਰਮ ਚੰਦ ਵਾਸੀ ਸੁਲਤਾਨਪੁਰ (ਰੂਰਲ), ਕਪੂਰਥਲਾ, ਸੁਲਤਾਨਪੁਰ ਲੋਧੀ, ਪੰਜਾਬ-144626
3. (ਸੀ ਸੀ 'ਚ ਗਰੰਟਰ) : ਸ੍ਰੀ ਰਾਕੇਸ਼ ਕੁਮਾਰ ਪੁੱਤਰ ਸ਼ੇਰ ਸਿੰਘ ਵਾਸੀ ਮਕਾਨ ਨੰ. 221, ਮੁਹੱਲਾ ਸਿਖਾਂ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਪੰਜਾਬ-144626
4. (ਸੀ ਸੀ 'ਚ ਗਰੰਟਰ) ਪ੍ਰਦੀਪ ਕੁਮਾਰ ਪੁੱਤਰ ਰਜਿੰਦਰ ਕੁਮਾਰ ਵਾਸੀ ਵਾਰਡ ਨੰ. 10, ਲੋਹੀਆਂ ਖਾਸ, ਤਹਿਸੀਲ ਸ਼ਾਹਕੋਟ, ਲੋਹੀਆਂ, ਜਲੰਧਰ, ਪੰਜਾਬ-144629

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ ਨੰਬਰ | ਮਨਜ਼ੂਰ ਰਕਮ | ਡਿਮਾਂਡ ਨੋਟਿਸ ਦੀ ਮਿਤੀ ਨੂੰ ਬਕਾਇਆ ਰਕਮ (1.12.2023 ਤੋਂ ਵਿਆਜ ਰਹਿਤ) |
|---|---|---|
| CC LIMIT/015300000044 | Rs. 4,50,00/- | Rs. 4,91,774.30 |

ਪ੍ਰਾਇਮਰੀ ਸਕਿਉਰਟੀ : ਸਟਾਕ ਅਤੇ ਫਰਮ ਦੇ ਵਹੀ ਖਾਤਿਆਂ ਦੀ ਹਾਈਪੋਥੇਕੇਸ਼ਨ

ਕੋਲੈਟਰਲ ਸਕਿਉਰਟੀ : ਜਾਇਦਾਦ ਦਾ ਉਚਿਤ ਗਿਰਵੀਨਾਮਾ ਰਾਕੇਸ਼ ਕੁਮਾਰ ਪੁੱਤਰ ਸ਼ੇਰ ਸਿੰਘ ਦੇ ਨਾਂਅ ਜਾਇਦਾਦ 0 ਕਨਾਲ 3 ਮਰਲੇ 4 ਸਰਸਾਈ, ਪਿੰਡ ਤਰਫ ਬੇਹਬਲ ਬਹਾਦਰ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਹੱਦਬਸਤ ਨੰ.136 ਨਾਲ ਸੰਬੰਧਤ ਸਭ ਕੁਝ। ਟਾਈਟਲ ਡੀਡ ਨੰ. 1619 ਮਿਤੀ 18.12.2012

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਲੋਹੀਆਂ ਖਾਸ 'ਚ ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ। ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲੱਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 27.12.2023 | ਸਥਾਨ : ਜਲੰਧਰ | (ਅਧਿਕਾਰਤ ਅਫਸਰ)


# ਕਾਂਗਰਸੀ ਵਰਕਰਾਂ ਵੱਲੋਂ ਨਵਜੋਤ ਸਿੱਧੂ ਦੇ ਪੰਜਾਬ ਬਚਾਓ ਏਜੰਡੇ ਦਾ ਸਮਰਥਨ



**ਮਾਨਸਾ/ ਬਰੇਟਾ (ਆਤਮਾ ਸਿੰਘ ਪਮਾਰ)**- ਕਾਂਗਰਸ ਪਾਰਟੀ ਦੇ ਸਰਗਰਮ ਕਾਰਕੁਨਾਂ ਵੱਲੋਂ ਜਥੇਦਾਰ ਅਜੀਤ ਸਿੰਘ ਬਖਸ਼ੀਵਾਲਾ ਅਤੇ ਸਾਬਕਾ ਸਰਪੰਚ ਮੋਹਣ ਸਿੰਘ ਦੀ ਪ੍ਰਧਾਨਗੀ ਹੇਠ ਬਰੇਟਾ ਵਿਖੇ ਇੱਕ ਜ਼ਰੂਰੀ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਦਾਰ ਅਜੀਤ ਸਿੰਘ ਬਖਸ਼ੀਵਾਲਾ ਅਤੇ ਸਾਬਕਾ ਸਰਪੰਚ ਮੋਹਣ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਨਵਜੋਤ ਸਿੰਘ ਸਿੱਧੂ ਇੱਕ ਇਮਾਨਦਾਰ, ਨਿਧੜਕ ਅਤੇ ਬੇਬਾਕ ਆਗੂ ਹਨ। ਸਿੱਧੂ ਦਾ ਪੰਜਾਬ ਬਚਾਓ ਏਜੰਡਾ ਜੇਕਰ ਸਹੀ ਰੂਪ ਵਿੱਚ ਲਾਗੂ ਹੋ ਜਾਂਦਾ ਹੈ ਤਾਂ ਪੰਜਾਬ ਫਿਰ ਤੋਂ ਰੰਗਲਾ ਤੇ ਸੋਨੇ ਦੀ ਚਿੜੀ ਬਣ ਸਕਦਾ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਪੰਜਾਬ ਪ੍ਰਤੀ ਫਿਕਰਮੰਦ ਸਿੱਧੂ ਅਤੇ ਅਜਿਹੇ ਹੋਰ ਆਗੂਆਂ ਨਾਲ ਉਹ ਹਮੇਸ਼ਾ ਚਟਾਨ ਵਾਂਗ ਖੜ੍ਹੇ ਰਹਿਣਗੇ । ਉਨਾਂ ਕਾਂਗਰਸ ਕੇਂਦਰੀ ਹਾਈ ਕਮਾਂਡ ਨੂੰ ਅਪੀਲ ਕੀਤੀ ਕਿ ਨਵਜੋਤ ਸਿੱਧੂ ਵਰਗੇ ਸਾਫ ਸੁਥਰੇ ਅਕਸ ਵਾਲੇ, ਪੰਜਾਬ ਹਿਤੈਸ਼ੀ ਅਤੇ ਬੇਦਾਗ ਆਗੂ ਨੂੰ ਪੰਜਾਬ ਕਾਂਗਰਸ ਵਿੱਚ ਕੋਈ ਵੱਡੀ ਜ਼ਿੰਮੇਵਾਰੀ ਦਿੱਤੀ ਜਾਵੇ। ਸਰਗਰਮ ਕਾਰਕੁਨ ਜੀਵਾ ਸਿੰਘ ਨੇ ਕਿਹਾ ਕਿ ਭਵਿੱਖ ਵਿੱਚ ਵੀ ਕਾਂਗਰਸ ਪਾਰਟੀ ਦੀ ਬੇਹਤਰੀ ਲਈ ਅਤੇ ਸਿੱਧੂ ਦੇ ਪੰਜਾਬ ਬਚਾਓ ਏਜੰਡੇ ਦੀ ਸਮਰਥਨ ਵਿੱਚ ਮੀਟਿੰਗਾਂ ਦਾ ਸਿਲਸਿਲਾ ਬਾਦਸਤੂਰ ਜਾਰੀ ਰਹੇਗਾ । ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਰਜੰਟ ਸਿੰਘ, ਮੱਖਣ ਸਿੰਘ, ਮਲਵਿੰਦਰ ਸਿੰਘ, ਕਰਮਜੀਤ ਸਿੰਘ, ਸੁਖਪਾਲ ਸਿੰਘ ਅਤੇ ਹਰਮੇਲ ਸਿੰਘ ਆਦਿ ਸਰਗਰਮ ਕਾਂਗਰਸੀ ਕਾਰਕੁਨ ਵੀ ਹਾਜ਼ਰ ਸਨ

# ਗੁਰਦੁਆਰਾ ਸਾਹਿਬ ਵਿਖੇ ਤਿੰਨ ਰੋਜ਼ਾ ਸਲਾਨਾ ਗੁਰਮਤਿ ਸਮਾਗਮ

**ਮਖੂ (ਰਛਪਾਲ ਸਿੰਘ ਸੰਧੂ)**: ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ, ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰ ਕੌਰ ਜੀ ਦਾ ਸਲਾਨਾ ਜੋੜ ਮੇਲਾ ਮਖੂ ਵਿਖੇ ਗੁਰਦੁਆਰਾ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ, ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰ ਕੌਰ ਦੀ ਯਾਦ ਵਿੱਚ ਬਣੇ ਅਸਥਾਨ ਨਜ਼ਦੀਕ ਰੇਲਵੇ ਸਟੇਸ਼ਨ 'ਤੇ ਸੱਚਖੰਡ ਵਾਸੀ ਸੰਤ ਬਾਬਾ ਤਾਰਾ ਸਿੰਘ ਸਰਹਾਲੀ ਸਾਹਿਬ ਵਾਲੇ ਤੋਂ ਵਰਸੋਏ ਸੰਤ ਬਾਬਾ ਘੋਲਾ ਸਿੰਘ ਅਤੇ ਮੁੱਖ ਸੇਵਾਦਾਰ ਬਾਬਾ ਅਵਤਾਰ ਸਿੰਘ ਚੰਦ ਮਖੂ ਵਾਲਿਆਂ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਿੱਖ ਕੌਮ ਦੇ ਕੌਮੀ ਸ਼ਹੀਦਾਂ ਨੂੰ ਸਮਰਪਿਤ ਤਿੰਨ ਰੋਜ਼ਾ ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਸਜਾਇਆ ਗਿਆ ਅਤੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ। ਰਾਤਰੀ ਦੇ ਦੀਵਾਨ ਵਿਚ ਪੰਥ ਦੇ ਪ੍ਰਸਿੱਧ ਰਾਗੀ ਭਾਈ ਨੰਦ ਸਿੰਘ ਖੇਮਕਰਨ, ਕਵੀਸ਼ਰ ਭਾਈ ਮੱਸਾ ਸਿੰਘ ਸਭਰਾ, ਕਥਾਵਾਚਕ ਭਾਈ ਗੁਰਜੰਟ ਸਿੰਘ ਬਾਠਾਂ ਵਾਲੇ, ਭਾਈ ਹਰਪਾਲ ਸਿੰਘ ਮਖੂ ਅਤੇ ਦਿਨ ਦੇ ਦੀਵਾਨ ਵਿਚ ਰਾਗੀ ਭਾਈ ਨੰਦ ਸਿੰਘ ਖੇਮਕਰਨ, ਕਥਾਵਾਚਕ ਗਿਆਨੀ ਬਲਵਿੰਦਰ ਸਿੰਘ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ, ਕਵੀਸ਼ਰ ਭਾਈ ਗੁਰਿੰਦਰਪਾਲ ਸਿੰਘ ਬੈਂਕਾਂ, ਭਾਈ ਭਗਵੰਤ ਸਿੰਘ ਸੂਰਵਿੰਡ, ਢਾਡੀ ਭਾਈ ਗੁਰਪ੍ਰਤਾਪ ਸਿੰਘ ਪਦਮ, ਕਥਾਵਾਚਕ ਭਾਈ ਦਵਿੰਦਰ ਸਿੰਘ ਸ੍ਰੀ ਗੋਇੰਦਵਾਲ ਸਾਹਿਬ ਵੱਲੋਂ ਸੰਗਤ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਅਤੇ ਗੁਰੂ ਜਸ ਸੁਣਾਇਆ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਅਵਤਾਰ ਸਿੰਘ ਚੰਦ ਮਖੂ ਵਾਲਿਆਂ ਨੇ ਸੰਗਤਾਂ ਦਾ ਧੰਨਵਾਦ ਕੀਤਾ। ਗੁਰੂ ਦੇ ਲੰਗਰ ਦੀ ਸੇਵਾ ਮਿਸ਼ਨ ਵਸਤੀ ਅਤੇ ਬੁੱਲੋਕੇ, ਚਾਹ ਦੀ ਸੇਵਾ ਵਿੰਝੋਕੇ ਦੀਆਂ ਸੰਗਤਾਂ ਵੱਲੋਂ ਕੀਤੀ ਗਈ।




**ਉੱਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ – ਚੌਥੀ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ **18.01.2024** ਵਕਤ **15.00** ਵਜੇ ਤਕ **www.ireps.gov.in** ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ **www.ireps.gov.in** ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ** |
| 26.12.2023 | 04.01.2024 | 18.01.2024/ 15:00 ਵਜੇ |
| 27.12.2023 | 04.01.2024 | 18.01.2024/ 15:00 ਵਜੇ |

| ਲ. ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ |
|---|---|---|
| 1. | 357-2023-24-UHP-DRM-FZR | ਸਹਾਇਕ ਮੰਡਲ ਇੰਜੀਨੀਅਰ (ਉਧਮਪੁਰ) ਸ਼ਹੀਦ ਕੈਪਟਨ ਤੁਸ਼ਾਰ ਮਹਾਜਨ ਦੇ ਅਧੀਨ ਟ੍ਰੈਕ ਰੇਲ ਨਵੀਨੀਕਰਣ (ਪੀ) 4.56 ਕਿਮੀ ਦਾ ਕੰਮ, ਜੰਮੂ ਤੋਂ ਸ੍ਰੀ ਵੈਸ਼ਣੋ ਦੇਵੀ ਕਟਰਾ ਦੇ ਖੰਡ ਵਿਚ ਕਿਮੀ 15 ਤੋਂ 15.560, ਕਿਮੀ 19 ਤੋਂ 23 ਤਕ ਦਾ ਕੰਮ ਕਰਨ ਲਈ। |

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 67,42,648.56/- | 1,34,900/- | 60 ਦਿਨ | 08 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ:- "ਪੂਰੀ ਟ੍ਰੈਕ ਨਵੀਨੀਕਰਣ/ਪੂਰੀ ਰੇਲ ਨਵੀਨੀਕਰਣ/ਪੂਰੀ ਫਿਟਿੰਗ ਨਵੀਨੀਕਰਣ/ਪੂਰੀ ਟਰਨ ਆਊਟ ਨਵੀਨੀਕਰਣ, ਟ੍ਰੈਕ ਦੇ ਉਠਾਣ ਦੀ ਜਾਂਚ/ਛਨਾਈ, ਡਿਸਟ੍ਰੈਸਿੰਗ, ਟ੍ਰੈਕ ਮੇਂਟੇਨੇਂਸ ਮਸ਼ੀਨ ਦੇ ਪੂਰਵ ਅਤੇ ਬਾਦ ਦੇ ਕੰਮ ਅਤੇ ਟੀ-28 ਮਸ਼ੀਨ ਤੋਂ ਟਰਨ ਆਊਟ ਨਵੀਨੀਕਰਣ ਦਾ ਕੰਮ।"

| ਲ. ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ |
|---|---|---|
| 2. | 358-2023-24-UHP-DRM-FZR | ਸਹਾਇਕ ਮੰਡਲ ਇੰਜੀਨੀਅਰ (ਉਧਮਪੁਰ) ਸ਼ਹੀਦ ਕੈਪਟਨ ਤੁਸ਼ਾਰ ਮਹਾਜਨ ਦੇ ਅਧੀਨ ਟ੍ਰੈਕ ਰੇਲ ਨਵੀਨੀਕਰਣ (ਪੀ) 4.00 ਕਿਮੀ ਦਾ ਕੰਮ, ਜੰਮੂ ਤੋਂ ਸ੍ਰੀ ਵੈਸ਼ਣੋ ਦੇਵੀ ਕਟਰਾ ਦੇ ਖੰਡ ਵਿਚ ਕਿਮੀ 41 ਤੋਂ 43 ਅਤੇ ਕਿਮੀ 49 ਤੋਂ 51 ਤਕ ਦਾ ਕੰਮ ਕਰਨ ਲਈ। |

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 66,97,612.02/- | 1,34,000.00/- | 60 ਦਿਨ | 06 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ:- "ਪੂਰੀ ਟ੍ਰੈਕ ਨਵੀਨੀਕਰਣ/ਪੂਰੀ ਰੇਲ ਨਵੀਨੀਕਰਣ/ਪੂਰੀ ਫਿਟਿੰਗ ਨਵੀਨੀਕਰਣ/ਪੂਰੀ ਟਰਨ ਆਊਟ ਨਵੀਨੀਕਰਣ, ਟ੍ਰੈਕ ਦੇ ਉਠਾਣ ਦੀ ਜਾਂਚ/ਛਨਾਈ, ਡਿਸਟ੍ਰੈਸਿੰਗ, ਟ੍ਰੈਕ ਮੇਂਟੇਨੇਂਸ ਮਸ਼ੀਨ ਦੇ ਪੂਰਵ ਅਤੇ ਬਾਦ ਦੇ ਕੰਮ ਅਤੇ ਟੀ-28 ਮਸ਼ੀਨ ਤੋਂ ਟਰਨ ਆਊਟ ਨਵੀਨੀਕਰਣ ਦਾ ਕੰਮ।"

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। 2. ਹਿੰਦੀ ਵਿਚ ਕਿਸੀ ਵੀ ਗਲਤੀ ਲਈ ਅੰਗਰੇਜੀ ਵਰਜਨ ਦਾ ਅਵਲੋਕਨ ਕਰੋ, ਤੇ ਅੰਗਰੇਜੀ ਵਰਜਨ ਹੀ ਮਾਨਯ ਹੋਣਗੇ।

ਨੰ:357 & 358-2023-24-UHP-DRM-FZR ਮਿਤੀ: 27.12.2023 4062/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਨਿਵੇਕਲਾ ਸਿੱਖਣ ਤੇ ਕਰਨ ਦੀ ਉਤਸੁਕਤਾ ਲਿਜਾਂਦੀ ਹੈ ਸਫਲਤਾ ਦੇ ਰਾਹ : ਡੀ ਸੀ

**ਫ਼ਾਜ਼ਿਲਕਾ, (ਨਿਸ਼ਾ ਸ਼ਰਮਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਉੱਚ ਮਿਆਰੀ ਸਿੱਖਿਆ ਮੁਹੱਈਆ ਕਰਾਉਣ ਦੇ ਉਦੇਸ਼ ਸਦਕਾ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਇਸ ਦੇ ਨਾਲ-ਨਾਲ ਜ਼ਿਲ੍ਹਾ ਪ੍ਰਸ਼ਾਸਨ ਫ਼ਾਜ਼ਿਲਕਾ ਤੇ ਸਿੱਖਿਆ ਵਿਭਾਗ ਵੱਲੋਂ ਪਹਿਲਕਦਮੀਆਂ ਕਰਦਿਆਂ ਵਿਦਿਆਰਥੀਆਂ ਨੂੰ ਦਫ਼ਤਰਾਂ ਅਤੇ ਸਰਕਾਰੀ ਸੰਸਥਾਵਾਂ ਦੀ ਵਿਜਿਟ ਕਰਾਈ ਜਾ ਰਹੀ ਹੈ ਤਾਂ ਜੁ ਵਿਦਿਆਰਥੀ ਵਰਗ ਸੰਸਥਾਵਾਂ ਵਿਖੇ ਹੁੰਦੇ ਕੰਮ-ਕਾਜ ਦੀ ਰੂਪ-ਰੇਖਾ ਹੁਣੇ ਤੋਂ ਹੀ ਜਾਣ ਸਕੇ।

ਫ਼ਾਜ਼ਿਲਕਾ ਜ਼ਿਲ੍ਹੇ ਦੇ ਸਕੂਲ ਆਫ਼ ਐਮੀਨਾਂਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਜਲਾਲਾਬਾਦ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਫ਼ਾਜ਼ਿਲਕਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਰਨੀਵਾਲਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਸਰਾ ਦੇ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸਿਵਲ ਹਸਪਤਾਲ ਅਤੇ ਕੰਟੋਨਮੈਂਟ ਬੋਰਡ ਵਿਖੇ ਵਿਜਿਟ ਕਰਾਈ ਗਈ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪਹੁੰਚਣ ਦੌਰਾਨ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਗਿਆਨ ਵਿੱਚ ਵਾਧੇ ਕਰਨ ਦਾ ਕੋਈ ਵੀ ਮੌਕਾ ਗੁਆਉਣਾ ਨਹੀਂ ਚਾਹੀਦਾ। ਉਨ੍ਹਾਂ ਕਿਹਾ ਕਿ ਇਸ ਉਮਰੇ ਸਾਡੇ ਅੰਦਰ ਬਹੁਤ ਕੁਝ ਸਿੱਖਣ ਤੇ ਨਵਾਂ ਕਰਨ ਦੀ ਉਤਸੁਕਤਾ ਹੁੰਦੀ ਹੈ, ਜੋ ਸਾਨੂੰ ਭਵਿੱਖ ਵਿੱਚ ਤਰੱਕੀ ਪਾਉਣ ਵਿੱਚ ਮਦਦ ਕਰਦੀ ਹੈ। ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਸਾਨੂੰ ਆਲੇ-ਦੁਆਲੇ ਕੀ ਹੋ ਰਿਹਾ ਹੈ, ਬਾਰੇ ਵੀ ਜਾਣਕਾਰੀ ਹੋਣੀ ਚਾਹੀਦੀ ਹੈ।

ਡਿਪਟੀ ਕਮਿਸ਼ਨਰ ਨੇ ਬੱਚਿਆਂ ਨੂੰ ਉਜਵਲ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਤੇ ਸਫ਼ਲ ਇਨਸਾਨ ਬਣਨ ਬਾਰੇ ਪ੍ਰੇਰਿਤ ਕਰਦਿਆਂ ਕਿਹਾ ਕਿ ਜ਼ਿੰਦਗੀ ਵਿਚ ਕਾਮਯਾਬ ਹੋਣ ਲਈ ਸਿਖਲਾਈ ਦੀ ਹਮੇਸ਼ਾ ਲੋੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਹੀ ਗਾਈਡੈਂਸ ਪ੍ਰਾਪਤ ਹੋਣ ਨਾਲ ਕੋਈ ਵੀ ਮੁਕਾਮ ਹਾਸਲ ਕੀਤਾ ਜਾ ਸਕਦਾ ਹੈ ਉਨ੍ਹਾਂ ਕਿਹਾ ਕਿ ਸਾਰੀ ਉਮਰ ਵਿਅਕਤੀ ਕੁਝ ਨਾ ਕੁਝ ਸਿੱਖਦਾ ਹੀ ਹੈ ਤੇ ਸਿਖਲਾਈ ਹਾਸਲ ਕਰਕੇ ਅਸੀਂ ਆਪਣੇ ਟੀਚੇ ਪੂਰੇ ਕਰਦੇ ਹਾਂ।

ਡਿਪਟੀ ਕਮਿਸ਼ਨਰ ਨੇ ਬਚਿਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਜ਼ਿੰਦਗੀ ਵਿੱਚ ਮੁਸ਼ਕਿਲਾਂ ਤੋਂ ਘਬਰਾਉਣਾ ਨਹੀਂ ਚਾਹੀਦਾ, ਸਗੋਂ ਉਸ ਤੋਂ ਸਿਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਕੰਮ ਨੂੰ ਮਿਹਨਤ, ਲਗਨ ਤੇ ਧਿਆਨ ਨਾਲ ਕਰਾਂਗੇ ਤਾਂ ਸਫ਼ਲਤਾ ਆਪਣੇ ਆਪ ਸਾਡੇ ਪੈਰ ਚੁੰਮੇਗੀ ਅਤੇ ਅਸੀਂ ਜ਼ਿੰਦਗੀ ਦੀਆਂ ਉਚਾਈਆਂ ਵੱਲ ਵਧਦੇ ਜਾਵਾਂਗੇ।

# ਗੋਦਾਰਾ ਪਰਵਾਰ ਨੇ ਲੜਕੀ ਦੇ ਜਨਮ 'ਤੇ ਵੰਡੀਆਂ ਮਠਿਆਈਆਂ



**ਸਿਰਸਾ (ਸੁਰਿੰਦਰ ਪਾਲ ਸਿੰਘ)** ਪਿੰਡ ਖਿਉਵਾਲੀ ਵਿੱਚ ਵਿਜੈਵੀਰ ਗੋਦਾਰਾ ਪਰਿਵਾਰ ਵਿੱਚ 37 ਸਾਲ ਬਾਅਦ ਧੀ ਦੇ ਜਨਮ ਦੀ ਖੁਸ਼ੀ ਵਿੱਚ ਢੋਲ ਦੀ ਥਾਪ 'ਤੇ ਖੂਹ ਪੂਜਣ ਦੀ ਰਸਮ ਅਦਾ ਕੀਤੀ ਗਈ।ਇਸ ਪ੍ਰੋਗਰਾਮ ਵਿੱਚ ਭਾਗ ਲੈਂਦਿਆਂ ਪਿੰਡ ਦੇ ਪਤਵੰਤਿਆਂ ਨੇ ਪਰਵਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚੀ ਦੇ ਜਨਮ ਸਮੇਂ ਖੂਹ ਦੀ ਪੂਜਾ ਕਰਨ ਨਾਲ ਸਮਾਜ ਵਿੱਚ ਧੀਆਂ ਪ੍ਰਤੀ ਸੋਚ ਵਿੱਚ ਤਬਦੀਲੀ ਆਉਂਦੀ ਹੈ।ਉਨ੍ਹਾਂ ਦੱਸਿਆ ਕਿ ਕਿਸਾਨ ਵਿਜੈਵੀਰ ਗੋਦਾਰਾ ਦੀ ਪਤਨੀ ਜੋਤੀ ਗੋਦਾਰਾ ਨੇ ਆਪਣੇ ਪਹਿਲੇ ਬੱਚੇ ਵਜੋਂ ਇੱਕ ਲੜਕੀ ਨੂੰ ਜਨਮ ਦਿੱਤਾ ਹੈ। ਇਸ ਖੁਸ਼ੀ 'ਚ ਗੋਦਾਰਾ ਪਰਵਾਰ ਵੱਲੋਂ ਲੜਕੀ ਦੇ ਜਨਮ ਤੇ ਪੂਜਾ-ਪਾਠ ਸਮੇਤ ਮਠਿਆਈਆਂ ਦੀ ਦਾਵਤ ਦਾ ਆਯੋਜਨ ਕੀਤਾ। ਪ੍ਰੋਗਰਾਮ ਵਿੱਚ ਸ਼ਾਮਲ ਹੋਏ ਪਿੰਡ ਦੇ ਨੌਜਵਾਨ ਸਰਪੰਚ ਸਿਧਾਂਤ ਗੋਦਾਰਾ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਧੀਆਂ ਕਿਸੇ ਵੀ ਖੇਤਰ ਵਿੱਚ ਲੜਕਿਆਂ ਤੋਂ ਪਿੱਛੇ ਨਹੀਂ। ਇਸ ਲਈ ਸਾਨੂੰ ਲੜਕੀਆਂ ਨੂੰ ਅੱਗੇ ਵਧਣ ਲਈ ਪ੍ਰੇਰਤ ਕਰਨ ਲਈ ਅਜਿਹੇ ਸਮਾਗਮ ਕਰਵਾਉਣੇ ਚਾਹੀਦੇ ਹਨ। ਇਸ ਮੌਕੇ ਨਵ ਜਨਮੀ ਲੜਕੀ ਦੇ ਦਾਦਾ ਰਾਮਨਾਥ ਗੋਦਾਰਾ ਨੇ ਦੱਸਿਆ ਕਿ ਪਰਵਾਰ ਵਿੱਚ 37 ਸਾਲ ਬਾਅਦ ਧੀ ਦੇ ਜਨਮ ਤੇ ਅਸੀਂ ਸਾਰੇ ਬਹੁਤ ਖੁਸ਼ ਹਾਂ ਕਿ ਉਨ੍ਹਾਂ ਦੇ ਪਰਿਵਾਰ ਵਿੱਚ ਪਹਿਲੀ ਲੜਕੀ ਨੇ ਜਨਮ ਲਿਆ ਹੈ।

# ਨਸ਼ਿਆਂ ਦੀ ਰੋਕਥਾਮ ਲਈ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾਣ : ਡੀ.ਸੀ.

**ਫ਼ਾਜ਼ਿਲਕਾ, (ਨਿਸ਼ਾ ਸ਼ਰਮਾ)** ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਮੌਜੂਦ ਅਧਿਕਾਰੀਆਂ ਤੇ ਆਨਲਾਈਨ ਮਾਧਿਅਮ ਰਾਹੀਂ ਜੁੜੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਨਸ਼ਿਆਂ ਦੀ ਰੋਕਥਾਮ ਲਈ ਸਾਂਝੇ ਤੌਰ 'ਤੇ ਵਿਭਾਗੀ ਜਾਗਰੂਕਤਾ ਗਤੀਵਿਧੀਆਂ ਕਰਨ ਸੰਬਧੀ ਆਖਿਆ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਮੂਹ ਪ੍ਰਸ਼ਾਸਨਿਕ ਅਧਿਕਾਰੀ ਲਗਾਤਾਰ ਨਸ਼ਿਆਂ ਖਿਲਾਫ ਜਾਗਰੂਕਤਾ ਗਤੀਵਿਧੀਆਂ ਕਰਨ ਦੇ ਨਾਲ-ਨਾਲ ਕਾਰਵਾਈਆਂ ਆਰੰਭ ਰਹੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ 'ਤੇ ਠੱਲ੍ਹ ਪਾਉਣ ਲਈ ਨਸ਼ਾ ਤਸਕਰਾਂ ਵਿਰੁੱਧ ਹੋਰ ਸਖਤ ਕਦਮ ਚੁੱਕਣ ਸਬੰਧੀ ਚਰਚਾ ਕੀਤੀ ਗਈ।

ਉਨ੍ਹਾਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਆਪੋ ਆਪਣੇ ਖੇਤਰ ਵਿਖੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪ੍ਰੇਰਿਤ ਕਰਨ ਅਤੇ ਵੱਧ ਤੋਂ ਵੱਧ ਜਾਗਰੂਕਤਾ ਸੈਮੀਨਾਰ ਲਾਉਣ ਤਾਂ ਜੁ ਬੱਚਿਆਂ ਦੇ ਨਾਲ-ਨਾਲ ਨੌਜਵਾਨ ਵਰਗ ਇਸ ਤੋਂ ਦੂਰ ਰਹੇ।


ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

28-Dec-PAGE-3.qxd 12/27/2023 10:08 PM Page 1



# ਮਸਰਾਲਾ ਦੇ ਨੌਜਵਾਨ ਦੀ ਕੈਨੇਡਾ 'ਚ ਦਿਮਾਗ ਦੀ ਨਾੜੀ ਫਟਣ ਨਾਲ ਮੌਤ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਮਸਰਾਲਾ ਵਿਖੇ ਉਸ ਸਮੇਂ ਮਾਤਮ ਛਾ ਗਿਆ ਜਦ ਇਸ ਪਿੰਡ ਦੇ 24 ਸਾਲਾ ਨੌਜਵਾਨ ਦੀ ਕੈਨੇਡਾ ਦੇ ਬਰੈਂਪਟਨ ਸ਼ਹਿਰ ਵਿੱਚ ਹਾਰਟ ਅਟੈਕ ਆਉਣ ਨਾਲ ਮੌਤ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਤਪ ਅਸਥਾਨ ਧੰਨ-ਧੰਨ ਬ੍ਰਹਮ ਗਿਆਨੀ ਬਾਬਾ ਗਰੀਬ ਦਾਸ ਜੀ ਗਊਸ਼ਾਲਾ ਦੇ ਸੇਵਾਦਾਰ ਬਾਬਾ ਗੁਰਸੇਵਕ ਸਿੰਘ ਦੇ ਪਿਤਾ ਨਿਸ਼ਾਨ ਸਿੰਘ ਮਸਰਾਲਾ ਨੇ ਦੱਸਿਆ ਕਿ ਉਨ੍ਹਾਂ ਦਾ ਬੇਟਾ ਅਮਨਪਾਲ ਸਿੰਘ (ਗੋਪੀ) ਕੈਨੇਡਾ ਦੇ ਸ਼ਹਿਰ ਬਰੈਂਪਟਨ ਸਟੱਡੀ ਵੀਜ਼ੇ ਤੇ ਸੰਨ 2019 ਵਿੱਚ ਗਿਆ ਸੀ ਅਤੇ ਕੁਝ ਮਹੀਨੇ ਪਹਿਲਾਂ ਸਤੰਬਰ 2023 ਵਿੱਚ ਆਪਣੇ ਪਰਿਵਾਰ ਨੂੰ ਮਿਲਣ ਪਿੰਡ ਮਸਰਾਲਾ ਵਿਖੇ ਆਇਆ ਸੀ। ਕੁਝ ਸਮਾਂ ਰਹਿਣ ਤੋਂ ਬਾਅਦ ਵਾਪਸ ਕੈਨੇਡਾ ਚਲਾ ਗਿਆ ਸੀ। ਉਨ੍ਹਾਂ ਦੱਸਿਆ ਕਿ ਉਸ ਨੇ ਦੁਬਾਰਾ ਭਾਰਤ ਆਉਣ ਲਈ 26 ਦਸੰਬਰ ਦੀ ਟਿਕਟ ਬੁੱਕ ਕਰਵਾਈ ਤੇ ਆਪਣਾ ਸਾਮਾਨ ਵੀ ਪੈਕ ਕਰ ਲਿਆ ਸੀ, ਪਰ ਬੀਤੇ ਦਿਨ 26 ਦਸੰਬਰ ਨੂੰ ਕਰੀਬ 1 ਵਜੇ ਦੁਪਹਿਰ ਘਰ ਵਿੱਚ ਹੀ ਅਚਾਨਕ ਉਸ ਦੇ ਦਿਮਾਗ ਦੀ ਨਾੜੀ ਫਟ ਗਈ ਤੇ ਉਸ ਦੇ ਕੰਨਾਂ ਵਿੱਚ ਖੂਨ ਨਿਕਲਣਾ ਸ਼ੁਰੂ ਹੋ ਗਿਆ। ਉਸ ਦੇ ਦੋਸਤਾਂ ਵੱਲੋਂ ਤੁਰੰਤ ਉਸ ਨੂੰ ਮੈਡੀਕਲ ਸਹੂਲਤ ਦੇਣ ਲਈ ਐਂਬੂਲੈਂਸ ਰਾਹੀਂ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਵੱਲੋਂ ਕੀਤੇ ਜਾ ਰਹੇ ਇਲਾਜ ਦੌਰਾਨ ਹੀ ਮੌਤ ਹੋ ਗਈ। ਇਸ ਮੌਕੇ ਪੱਤਰਕਾਰਾਂ ਨਾਲ ਭਰੇ ਮਨ ਨਾਲ ਗੱਲਬਾਤ ਕਰਦਿਆਂ ਮ੍ਰਿਤਕ ਦੇ ਪਿਤਾ ਬਾਬਾ ਨਿਸ਼ਾਨ ਸਿੰਘ ਮਸਰਾਲਾ ਨੇ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਜਿਹੜੀ ਅੱਜ ਲੱਖਾਂ ਰੁਪਏ ਖਰਚ ਕਰਕੇ ਵਿਦੇਸ਼ਾਂ ਵਿੱਚ ਪੜ੍ਹਾਈ ਕਰਨ ਵਾਸਤੇ ਜਾ ਰਹੀ ਹੈ, ਤੇ ਉਹ ਵਿਦੇਸ਼ ਵਿੱਚ ਜਾ ਕੇ ਖਰਚੇ ਦੇ ਬੋਝ ਕਾਰਨ ਮਾਨਸਿਕ ਤਨਾਅ ਵਿੱਚ ਆਉਣ ਤੇ ਹਾਰਟ ਅਟੈਕ ਸਮੇਤ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਅਗਰ ਜੇ ਸਰਕਾਰਾਂ ਬੱਚਿਆ ਲਈ ਇੱਥੇ ਰੋਜ਼ਗਾਰ ਦੇ ਸਾਧਨ ਪੈਦਾ ਕਰਨ ਤੇ ਕੋਈ ਵੀ ਮਾਂ ਬਾਪ ਆਪਣੇ ਜਿਗਰ ਦੇ ਟੋਟਿਆਂ ਨੂੰ ਰੋਜ਼ਗਾਰ ਲਈ ਬਾਹਰ ਨਾ ਭੇਜੇ। ਇਸ ਨੌਜਵਾਨ ਦੀ ਹੋਈ ਅਚਾਨਕ ਮੌਤ ਨਾਲ ਡੇਰਾ ਬਾਬਾ ਨਾਨਕ ਇਲਾਕੇ ਅੰਦਰ ਸੋਗ ਦੀ ਲਹਿਰ ਪਾਈ ਜਾ ਰਹੀ ਹੈ ਤੇ ਇਲਾਕੇ ਦੇ ਲੋਕ ਵੱਡੀ ਗਿਣਤੀ ਵਿੱਚ ਪਰਿਵਾਰ ਨਾਲ ਦੁੱਖ ਪ੍ਰਗਟ ਕਰਨ ਲਈ ਪਿੰਡ ਮਸਰਾਲਾ ਵਿਖੇ ਪਹੁੰਚ ਰਹੇ ਹਨ।

# ਦੁਕਾਨ ਦੇ ਬਾਹਰ ਪਏ 38 ਬੂਟਾਂ ਦੇ ਜੋੜੇ ਲੈ ਕੇ ਚੋਰ ਫ਼ਰਾਰ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਦੌਰਾਂਗਲਾ ਪੁਲਸ ਵੱਲੋਂ ਚੋਰੀ ਕਰਨ ਵਾਲੇ ਇਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਏਐੱਸਆਈ ਸਤਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਰਨਦੀਪ ਪੁੱਤਰ ਅਸ਼ੋਕ ਕੁਮਾਰ ਵਾਸੀ ਤਿੱਬੜ ਨੇ ਕਿਹਾ ਕਿ ਮੇਰੀ ਕਾਨ੍ਹੂੰਵਾਨ ਚੌਕ ਗੁਰਦਾਸਪੁਰ ਵਿਖੇ ਰੈਡੀਮੇਡ ਕੱਪੜੇ ਅਤੇ ਬੂਟਾਂ ਦੀ ਦੁਕਾਨ ਹੈ। 22.12.2023 ਨੂੰ ਸਮਾਂ ਰਾਤ 7.40 ਦੇ ਕਰੀਬ ਮੈਂ ਅਤੇ ਮੇਰਾ ਭਰਾ ਸੰਦੀਪ ਕਪਿਲ ਦੁਕਾਨ ਵਿੱਚ ਗਾਹਕਾਂ ਨੂੰ ਡੀਲ ਕਰ ਰਹੇ ਸੀ ਅਤੇ ਦੁਕਾਨ ਦੇ ਬਾਹਰ ਇੱਕ ਬੋਰਾ ਪਲਾਸਟਿਕ ਜਿਸ ਵਿੱਚ 38 ਬੂਟਾਂ ਦੇ ਜੋੜੇ ਸਨ, ਪਿਆ ਹੋਇਆ ਸੀ ਜੋ ਗਾਇਬ ਸੀ, ਕੈਮਰੇ ਚੈੱਕ ਕਰਨ 'ਤੇ ਪਤਾ ਲੱਗਾ ਹੈ ਕਿ ਦੁਕਾਨ ਦੇ ਬਾਹਰ ਪਿਆ ਬੂਟਾਂ ਵਾਲਾ ਪਲਾਸਟਿਕ ਦਾ ਬੋਰਾ ਅਮਰਜੀਤ ਸਿੰਘ ਆਪਣੇ ਮੋਟਰਸਾਇਕਲ 'ਤੇ ਰੱਖ ਕੇ ਚੋਰੀ ਕਰਕੇ ਲੈ ਗਿਆ ਹੈ। ਪੁਲਸ ਨੇ ਚੋਰੀ ਕਰਨ ਵਾਲੇ ਵਿਅਕਤੀ ਖ਼ਿਲਾਫ਼ ਧਾਰਾ 379 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਨੂੰ ਜੜ੍ਹੋਂ ਖਤਮ ਕੀਤਾ ਜਾਵੇਗਾ : ਧਾਲੀਵਾਲ

**ਅਜਨਾਲਾ (ਸੁਖਵਿੰਦਰ ਸਿੰਘ ਰਾਜੂ)**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਤੇਜ਼ੀ ਨਾਲ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਅਤੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ ਵਿਖੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਅਜਨਾਲਾ ਸ਼ਹਿਰ ਅਤੇ ਹਲਕੇ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਗਲੀਆਂ, ਨਾਲੀਆਂ ਅਤੇ ਸੀਸੀਟੀਵੀ ਕੈਮਰਿਆਂ ਲਈ ਫੰਡ ਮਨਜ਼ੂਰ ਹੋ ਚੁੱਕੇ ਹਨ ਅਤੇ ਬਚਦੇ ਸਾਲ ਇਹ ਸਾਰੇ ਕੰਮ ਸ਼ੁਰੂ ਹੋ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਢਿੱਲ ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਾਰੇ ਵਿਕਾਸ ਕਾਰਜ ਗੁਣਵੱਤਾ ਭਰਪੂਰ ਹੋਣੇ ਚਾਹੀਦੇ ਹਨ। ਉਨ੍ਹਾਂ ਦੱਸਿਆ ਕਿ ਨਸ਼ਾ ਕੇਵਲ ਕਾਨੂੰਨੀ ਹੀ ਨਹੀਂ ਬਲਕਿ ਸਮਾਜਿਕ ਬੁਰਾਈ ਹੈ ਜਿਸ ਨੂੰ ਲੋਕਾਂ ਦੇ ਸਹਿਯੋਗ ਨਾਲ ਹੀ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨਸ਼ਾ ਖਤਮ ਕਰਨ ਲਈ ਵਚਨਬੱਧ ਹੈ ਅਤੇ ਹੁਣ ਤੱਕ ਨਸ਼ਿਆਂ ਦੀਆਂ ਵੱਡੀਆਂ ਖੇਪਾਂ ਪੁਲਸ ਵੱਲੋਂ ਕਾਰਵਾਈ ਕਰਕੇ ਕਬਜ਼ੇ ਵਿੱਚ ਲਈਆਂ ਗਈਆਂ ਹਨ ਅਤੇ ਸਮੱਗਲਰਾਂ ਦੇ ਨੈੱਟਵਰਕ ਨੂੰ ਤੋੜਣ ਲਈ ਵੱਡੇ ਪੱਧਰ ਤੇ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।



ਇਸ ਉਪਰੰਤ ਕੈਬਨਿਟ ਮੰਤਰੀ ਧਾਲੀਵਾਲ ਨੇ ਵਾਰਡ ਨੰ 11 ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਕਰਦੇ ਹੋਏ ਦੱਸਿਆ ਕਿ ਪਿੰਡ ਪੱਧਰ 'ਤੇ ਪਾਰਟੀ ਨੂੰ ਮਜਬੂਤ ਕਰ ਰਹੇ ਹਾਂ ਅਤੇ ਚੋਣਾਂ ਤੋਂ ਪਹਿਲਾਂ ਜੋ ਗਾਰੰਟੀਆਂ ਕੀਤੀਆਂ ਸਨ, ਨੂੰ ਵੀ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਡੇਢ ਸਾਲ ਦੇ ਅੰਦਰ ਹੀ 45000 ਤੋਂ ਵਧੇਰੇ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਸੂਬੇ ਭਰ ਵਿੱਚ ਕੰਪਨੀਆਂ ਆ ਰਹੀਆਂ ਜਿਸ ਨਾਲ ਨੌਜਵਾਨਾਂ ਨੂੰ ਰੁਜ਼ਗਾਰ ਦੇ ਸਾਧਨ ਪ੍ਰਾਪਤ ਹੋਣਗੇ। ਇਸ ਮੌਕੇ ਆਪ ਦੇ ਸੀਨੀ: ਆਗੂ ਖੁਸ਼ਪਾਲ ਸਿੰਘ ਧਾਲੀਵਾਲ, ਆਪ ਦੇ ਸੀਨੀ: ਮਹਿਲਾ ਆਗੂ ਐਡਵੋਕੇਟ ਅਮਨਦੀਪ ਕੌਰ ਧਾਲੀਵਾਲ, ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਸ਼ਿਵਦੀਪ ਸਿੰਘ ਚਾਹਲ, ਕੌਂਸਲਰ ਬਲਜਿੰਦਰ ਕੌਰ ਗਿੱਲ, ਹਰਪ੍ਰੀਤ ਸਿੰਘ ਹੈਪੀ ਗਿੱਲ, ਕੌਂਸਲਰ ਬੀਬੀ ਗਿਆਨ ਕੌਰ, ਕੌਂਸਲਰ ਅਵਿਨਾਸ਼ ਮਸੀਹ, ਯੁੱਧਵੀਰ ਸਿੰਘ, ਰਣਬੀਰ ਸਿੰਘ, ਰਾਜਬੀਰ ਸਿੰਘ, ਦਫ਼ਤਰ ਸਕੱਤਰ ਗੁਰਜੰਟ ਸਿੰਘ ਸੋਹੀ, ਕੌਂਸਲਰ ਰਾਜਬੀਰ ਸਿੰਘ ਚਾਹਲ, ਬੀਬੀ ਗਿਆਨ ਕੌਰ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਆਪ ਦੇ ਸ਼ਹਿਰੀ ਪ੍ਰਧਾਨ ਦੀਪਕ ਚੈਨਪੁਰੀਆ, ਸੀਨੀਅਰ ਆਗੂ ਅਮਿਤ ਪੁਰੀ ਅਮਿਤ ਔਲ, ਸ਼ਮਸ਼ੇਰ ਸਿੰਘ ਸ਼ੇਰਾ, ਅਜੇ ਕੁਮਾਰ, ਦੀਪਕ ਭੱਟੀ, ਗੁਰਿੰਦਰ ਸਿੰਘ ਗੁਜਰਪੁਰਾ, ਅਮਰਦੀਪ ਸਿੰਘ ਰਿੰਕੂ, ਸੁਖਦਿਆਲ ਸਿੰਘ ਭੱਖਾ, ਗੋਰਾ ਸੱਗੂ, ਗੁਰਨਾਮ ਸਿੰਘ, ਰਛਪਾਲ ਸਿੰਘ ਕੋਟਲਾ ਕਾਜ਼ੀਆਂ, ਮੈਡਮ ਗੀਤਾ ਗਿੱਲ ਹਾਜ਼ਰ ਸਨ।

# ਬੱਚਿਆਂ ਨੂੰ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਾਰੇ ਕੀਤਾ ਜਾਗਰੂਕ



**ਕਾਲਾ ਸੰਘਿਆਂ (ਮਨਜੀਤ ਮਾਨ)**

ਸ਼ਹਾਦਤ -ਏ- ਦਾਸਤਾਨ ਨੂੰ ਸਮਰਪਿਤ ਗੁਰੂ ਹਰਿ ਰਾਇ ਸਾਹਿਬ ਅਕੈਡਮੀ ਕਾਹਲਵਾਂ ਜ਼ਿਲ੍ਹਾ ਕਪੂਰਥਲਾ ਵਿਖੇ ਬਾਬਾ ਗੁਰਮੇਜ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਸੈਦਰਾਣਾ ਸਾਹਿਬ ਪਾਤਸ਼ਾਹੀ ਸੱਤਵੀਂ ਪਿੰਡ ਬਿੱਲੀ ਬੜੈਚ ਅਤੇ ਅਕੈਡਮੀ ਚੇਅਰਮੈਨਨਿਰਮਲ ਸਿੰਘ ਨੰਬਰਦਾਰ ਕਾਹਲਵਾਂ ਦੋਨਾਂ ਦੀ ਦੇਖ ਰੇਖ ਹੇਠ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਸਕੂਲ ਵਿੱਚ ਜਪੁਜੀ ਸਾਹਿਬ, ਚੌਪਈ ਸਾਹਿਬ ਅਤੇ ਅਨੰਦ ਸਾਹਿਬ ਜੀ ਦੇ ਜਾਪ ਉਪਰੰਤ ਵਿਦਿਆਰਥੀਆਂ ਵੱਲੋਂ, ਕਵਿਤਾਵਾਂ ਕਵੀਸ਼ਰੀ, ਸ਼ਬਦ ਗਾਇਨ ਰਾਹੀਂ ਸਰਬੰਸਦਾਨੀ ਦਸਮ ਪਿਤਾ ਜੀ ਦੇ ਪਰਵਾਰ ਦੀਆਂ ਸ਼ਹਾਦਤਾਂ ਨੂੰ ਯਾਦ ਕਰਦਿਆਂ ਪ੍ਰਣਾਮ ਕੀਤਾ। ਇਸ ਮੌਕੇ 'ਤੇ ਅਕੈਡਮੀ ਦੇ ਜਨਰਲ ਸਕੱਤਰ ਸ੍ਰੀਮਤੀ ਕੁਲਬੀਰ ਕੌਰ ਵਿਸ਼ੇਸ਼ ਤੌਰ ਪਹੁੰਚੇ। ਅਕੈਡਮੀ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਅਕੈਡਮੀ ਦਾ ਮੁੱਖ ਮੰਤਵ ਹੈ ਕਿ ਦੁਨਿਆਵੀ ਵਿਦਿਆ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਸਾਡੇ ਕੀਮਤੀ ਅਤੇ ਗੌਰਵਮਈ ਇਤਿਹਾਸ ਬਾਰੇ ਸਿੱਖਿਅਤ ਕਰਨਾ ਹੈ। ਉਹਨਾਂ ਵਿਦਿਆਰਥੀਆਂ ਨੂੰ ਸਹੀਦੀ ਹਫਤੇ ਬਾਰੇ ਸੰਖੇਪ ਵਿੱਚ ਦੱਸਦਿਆਂ, ਆਖਿਆ ਕਿ ਕਿਵੇਂ ਮੌਕੇ ਦੀ ਹਕੂਮਤ ਅਤੇ ਮੁਗਲ ਸਿਆਸਤ ਨੇ ਗੁਰੂ ਪਿਤਾ ਦੇ ਪਰਵਾਰ ਨੂੰ ਤਸ਼ੱਦਦ ਦੇ ਕੇ ਸ਼ਹੀਦ ਕੀਤਾ। ਸਾਡੇ ਇਤਿਹਾਸ ਦੇ ਅਸਲੀ ਹੀਰੇ ਅਤੇ ਨਾਇਕ ਸਾਡੇ ਚਾਰ ਸਾਹਿਬਜ਼ਾਦੇ ਹਨ। ਸਾਨੂੰ ਕੇਵਲ ਚਾਰ ਸਾਹਿਬਜ਼ਾਦਿਆਂ ਨੂੰ ਆਪਣੇ ਰੋਲ ਮਾਡਲ ਮੰਨਣਾ ਚਾਹੀਦਾ ਹੈ ਨਾ ਕਿ ਅਸੀਂ ਕਿਸੇ ਕਲਾਕਾਰ ਜਾਂ ਕਿਸੇ ਫਿਲਮ ਦੇ ਨਾਇਕ ਦੇ ਜੀਵਨ ਤੋਂ ਪ੍ਰਭਾਵਿਤ ਹੋਣਾ ਹੈ। ਇਸ ਮੌਕੇ 'ਤੇ ਐਕਟੀਵਿਟੀ ਇੰਚਾਰਜ ਮੈਡਮ ਰਜਨੀ ਰਾਣੀ ਕੁਲਾਰ, ਰਜਿੰਦਰ ਕੌਰ, ਮੈਡਮ ਨੇਹਾ ਸ਼ਰਮਾ, ਮੈਡਮ ਪ੍ਰਭਜੋਤ, ਮੈਡਮ ਸੰਦੀਪ ਕੌਰ, ਮੈਡਮ ਰਮਨਪ੍ਰੀਤ ਕੌਰ, ਮੈਡਮ ਮਮਤਾ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

# ਡਾ. ਵਸੀਮ ਅਹਿਮਦ ਫ਼ਰੀਦੀ ਨੇ ਸਾਊਦੀ ਅਰਬ 'ਚ ਭਾਰਤ ਦਾ ਨਾਂਅ ਰੁਸ਼ਨਾਇਆ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਭਾਰਤ ਦੇ ਲੋਕਾਂ ਨੇ ਆਪਣੀ ਕਾਬਲੀਅਤ ਦਾ ਲੋਹਾ ਵਿਦੇਸ਼ਾਂ ਵਿੱਚ ਲੋਹਾ ਮੰਨਵਾਇਆ ਹੈ ਅਤੇ ਦੇਸ਼ ਦਾ ਨਾਂ ਉੱਚਾ ਕੀਤਾ ਹੈ। ਪੰਜਾਬ ਵਿੱਚ ਪੜ੍ਹਾ ਲਿਖ ਕੇ ਫ਼ਿਰ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਵਿੱਚ ਕਈ ਦਹਾਕੇ ਆਪਣੀਆਂ ਸੇਵਾਵਾਂ ਦੇਣ ਤੋਂ ਬਾਅਦ ਸਾਊਦੀ ਅਰਬ ਵਿੱਚ ਜਾ ਕੇ ਕਿੰਗ ਅਬਦੁਲ ਅਜ਼ੀਜ਼ ਯੂਨੀਵਰਸਿਟੀ 'ਚ ਸੈਂਟਰ ਆਫ਼ ਐਕਸੀਲੈਂਸ ਇਨ ਜੀਨੋਮਿਕ, ਮੈਡੀਸਨ ਰਿਸਰਚ ਦੀ ਸਥਾਪਨਾ ਕਰਨ ਦਾ ਸਿਹਰਾ ਡਾ. ਵਸੀਮ ਅਹਿਮਦ ਫ਼ਰੀਦੀ ਨੂੰ ਜਾਂਦਾ ਹੈ। ਉਹ ਮੈਡੀਕਲ ਬਾਈਲੋਜੀ ਦੇ ਪ੍ਰੋਫ਼ੈਸਰ, ਸੀਈਜੀਐੱਮਆਰ ਸਾਊਦੀ ਅਰਬ ਵਿੱਚ ਕੰਸਲਟੈਂਟ, ਜ਼ੂਲੋਜੀ ਵਿਭਾਗ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਵਿੱਚ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ। ਉਹ ਦੁਨੀਆ ਦੀਆਂ ਕਈ ਖੋਜ ਸੰਸਥਾਵਾਂ ਲਈ ਕੰਮ ਕਰ ਚੁੱਕੇ ਹਨ। ਉਹ ਕਈ ਐਵਾਰਡ ਹਾਸਲ ਕਰ ਚੁੱਕੇ ਹਨ। ਉਨ੍ਹਾਂ ਏਡਜ਼, ਡੀਐੱਨਏ, ਫ਼ਿੰਗਰ ਪ੍ਰਿੰਟ, ਜੈਨੇਟਿਕਸ ਐਂਡ ਜੀਨੋਮਿਕਸ ਵਿਸ਼ੇ ਤੇ ਕਿਤਾਬਾਂ ਲਿੱਖ ਚੁੱਕੇ ਹਨ। ਉਹ ਸੈੱਲ ਟੂ ਜੀਨੋਮੀ ਅਤੇ ਐਡਵਾਂਸ ਬਿਮਾਰੀਆਂ 'ਤੇ ਕਿਤਾਬ ਲਿਖਣ ਦੇ ਪ੍ਰੋਜੈਕਟ 'ਤੇ ਕੰਮ ਕਰ ਰਹੇ ਹਨ। 1980 ਵਿੱਚ ਉਨ੍ਹਾਂ ਅਲੀਗੜ੍ਹ ਯੂਨੀਵਰਸਿਟੀ ਤੋਂ ਪੀ.ਐੱਚਡੀ. ਕੀਤੀ ਸੀ। ਉਨ੍ਹਾਂ ਆਪਣੀ ਬੀਐੱਸਸੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਪਾਸ ਕੀਤੀ ਸੀ। ਉਹ ਤਾਲੀਮ ਉਲ ਇਸਲਾਮ ਸਕੂਲ ਅਤੇ ਸਿੱਖ ਨੈਸ਼ਨਲ ਕਾਲਜ ਦੇ ਵਿਦਿਆਰਥੀ ਰਹਿ ਚੁੱਕੇ ਹਨ। ਉਹ ਅੱਜਕਲ੍ਹ ਕਾਦੀਆਂ ਵਿੱਚ ਰਹਿ ਕੇ ਆਪਣੀਆਂ ਸੇਵਾਵਾਂ ਦੇ ਰਹੇ ਹਨ।

# ਸ਼ਹੀਦ ਊਧਮ ਸਿੰਘ ਪਬਲਿਕ ਸਕੂਲ 'ਚ ਕਰਵਾਏ ਖੇਡ ਮੁਕਾਬਲੇ

**ਲੋਹੀਆਂ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ)**

ਸ਼ਹੀਦ ਊਧਮ ਸਿੰਘ ਪਬਲਿਕ ਸਕੂਲ, (ਸੀ.ਬੀ.ਐਸ.ਈ) ਲੋਹੀਆਂ ਖਾਸ ਵਿੱਚ ਖੇਡ ਮੁਕਾਬਲੇ ਕਰਵਾਏ ਗਏ, ਇਹ ਮੁਕਾਬਲੇ ਸਕੂਲ ਦੇ ਬੱਚਿਆਂ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ 100 ਮੀਟਰ, 200 ਮੀਟਰ ਤੇ 400 ਮੀਟਰ ਦੌੜ, ਥਰੀ ਲੱਗ ਰੇਜ, ਲੌਂਗ ਜੰਪ, ਜੈਵਲਿਨ ਥਰੂ ਤੇ ਡਿਸਕਸ ਥਰੂ ਅਤੇ ਮਨੋਰੰਜਨ ਖੇਡਾਂ ਕਰਵਾਈਆਂ ਗਈਆ ਸਾਰੇ ਬੱਚਿਆਂ ਨੇ ਇਹਨਾਂ ਖੇਡਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ। ਖੇਡ ਮੁਕਾਬਲੇ ਕਰਵਾਉਣ ਦਾ ਮੁੱਖ ਮਤਲਬ ਬੱਚਿਆਂ ਪੜ੍ਹਾਈ ਦੇ ਨਾਲ ਨਾਲ ਖੇਡ ਪ੍ਰਤੀ ਰੁਚੀ ਪੈਦਾ ਕਰਨਾ ਹੈ ਇਹਨਾਂ ਵੱਖ ਵੱਖ ਖੇਡ ਮੁਕਾਬਲਿਆ ਵਿੱਚ ਪਹਿਲੇ ਸਥਾਨ 'ਤੇ ਜਸਕੀਰਤ ਸਿੰਘ, ਜਸਨ, ਯਵਰਾਜ ਸਿੰਘ, ਗੁਰਕਰਨਪ੍ਰੀਤ ਸਿੰਘ ਅਨਮੋਲਪ੍ਰੀਤ ਕੌਰ ,ਐਨਮਪ੍ਰੀਤ ਕੌਰ ਅਰਪਨਪ੍ਰੀਤ ਕੌਰ, ਅਤੇ ਹਰਪ੍ਰੀਤ ਸਿੰਘ ਰਹੇ। ਖੇਡ ਮੁਕਾਬਲੇ ਵਿੱਚ ਸਕੂਲ ਦੇ ਪ੍ਰਿੰਸੀਪਲ ਸੁਖਵਿੰਦਰ ਸਿੰਘ ਵੱਲੋਂ ਜੇਤੂ ਬੱਚਿਆਂ ਨੂੰ ਇਨਾਮ ਦਿੰਦੇ ਹੋਏ ਖੇਡਾਂ ਵਿੱਚ ਭਾਗ ਲੈ ਕੇ ਤੰਦਰੁਸਤ ਰਹਿਣ ਦਾ ਸੁਨੇਹਾ ਦਿੱਤਾ। ਇਸ ਮੌਕੇ ਸੰਸਕਾਰ ਵੈਲੀ ਸੁਸਾਇਟੀ ਦੇ ਮੈਨੇਜਿੰਗ ਡਾਇਰੈਕਟਰ ਅਨੀਲ ਕੁਮਾਰ ਤੇ ਸਕੂਲ ਸਟਾਫ ਨੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ।




# ਸਾਹਿਬਜ਼ਾਦਿਆਂ ਨੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕੀਤਾ : ਗੁਰਜਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਕੇਂਦਰੀ ਉਰਜਾ ਅਤੇ ਭਾਰੀ ਉਦਯੋਗ ਰਾਜ ਮੰਤਰੀ ਕ੍ਰਿਸ਼ਣ ਪਾਲ ਗੁਰਜਰ ਨੇ ਵੀਰ ਬਾਲ ਦਿਵਸ ਮੌਕੇ 'ਤੇ ਫੈਜ਼ਾਬਾਦ ਦੇ ਸੈਕਟਰ-28 ਸਥਿਤ ਸਰਕਾਰੀ ਮਾਡਲ ਸਸੰਕਿਤੀ ਸਕੂਲ ਵਿਚ ਪ੍ਰਬੰਧਿਤ ਪ੍ਰੋਗ੍ਰਾਮ ਵਿਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦੇ ਹੋਏ ਸਾਹਿਬਜ਼ਾਦਿਆਂ ਬਾਬਾ ਜੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ ਦੇ ਚਰਨਾਂ ਵਿਚ ਫੁੱਲ ਅਰਪਿਤ ਕੀਤੇ। ਕੇਂਦਰੀ ਰਾਜ ਮੰਤਰੀ ਨੇ ਮੌਜੂਦ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸੱਚਾ ਵੀਰ ਬਾਲ ਦਿਵਸ ਅੱਜ ਹੈ। ਅੱਜ ਹੀ ਦੇ ਦਿਨ ਇਕ ਪੂਰੇ ਪਰਵਾਰ ਨੇ ਦੇਸ਼, ਧਰਮ ਅਤੇ ਸਭਿਆਚਾਰ ਲਈ ਸ਼ਹਾਦਤ ਦਿੱਤੀ ਸੀ। ਕੇਂਦਰੀ ਰਾਜ ਮੰਤਰੀ ਨੇ ਕਿਹਾ ਕਿ ਤੁਸੀਂ ਸਾਰਿਆਂ ਨੇ ਸਾਹਿਬਜ਼ਾਦਿਆਂ ਦੇ ਬਲਿਦਾਨ ਦੀ ਕਵਿਤਾ ਪੜ੍ਹੀ ਹੋਵੇਗੀ। ਉਨ੍ਹਾਂ ਨੇ ਆਪਣਾ ਧਰਮ ਨਹੀਂ ਬਦਲਿਆ, ਸਿਧਾਂਤਾਂ ਨਾਲ ਸਮਝੌਤਾ ਨਹੀਂ ਕੀਤਾ। ਗੁਰਜਰ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਨੇ ਅੱਜ ਦੇ ਦਿਨ ਨੂੰ ਚਾਰ ਸਾਹਿਬਜਾਦਿਆਂ ਦੇ ਬਲਿਦਾਨ ਨੂੰ ਯਾਦ ਕਰਨ ਅਤੇ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਦੇਣ ਲਈ ਮਨਾਉਣ ਦਾ ਫੈਸਲਾ ਕੀਤਾ। ਉਨ੍ਹਾਂ ਨੇ ਕਿਹਾ ਕਿ ਸਾਹਿਬਜ਼ਾਦਿਆਂ ਦਾ ਸਰਬੋਤਮ ਬਲਿਦਾਨ ਸਾਨੂੰ ਸਾਰਿਆਂ ਨੂੰ ਪ੍ਰੇਰਣਾ ਦਿੰਦਾ ਹੈ।

# ਤਰਸਿੱਕਾ ਪੁਲਸ ਵੱਲੋਂ ਅਦਾਲਤੀ ਭਗੌੜਾ ਕਾਬੂ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਮਾਣਯੋਗ ਸਤਿੰਦਰ ਸਿੰਘ ਸੀਨੀਅਰ ਪੁਲਸ ਕਪਤਾਨ ਅੰਮ੍ਰਿਤਸਰ ਦਿਹਾਤੀ ਵੱਲੋਂ ਸਮੁੱਚੀ ਅੰਮ੍ਰਿਤਸਰ ਦਿਹਾਤੀ ਪੁਲਸ ਨੂੰ ਸਖਤ ਹਦਾਇਤਾਂ ਜਾਰੀ ਸਨ ਕਿ ਮਾਣਯੋਗ ਅਦਾਲਤਾਂ ਵੱਲੋਂ ਭਗੌੜੇ ਕਰਾਰ ਦਿੱਤੇ ਗਏ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਜਾਵੇ। ਸੀਨੀਅਰ ਅਫਸਰਾਨ ਵੱਲੋਂ ਜਾਰੀ ਉਕਤ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਥਾਣਾ ਤਰਸਿੱਕਾ ਦੀ ਪੁਲਸ ਪਾਰਟੀ ਨੂੰ ਉਸ ਵੇਲੇ ਸਫਲਤਾ ਹਾਸਲ ਹੋਈ ਜਦ ਥਾਣਾ ਤਰਸਿੱਕਾ ਦੀ ਪੁਲਸ ਪਾਰਟੀ ਵੱਲੋਂ ਜਗਦੇਵ ਸਿੰਘ ਜੱਗੂ ਪੁੱਤਰ ਜਗੀਰ ਸਿੰਘ ਵਾਸੀ ਡਾਰੀਕੇ ਜ਼ਿਲਾ ਅੰਮ੍ਰਿਤਸਰ ਨੂੰ ਸਾਲ 2015 ਦੇ ਥਾਣਾ ਤਰਸਿੱਕਾ ਦੇ ਇਕ ਐੱਨਡੀਪੀਐੱਸ ਕੇਸ ਵਿਚ ਮਾਣਯੋਗ ਅਦਾਲਤ ਵਿਚ ਤਰੀਕ ਪੇਸ਼ੀ ਤੋਂ ਗੈਰ-ਹਾਜ਼ਰ ਰਹਿਣ 'ਤੇ ਮਾਣਯੋਗ ਅਦਾਲਤ ਵੱਲੋਂ 17-12-2019 ਨੂੰ ਭਗੌੜਾ ਕਰਾਰ ਦਿੱਤਾ ਗਿਆ ਸੀ, ਨੂੰ ਉਸਦੇ ਪਿੰਡ ਡਾਰੀਕੇ ਤੋਂ ਕਾਬੂ ਕਰਕੇ ਗ੍ਰਿਫਤਾਰ ਕੀਤਾ ਗਿਆ। ਇਹ ਜਾਣਕਾਰੀ ਥਾਣਾ ਤਰਸਿੱਕਾ ਵਿਖੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਸਮੇਂ ਥਾਣਾ ਮੁਖੀ ਅਵਤਾਰ ਸਿੰਘ ਨਾਲ ਏਐੱਸਆਈ ਰਣਜੀਤ ਸਿੰਘ, ਏਐੱਸਆਈ ਹਰਬੰਸ ਸਿੰਘ ਅਤੇ ਜਤਿੰਦਰ ਸਿੰਘ ਮੌਜੂਦ ਸਨ।

# ਬਘਾਣਾ ਵਿਖੇ ਲਾਸਾਨੀ ਸ਼ਹਾਦਤ ਨੂੰ ਸਮਰਪਤ ਕੀਰਤਨ ਦਰਬਾਰ ਅੱਜ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਬਘਾਣਾ ਵਿਖੇ ਭਾਈ ਘੱਨ੍ਹਈਆ ਨੌਜਵਾਨ ਸੁਸਾਇਟੀ ਬਘਾਣਾ, ਗੁਰਦੁਆਰਾ ਪ੍ਰਬੰਧਕ ਕਮੇਟੀ ਬਘਾਣਾ, ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆ ਅਤੇ ਇਲਾਕੇ ਦੇ ਸਹਿਯੋਗ ਨਾਲ ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਸਾਲਾਨਾ 09ਵਾਂ ਮਹਾਨ ਕੀਰਤਨ ਦਰਬਾਰ 28 ਦਸੰਬਰ ਨੂੰ ਸ਼ਾਮ 06 ਤੋਂ ਰਾਤ ਨੂੰ 10 ਵਜੇ ਕਰਵਾਇਆ ਜਾ ਰਿਹਾ ਹੈ। ਪ੍ਰਬੰਧਕ ਸੁਸਾਇਟੀ ਦੇ ਪ੍ਰਧਾਨ ਮਨਜਿੰਦਰ ਸਿੰਘ ਬਾਜਵਾ, ਗੁਰਮੇਲ ਸਿੰਘ ਬਘਾਣਾ, ਡਾਕਟਰ ਬਹਾਦਰ ਸਿੰਘ ਬਘਾਣਾ ਨੇ ਦੱਸਿਆ ਕਿ ਸ਼ਹੀਦੀ ਸਮਾਗਮ ਦੌਰਾਨ 28 ਦਸੰਬਰ ਨੂੰ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਭਾਈ ਪਰਮਜੀਤ ਸਿੰਘ ਹੈੱਡ ਗ੍ਰੰਥੀ ਬਘਾਣਾ, ਭਾਈ ਸੁਖਵਿੰਦਰ ਸਿੰਘ ਦਮਦਮੀ ਟਕਸਾਲ, ਭਾਈ ਕਸ਼ਮੀਰ ਸਿੰਘ ਕਾਦਰ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਵੀਰ ਜਤਿੰਦਰ ਸਿੰਘ ਮਲਕਪੁਰ ਆਦਿ ਗੁਰਬਾਣੀ ਗੁਰਇਤਿਹਾਸ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

# ਚੇਅਰਮੈਨ ਹਰਮਿੰਦਰ ਸਿੰਘ ਸੰਧੂ ਨੇ ਬੱਸ ਨੂੰ ਦਿਖਾਈ ਝੰਡੀ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਪੰਜਾਬ ਅਨੁਸੂਚਿਤ ਜਾਤੀ ਭੌਂ ਵਿਕਾਸ ਤੇ ਵਿੱਤ ਨਿਗਮ ਦੇ ਚੇਅਰਮੈਨ ਹਰਮਿੰਦਰ ਸਿੰਘ ਸੰਧੂ ਨੇ ਸ੍ਰੀ ਸਾਲਾਸਰ ਧਾਮ ਅਤੇ ਸ੍ਰੀ ਖਾਟੂ ਸ਼ਿਆਮ ਧਾਮ ਦੇ ਦਰਸ਼ਨਾਂ ਲਈ ਜਾ ਰਹੇ ਸ਼ਰਧਾਲੂਆਂ ਦੀ ਬੱਸ ਨੂੰ ਚੱਬੇਵਾਲ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਦੌਰਾਨ ਉਨ੍ਹਾਂ ਨਾਲ ਐਸ. ਡੀ. ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ ਅਤੇ ਹੋਰ ਸ਼ਖਸੀਅਤਾਂ ਮੌਜੂਦ ਸਨ। ਚੇਅਰਮੈਨ ਸੰਧੂ ਨੇ ਇਸ ਮੌਕੇ ਕਿਹਾ ਕਿ ਚੱਬੇਵਾਲ ਵਿਧਾਨ ਸਭਾ ਹਲਕੇ ਤੋਂ ਸ਼ਰਧਾਲੂਆਂ ਦੀ ਇਹ ਦੂਸਰੀ ਬੱਸ ਰਵਾਨਾ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਦੇ ਰਾਤ ਦਾ ਠਹਿਰਾਅ ਸ੍ਰੀ ਸਾਲਾਸਰ ਧਾਮ ਵਿਖੇ ਹੋਵੇਗਾ, ਜਿਥੋਂ ਉਹ ਸਵੇਰੇ ਅਗਲੇ ਪੜਾਅ ਸ੍ਰੀ ਖਾਟੂ ਸ਼ਿਆਮ ਧਾਮ ਲਈ ਰਵਾਨਾ ਹੋਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਹਿਲਕਦਮੀ ਸਦਕਾ ਸੂਬੇ ਭਰ ਤੋਂ ਲੋਕ ਵੱਖ-ਵੱਖ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ ਪੰਜਾਬ ਦੇ ਲੋਕਾਂ ਨੂੰ ਦੇਸ਼ ਭਰ ਵਿਚ ਵੱਖ-ਵੱਖ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਮੁਫ਼ਤ ਯਾਤਰਾ ਸੁਵਿਧਾਵਾਂ ਉਪਲਬੱਧ ਹੋਈਆਂ ਹਨ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਯਾਤਰਾ ਕਰਨ ਵਾਲੇ ਯਾਤਰੀਆਂ ਦਾ ਖ਼ਰਚਾ ਪੰਜਾਬ ਸਰਕਾਰ ਸਹਿਣ ਕਰੇਗੀ, ਜਿਸ ਵਿਚ ਉਨ੍ਹਾਂ ਦੇ ਸਫਰ, ਰਿਹਾਇਸ਼ ਅਤੇ ਖਾਣ-ਪੀਣ ਦੇ ਸਾਰੇ ਖਰਚੇ ਸ਼ਾਮਲ ਹਨ। ਚੇਅਰਮੈਨ ਹਰਮਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਇਸ ਸਕੀਮ ਤਹਿਤ ਧਾਰਮਿਕ ਅਸਥਾਨਾਂ ਸ੍ਰੀ ਹਜ਼ੂਰ ਸਾਹਿਬ (ਨਾਂਦੇੜ), ਤਖ਼ਤ ਸ੍ਰੀ ਪਟਨਾ ਸਾਹਿਬ (ਬਿਹਾਰ), ਵਾਰਾਣਸੀ, ਅਯੁੱਧਿਆ ਅਤੇ ਵਰਿੰਦਾਵਨ (ਉੱਤਰ ਪ੍ਰਦੇਸ਼), ਅਜਮੇਰ ਸ਼ਰੀਫ਼ (ਰਾਜਸਥਾਨ) ਦੀ ਯਾਤਰਾ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਸਾਲਾਸਰ ਧਾਮ, ਸ੍ਰੀ ਖਾਟੂ ਸ਼ਿਆਮ ਜੀ, ਮਾਤਾ ਚਿੰਤਪੁਰਨੀ ਜੀ, ਮਾਤਾ ਵੈਸ਼ਨੋ ਦੇਵੀ ਜੀ, ਮਾਤਾ ਜਵਾਲਾ ਜੀ ਆਦਿ ਅਸਥਾਨਾਂ ਦੀਆਂ ਯਾਤਰਾਵਾਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਤੀਰਥ ਅਸਥਾਨਾਂ ਦੇ ਦਰਸ਼ਨਾਂ ਲਈ ਪੰਜਾਬ ਦੀਆਂ ਵੱਖ-ਵੱਖ ਥਾਵਾਂ ਤੋਂ ਰੋਜ਼ਾਨਾ ਬੱਸਾਂ ਅਤੇ ਰੇਲ ਗੱਡੀਆਂ ਦਾ ਪ੍ਰਬੰਧ ਕੀਤਾ ਗਿਆ ਹੈ।

# ਗੋਇਨਕਾ ਇੰਟਰਨੈਸ਼ਨਲ ਸਕੂਲ ਨੇ ਗੁਰਮਿਤ ਪ੍ਰਤੀਯੋਗਤਾ 'ਚ ਮੱਲਾਂ ਮਾਰੀਆਂ

**ਕਪੂਰਥਲਾ, (ਹਨੀ)**

ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਦੇ ਵਿਦਿਆਰਥੀ ਜਿੱਥੇ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰਦੇ ਹਨ, ਉਥੇ ਧਾਰਮਿਕ ਖੇਤਰ 'ਚ ਵੀ ਪੁਜੀਸ਼ਨਾਂ ਪ੍ਰਾਪਤ ਕਰ ਕੇ ਸਕੂਲ ਦਾ ਨਾਂ ਰੌਸ਼ਨ ਕਰ ਰਹੇ ਹਨ। ਭਾਈ ਗੁਰਦਾਸ ਜੀ ਗੁਰਮਤਿ ਵਿਦਿਆਲਿਆ ਕਾਂਜਲੀ ਰੋਡ ਕਪੂਰਥਲਾ ਵਿਖੇ ਕਰਵਾਏ ਗੁਰਮਤਿ ਮੁਕਾਬਲਿਆਂ ਦੇ ਪਹਿਲੇ ਦਿਨ ਕਰਵਾਏ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਨਵੀਨ ਕੌਰ ਨੇ 100 ਮੀਟਰ ਦੌੜ ਵਿਚ ਦੂਜਾ, ਮਨਪ੍ਰੀਤ ਕੌਰ ਨੇ ਗੋਲਾ ਸੁੱਟਣ ਵਿੱਚ ਦੂਜਾ ਅਤੇ ਵੰਸਦੀਪ ਸਿੰਘ ਨੇ 200 ਮੀਟਰ ਦੌੜ ਵਿੱਚ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੋਸ਼ਨ ਕੀਤਾ । ਇਸ ਤੋਂ ਇਲਾਵਾਂ ਦੂਜੇ ਦਿਨ ਕਰਵਾਏ ਦੁਮਾਲਾ ਸਜਾਉਣ, ਗੁਰਬਾਣੀ ਕੰਠ, ਕਵੀਸ਼ਰੀ, ਗਤਕਾ ਸ਼ੋਅ ਤੇ ਗੁਰਬਾਣੀ ਕੀਰਤਨ ਮੁਕਾਬਲਿਆਂ ਵਿੱਚ ਕਵੀਸ਼ਰੀ ਗਾਇਨ ਕਰਕੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਵਿਦਿਆਰਥਣਾਂ ਤਨਵੀਰ ਕੌਰ ਅਤੇ ਪਰਨੀਤ ਕੌਰ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਸੁਖਦੇਵ ਸਿੰਘ ਨਾਨਕਪੁਰ, ਸਕੱਤਰ ਪਰਮਿੰਦਰ ਕੌਰ ਅਤੇ ਪ੍ਰਿੰਸੀਪਲ ਡਾ. ਪਵਲਜੀਤ ਕੌਰ ਨੇ ਸਕੂਲ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਇਸ ਮਾਣ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਤੋਂ ਵਿਦਿਆਰਥੀਆਂ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ।



# ਲਿਖਤੀ/ਫਿਜ਼ੀਕਲ ਟ੍ਰੇਨਿੰਗ ਦੀ ਤਿਆਰੀ ਲਈ ਸੀ-ਪਾਈਟ ਕੈਂਪ ਸ਼ੁਰੂ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ/ਜਨਕ ਮਹਾਜਨ)**-ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਦੇ ਟ੍ਰੇਨਿੰਗ ਅਫ਼ਸਰ ਸੂਬੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਪੈਰਾ ਮਿਲਟਰੀ (ਬੀ.ਐੱਸ.ਐੱਫ, ਸੀ.ਆਰ.ਪੀ.ਐੱਫ, ਆਈ.ਟੀ.ਬੀ.ਪੀ, ਸੀ.ਆਈ.ਐੱਸ.ਐੱਫ ਅਤੇ ਆਸਾਮ ਰਾਈਫਲ) ਦੇ ਲਈ ਕੱਢੀਆਂ ਗਈਆਂ ਲੜਕੇ ਅਤੇ ਲੜਕੀਆਂ ਦੀਆਂ ਕੁੱਲ ਅਸਾਮੀਆਂ 75768 ਦੀਆਂ ਪੋਸਟਾਂ ਪ੍ਰਕਾਸ਼ਿਤ ਹੋਈਆਂ ਹਨ ਜਿਨ੍ਹਾਂ ਦੀ ਅਪਲਾਈ ਕਰਨ ਦੀ ਆਖਰੀ ਮਿਤੀ 29 ਦਸੰਬਰ 2023 ਤੱਕ ਹੈ। ਇਨ੍ਹਾਂ ਪੋਸਟਾਂ ਸਬੰਧੀ ਲਿਖਤੀ ਅਤੇ ਫਿਜ਼ੀਕਲ ਟ੍ਰੇਨਿੰਗ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵਿਖੇ ਸ਼ੁਰੂ ਹੈ। ਜ਼ਿਲਾ ਗੁਰਦਾਸਪੁਰ ਦੇ ਜਿਨ੍ਹਾਂ ਲੜਕੇ/ਲੜਕੀਆਂ ਨੇ ਇਨ੍ਹਾਂ ਪੋਸਟਾਂ ਲਈ ਅਪਲਾਈ ਕਰ ਦਿੱਤਾ ਹੈ, ਉਹ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵਿਖੇ ਆਪਣੇ ਅਪਲਾਈ ਕੀਤੇ ਫਾਰਮ ਅਤੇ ਭਰਤੀ ਸਬੰਧੀ ਦਸਤਾਵੇਜ਼ ਲੈ ਕੇ ਆ ਸਕਦੇ ਹਨ। ਭਰਤੀ ਦੀਆਂ ਸ਼ਰਤਾਂ ਅਨੁਸਾਰ ਉਮਰ 18-23 ਸਾਲ ਐੱਸ. ਸੀ. ਅਤੇ ਐੱਸ. ਟੀ. ਲੜਕੇ/ਲੜਕੀਆਂ ਲਈ 05 ਸਾਲ ਦੀ ਛੂਟ, ਕੱਦ 170 ਸੈਂਟੀਮੀਟਰ ਯੁਵਕਾਂ ਲਈ 157 ਸੈਂਟੀਮੀਟਰ ਯੁਵਤੀਆਂ ਲਈ ਹੈ। ਕੈਂਪ ਵਿੱਚ ਦਾਖਲੇ ਲਈ ਕਿਸੇ ਵੀ ਦਿਨ ਸੋਮਵਾਰ ਤੋਂ ਸ਼ੁੱਕਰਵਾਰ ਸਵੇਰੇ 09 ਵਜੇ ਤੋਂ ਬਾਅਦ ਆ ਸਕਦੇ ਹਨ। ਟ੍ਰੇਨਿੰਗ ਅਫ਼ਸਰ ਸੂਬੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਕੈਂਪ ਵਿਖੇ ਸਿਖਲਾਈ ਦੌਰਾਨ ਨੌਜਵਾਨਾਂ ਨੂੰ ਰਿਹਾਇਸ਼ ਅਤੇ ਖਾਣਾ ਬਿਲਕੁਲ ਮੁਫ਼ਤ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 62830-31125, 80546-98980, 94174-20125 ਉੱਪਰ ਸੰਪਰਕ ਕੀਤਾ ਜਾ ਸਕਦਾ ਹੈ।

# ਪੱਤਰਕਾਰ ਭੰਡਾਰੀ ਨੂੰ ਸਦਮਾ, ਪਿਤਾ ਦਾ ਦਿਹਾਂਤ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਕਸਬਾ ਚਵਿੰਡਾ ਦੇਵੀ ਤੋਂ ਪੱਤਰਕਾਰ ਅਸ਼ੀਸ਼ ਭੰਡਾਰੀ, ਵਿੱਕੀ ਭੰਡਾਰੀ ਅਤੇ ਸ਼ਿਖਾ ਭੰਡਾਰੀ ਨੂੰ ਉਸ ਵੇਲੇ ਸਦਮਾ ਲੱਗਾ ਜਦ ਉਨ੍ਹਾਂ ਦੇ ਪਿਤਾ ਅਤੇ ਅੰਮ੍ਰਿਤਸਰ ਜ਼ਿਲੇ ਦੇ ਸੀਨੀਅਰ ਭਾਜਪਾ ਆਗੂ ਵਿਨੋਦ ਭੰਡਾਰੀ ਚਵਿੰਡਾ ਦੇਵੀ ਦਾ ਸੰਖੇਪ ਬਿਮਾਰੀ ਕਾਰਨ ਬੀਤੇ ਦਿਨੀਂ ਦਹਾਂਤ ਹੋ ਗਿਆ। ਅੱਜ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਚਵਿੰਡਾ ਦੇਵੀ ਵਿਖੇ ਕਰ ਦਿੱਤਾ ਗਿਆ। ਇਸ ਦੁੱਖ ਦੀ ਘੜੀ 'ਚ ਰਜਿੰਦਰ ਕੁਮਾਰ ਪੱਪੂ ਜੈਂਤੀਪੁਰ, ਬਿਕਰਮ ਸਿੰਘ ਮਜੀਠੀਆ ਦੇ ਸਿਆਸੀ ਸਲਾਹਕਾਰ ਲਖਬੀਰ ਸਿੰਘ ਗਿੱਲ, ਤਲਬੀਰ ਸਿੰਘ ਗਿੱਲ, ਭਗਵੰਤਪਾਲ ਸਿੰਘ ਸੱਚਰ, ਸਰਵਣ ਸਿੰਘ ਧੁੰਨ, ਪ੍ਰਿੰ. ਮੈਡਮ ਅਮਨਦੀਪ ਕੌਰ, ਪ੍ਰਿੰ. ਗੁਰਦੇਵ ਸਿੰਘ ਖਾਲਸਾ ਕਾਲਜ, ਡੀਐੱਸਪੀ ਪ੍ਰੀਤਇੰਦਰ ਸਿੰਘ, ਭਾਜਪਾ ਆਗੂ ਪ੍ਰਦੀਪ ਭੁੱਲਰ, ਪ੍ਰੋ. ਸਰਚਾਂਦ ਸਿੰਘ, ਡਾ. ਭੁਪਿੰਦਰ ਸਿੰਘ ਸੱਚਰ, ਪ੍ਰਿੰ. ਹਰਭਜਨ ਸਿੰਘ, ਲਾਟੀ ਸਰਪੰਚ, ਭੁਪਿੰਦਰ ਸਿੰਘ ਬਿੱਟੂ, ਸਵਰਨਜੀਤ ਸਿੰਘ ਕੁਰਾਲੀਆ, ਗੋਲਡੀ ਭੰਡਾਰੀ, ਡਾ. ਰਾਮ ਸ਼ਰੂਪ, ਸ਼ਿਵ ਸੈਨਾ ਪ੍ਰਧਾਨ ਹਰਜਿੰਦਰਪਾਲ ਸ਼ਰੀਨ ਕੱਥੂਨੰਗਲ, ਬਲਦੇਵ ਸਿੰਘ ਖੁਸ਼ੀਪੁਰ, ਦਿਲਬਾਗ ਸਿੰਘ ਵਰਿਆਮ ਨੰਗਲ, ਮਾਸਟਰ ਸਤਵੰਤ ਸਿੰਘ ਸੱਤੀ ਕੋਟਲਾ ਤਰਖਾਣਾ, ਜਗਦੇਵ ਸਿੰਘ ਬੱਗਾ, ਗੁਰਮੀਤ ਸਿੰਘ ਭੀਲੋਵਾਲ, ਮੈਨੇਜਰ ਸਤਨਾਮ ਸਿੰਘ ਮਾਂਗਾਸਰਾਏ, ਪ੍ਰਭਪਾਲ ਸਿੰਘ ਝੰਡੇ, ਸਰਪੰਚ ਸਤਨਾਮ ਸਿੰਘ, ਸਰਪੰਚ ਬਾਬਾ ਰਾਮ ਸਿੰਘ ਅਬਦਾਲ, ਪ੍ਰਗਟ ਸਿੰਘ ਚੋਗਾਵਾਂ, ਰੇਸ਼ਮ ਸਿੰਘ ਭੁੱਲਰ, ਸਵਰਨ ਸਿੰਘ ਮੁਨੀਮ, ਵਿਜੇ ਭੰਡਾਰੀ, ਜਗਦੀਸ਼ ਸਿੰਘ ਐੱਸ. ਡੀ. ਓ., ਇੰਜ. ਰਣਤੇਜ ਸਿੰਘ ਵਰਿਆਮ ਨੰਗਲ, ਦਿਲਬਾਗ ਸਿੰਘ ਲਹਿਰਕਾ, ਡਾ. ਭੁਪਿੰਦਰ ਸਿੰਘ ਗਿੱਲ, ਮੈਨੇਜਰ ਮਨਜੀਤ ਸਿੰਘ ਕੰਡੀਲਾ, ਸਤਪਾਲ ਸਿੰਘ ਢੱਡੇ, ਮਿੱਤਰਪਾਲ ਸਿੰਘ ਭੋਆ, ਮੈਨੇਜਰ ਹਰਜੀਤ ਸਿੰਘ ਭੋਆ, ਹਰਪ੍ਰਤਾਪ ਸਿੰਘ ਰੂਪੋਵਾਲ, ਮਨਦੀਪ ਸਿੰਘ ਸ਼ਹਿਜ਼ਾਦਾ, ਠੇਕੇਦਾਰ ਹਰਦੇਵ ਸਿੰਘ, ਵਿਨੋਦ ਭੀਲੋਵਾਲ, ਅਮਨਦੀਪ, ਬਲਜੀਤ ਸਿੰਘ, ਰਜੇਸ਼ ਕੁਮਾਰ ਬਿੱਲਾ ਆਦਿ ਆਗੂ ਅਤੇ ਸਮੂਹ ਪੱਤਰਕਾਰ ਭਾਈਚਾਰਾ ਹਾਜ਼ਰ ਸੀ।



# ਗਿੱਲੇ ਕੂੜੇ ਕਰਕਟ ਤੋਂ ਤਿਆਰ ਜੈਵਿਕ ਖਾਦ ਦਾ ਸਟਾਲ ਲਗਾਇਆ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸੈਂਕੀ ਸ਼ਰਮਾ)**-ਨਗਰ ਕੌਂਸਲ ਮਾਛੀਵਾੜਾ ਸਾਹਿਬ ਵਲੋਂ ਗਿੱਲੇ ਕੂੜੇ ਕਰਕਟ ਤੋਂ ਤਿਆਰ ਜੈਵਿਕ ਖਾਦ ਦੀ ਸਟਾਲ ਲਗਾਈ ਗਈ। ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਗੁਰਪਾਲ ਸਿੰਘ ਤੇ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਨੇ ਕਿਹਾ ਕਿ ਅਸੀ ਪਹਿਲਾਂ ਵੀ ਨਗਰ ਕੌਂਸਲ ਮਾਛੀਵਾੜਾ ਸਾਹਿਬ ਵੱਲੋਂ ਕਈ ਜਗ੍ਹਾ 'ਤੇ ਕੂੜੇ ਕਰਕਟ ਤੋਂ ਤਿਆਰ ਜੈਵਿਕ ਖਾਦ ਦਾ ਸਟਾਲ ਲਗਾਇਆ ਜਿਸ ਵਿੱਚ ਕਈ ਕੁਇੰਟਲ ਖਾਦ ਵੇਚੀ ਗਈ ਸੀ। ਇਸੇ ਤਰ੍ਹਾਂ ਸ਼ਹੀਦੀ ਜੋੜ ਮੇਲ ਦੇ ਆਖਰੀ ਦਿਨ ਗੁਰਦੁਆਰਾ ਸ੍ਰੀ ਚਰਨ ਕੰਵਲ ਚੌਂਕ ਵਿੱਚ ਗਿੱਲੇ ਕੂੜੇ ਕਰਕਟ ਤੋਂ ਤਿਆਰ ਜੈਵਿਕ ਖਾਦ ਦੀ ਸਟਾਲ ਲਗਾਈ ਗਈ ਜੋ ਕਿ ਸ਼ਹਿਰ ਦੇ ਲੋਕਾਂ ਵੱਲੋਂ ਖਰੀਦੀ ਗਈ। ਉਨ੍ਹਾਂ ਸ਼ਹਿਰ ਦੇ ਲੋਕਾਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਗਿੱਲਾ ਤੇ ਸੁੱਕਾ ਕੂੜਾ ਅਲੱਗ ਅਲੱਗ ਰੱਖਿਆ ਜਾਵੇ ਤਾਂ ਜੋ ਵੱਧ ਤੋਂ ਵੱਧ ਖਾਦ ਤਿਆਰ ਕੀਤੀ ਜਾ ਸਕੇ। ਇਸ ਮੌਕੇ ਧਰਮਵੀਰ ਧੰਮੀ, ਪਰਮਿੰਦਰ ਨੋਨਾ, ਰਾਕੇਸ਼ ਕੁਮਾਰ ਸ਼ਿੰਦੂ, ਭੁਪਿੰਦਰ ਸਿੰਘ, ਮੇਜਰ ਸਿੰਘ, ਗਗਨਪ੍ਰੀਤ, ਲਾਭ ਸਿੰਘ, ਤਰੁਣ, ਹਰਵਿੰਦਰ ਸਿੰਘ, ਸੁਮਨ, ਪਰਮਜੀਤ ਕੌਰ ਆਦਿ ਸ਼ਾਮਲ ਸਨ।

# ਨਾਇਬ ਤਹਿਸੀਲਦਾਰ ਰਣਜੀਤ ਸਿੰਘ ਖਹਿਰਾ ਨੇ ਚਾਰਜ ਸੰਭਾਲਿਆ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਡਿਪਟੀ ਕਮਿਸ਼ਨਰ ਤਰਨ ਤਾਰਨ ਦੇ ਹੁਕਮਾਂ 'ਤੇ ਸਬ-ਤਹਿਸੀਲ ਝਬਾਲ ਵਿਖੇ ਨਵੇਂ ਆਏ ਨਾਇਬ ਤਹਿਸੀਲਦਾਰ ਰਣਜੀਤ ਸਿੰਘ ਖਹਿਰਾ ਨੇ ਅੱਜ ਸਬ-ਤਹਿਸੀਲ ਝਬਾਲ ਦਾ ਐਡੀਸ਼ਨਲ ਚਾਰਜ ਸੰਭਾਲ ਲਿਆ ਹੈ ।ਇਸ ਸਮੇਂ ਸਭ ਤਹਿਸੀਲ ਦੇ ਸਮੂਹ ਮੁਲਾਜ਼ਮਾਂ ਨੇ ਨਵੇਂ ਆਏ ਨਾਇਬ ਤਹਿਸੀਲਦਾਰ ਨੂੰ ਜੀ ਆਇਆਂ ਕਹਿੰਦਿਆਂ ਉਨ੍ਹਾਂ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ।ਇਸ ਸਮੇਂ ਨਾਇਬ ਤਹਿਸੀਲਦਾਰ ਰਣਜੀਤ ਸਿੰਘ ਖਹਿਰਾ ਨੇ ਕਿਹਾ ਕਿ ਤਹਿਸੀਲ ਵਿਚ ਹਰੇਕ ਕੰਮਕਾਰ ਵਾਲੇ ਵਿਅਕਤੀ ਦੇ ਬਿਨਾਂ ਕਿਸੇ ਖੱਜਲ ਖਰਾਬੀ ਦੇ ਕੰਮ ਕੀਤੇ ਜਾਣਗੇ ਅਤੇ ਕੋਈ ਵੀ ਵਿਅਕਤੀ ਬੇਝਿਜਕ ਉਨ੍ਹਾਂ ਨੂੰ ਮਿਲ ਸਕਦਾ ਹੈ ।ਇਸ ਸਮੇਂ ਰਜਿਸਟਰੀ ਕਲਰਕ ਪ੍ਰਤਾਪ ਸਿੰਘ, ਵਸੀਕਾ ਨਵੀਸ ਬੰਟੀ ਸੂਦ, ਜਸਪਾਲ ਸਿੰਘ ਕੰਗ, ਮੁਖਤਾਰ ਸਿੰਘ ਬਘਿਆੜੀ, ਹੀਰਾ ਸਿੰਘ ਕੰਪਿਊਟਰ ਅਪਰੇਟਰ ਅਤੇ ਹੈਪੀ ਵਸੀਕਾ ਆਦਿ ਹਾਜ਼ਰ ਸਨ।




## ਗੁ. ਛੋਟੇ ਸਾਹਿਬਜ਼ਾਦੇ ਤੇ ਮਾਤਾ ਗੁਜਰ ਕੌਰ ਵਿਖੇ ਸ਼ਹੀਦੀ ਸਮਾਗਮ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਪਿੰਡ ਲਾਲੂਘੁੰਮਣ ਗੁਰਦੁਆਰਾ ਛੋਟੇ ਸਾਹਿਬਜ਼ਾਦੇ ਤੇ ਮਾਤਾ ਗੁਜਰ ਕੌਰ (ਪੱਤੀ ਘੁਮਿਆਰਾਂ ਦੀ) ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰ ਕੌਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਮਨਾਏ ਜਾ ਰਹੇ ਹਨ। ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਹਨ ਜਿਨ੍ਹਾਂ ਦੇ ਅੱਜ ਭੋਗ ਪੈਣਗੇ। ਉਪਰੰਤ ਕਥਾਂ ਕੀਰਤਨ ਹੋਵੇਗਾ। ਨਗਰ ਅਤੇ ਇਲਾਕੇ ਦੀ ਸੰਗਤ ਨੂੰ ਅਪੀਲ ਹੈ ਕਿ ਗੁਰੂ ਘਰ ਵੱਧ ਚੜ੍ਹ ਪਹੁੰਚੋ ਅਤੇ ਸ਼ਹੀਦਾਂ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਬੇਅੰਤ ਸੇਵਾਦਾਰ ਸੰਗਤਾਂ ਹਾਜ਼ਰ ਸਨ।

# ਜ਼ਿਲ੍ਹਾ ਬੈਂਕਾਂ ਨੇ 4783.35 ਕਰੋੜ ਰੁਪਏ ਦੇ ਕਰਜ਼ੇ ਦਿੱਤੇ : ਮਿੱਤਲ

**ਹੁਸ਼ਿਆਰਪੁਰ, (ਓ ਪੀ ਰਾਣਾ )**

ਜ਼ਿਲ੍ਹੇ ਦੀਆਂ ਬੈਂਕਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸਲਾਹਕਾਰ ਕਮੇਟੀ ਅਤੇ ਜ਼ਿਲ੍ਹਾ ਪੱਧਰੀ ਜਾਇਜ਼ਾ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਵਿਚ ਪੰਜਾਬ ਨੈਸ਼ਨਲ ਬੈਂਕ ਦੇ ਸਰਕਲ ਹੈੱਡ ਸੰਜੀਵ ਕੁਮਾਰ, ਚੀਫ ਲੀਡ ਜ਼ਿਲ੍ਹਾ ਮੈਨੇਜਰ ਰਾਜੇਸ਼ ਜੋਸ਼ੀ, ਐਲ. ਡੀ. ਓ ਰਿਜ਼ਰਵ ਬੈਂਕ ਸੰਜੀਵ ਸਿੰਘ, ਡੀ. ਡੀ. ਐਮ ਨਾਬਾਰਡ ਰਜਤ ਛਾਬੜਾ, ਡਾਇਰੈਕਟਰ ਆਰ. ਸੇਟੀ ਰਜਿੰਦਰ ਕੁਮਾਰ ਭਾਟੀਆ ਤੋਂ ਇਲਾਵਾ 29 ਵੱਖ-ਵੱਖ ਬੈਂਕਾਂ ਦੇ ਨੁਮਾਇੰਦੇ ਅਤੇ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਵੱਖ-ਵੱਖ ਬੈਂਕਾਂ ਵੱਲੋਂ ਕਰਜ਼ਾ ਯੋਜਨਾ ਸਾਲ 2023-24 ਤਹਿਤ ਸਤੰਬਰ 2023 ਤੱਕ ਕੁੱਲ 4783.35 ਕਰੋੜ ਰੁਪਏ ਦੇ ਕਰਜ਼ੇ ਦਿੱਤੇ ਗਏ ਹਨ, ਜਿਨ੍ਹਾਂ ਵਿਚੋਂ ਤਰਜੀਹੀ ਖੇਤਰ ਵਿਚ 3421.12 ਕਰੋੜ ਰੁਪਏ ਅਤੇ ਗੈਰ-ਤਰਜੀਹੀ ਖੇਤਰ ਵਿਚ 1362.23 ਕਰੋੜ ਰੁਪਏ ਦੇ ਕਰਜ਼ੇ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਤਰਜੀਹੀ ਖੇਤਰ ਵਿਚ 1651.59 ਕਰੋੜ ਰੁਪਏ ਖੇਤੀਬਾੜੀ ਲਈ, 1620.41 ਕਰੋੜ ਰੁਪਏ ਗੈਰ-ਖੇਤੀ ਸੈਕਟਰ ਲਈ, 149.12 ਕਰੋੜ ਰੁਪਏ ਹੋਰਨਾਂ ਤਰਜੀਹੀ ਖੇਤਰਾਂ ਨੂੰ ਕਰਜ਼ੇ ਵਜੋਂ ਦਿੱਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਬੈਂਕਾਂ ਨੂੰ ਸੀ. ਡੀ. ਰੇਸ਼ੋ ਵਧਾਉਣ ਵੱਲ ਧਿਆਨ ਦੇਣ ਦੀ ਹਦਾਇਤ ਕੀਤੀ, ਤਾਂ ਜੋ ਵੱਧ ਤੋਂ ਵੱਧ ਲੋਕ, ਖਾਸ ਤੌਰ 'ਤੇ ਪੜ੍ਹੇ-ਲਿਖੇ ਬੇਰੁਜ਼ਗਾਰ ਨੌਜਵਾਨ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੇ ਲੋਕ ਕਰਜ਼ੇ ਪ੍ਰਾਪਤ ਕਰਕੇ ਆਰਥਿਕ ਧੰਦੇ ਸ਼ੁਰੂ ਕਰਕੇ ਆਪਣੀ ਜੀਵਨ ਪੱਧਰ ਉੱਚਾ ਚੁੱਕ ਸਕਣ। ਉਨ੍ਹਾਂ ਸਵੈ-ਸਹਾਇਤਾ ਸਮੂਹਾਂ ਨੂੰ ਵੀ ਵੱਧ ਤੋਂ ਵੱਧ ਕਰਜ਼ੇ ਦੇਣ ਅਤੇ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦੇਣ ਦੀ ਹਦਾਇਤ ਵੀ ਕੀਤੀ। ਉਨ੍ਹਾਂ ਖੇਤੀ ਤੇ ਛੋਟੇ ਉਦਯੋਗ-ਧੰਦਿਆਂ, ਸੇਵਾ ਖੇਤਰ, ਸਰਕਾਰੀ ਪ੍ਰੋਗਰਾਮਾਂ ਤਹਿਤ ਕਰਜ਼ੇ ਦੇਣ ਦੀ ਪ੍ਰਕਿਰਿਆ ਵਿਚ ਤੇਜ਼ੀ ਲਿਆਉਣ ਲਈ ਵੀ ਕਿਹਾ। ਉਨ੍ਹਾਂ ਬੈਂਕਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਅਤੇ ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ ਅਧੀਨ ਵੱਧ ਤੋਂ ਵੱਧ ਗ਼ਰੀਬ ਲੋਕਾਂ ਦਾ ਬੀਮਾ ਕੀਤਾ ਜਾਵੇ।




ਸਰਕਲ ਹੈੱਡ ਸੰਜੀਵ ਕੁਮਾਰ ਨੇ ਇਸ ਮੌਕੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਬੈਂਕਾਂ ਵਿਚ ਜਮ੍ਹਾ ਰਾਸ਼ੀਆਂ, ਜੋ ਕਿ ਸਤੰਬਰ 2022 ਵਿਚ 39346 ਕਰੋੜ ਰੁਪਏ ਸਨ, ਉਹ ਸਤੰਬਰ 2023 ਵਿਚ ਵੱਧ ਕੇ 42843 ਕਰੋੜ ਰੁਪਏ ਹੋ ਗਈਆਂ ਹਨ। ਇਸੇ ਤਰ੍ਹਾਂ ਬੈਂਕਾਂ ਵੱਲੋਂ ਦਿੱਤੇ ਕੁੱਲ ਕਰਜ਼ੇ ਦੀ ਰਕਮ, ਜੋ ਕਿ ਸਤੰਬਰ 2022 ਵਿਚ 11117 ਕਰੋੜ ਰੁਪਏ ਸੀ, ਸਤੰਬਰ 2023 ਵਿਚ ਵੱਧ ਕੇ 12137 ਕਰੋੜ ਰੁਪਏ ਹੋ ਗਈ ਹੈ। ਚੀਫ ਲੀਡ ਜ਼ਿਲ੍ਹਾ ਮੈਨੇਜਰ ਰਾਜੇਸ਼ ਜੋਸ਼ੀ ਨੇ ਇਸ ਮੌਕੇ ਦੱਸਿਆ ਕਿ ਜ਼ਿਲ੍ਹੇ ਦੇ ਬੈਂਕਾਂ ਵੱਲੋਂ 3448 ਕਿਸਾਨਾਂ ਨੂੰ 93.99 ਕਰੋੜ ਰੁਪਏ ਦੇ ਕਿਸਾਨ ਕਾਰਡ ਜਾਰੀ ਕੀਤੇ ਗਏ ਹਨ। ਇਸ ਮੌਕੇ ਡੀ. ਡੀ. ਐਮ ਨਾਬਾਰਡ ਵੱਲੋਂ ਤਿਆਰ ਕੀਤੀ ਗਈ ਜ਼ਿਲ੍ਹਾ ਹੁਸ਼ਿਆਰਪੁਰ ਦੀ ਪੀ. ਐਲ. ਪੀ 2024-25 ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਜਾਰੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਉਦਯੋਗ ਕੇਂਦਰ, ਐਸ. ਆਰ. ਐਲ. ਐਮ/ਐਨ. ਯੂ. ਐਲ. ਐਮ ਆਦਿ ਦੇ ਅਧਿਕਾਰੀ ਅਤੇ ਸਮੂਹ ਬੈਂਕਾਂ ਦੇ ਡੀ. ਸੀ. ਓ ਹਾਜ਼ਰ ਸਨ।

# ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਦਾ ਰਿਵਾਈਜ਼ਡ ਸ਼ਡਿਊਲ ਜਾਰੀ

**ਗੁਰਦਾਸਪੁਰ, (ਜਨਕ ਮਹਾਜਨ)**

ਮਾਣਯੋਗ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਯੋਗਤਾ ਮਿਤੀ 1 ਜਨਵਰੀ 2024 ਦੇ ਅਧਾਰ 'ਤੇ ਫੋਟੋ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਦਾ ਰਿਵਾਈਜ਼ਡ ਸ਼ਡਿਊਲ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ ਨੇ ਦੱਸਿਆ ਕਿ ਮੁੱਖ ਚੋਣ ਅਫ਼ਸਰ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਸਬੰਧੀ ਦਾਅਵੇ ਅਤੇ ਇਤਰਾਜ਼ 12 ਜਨਵਰੀ 2024 ਤੱਕ ਲਏ ਜਾਣਗੇ। ਇਸ ਤੋਂ ਬਾਅਦ 17 ਜਨਵਰੀ 2024 ਤੱਕ ਵੋਟਰ ਸੂਚੀਆਂ ਦੀ ਮਾਪਦੰਡਾਂ ਦੀ ਜਾਂਚ ਅਤੇ ਕਮਿਸ਼ਨ ਦੀ ਆਗਿਆ ਪ੍ਰਾਪਤ ਕਰਨਾ ਅਤੇ ਸਪਲੀਮੈਂਟਸ ਦੀ ਛਪਾਈ ਕੀਤੀ ਜਾਵੇਗੀ। ਇਸ ਤੋਂ ਬਾਅਦ 22 ਜਨਵਰੀ 2024 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾਂ ਕੀਤੀ ਜਾਵੇਗੀ। ਵਧੀਕ ਜ਼ਿਲ੍ਹਾ ਚੋਣ ਅਧਿਕਾਰੀ ਨੇ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨੂੰ ਕਿਹਾ ਹੈ ਕਿ ਡੀ. ਐੱਸ. ਈਜ਼ ਅਤੇ ਪੀ. ਐੱਸ. ਈਜ਼. ਦੇ ਫਾਰਮ ਮਿਤੀ 31 ਦਸੰਬਰ 2023 ਤੱਕ ਜਨਰੇਟ ਕੀਤੇ ਜਾਣ ਅਤੇ ਇਨ੍ਹਾਂ ਦਾ ਨਿਪਟਾਰਾ 12 ਜਨਵਰੀ 2024 ਤੱਕ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਹਦਾਇਤਾਂ ਤੋਂ ਸਮੂਹ ਸੁਪਰਵਾਈਜ਼ਰਾਂ ਅਤੇ ਬੀ. ਐੱਲ. ਓਜ਼. ਨੂੰ ਵੀ ਜਾਣੂ ਕਰਵਾਇਆ ਜਾਵੇ ਅਤੇ ਸ਼ਡਿਊਲ ਅਨੁਸਾਰ ਉਪਰੋਕਤ ਕੰਮਾਂ ਨੂੰ ਨਿਯਤ ਸਮੇਂ ਅੰਦਰ ਪੂਰਾ ਕੀਤਾ ਜਾਵੇ।



ਨਵਾਂ ਜ਼ਮਾਨਾ
ਵੀਰਵਾਰ, 28 ਦਸੰਬਰ 2023

# ਗੀਤਾ ਪਾਠ ਦੇ ਪਾਸ ਵੇਚ ਦਿੱਤੇ !

*ਭਾਜਪਾ ਦੇ ਕੌਮੀ ਪ੍ਰਧਾਨ ਜੇ ਪੀ ਨੱਢਾ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਕੋਲਕਾਤਾ ਦੌਰੇ ਦੌਰਾਨ ਪੱਛਮੀ ਬੰਗਾਲ ਦੇ ਭਾਜਪਾ ਆਗੂ ਅਨੁਪਮ ਹਾਜ਼ਰਾ ਨੂੰ ਪਾਰਟੀ ਦੇ ਕੌਮੀ ਸਕੱਤਰ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ। ਸਾਬਕਾ ਲੋਕ ਸਭਾ ਮੈਂਬਰ ਹਾਜ਼ਰਾ ਨੇ ਸੂਬਾਈ ਪਾਰਟੀ ਆਗੂਆਂ ’ਤੇ ਭ੍ਰਿਸ਼ਟਾਚਾਰ ਦੇ ਦੋਸ਼ ਲਾਏ ਸਨ। ਪਾਰਟੀ ਦਾ ਇੱਕ ਧੜਾ ਇਸ ਕਰਕੇ ਉਸ ਵਿਰੁੱਧ ਸਰਗਰਮ ਸੀ। ਜਦੋਂ ਸ਼ਾਹ ਕੋਲਕਾਤਾ ਵਿੱਚ ਸਨ ਤਾਂ ਇਸ ਧੜੇ ਨੇ ਹਾਜ਼ਰਾ ਖਿਲਾਫ ਹਮਲੇ ਤਿੱਖੇ ਕਰ ਦਿੱਤੇ। ਸ਼ਾਹ ਦੇ ਨਿਰਦੇਸ਼ ’ਤੇ ਨੱਢਾ ਨੇ ਫੌਰਨ ਹਾਜ਼ਰਾ ਨੂੰ ਹਟਾ ਦਿੱਤਾ। ਹਾਜ਼ਰਾ ਨੇ 24 ਦਸੰਬਰ ਨੂੰ ਸੋਸ਼ਲ ਮੀਡੀਆ ’ਤੇ ਪੋਸਟ ਪਾਈ ਸੀ ਕਿ ਭਾਜਪਾ ਆਗੂਆਂ ਨੇ ਗੀਤਾ ਪਾਠ ਦੇ ਨਾਂ ’ਤੇ ਫੰਡ ਵਿੱਚ ਹੇਰਾਫੇਰੀ ਕੀਤੀ। ਪਾਰਟੀ ਆਗਆਂ ਨੇ ਪਾਸ ਇੱਕ-ਇੱਕ ਹਜ਼ਾਰ ਰੁਪਏ ਦੇ ਵੇਚ ਦਿੱਤੇ। ਇਸ ਦੀ ਜਾਂਚ ਹੋਣੀ ਚਾਹੀਦੀ ਹੈ। ਕੋਲਕਾਤਾ ਵਿੱਚ ਲਗਭਗ ਇੱਕ ਲੱਖ ਲੋਕਾਂ ਨੇ ਸਮੂਹਕ ਰੂਪ ਵਿੱਚ ਭਗਵਦ ਗੀਤਾ ਦੇ ਸ਼ਲੋਕਾਂ ਦਾ ਜਾਪ ਕੀਤਾ ਸੀ। ਇਸ ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੁੱਜਣਾ ਸੀ ਤੇ ਕ੍ਰਿਸਮਸ ’ਤੇ ਕੋਲਕਾਤਾ ਵਿੱਚ ਹੀ ਰਹਿਣਾ ਸੀ ਪਰ ਹਾਜ਼ਰਾ ਦੇ ਦੋਸ਼ ਨੇ ਸੂਬਾ ਭਾਜਪਾ ਵਿੱਚ ਖਲਬਲੀ ਮਚਾ ਦਿੱਤੀ ਤੇ ਪ੍ਰਧਾਨ ਮੰਤਰੀ ਨੇ ਵੀ ਕੋਲਕਾਤਾ ਦਾ ਪ੍ਰੋਗਰਾਮ ਰੱਦ ਕਰ ਦਿੱਤਾ। ਹੁਕਮਰਾਨ ਤ੍ਰਿਣਮੂਲ ਕਾਂਗਰਸ ਨੇ ਕਿਹਾ ਹੈ ਕਿ ਭਾਜਪਾ ਦੇ ਕੌਮੀ ਅਹੁਦੇਦਾਰਾਂ ਵਿੱਚ ਸਿਰਫ ਹਾਜ਼ਰਾ ਹੀ ਪੱਛਮੀ ਬੰਗਾਲ ਤੋਂ ਸੀ ਪਰ ਭਾਜਪਾ ਨੇ ਉਸ ਨੂੰ ਵੀ ਕੱਢ ਦਿੱਤਾ। ਹਾਜ਼ਰਾ ਨੇ ਆਪਣੀ ਪੋਸਟ ਵਿੱਚ ਲਿਖਿਆ ਸੀ— ਵੀ ਆਈ ਪੀ ਪਾਸ ਵੰਡਣ ਦੀ ਡਿਊਟੀ ਬਲਾਕ ਪੱਧਰ ਦੇ ਆਗੂਆਂ ਦੀ ਸੀ ਅਤੇ ਬੀਰਭੂਮ ਦੇ ਨਲਹਾਟੀ ਵਿੱਚ ਇਹ ਇੱਕ ਹਜ਼ਾਰ ਰੁਪਏ ਦੇ ਹਿਸਾਬ ਵੇਚੇ ਗਏ। ਕੀ ਗੀਤਾ ਪਾਠ ਦੇ ਨਾਂ ’ਤੇ ਪੈਸੇ ਕਮਾਉਣ ਵਾਲਾ ਅਸਲੀ ਹਿੰਦੂ ਹੋ ਸਕਦਾ ਹੈ? ਹੋ ਸਕਦਾ ਹੈ, ਜੇ ਪਾਰਟੀ ਦੇ ਵੱਡੇ ਆਗੂਆਂ ਦਾ ਕਰੀਬੀ ਹੋਵੇ। ਪਤਾ ਨਹੀਂ ਅਸੀਂ ਭ੍ਰਿਸ਼ਟਾਚਾਰ-ਮੁਕਤ ਭਾਜਪਾ ਲਈ ਕਦੋਂ ਤੱਕ ਚਿੱਲਾਉਂਦੇ ਰਹਾਂਗੇ?*

*ਦਰਅਸਲ ਕਹਿਣ ਨੂੰ ਭਾਜਪਾ ਆਗੂ ਆਪਣੀ ਪਾਰਟੀ ਨੂੰ ਸਭ ਤੋਂ ਪਵਿੱਤਰ ਦੱਸਦੇ ਹਨ। ਹੋਰਨਾਂ ਪਾਰਟੀਆਂ ਦੇ ਭ੍ਰਿਸ਼ਟ ਆਗੂਆਂ ਨੂੰ ਇਸ ਨੇ ਹੀ ਸਭ ਤੋਂ ਵੱਧ ਖਪਾਇਆ ਹੈ। ਕਈਆਂ ਨੂੰ ਤਾਂ ਵੱਡੇ-ਵੱਡੇ ਅਹੁਦਿਆਂ ਨਾਲ ਨਿਵਾਜਿਆ ਹੈ। ਇਸ ਦੇ ਵੱਡੇ ਆਗੂ ਮਾਣ ਨਾਲ ਕਹਿੰਦੇ ਹਨ ਕਿ ਭਾਜਪਾ ਵਿੱਚ ਆਉਣ ਵਾਲੇ ਪਵਿੱਤਰ ਹੋ ਜਾਂਦੇ ਹਨ। ਜ਼ਬਰਦਸਤ ਭ੍ਰਿਸ਼ਟਾਚਾਰ ਦੇ ਚਲਦਿਆਂ ਭਾਜਪਾ ਨੇ ਕਰਨਾਟਕ ਵਿੱਚ ਸੱਤਾ ਗੁਆ ਲਈ ਪਰ ਉਹ ਖੁਦ ਨੂੰ ਬੇਦਾਗ ਹੀ ਕਹਿੰਦੀ ਹੈ। ਹਾਜ਼ਰਾ ਦੇ ਦੋਸ਼ ਨੂੰ ਉਹ ਇੱਕ ਵਾਢਿਓਂ ਰੱਦ ਨਹੀਂ ਕਰ ਸਕਦੀ ਕਿਉਂਕਿ ਉਹ ਕੌਮੀ ਅਹੁਦੇਦਾਰ ਹੋਣ ਤੋਂ ਇਲਾਵਾ ਸੰਸਦ ਮੈਂਬਰ ਰਹਿ ਚੁੱਕਾ ਹੈ। ਵੱਡੀਆਂ ਚੋਣਾਂ ਦੌਰਾਨ ਵੱਡੇ-ਵੱਡੇ ਇੰਕਸ਼ਾਫ ਹੁੰਦੇ ਹਨ। ਹੁਣ ਲੋਕ ਸਭਾ ਚੋਣਾਂ ਹੋਣ ਵਾਲੀਆਂ ਹਨ ਤੇ ਭਾਜਪਾ ਦੇ ਕਈ ਹਾਜ਼ਰਾ ਇਸ ਦੀ ਪੋਲ ਖੋਲ੍ਹਦੇ ਨਜ਼ਰ ਆਉਣਗੇ।*

# ਨਿੱਕੀਆਂ ਜਿੰਦਾਂ ਵੱਡੇ ਸਾਕੇ



ਡਾ. ਨਵਦੀਪ ਕੌਰ ਸਰਪੰਚ

ਦੁਨੀਆ ਦੀ ਹਰ ਮਾਂ ਆਪਣੇ ਪੁੱਤਰ ਲਈ ਸੁੱਖਾਂ ਸੁਖਦੀ ਹੈ, ਮਾਂ ਲਈ ਪੁੱਤਰ ਤੋਂ ਕੀਮਤੀ ਹੀਰਾ ਇਸ ਦੁਨੀਆ ਵਿੱਚ ਹੋਰ ਕੋਈ ਨਹੀਂ। ਪੁੱਤਰ ਦੀ ਦਾਤ ਪਾਉਣ ਲਈ ਮਾਂ ਥਾਂ-ਥਾਂ ਖ਼ੈਰਾਂ ਮੰਗਦੀ ਹੈ, ਪਰ ਧੰਨ ਉਹ ਮਾਵਾਂ ਜਿਨ੍ਹਾਂ ਨੇ ਆਪਣੇ ਪੁੱਤਰਾਂ ਦੇ ਟੋਟੇ ਝੋਲੀਆਂ ਵਿੱਚ ਪਵਾਏ, ਧੰਨ ਉਹ ਮਾਵਾਂ ਦੇ ਜਿਗਰੇ ਜਿਨ੍ਹਾਂ ਨੇ ਧਰਮ ਦੀ ਖਾਤਰ ਆਪਣੇ ਜਿਗਰ ਦੇ ਟੋਟੇ (ਪੁੱਤਰ) ਸੂਲੀ ’ਤੇ ਚੜ੍ਹਾਏ ਅਤੇ ਧੰਨ ਉਹ ਮਾਵਾਂ ਜਿਨ੍ਹਾਂ ਆਪਣੇ ਹੱਥੀਂ ਪੁੱਤਰਾਂ ਨੂੰ ਸ਼ਹੀਦ ਹੋਣ ਲਈ ਜੰਗ ਵਿੱਚ ਤੋਰਿਆ, ਪਰ ਅੱਖਾਂ ਵਿੱਚੋਂ ਹੰਝੂ ਨਹੀਂ ਕੇਰਿਆ।

ਧੰਨ ਪਿਤਾ ਦਸ਼ਮੇਸ਼ ਪਿਤਾ ਜਿਨ੍ਹਾ ਆਪਣੇ ਪੁੱਤਰਾਂ ਨੂੰ ਅੱਖਾਂ ਸਾਹਮਣੇ ਜੰਗ ’ਚ ਸ਼ਹੀਦ ਹੁੰਦੇ ਦੇਖਿਆ ਤੇ ਕਿਹਾ,

*“ਇਨ ਪੁੱਤਰਾਂ ਦੇ ਸੀਸ ਪਰ ਵਾਰ ਦੀਏ ਪੁੱਤ ਚਾਰ।*
*ਚਾਰ ਮੂਏ ਤੋਂ ਕਿਆ ਹੂਆ ਜੀਵਤ ਕਈ ਹਜਾਰ।।”*

ਇਸ ਤਰ੍ਹਾਂ ਇਹ ਸ਼ਹੀਦੀ ਸਾਕਾ ਜਿਸ ਦੀ ਕਥਾ ਦਾ ਹਰ ਅੱਖਰ-ਅੱਖਰ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਅਣਖੀ ਜ਼ੁਲਮ ਅੱਗੇ ਸਿਰ ਨਹੀਂ ਝੁਕਾਉਂਦੇ, ਸਗੋਂ ਉਸ ਦਾ ਮੁਕਾਬਲਾ ਕਰਦੇ ਹਨ। ਧਰਮ ਅਤੇ ਅਣਖ ਦੀ ਖਾਤਰ ਲੜਨ ਵਾਲੇ ਉਮਰਾਂ ਨੂੰ ਨਾਪਦੇ ਨਹੀਂ, ਜਿਵੇਂ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ (9 ਸਾਲ) ਅਤੇ ਬਾਬਾ ਫਤਿਹ ਸਿੰਘ ਜੀ (7 ਸਾਲ) ਸਰਹੰਦ ਦੇ ਵਜ਼ੀਰ ਖਾਨ ਨੇ ਆਪਣੀ ਸਾਰੀ ਵਾਹ ਲਾ ਦਿੱਤੀ, ਪਰ ਉਹ ਨਿੱਕੀਆਂ ਜਿੰਦਾਂ ਨੇ ਵੱਡੇ ਸਾਕੇ ਰਚ ਦਿੱਤੇ ਅਤੇ ਦੁਨੀਆ ਦੇ ਇਤਿਹਾਸ ਵਿੱਚ ਅਜਿਹੀ ਅਦੁੱਤੀ ਸ਼ਹਾਦਤ ਦਾ ਇਤਿਹਾਸ ਸਿਰਜ ਦਿੱਤਾ ਜਿਸ ’ਤੇ ਬਣੇ ਇਤਿਹਾਸਕ ਸਥਾਨ ਸਾਡੇ ਲਈ ਪ੍ਰੇਰਨਾ-ਸਰੋਤ ਹਨ।

ਸਾਕਾ ਸਰਹਿੰਦ ਦਾ ਉਦੋਂ ਵਾਪਰਿਆ ਸੀ, ਜਦੋਂ ਆਨੰਦਪੁਰ ਸਾਹਿਬ ਦੇ ਕਿਲ੍ਹੇ ਦੀ ਘੇਰਾਬੰਦੀ ਮੁਗਲਾਂ ਤੇ ਪਹਾੜੀ ਰਾਜਿਆਂ ਨੇ ਮਿਲ ਕੇ ਕੀਤੀ, ਜਿਸ ਦਾ ਸਮਾਂ ਇਤਿਹਾਸਕਾਰ ਅਨੁਸਾਰ ਮਈ 1704 ਈਸਵੀ ਤੋਂ ਦਸੰਬਰ 1704 ਈ. (ਸੰਮਤ 1761 ਬਿਕਰਮੀ) ਤੱਕ ਨੂੰ ਮੰਨਿਆ ਜਾਂਦਾ ਹੈ। ਮੁਗਲ ਫੌਜਾਂ ਤੇ ਪਹਾੜੀ ਰਾਜਿਆਂ ਨੇ ਆਨੰਦਪੁਰ ਸਾਹਿਬ ਦੇ ਕਿਲ੍ਹੇ ਨੂੰ ਲਗਾਤਾਰ ਸੱਤ ਮਹੀਨੇ ਘੇਰਾ ਪਾਈ ਰੱਖਿਆ। ਕਿਲ੍ਹੇ ਅੰਦਰ ਰਾਸ਼ਨ-ਪਾਣੀ ਆਉਣਾ-ਜਾਣਾ ਬੰਦ ਕਰ ਦਿੱਤਾ ਸੀ। ਉਸ ਸਮੇਂ ਕਿਲ੍ਹੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਅਤੇ ਉਹਨਾਂ ਦੇ ਪਰਵਾਰ ਦੇ ਨਾਲ ਕੁਝ ਸਿੰਘ ਵੀ ਸਨ। ਲੰਬੇ ਸਮੇਂ ਦੀ ਘੇਰਾਬੰਦੀ ਨਾਲ ਕਿਲ੍ਹੇ ਅੰਦਰ ਰਾਸ਼ਨ-ਪਾਣੀ ਵੀ ਮੁੱਕ ਗਿਆ ਸੀ। ਦੂਸਰੇ ਪਾਸੇ ਮੁਗਲ ਫੌਜਾਂ ਤੇ ਪਹਾੜੀ ਰਾਜਿਆਂ ਨੇ ਗੁਰੂ ਗੋਬਿੰਦ ਸਿੰਘ ਜੀ ਨਾਲ ਝੂਠੇ ਵਾਅਦੇ ਤੇ ਝੂਠੀਆਂ ਕੁਰਾਨ ਦੀਆਂ ਸੌਂਹਾਂ ਖਾਧੀਆਂ ਤੇ ਕਿਲ੍ਹਾ ਖਾਲੀ ਕਰਨ ਲਈ ਕਿਹਾ। ਗੁਰੂ ਗੋਬਿੰਦ ਸਿੰਘ ਜੀ ਸਭ ਜਾਣਦੇ ਸਨ ਕਿ ਇਹ ਮੁੱਕਰ ਜਾਣਗੇ, ਚਾਲਬਾਜ਼ ਹਨ, ਪਰ ਸਿੱਖਾਂ ਤੇ ਮਾਤਾ ਗੁਜਰੀ ਜੀ ਦੇ ਕਹਿਣ ’ਤੇ ਗੁਰੂ ਜੀ ਨੇ 6 ਪੋਹ 1704 ਈ. ਨੂੰ ਆਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਕੇ ਰੋਪੜ ਦੇ ਇਲਾਕਿਆਂ ਵੱਲ ਵਧਣਾ ਸ਼ੁਰੂ ਕੀਤਾ। ਅਜੇ ਗੁਰੂ ਜੀ ਸਰਸਾ ਨਦੀ ਦੇ ਕੋਲ ਹੀ ਪਹੁੰਚੇ ਸਨ ਕਿ ਪਿੱਛੇ ਮੁਗਲ ਫੌਜਾਂ ਨੇ ਸੌਂਹਾਂ ਤੋੜ ਕੇ ਮੁੜ ਹਮਲਾ ਕਰ ਦਿੱਤਾ, ਜਿਸ ਵਿੱਚ ਅਨੇਕਾਂ ਸਿੱਖ ਸ਼ਹੀਦ ਹੋ ਗਏ ਅਤੇ ਸਰਸਾ ਵਿੱਚ ਵੀ ਹੜ੍ਹ ਆਉਣ ’ਤੇ ਕੀਮਤੀ ਇਤਿਹਾਸ ਵੀ ਰੁੜ੍ਹ ਗਿਆ ਸੀ। ਇਸ ਸਮੇਂ ਹੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਵਾਰ ਦਾ ਅਜਿਹਾ ਵਿਛੋੜਾ ਪਿਆ ਕਿ ਮੁੜ ਧਰਤੀ ’ਤੇ ਕਦੇ ਨਾ ਮੇਲ ਹੋਇਆ। ਗੁਰੂ ਗੋਬਿੰਦ ਸਿੰਘ ਜੀ ਦਾ ਪਰਵਾਰ ਤਿੰਨ ਹਿੱਸਿਆਂ ਵਿੱਚ ਵੰਡਿਆ ਗਿਆ। ਇੱਕ ਪਾਸੇ ਗੁਰੂ ਜੀ ਅਤੇ ਉਹਨਾਂ ਦੇ ਵੱਡੇ ਸਾਹਿਬਜ਼ਾਦੇ ਤੇ ਕੁਝ ਸਿੱਖ ਸਨ, ਜੋ ਚਮਕੌਰ ਦੀ ਗੜ੍ਹੀ ਵੱਲ ਵਧ ਗਏ। ਦੂਜੇ ਪਾਸੇ ਮਾਤਾ ਸਾਹਿਬ ਕੌਰ ਜੀ ਅਤੇ ਕੁਝ ਸਿੱਖਾਂ ਨਾਲ ਦਿੱਲੀ ਵੱਲ ਚੱਲ ਪਏ, ਤੀਜੇ ਪਾਸੇ ਬਿਰਧ ਮਾਤਾ ਗੁਜਰੀ ਜੀ ਤੇ ਛੋਟੇ ਸਾਹਿਬਜ਼ਾਦੇ ਗੰਗੂ ਰਸੋਈਏ ਦੇ ਨਾਲ ਉਸ ਦੇ ਪਿੰਡ ਸਹੇੜੀ ਵੱਲ ਚੱਲ ਪਏ।

ਪੋਹ ਦੀਆਂ ਠੰਢੀਆਂ ਰਾਤਾਂ ਸਰਸਾ ਨਦੀ ਨੂੰ ਪਾਰ ਕਰ ਜੰਗਲਾਂ ਵਿੱਚੋਂ ਹੁੰਦੇ ਹੋਏ ਰਾਤ ਕੁੰਮਾ ਮਾਸਕੀ ਦੀ ਝੌਂਪੜੀ ਵਿੱਚ ਗੁਜ਼ਾਰੀ ਅਤੇ ਅਗਲੀ ਸਵੇਰ ਉਹ ਸਹੇੜੀ ਨੂੰ ਚੱਲ ਪਏ। ਗੰਗੂ ਬ੍ਰਾਹਮਣ ਜੋ ਗੁਰੂ ਘਰ ਦਾ ਰਸੋਈਆ ਸੀ, ਆਪਣੇ ਘਰ ਲੈ ਗਿਆ। ਉੱਥੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰ ਜੀ ਨੂੰ ਰੱਖਿਆ। ਮਾਤਾ ਗੁਜਰੀ ਜੀ ਕੋਲ ਕੁਝ ਗਹਿਣੇ ਤੇ ਪੈਸੇ ਦੇਖ ਲਾਲਚ ਆ ਗਿਆ। ਪੈਸੇ ਦੀ ਚਮਕ ਨੇ ਉਸ ਨੂੰ ਇੰਨਾ ਅੰਨ੍ਹਾ ਕਰ ਦਿੱਤਾ ਕਿ ਵਜ਼ੀਰ ਖਾਨ ਤੋਂ ਵੱਡਾ ਇਨਾਮ ਪਾਉਣ ਲਈ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਜੀ ਦੀ ਖਬਰ ਜਾ ਮੋਰਿੰਡਾ ਦੇ ਥਾਣੇਦਾਰ ਨੂੰ ਕੀਤੀ। ਮੋਰਿੰਡੇ ਦੇ ਸਿਪਾਹੀਆਂ ਨੇ ਮਾਤਾ ਜੀ ਤੇ ਸਾਹਿਬਜ਼ਾਦਿਆਂ ਨੂੰ ਗ੍ਰਿਫਤਾਰ ਕਰ ਮੋਰਿੰਡੇ ਜੇਲ੍ਹ ਵਿੱਚ ਰੱਖਿਆ ਅਤੇ ਅਗਲੀ ਸਵੇਰ ਸਰਹੰਦ ਦੇ ਵਜ਼ੀਰ ਖਾਨ ਦੀ ਕਚਹਿਰੀ ਵਿੱਚ ਪੇਸ਼ ਕਰ ਦਿੱਤਾ ਗਿਆ।

ਦੂਸਰੇ ਪਾਸੇ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਤੇ ਬਾਬਾ ਜੁਝਾਰ ਸਿੰਘ ਜੀ ਚਮਕੌਰ ਦੀ ਜੰਗ ਵਿੱਚ ਅੱਠ ਪੋਹ (23 ਦਸੰਬਰ 1704) ਨੂੰ 40 ਲੱਖ ਫੌਜਾਂ ਨਾਲ ਲੜਦੇ ਹੋਏ ਸ਼ਹੀਦ ਹੋ ਗਏ। ਇਧਰ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਜੀ ਨੂੰ ਸੂਬੇ ਸਰਹੰਦ ਦੀ ਕਚਹਿਰੀ ਵਿੱਚ ਪੇਸ਼ ਕੀਤਾ ਅਤੇ ਛੋਟੀਆਂ ਉਮਰਾਂ ਵੇਖ ਕੇ ਵਜ਼ੀਰ ਖਾਨ ਨੇ ਕਈ ਪ੍ਰਕਾਰ ਦੇ ਲਾਲਚ ਦਿੱਤੇ, ਪਰ ਨਿੱਕੀਆਂ ਜਿੰਦਾਂ ਦੇ ਵੱਡੇ ਹੌਸਲੇ ਸਨ, ਉਹ ਸਿੱਖੀ ਸਿਦਕ ’ਤੇ ਅਟੱਲ ਖੜ੍ਹੇ ਰਹੇ। ਜਦੋਂ ਸਾਹਿਬਜ਼ਾਦੇ ਕਿਸੇ ਲਾਲਚ ਵਿੱਚ ਨਾ ਆਏ ਤਾਂ ਸੂਬੇ ਨੇ ਉਹਨਾਂ ’ਤੇ ਜ਼ੁਲਮ ਕਰਨਾ ਸ਼ੁਰੂ ਕਰ ਦਿੱਤਾ। ਪੋਹ ਦੀਆਂ ਹੱਡ ਚੀਰਵੀਆਂ ਠੰਢੀਆਂ ਰਾਤਾਂ ਬਿਰਧ ਸਰੀਰ ਮਾਤਾ ਗੁਜਰੀ ਜੀ ਤੇ ਮਾਸੂਮ ਬੱਚਿਆਂ ਨੂੰ ਬਿਨਾਂ ਗਰਮ ਕੱਪੜਿਆਂ ਦੇ ਠੰਢੇ ਬੁਰਜ ਵਿੱਚ ਰੱਖਿਆ ਗਿਆ। ਮਾਤਾ ਗੁਜਰੀ ਜੀ ਪੋਤਿਆਂ ਨੂੰ ਆਪਣੀ ਬੁੱਕਲ ਦਾ ਨਿੱਘ ਦੇ ਕੇ ਅਤੇ ਦਾਦਾ ਜੀ (ਗੁਰੂ ਤੇਗ ਬਹਾਦਰ ਜੀ) ਦੀ ਕੁਰਬਾਨੀ ਦੇ ਇਤਿਹਾਸ ਨੂੰ ਸੁਣਾ ਕੇ ਬੱਚਿਆਂ ਦੇ ਇਰਾਦਿਆਂ ਨੂੰ ਹੋਰ ਦ੍ਰਿੜ੍ਹ ’ਤੇ ਪੱਕਾ ਕੀਤਾ। ਅਗਲੀ ਸਵੇਰ 12 ਪੋਹ ਨੂੰ ਫਿਰ ਸੂਬੇ ਦੀ ਕਚਹਿਰੀ ਵਿੱਚ ਸਾਹਿਬਜ਼ਾਦਿਆਂ ਦੀ ਪੇਸ਼ੀ ਦੌਰਾਨ ਉਹਨਾਂ ਨੂੰ ਲਾਲਚ ਦੇ ਕੇ, ਡਰਾ-ਧਮਕਾ ਕੇ ਆਦਿ ਜ਼ੁਲਮ ਕਰਕੇ ਬੱਚਿਆਂ ਨੂੰ ਦੀਨ ਕਬੂਲ ਕਰਨ ਲਈ ਕਿਹਾ ਗਿਆ, ਪਰ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਅਡੋਲ ਅਵਸਥਾ ਵਿੱਚ ਖੜ੍ਹੇ ਆਪਣੇ ਸਿੱਖੀ ਸਿਦਕ ਦੇ ਜੈਕਾਰੇ ਲਾਉਂਦੇ ਹੋਏ ਸੂਬੇ ਨੂੰ ਵਖਤ ਪਾ ਰਹੇ ਸਨ। ਸਰਹੰਦ ਦੇ ਸੂਬੇ ਨੇ 13 ਪੋਹ ਨੂੰ ਜਿੰਦਾਂ ਨੀਹਾਂ ਵਿੱਚ ਚਿਣਨ ਦਾ ਹੁਕਮ ਸੁਣਾ ਦਿੱਤਾ ਅਤੇ 12 ਪੋਹ ਦੀ ਰਾਤ ਵੀ ਠੰਢੇ ਬੁਰਜ ਵਿੱਚ ਭੁੱਖੇ-ਭਾਣੇ ਰੱਖਿਆ। ਮਾਸੂਮ ਬੱਚੇ ਤੇ ਬਿਰਧ ਮਾਤਾ ਦੀ ਸੇਵਾ ਵਿੱਚ ਸਰਹੰਦ ਦੇ ਵਜ਼ੀਰ ਖਾਨ ਦੀ ਰਸੋਈ ਵਿੱਚ ਕੰਮ ਕਰਦੇ ਮੋਤੀ ਮਹਿਰਾ ਨੇ ਗਰਮ ਦੁੱਧ ਦੀ ਸੇਵਾ ਨਿਭਾਈ। ਮੋਤੀ ਮਹਿਰਾ ਵਜ਼ੀਰ ਖਾਨ ਤੋਂ ਚੋਰੀ ਸਾਹਿਬਜ਼ਾਦਿਆਂ ਤੇ ਮਾਤਾ ਗੁਜਰ ਲਈ ਗਰਮ ਦੁੱਧ ਲੈ ਕੇ ਠੰਢੇ ਬੁਰਜ ਨੂੰ ਗਏ, ਰਸਤੇ ਵਿੱਚ ਵਜ਼ੀਰ ਖਾਨ ਦੇ ਸਿਪਾਹੀਆਂ ਨੇ ਰੋਕਿਆ ਤਾਂ ਮੋਤੀ ਮਹਿਰਾ ਜੀ ਨੇ ਉਹਨਾਂ ਨੂੰ ਕੁਝ ਸੋਨੇ ਦੀਆਂ ਮੋਹਰਾਂ ਵੀ ਦਿੱਤੀਆਂ ਅਤੇ ਗਰਮ ਦੁੱਧ ਬੱਚਿਆਂ ਤੇ ਮਾਤਾ ਜੀ ਤੱਕ ਪਹੁੰਚਾ ਕੇ ਗੁਰੂ ਘਰ ਦੀਆਂ ਖੁਸ਼ੀਆਂ ਲਈਆਂ।



13 ਪੋਹ 1704 ਈਸਵੀ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਨੂੰ ਸਰਹੰਦ ਦੇ ਜ਼ਾਲਮ ਸੂਬੇ ਵੱਲੋਂ ਜਿੰਦਾ ਨੂੰ ਨੀਹਾਂ ਵਿੱਚ ਚੁਣਿਆ ਗਿਆ। ਇਤਿਹਾਸਕਾਰ ਅਨੁਸਾਰ ਜਦੋਂ ਕੰਧ ਬੱਚਿਆਂ ਦੇ ਮੋਢਿਆਂ ਤੱਕ ਪਹੁੰਚੀ ਤਾਂ ਧੜੰਮ ਡਿੱਗ ਪਈ। ਮਾਸੂਮ ਜਿੰਦਾਂ ਬੇਹੋਸ਼ ਹੋ ਗਈਆਂ। ਹੋਸ਼ ਵਿੱਚ ਆਉਣ ’ਤੇ ਇੱਕ ਵਾਰ ਫਿਰ ਉਨ੍ਹਾਂ ਦੇ ਸਬਰ ਤੇ ਸਿਦਕ ਨੂੰ ਪਰਖਿਆ ਗਿਆ, ਸਾਹਿਬਜ਼ਾਦੇ ਆਪਣੇ ਸਿਦਕ ’ਤੇ ਅਡੋਲ ਰਹੇ, ਮੁਗਲ ਜ਼ਾਲਮ ਦੀ ਪੇਸ਼ ਨਾ ਗਈ, ਉਸ ਨੇ ਸਾਸਲ ਬੇਗ ਤੇ ਬਾਸਲ ਬੇਗ ਨੂੰ ਮਾਸੂਮ ਜਿੰਦਾਂ ਨੂੰ ਸ਼ਹੀਦ ਕਰਨ ਦਾ ਹੁਕਮ ਦੇ ਦਿੱਤਾ। ਸਾਹਿਬਜ਼ਾਦਿਆਂ ਦੀ ਸ਼ਹਾਦਤ ਦੀ ਖਬਰ ਮਾਤਾ ਗੁਜਰੀ ਜੀ ਨੂੰ ਠੰਢੇ ਬੁਰਜ ਵਿੱਚ ਮਿਲੀ, ਜਿੱਥੇ ਗੁਰੂ ਦਾ ਭਾਣਾ ਮੰਨਦੇ ਹੋਏ ਉਹਨਾਂ ਨੇ ਵੀ ਆਪਣਾ ਸਰੀਰ ਤਿਆਗ ਦਿੱਤਾ।

ਸਰਹੰਦ ਦੇ ਟੋਡਰਮੱਲ ਨੇ ਸਾਹਿਬਜ਼ਾਦਿਆਂ ਦੇ ਅੰਤਿਮ ਸੰਸਕਾਰ ਕਰਨ ਦੇ ਲਈ ਆਪਣਾ ਸਭ ਕੁਝ ਵੇਚ ਕੇ ਸੋਨੇ ਦੀਆਂ ਮੋਹਰਾਂ ਖੜ੍ਹੇ ਰੁਖ ਵਿਛਾ ਕੇ ਦੁਨੀਆ ਦੀ ਸਭ ਤੋਂ ਮਹਿੰਗੀ ਜ਼ਮੀਨ ਖਰੀਦੀ, ਇਹਨਾਂ ਮੋਹਰਾਂ ਦੀ ਕੀਮਤ ਦੁਨੀਆ ਦੇ ਇਤਿਹਾਸ ਵਿੱਚ ਸਭ ਤੋਂ ਮਹਿੰਗੀ ਮੰਨੀ ਜਾਂਦੀ ਹੈ, ਜਿੱਥੇ ਗੁਰੂ ਜੀ ਦੇ ਸਾਹਿਬਜ਼ਾਦੇ ਤੇ ਮਾਤਾ ਜੀ ਦਾ ਸਸਕਾਰ ਕੀਤਾ ਗਿਆ, ਇਸ ਅਸਥਾਨ ’ਤੇ ਅੱਜ-ਕੱਲ੍ਹ ਜੋਤੀ ਸਰੂਪ ਗੁਰਦੁਆਰਾ ਸਾਹਿਬ ਸੁਸ਼ੋਭਿਤ ਹੈ।

ਇਸ ਤਰ੍ਹਾਂ ਗੁਰੂ ਤੇਗ ਬਹਾਦਰ ਜੀ ਦੀ ਧਰਮ ਦੀ ਆਜ਼ਾਦੀ ਲਈ ਦਿੱਤੀ ਸ਼ਹਾਦਤ ਅਤੇ ਗੁਰੂ ਗੋਬਿੰਦ ਸਿੰਘ ਜੀ ਨੇ ਜ਼ੁਲਮ ਦੇ ਵਿਰੋਧ ’ਚ ਆਪਣਾ ਪਰਵਾਰ ਵਾਰ ਦਿੱਤਾ। ਧੰਨ ਗੁਰੂ ਗੋਬਿੰਦ ਸਿੰਘ ਜੀ ਜਿਨ੍ਹਾਂ ਨੇ ਆਪਣੇ ਜਿਗਰ ਦੇ ਟੋਟਿਆਂ ਨੂੰ ਨੀਹਾਂ ਵਿੱਚ ਚਿਣਵਾ ਕੇ ਮੁਗਲ ਜ਼ਾਲਮਾਂ ਦੀਆਂ ਜੜ੍ਹਾਂ ਨੂੰ ਪੁੱਟ ਦਿੱਤਾ। ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਨੇ ਵੱਡੇ ਸਾਕੇ ਰਚ ਕੇ ਦੁਨੀਆ ਦਾ ਵੱਖਰਾ ਇਤਿਹਾਸ ਸਿਰਜ ਦਿੱਤਾ ਹੈ।

ਆਓ ਗੁਰੂ ਗੋਬਿੰਦ ਸਿੰਘ ਜੀ ਦੇ ਪੂਰੇ ਪਰਵਾਰ ਨੂੰ ਕੋਟਿ ਕੋਟਿ ਪ੍ਰਣਾਮ ਕਰਦੇ ਹੋਏ ਉਹਨਾਂ ਸ਼ਹੀਦਾਂ ਦੀ ਯਾਦ ਵਿਚ ਸ਼ਹੀਦੀ ਦਿਹਾੜੇ ਮੌਕੇ ਆਪਣੇ ਤੇ ਆਪਣੇ ਬੱਚਿਆਂ ਨੂੰ ਇਸ ਇਤਿਹਾਸ ਨਾਲ ਜੋੜੀਏ। ਸਿੱਖੀ, ਸਿਦਕ ਤੇ ਭਰੋਸਾ ਵਾਹਿਗੁਰੂ ਜੀ ’ਤੇ ਰੱਖਦੇ ਹੋਏ ਉਸ ਦੇ ਭਾਣੇ ਵਿੱਚ ਰਹੀਏ। ਵਾਹਿਗੁਰੂ ਜੀ ਕਾ ਖਾਲਸਾ, ਸ੍ਰੀ ਵਾਹਿਗੁਰੂ ਜੀ ਕੀ ਫਤਿਹ ।

*# ਸੰਪਰਕ : 96108-74664*

# ਭਾਰਤੀ ਸੰਸਦ ’ਚ ਲੋਕਤੰਤਰਿਕ ਰਵਾਇਤਾਂ ਦਾ ਘਾਣ

**ਦਰਸ਼ਨ ਸਿੰਘ ਸ਼ੰਕਰ**

2024 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਦੇਸ਼ ਦੀ ਜਨਤਾ ਨੂੰ ਸੰਸਦ ਦੇ 14 ਤੋਂ 21 ਦਸੰਬਰ ਤੱਕ ਚੱਲੇ ਸਰਦ ਰੁੱਤ ਸੈਸ਼ਨ ਤੋਂ ਵੱਡੀਆਂ ਰਿਆਇਤਾਂ ਦੀ ਆਸ ਸੀ। ਇਸ ਇਜਲਾਸ ਨੂੰ 17ਵੀਂ ਲੋਕ ਸਭਾ ਦਾ ਤਕਰੀਬਨ ਅੰਤਿਮ ਅਰਦਾਸ ਹੀ ਸਮਝਿਆ ਜਾਣਾ ਚਾਹੀਦੈ, ਕਿਉਂਕਿ ਅੱਗੇ ਬੱਜਟ ਇਜਲਾਸ ਵਿੱਚ ਸਰਕਾਰ ਚੋਣ ਜ਼ਾਬਤੇ ਕਾਰਨ ਸਾਲ 2024-25 ਲਈ ਪੂਰਾ ਬੱਜਟ ਪੇਸ਼ ਕਰਨ ਦੀ ਸਥਿਤੀ ਵਿਚ ਨਹੀਂ ਹੋਵੇਗੀ। ਸਿਰਫ ਪੂਰਕ ਵਿੱਤੀ ਮੰਗਾਂ ਮੱਦਾਂ ਹੀ ਪਾਸ ਕਰਕੇ ਕੰਮ ਚਲਾਉਣਾ ਹੋਵੇਗਾ। ਮੁਕੰਮਲ ਬੱਜਟ ਤਾਂ ਨਵੀਂ ਚੁਣੀ ਲੋਕ ਸਭਾ ਹੀ ਪਾਸ ਕਰੇਗੀ।

ਦੇਸ਼ ਚਲਾਉਣ ਲਈ ਬਣਨ ਵਾਲੇ ਕਾਨੂੰਨ ਪਾਸ ਕਰਨ ਲਈ ਸਰਕਾਰ ਵੱਲੋਂ ਸੰਸਦ ਵਿਚ ਪੇਸ਼ ਕੀਤੇ ਬਿੱਲਾਂ ਉਪਰ ਬਹਿਸ ਕਰਾਉਣ ਦੀ ਜ਼ਿੰਮੇਵਾਰੀ ਹੈ। ਸਥਾਪਤ ਰਵਾਇਤਾਂ ਅਨੁਸਾਰ ਬਿੱਲਾਂ ’ਤੇ ਬਹਿਸ ਵਿੱਚ ਵਿਰੋਧੀ ਧਿਰਾਂ ਨੂੰ ਆਪਣੀ ਰਾਏ ਰੱਖਣ ਦਾ ਪੂਰਾ ਮੌਕਾ ਮਿਲਦਾ ਹੈ। ਇਸ ਵਾਰ ਸੁਰੱਖਿਆ ਘੇਰੇ ਨੂੰ ਤੋੜਦੇ ਸੰਸਦ ਦੇ ਅੰਦਰ ਘੁਸ ਕੇ ਦੋ ਬੇਰੁਜ਼ਗਾਰ ਨੌਜਵਾਨਾਂ ਵੱਲੋਂ ਗੈਸ ਛੱਡ ਕੇ ਹੰਗਾਮਾ ਕੀਤਾ ਗਿਆ, ਪਰ ਕਿਸੇ ਤਰ੍ਹਾਂ ਦੀ ਹਿੰਸਾ ਨਹੀਂ ਕੀਤੀ। ਇਨ੍ਹਾਂ ਦੇ 2 ਸਾਥੀਆਂ ਵੱਲੋਂ ਬਾਹਰ ਨਾਹਰੇਬਾਜ਼ੀ ਕੀਤੀ ਗਈ। ਵਿਰੋਧੀ ਧਿਰ ਦੇ ਸਾਂਸਦ ਸੰਸਦ ਦੀ ‘ਸੁਰੱਖਿਆ ’ਚ ਸੰਨ੍ਹ’ ਦੇ ਮਾਮਲੇ ’ਤੇ ਸਦਨ ’ਚ ਬਹਿਸ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਬਿਆਨ ਦੀ ਮੰਗ ਕਰ ਰਹੇ ਸਨ। ਸੱਤਾਧਾਰੀ ਪਾਰਟੀ ਵੱਲੋਂ ਬਹੁਮਤ ਦੇ ਜ਼ੋਰ ਸਾਰੀਆਂ ਰਵਾਇਤਾਂ ਦੀਆਂ ਧੱਜੀਆਂ ਉਡਾਈਆਂ ਗਈਆਂ ਅਤੇ ਮਹੱਤਵਪੂਰਨ ਬਿੱਲ ਪਾਸ ਕਰਨ ਤੋਂ ਪਹਿਲਾਂ ਵਿਰੋਧੀ ਸਾਂਸਦਾਂ ਨੂੰ ਸਸਪੈਂਡ ਕਰਕੇ ਬਹਿਸ ਵਿਚ ਹਿੱਸਾ ਲੈਣ ਦਾ ਮੌਕਾ ਨਹੀਂ ਦਿੱਤਾ। ਦੇਸ਼ ਦੀ ਲੋਕਤੰਤਰਿਕ ਪ੍ਰਣਾਲੀ ਵਿਚ ਪਹਿਲੀ ਵਾਰ ਸੰਸਦ ਦੇ 542 ਮੈਂਬਰਾਂ ਵਿੱਚੋਂ ਵਿਰੋਧੀ ਧਿਰ ਦੇ 146 ਮੈਂਬਰਾਂ ਨੂੰ ਸ਼ੋਰ-ਸ਼ਰਾਬੇ ਦੇ ਦੋਸ਼ ਲਗਾ ਕੇ ਪੂਰੇ ਇਜਲਾਸ ਲਈ ਬਾਹਰ ਕਰ ਦਿੱਤਾ ਹੋਵੇ। ਮੁਅੱਤਲ ਕੀਤੇ ਸਾਂਸਦਾਂ ਵਿਚ 100 ਲੋਕ ਸਭਾ ਅਤੇ 46 ਰਾਜ ਸਭਾ ਦੇ ਸਾਂਸਦ ਸ਼ਾਮਲ ਸਨ। ਇਹ ਹਰੇਕ ਸਦਨ ਦੇ 19 ਫੀਸਦੀ ਬਣਦੇ ਹਨ। ਇਸ ਤੋਂ ਪਹਿਲਾਂ ਕਦੇ ਵੀ ਇੰਨੀ ਵੱਡੀ ਗਿਣਤੀ ’ਚ ਸੰਸਦ ਮੈਂਬਰਾਂ ਦੀ ਮੁਅੱਤਲੀ ਨਹੀਂ ਹੋਈ।

ਪਹਿਲਾਂ 15 ਮਾਰਚ, 1989 ਨੂੰ ਲੋਕ ਸਭਾ ’ਚੋਂ 63 ਸੰਸਦ ਮੈਂਬਰਾਂ ਨੂੰ ਮੁਅੱਤਲ ਕੀਤਾ ਗਿਆ ਸੀ, ਜੋ ਇੰਦਰਾ ਗਾਂਧੀ ਕਤਲ ਕਾਂਡ ਦੀ ਜਾਂਚ ਰਿਪੋਰਟ ਸਦਨ ’ਚ ਪੇਸ਼ ਕਰਨ ਦੀ ਮੰਗ ’ਤੇ ਹੰਗਾਮਾ ਕਰ ਰਹੇ ਸਨ। ਲੋਕ ਸਭਾ ਵਿਚ ਬਗੈਰ ਲੋੜੀਂਦੀ ਬਹਿਸ ਕਰਵਾਏ ਹੀ ਜਲਦਬਾਜ਼ੀ ਵਿਚ 172 ਬਿੱਲ ਪਾਸ ਕਰ ਦਿੱਤੇ ਗਏ। ਇਨ੍ਹਾਂ ਵਿਚ ਫੌਜਦਾਰੀ ਨਿਆਂ ਪ੍ਰਬੰਧ ਵਿਚ ਵੱਡੀ ਤਬਦੀਲੀ ਕਰਨ ਵਾਲੇ ਤਿੰਨ ਅਹਿਮ ਬਿੱਲ ਵੀ ਸ਼ਾਮਲ ਨੇ। ਗ੍ਰਹਿ ਮੰਤਰੀ ਨੇ ਇਨ੍ਹਾਂ ਤਿੰਨ ਬਿੱਲਾਂ ਦਾ ਮਕਸਦ ਤੇਜ਼ ਨਿਆਂ ਯਕੀਨੀ ਬਣਾਉਣਾ ਹੈ। ਪਾਸ ਕੀਤੇ ਅੱਧੇ ਬਿੱਲਾਂ ’ਤੇ ਦੋ-ਦੋ ਘੰਟੇ ਵੀ ਚਰਚਾ ਨਹੀਂ ਹੋਈ। 17ਵੀਂ ਲੋਕ ਸਭਾ ਇਕਲੌਤੀ ਅਜਿਹੀ ਲੋਕ ਸਭਾ ਬਣਨ ਜਾ ਰਹੀ ਹੈ, ਜਿਸ ਵਿੱਚ ਡਿਪਟੀ ਸਪੀਕਰ ਦੀ ਚੋਣ ਹੀ ਨਹੀਂ ਕੀਤੀ ਗਈ।

ਵਿਰੋਧੀ ਨੇਤਾਵਾਂ ਦਾ ਕਹਿਣਾ ਹੈ ਕਿ 146 ਵਿਰੋਧੀ ਸਾਂਸਦਾਂ ਨੂੰ ਮੁਅੱਤਲ ਕਰਕੇ ਉਨ੍ਹਾਂ ਦੇ ਅਪਮਾਨ ਦੇ ਨਾਲ-ਨਾਲ ਦੇਸ਼ ਦੇ 60 ਫੀਸਦੀ ਲੋਕਾਂ ਦੀ ਜ਼ੁਬਾਨ ਬੰਦ ਕੀਤੀ ਗਈ ਹੈ। ਵਿਰੋਧੀ ਪਾਰਟੀਆਂ ਵੱਲੋਂ ਸਾਂਸਦਾਂ ਦੀ ਮੁਅੱਤਲੀ ਵਿਰੁੱਧ ਸੰਸਦ ਦੇ ਬਾਹਰ ਅਤੇ ਜੰਤਰ-ਮੰਤਰ ਵਿਖੇ ਧਰਨਾ ਪ੍ਰਦਰਸ਼ਨ ਵੀ ਕੀਤਾ ਗਿਆ। ਵਿਰੋਧੀ ਧਿਰਾਂ ਦਾ ਕਹਿਣਾ ਹੈ ਕਿ ਸਰਕਾਰ ਤਾਨਾਸ਼ਾਹੀ ਰਵੱਈਆ ਅਪਣਾ ਕੇ ‘ਲੋਕਤੰਤਰ ਦਾ ਗਲਾ ਘੁੱਟ’ ਰਹੀ ਹੈ। ਅਸਲ ਵਿੱਚ ਮੋਦੀ ਸਰਕਾਰ ਬਿੱਲਾਂ ਨੂੰ ਬਿਨਾਂ ਬਹਿਸ ਦੇ ਪਾਸ ਕਰਨਾ ਚਾਹੁੰਦੀ ਸੀ।

ਵਿਰੋਧੀ ਧਿਰ ਨੇ ਇਸ ਨੂੰ ਸੰਸਦ ਅਤੇ ਲੋਕਤੰਤਰ ’ਤੇ ‘ਹਮਲਾ’ ਦੱਸਿਆ ਹੈ। ਜੇਕਰ ਸੰਸਦ ਮੈਂਬਰ ਹੀ ਸਦਨ ’ਚ ਮੌਜੂਦ ਨਹੀਂ ਹੋਣਗੇ ਤਾਂ ਫਿਰ ਲੋਕਾਂ ਦੀ ਆਵਾਜ਼ ਕੌਣ ਉਠਾਏਗਾ? ਭਾਜਪਾ ਦਾ ਕਹਿਣਾ ਕਿ ਇਹ ਬਿੱਲ ਪਾਸ ਕਰਨ ਤੋਂ ਰੋਕਣ ਲਈ ਵਿਰੋਧੀ ਧਿਰ ਦੀ ‘ਸੋਚੀ ਸਮਝੀ’ ਸਾਜ਼ਿਸ਼ ਹੈ। ਵਿਰੋਧੀ ਸਾਂਸਦਾਂ ਨੂੰ ਮਾਮੂਲੀ ਦੋਸ਼ ਲਈ ਮੁਅੱਤਲ ਕਰਨਾ ਸੱਤਾਧਾਰੀ ਧਿਰ ਵੱਲੋਂ ਆਮ ਜਿਹੀ ਗੱਲ ਹੈ। ਇਸ ਲੋਕ ਸਭਾ ਵਿਚ ਸਰਕਾਰ ਵੱਲੋਂ ਬਹੁਮਤ ਦੇ ਜ਼ੋਰ ’ਤੇ ਦਹਾਕੇ ਪੁਰਾਣੀਆਂ ਲੋਕਤੰਤਰਿਕ ਰਵਾਇਤਾਂ ਦੀਆਂ ਧੱਜੀਆਂ ਉਡਾਈਆਂ ਗਈਆਂ, ਜੋ ਭਾਰਤ ਦੇ ਵਿਸ਼ਵ ਗੁਰੂ ਹੋਣ ਦੇ ਦਾਅਵਿਆਂ ਦੀ ਪੋਲ ਖੋਲ੍ਹ ਰਹੀਆਂ ਨੇ।

**# ਸੰਪਰਕ : 99158-36543**

# ਭਾਰਤੀ ਲੋਕਤੰਤਰ ਨੂੰ ਬਚਾਉਣ ਲਈ ਲੋਕ ਲਹਿਰਾਂ ਦੀ ਲੋੜ



ਪਵਨ ਕੁਮਾਰ ਕੌਸ਼ਲ

ਸਰਮਾਏਦਾਰੀ ਦੀ ਜਮਹੂਰੀਅਤ ਵਿੱਚ ਕੋਈ ਦਿਲਚਸਪੀ ਨਹੀ ਹੁੰਦੀ, ਜੇ ਹੁੰਦੀ ਹੈ ਤਾਂ ਉਹ ਮਨਾਫੇ ਵਿੱਚ। ਪੂੰਜੀਵਾਦੀ ਸਮਾਜ ਅੰਦਰ ਜਮਹੂਰੀਅਤ ਹਮੇਸ਼ਾ ਪੂੰਜੀਵਾਦੀ ਸ਼ੋਸ਼ਣ ਦੁਆਰਾ ਨਿਰਧਾਰਿਤ ਤੰਗ ਸੀਮਾਵਾਂ ਵਿੱਚ ਘਿਰੀ ਰਹਿੰਦੀ ਹੈ ਅਤੇ ਸਿੱਟੇ ਵਜੋਂ ਹਮੇਸ਼ਾ ਘੱਟ ਗਿਣਤੀਆਂ ਲਈ, ਕੇਵਲ ਸੰਪਤੀ ਦੇ ਮਾਲਕਾਂ ਲਈ ਅਤੇ ਅਮੀਰਾਂ/ਰਈਸ ਵਰਗ ਲਈ ਜਮਹੂਰੀਅਤ ਹੁੰਦੀ ਹੈ। ਪੂੰਜੀਵਾਦੀ ਸਮਾਜ (ਸ਼ੋਸ਼ਣਕਾਰੀ) ਵਿੱਚ ਆਜ਼ਾਦੀ ਹਮੇਸ਼ਾ ਉਸੇ ਤਰ੍ਹਾਂ ਹੀ ਰਹਿੰਦੀ ਹੈ, ਜਿਵੇਂ ਕਿ ਇਹ ਪ੍ਰਾਚੀਨ ਯੂਨਾਨੀ ਗਣਰਾਜਾਂ ਵਿੱਚ ਸੀ: ਗੁਲਾਮ-ਮਾਲਕਾਂ ਲਈ ਆਜ਼ਾਦੀ।

ਅਸਲ ਜਮਹੂਰੀਅਤ ਇੱਕ ਉਦਾਰਵਾਦੀ ਮੰਦਭਾਗਾ ਵਾਕੰਸ਼ ਹੈ, ਜੋ ਮਜ਼ਦੂਰਾਂ ਨੂੰ ਮੂਰਖ ਬਣਾਉਣਾ ਚਾਹੁੰਦਾ ਹੈ। ਇਤਿਹਾਸ ਬੁਰਜੂਆ ਜਮਹੂਰੀਅਤ ਬਾਰੇ ਜਾਣਦਾ ਹੈ, ਜੋ ਜਗੀਰਦਾਰੀ ਦੀ ਥਾਂ ਲੈਂਦੀ ਹੈ ਅਤੇ ਪ੍ਰੋਲੇਤਾਰੀ ਜਮਹੂਰੀਅਤ ਬਾਰੇ ਜੋ ਬੁਰਜੂਆ ਜਮਹੂਰੀਅਤ ਦੀ ਥਾਂ ਲੈਂਦੀ ਹੈ।

ਬੁਰਜੂਆ ਜਮਹੂਰੀਅਤ ਦੀ ਭਾਵੇਂ ਮੱਧਯੁੱਗ ਦੀ ਤੁਲਨਾ ਵਿੱਚ ਇੱਕ ਮਹਾਨ ਇਤਿਹਾਸਕ ਪ੍ਰਾਪਤੀ ਹੈ ਅਤੇ ਪੂੰਜੀਵਾਦ ਦੇ ਅਧੀਨ ਸੀਮਤ, ਝੂਠੇ ਅਤੇ ਦੰਭੀ ਅਮੀਰਾਂ (ਰਈਸ ਵਰਗ) ਲਈ ਇੱਕ ਸਵਰਗ ਅਤੇ ਸ਼ੋਸ਼ਿਤਾਂ ਲਈ ਗਰੀਬਾਂ ਲਈ ਇੱਕ ਜਾਲ ਅਤੇ ਧੋਖੇ ਵਿੱਚ ਰਹਿਣਾ ਲਾਜ਼ਮੀ ਹੈ। ਇਹ ਸੱਚਾਈ ਹੈ, ਜੋ ਮਾਰਕਸ ਦੀ ਸਿੱਖਿਆ ਦਾ ਸਭ ਤੋਂ ਜ਼ਰੂਰੀ ਹਿੱਸਾ ਹੈ।

ਪੂੰਜੀਵਾਦੀ ਸਮਾਜ ਅੰਦਰ ਜਮਹੂਰੀਅਤ ਦਾ ਸਭ ਤੋਂ ਮਜ਼ਬੂਤ ਥੰਮ੍ਹ ਪ੍ਰੈੱਸ ਤੇ ਮੀਡੀਆ ਹੁੰਦਾ ਹੈ, ਜਿਸ ਨੂੰ ਪੂੰਜੀਵਾਦੀ ਹਾਕਮ ਪੂੰਜੀ ਦੀ ਤਾਕਤ ਨਾਲ ਆਪਣੇ ਅਧਿਕਾਰ ਵਿੱਚ ਕਰ ਲੈਂਦੇ ਹਨ । ਇਸ ਦੀ ਤਾਜ਼ਾ ਮਿਸਾਲ ਭਾਰਤ ਦੀ ਹੈ, ਜਿਥੇ ਹਾਕਮ ਲੱਗਭੱਗ ਸਾਰੇ ਪ੍ਰੈੱਸ ’ਤੇ ਕਾਬਜ਼ ਹੈ, ਪੰਜਾਬ ਵੀ ਇਸ ਤੋਂ ਬਾਹਰ ਨਹੀ ਹੈ। ਸੱਤਾਂ ਉਪੱਰ ਕਾਬਜ਼ ਰਹਿਣ ਦਾ ਇੱਕ ਹੋਰ ਸਾਧਨ ਵੀ ਹੈ ਉਹ ਹੈ ਧਰਮ ਅਤੇ ਨਸ਼ਿਆਂ ਦੀ ਓਟ। ਬੀ ਜੇ ਪੀ ਦੀ ਸਰਕਾਰ ਬੜੇ ਯੋਜਨਾਬੱਧ ਢੰਗ ਨਾਲ ਆਪਣੇ ਫਿਰਕੂ (ਧਾਰਮਕ) ਏਜੰਡੇ ਨੂੰ ਅੱਗੇ ਵਧਾਅ ਰਹੀ ਹੈ। ਜੋ ਲੋਕ ਤੰਤਰ ਲਈ ਸਭ ਤੋਂ ਵੱਧ ਖਤਰਨਾਕ ਹੈ। ਜੇਕਰ ਹਾਕਮ ਜਮਾਤਾਂ ਅੰਦਰ ਜਮਹੂਰੀ ਪ੍ਰਕਿਰਿਆ ਨਹੀ ਹੈ ਤਾਂ ਦੇਸ਼ ਅੰਦਰ ਜਮਹੂਰੀਅਤ ਸੁਰੱਖਿਅਤ ਨਹੀ ਰਹਿ ਸਕਦੀ।

ਭਾਰਤੀ ਸੰਸਦ ਦੇ ਅਪ੍ਰੈਲ 2023 ਦੇ ਅਜਲਾਸ ਵਿੱਚ ਹਾਕਮ ਜਮਾਤ ਭਾਰਤੀ ਜਨਤਾ ਪਾਰਟੀ ਨੇ ਜੋ ਥੋੜ੍ਹੀ ਬਹੁਤ ਜਮਹੂਰੀਅਤ ਬਚੀ ਸੀ, ਉਸ ਦਾ ਵੀ ਨਕਾਬ ਉਤਾਰ ਦਿੱਤਾ ਅਤੇ ਸੰਸਦ ਦੇ 146 ਮੈਂਬਰ ਮੁਅੱਤਲ ਕਰਕੇ ਪਾਰਲੀਮਾਨੀ ਜਮਹੂਰੀਅਤ ਅੰਦਰ ਇੱਕ ਰਿਕਾਰਡ ਕਾਇਮ ਕਰ ਦਿੱਤਾ। ਲੋਕ ਸਭਾ ਦੀ ਹਾਲਤ ਇੰਜ ਬਣਾ ਦਿੱਤੀ, ਜਿਵੇਂ ਗਊਆਂ ਤੋਂ ਬਿਨਾਂ ਗਊਸ਼ਾਲਾ ਅਤੇ ਸੰਸਦਾ ਤੋ ਬਿਨਾ ਸੰਸਦ ਦੀ ਹੁੰਦੀ ਹੈ।

ਭਾਜਪਾ ਨੇ 2014 ਵਿੱਚ ਗੱਦੀ ਸੰਭਾਲਦਿਆਂ ਹੀ ਦੇਸ਼ ਅੰਦਰ ਪਾਰਲੀਮਾਨੀ ਜਮਹੂਰੀਅਤ ਦਾ ਗਲਾ ਘੁਟਣਾ ਸ਼ੁਰੂ ਕਰ ਦਿੱਤਾ। ਕਾਲਾ ਧਨ ਬਾਹਰ ਲਿਅਊਣ ਦੇ ਨਾਂਅ ਹੇਠ 8 ਨਵੰਬਰ 2016 ਨੂੰ 1000 ਰੁਪਏ ਅਤੇ 2000 ਰੁਪਏ ਦੇ ਨੋਟਾਂ ਦੀ ਨੋਟਬੰਦੀ ਰਾਹੀਂ ਬਜ਼ਾਰ ਵਿੱਚ ਪਰਚਲਣ ਬੰਦ ਕਰਕੇ ਹਜ਼ਾਰਾਂ ਲੋਕਾਂ ਦਾ ਧੰਦਾ ਚੌਪਟ ਕਰ ਦਿੱਤਾ। ਧਨਕੁਬੇਰਾਂ ਦਾ ਕਾਲਾ ਧੰਨ ਬਾਹਰ ਤਾਂ ਕੀ ਆਉਣਾ ਸੀ, ਸਗੋਂ ਕਾਲਾ ਧਨ ਚਿੱਟਾ ਹੋ ਗਿਆ ਅਤੇ ਹੁਣ 2000 ਰੁਪਏ ਦਾ ਨਵਾਂ ਨੋਟ ਵੀ ਬਾਜ਼ਾਰ ਵਿਚੋਂ ਅਲੋਪ ਹੋ ਗਿਆ।

ਅਗਸਤ 2019 ਨੂੰ ਦੇਸ਼ ਅੰਦਰ ਇੱਕ ਤਰ੍ਹਾਂ ਦੀ ਐਮਰਜੈਂਸੀ ਵਰਗੇ ਹਾਲਾਤ ਪੈਦਾ ਕਰਕੇ ਸਰਕਾਰ ਨੇ ਜੰਮੂ-ਕਸ਼ਮੀਰ ਤੋਂ ਧਾਰਾ 370 ਹਟਾ ਕੇ ਜੰਮੂ-ਕਸ਼ਮੀਰ ਦੇ ਲੋਕਾਂ ਨੂੰ ਮਿਲੇ ਜਮਹੂਰੀ ਹੱਕਾਂ ਅਤੇ ਖੁਦਮੁਖਤਾਰੀ ਤੋਂ ਵਾਂਝੇ ਕਰ ਦਿੱਤਾ। ਇਸੇ ਤਰ੍ਹਾਂ ਕਿਸਾਨ ਵਿਰੋਧੀ ਤਿੰਨ ਕਾਨੂੰਨ ਬਣਾ ਕਿ ਉਨ੍ਹਾਂ ਨੂੰ ਖੇਤੀ ਦੇ ਪੁਸ਼ਤੈਨੀ ਧੰਦੇ ਖੇਤੀ ’ਚੋਂ ਬਾਹਰ ਕਰ ਦੇਣ ਸੰਬੰਧੀ ਲਿਆਂਦੇ, ਜਿਹੜੇ ਕਿਸਾਨਾਂ ਦੇ ਇਤਿਹਾਸਕ ਸੰਘਰਸ਼ ਨੇ ਵਾਪਸ ਕਰਵਾਏ।

ਮੋਦੀ ਸਰਕਾਰ ਵੱਲੋਂ ਭਾਰਤ ਦੀਆਂ ਪ੍ਰਮੁੱਖ ਸੰਸਥਾਵਾਂ ਨੂੰ ਮਿਲੇ ਸੰਵਿਧਾਨਕ ਹੱਕ ਵੀ ਖੋਹੇ ਜਾ ਰਹੇ ਹਨ। ਸੁਪਰੀਮ ਕੋਰਟ ਤੋਂ ਲੈ ਕੇ ਆਰ ਬੀ ਆਈ ਤੱਕ, ਸੀ ਬੀ ਆਈ ਤੋਂ ਲੈ ਕੇ ਚੋਣ ਕਮਿਸ਼ਨ ਤੱਕ ਅਤੇ ਈ ਡੀ, ਭਾਰਤ ਦੇ ਲੋਕਤੰਤਰ ਦੇ ਵੱਖ-ਵੱਖ ਥੰਮ੍ਹਾਂ ਦੀ ਖੁਦਮੁਖਤਿਆਰੀ ਨੂੰ ਖੋਰਾ ਲਗਾਇਆ ਜਾ ਰਿਹਾ ਹੈ। ਹਾਲ ਹੀ ਵਿੱਚ ਭਾਰਤੀ ਰਿਜ਼ਰਵ ਬੈਂਕ ਦੇ ਡਿਪਟੀ ਡਾਇਰੈਕਟਰ ਵਿਰਲ ਆਚਾਰੀਆ ਨੇ ਮੋਦੀ ਸਰਕਾਰ ਨੂੰ ਆਰ ਬੀ ਆਈ ਦੀ ਸੁਤੰਤਰ ਕਾਰਗੁਜ਼ਾਰੀ ’ਤੇ ਸੱਟ ਮਾਰਨ ਬਰਾਬਰ ਕਿਹਾ ਹੈ।

ਜੇਕਰ ਸੁਪਰੀਮ ਕੋਰਟ, ਆਰ ਬੀ ਆਈ, ਚੋਣ ਕਮਿਸ਼ਨ, ਸੀ ਬੀ ਆਈ, ਸੀ ਆਈ ਸੀ ਆਦਿ ਸੰਸਥਾਵਾਂ ਉੱਪਰ ਸਿਆਸੀ ਹਿੱਤਾਂ ਲਈ ਕੰਮ ਕਰਨ ਲਈ ਦਬਾਅ ਪਾਇਆ ਜਾਂਦਾ ਹੈ ਤਾਂ ਇਹ ਦੇਸ਼ ਦੇ ਲੋਕਤੰਤਰ ਲਈ ਗੰਭੀਰ ਖ਼ਤਰਾ ਹੈ। ਜਮਹੂਰੀਅਤ ਅਤੇ ਵਿਕਾਸ ਲਈ ਵਿਰੋਧਾਭਾਸ ਦਾ ਹੋਣਾ ਜਰੂਰੀ ਹੈ।

ਪਾਰਟੀਆਂ ਅੰਦਰ ਵੱਖ-ਵੱਖ ਕਿਸਮਾਂ ਦੇ ਵਿਚਾਰਾਂ ਅੰਦਰ ਵਿਰੋਧ ਅਤੇ ਸੰਘਰਸ਼ ਲਗਾਤਾਰ ਹੁੰਦਾ ਰਹਿੰਦਾ ਹੈ, ਇਹ ਜਮਾਤਾਂ ਅਤੇ ਸਮਾਜ ਵਿੱਚ ਨਵੇਂ ਅਤੇ ਪੁਰਾਣੇ ਦਰਮਿਆਨ ਵਿਰੋਧਤਾਈਆਂ ਦਾ ਪਾਰਟੀ ਅੰਦਰ ਪ੍ਰਤੀਬਿੰਬ ਹੈ। ਜੇਕਰ ਪਾਰਟੀ ਵਿੱਚ ਕੋਈ ਵਿਰੋਧਤਾਈਆਂ ਨਾ ਹੁੰਦੀਆਂ ਅਤੇ ਉਹਨਾਂ ਨੂੰ ਸੁਲਝਾਉਣ ਲਈ ਕੋਈ ਵਿਚਾਰਧਾਰਕ ਸੰਘਰਸ਼ ਨਾ ਹੁੰਦਾ ਤਾਂ ਪਾਰਟੀ ਦਾ ਜੀਵਨ ਖ਼ਤਮ ਹੋ ਜਾਂਦਾ।

ਇਸ ਸਾਲ (2023) ਜਨਵਰੀ ਵਿੱਚ ਸੁਪਰੀਮ ਕੋਰਟ ਦੇ ਚਾਰ ਜੱਜਾਂ ਨੇ ਭਾਰਤ ਦੇ ਤਤਕਾਲੀ ਚੀਫ਼ ਜਸਟਿਸ ਦੁਆਰਾ ਬੈਂਚਾਂ ਨੂੰ ਮਨਮਾਨੇ ਢੰਗ ਨਾਲ ਕੇਸਾਂ ਦੀ ਵੰਡ ਪ੍ਰਤੀ ਆਪਣਾ ਵਿਰੋਧ ਜ਼ਾਹਰ ਕਰਨ ਲਈ ਇੱਕ ਪ੍ਰੈੱਸ ਕਾਨਫਰੰਸ ਦਾ ਆਯੋਜਨ ਕਰਨ ਦਾ ਕਦਮ ਚੁੱਕਿਆ, ਅਜਿਹਾ ਪਹਿਲਾਂ ਕਦੇ ਵੀ ਨਹੀਂ ਹੋਇਆ ਸੀ। ਹਾਲਾਂਕਿ ਇਹ ਅੰਦਰੂਨੀ ਲੜਾਈ ਜਾਪਦੀ ਹੈ, ਪਰ ਅਸਲ ਅਤੇ ਅਣਕਿਆਸਿਆ ਮੁੱਦਾ ਇਹ ਸੀ ਕਿ ਸੀ ਜੇ ਆਈ ’ਤੇ ਕਥਿਤ ਤੌਰ ’ਤੇ ਮੋਦੀ ਸਰਕਾਰ ਦੇ ਅਨੁਕੂਲ ਹੋਣ ਲਈ ਕੇਸਾਂ ਦੀ ਵੰਡ ਕਰਨ ਦੇ ਦੋਸ਼ ਲੱਗ ਰਹੇ ਸਨ। ਤਿੰਨ ਬਾਗੀ ਜੱਜ ਪਾਰਦਰਸ਼ਤਾ ਅਤੇ ਜਵਾਬਦੇਹੀ ਚਾਹੁੰਦੇ ਸਨ ਤਾਂ ਜੋ ਭਾਰਤੀ ਲੋਕਤੰਤਰ ਦੇ ਇੱਕ ਥੰਮ੍ਹ ਦੇ ਕੰਮਕਾਜ ਵਿੱਚ ਇਸ ਵਿਗਾੜ ਨੂੰ ਖਤਮ ਕੀਤਾ ਜਾ ਸਕੇ।

ਸੀ ਬੀ ਆਈ ਦੇ ਦੋ ਸਿਖਰਲੇ ਅਫਸਰਾਂ ਵਿਚਕਾਰ ਹਾਲ ਹੀ ਦੀ ਕਸ਼ਮਕਸ਼ ਅੰਦਰੂਨੀ ਝਗੜਾ ਜਾਪਦੀ ਸੀ, ਪਰ ਅਸਲ ਵਿੱਚ ਮੋਦੀ ਸਰਕਾਰ ਨੇ ਪਹਿਲਾਂ ਜਨਵਰੀ 2017 ਵਿੱਚ ਆਪਣੇ ਪਸੰਦੀਦਾ ਉਮੀਦਵਾਰ ਨੂੰ ਡਾਇਰੈਕਟਰ ਵਜੋਂ ਨਿਯੁਕਤ ਕਰਨ ਦਾ ਸਿੱਧਾ ਨਤੀਜਾ ਸੀ ਅਤੇ ਫਿਰ ਉਸ ਦੀ ਪਿੱਠ ਥਾਪੜ ਦਿੱਤੀ। ਇੱਕ ਹੋਰ ਪਸੰਦੀਦਾ ਅਫਸਰ ਨੂੰ ਆਪਣੇ ਨੰਬਰ-2 ਵਜੋਂ ਸ਼ਾਮਲ ਕਰਨਾ। ਉਨ੍ਹਾਂ ਦੋਨਾਂ ਦੀ ਕਸ਼ਮਕਸ਼ ਖੁੱਲ੍ਹ ਕੇ ਸਾਹਮਣੇ ਆਉਣ ਤੋਂ ਬਾਅਦ ਸਰਕਾਰ ਨੇ ਮਨਮਾਨੇ ਢੰਗ ਨਾਲ ਅਤੇ ਸ਼ਾਇਦ ਗੈਰ-ਕਾਨੂੰਨੀ ਤੌਰ ’ਤੇ ਦੋਵਾਂ ਨੂੰ ਛੁੱਟੀ ’ਤੇ ਭੇਜ ਦਿੱਤਾ ਅਤੇ ਮੌਜੂਦਾ ਨੰਬਰ-3 ਅਧਿਕਾਰੀ ਕੇਂਦਰ ਦੇ ਤੀਜੇ ਪਸੰਦੀਦਾ ਨਾਗੇਸ਼ਵਰ ਰਾਓ ਅੰਤਿਮ ਡਾਇਰੈਕਟਰ ਨੂੰ ਹਟਾ ਦਿੱਤਾ। ਸੀ ਬੀ ਆਈ ਦੀ ਕੇਂਦਰ ਸਰਕਾਰ ਦੀ ਹੱਥਕੰਡੇ ਵਜੋਂ ਭੂਮਿਕਾ, ਵਿਰੋਧੀ ਪਾਰਟੀਆਂ ਅਤੇ ਰਾਜਨੀਤਕ ਟੀਚਿਆਂ ਨੂੰ ਨਿਸ਼ਾਨਾ ਬਣਾਉਣ ਲਈ ਇਸ ਦੀ ਦੁਰਵਰਤੋਂ ਅਤੇ ਇਸ ਦੇ ਅੰਦਰਲੇ ਭ੍ਰਿਸ਼ਟਾਚਾਰ ਦੇ ਨਾਲ-ਨਾਲ ਵਾਧੇ ਨੇ ਉਸ ਏਜੰਸੀ ਨੂੰ ਤਬਾਹ ਕਰ ਦਿੱਤਾ ਹੈ, ਜੋ ਉੱਚ ਸਥਾਨਾਂ ’ਤੇ ਭ੍ਰਿਸ਼ਟਾਚਾਰ ਵਿਰੁੱਧ ਲੜਾਈ ਦੀ ਮੋਹਰੀ ਕਤਾਰ ਵਿੱਚ ਹੋਣੀ ਚਾਹੀਦੀ ਸੀ। .

ਚੋਣ ਕਮਿਸ਼ਨ ਇੱਕ ਸੰਵਿਧਾਨਕ ਸੰਸਥਾ ਹੈ, ਜੋ ਮੀਡੀਆ ਰਿਪੋਰਟਾਂ ਨੂੰ ਦੇਖਦਿਆਂ ਸਰਕਾਰ ਦੇ ਦਬਾਅ ਹੇਠ ਆ ਗਈ ਜਾਪਦੀ ਹੈ। ਚੋਣ ਕਮਿਸ਼ਨ ਦੁਆਰਾ ਘੱਟ ਤੋਂ ਘੱਟ ਦੋ ਮੌਕਿਆਂ ’ਤੇ ਪਾਰਟੀਬਾਜ਼ੀ ਦੀਆਂ ਝਲਕੀਆਂ ਪ੍ਰਦਰਸ਼ਿਤ ਕੀਤੀਆਂ ਗਈਆਂ ਹਨ: ਇੱਕ 2017 ਵਿੱਚ ਗੁਜਰਾਤ ਵਿਧਾਨ ਸਭਾ ਚੋਣਾਂ ਦੇ ਪ੍ਰੋਗਰਾਮ ਦੇ ਐਲਾਨ ਵਿੱਚ ਦੇਰੀ ਕਰਨ ਦਾ ਫੈਸਲਾ ਸੀ, ਕਥਿਤ ਤੌਰ ’ਤੇ ਪ੍ਰਧਾਨ ਮੰਤਰੀ ਅਤੇ ਉਸ ਦੀ ਪਾਰਟੀ ਨੂੰ ਰਾਜ ਵਿੱਚ ਵੱਡੇ ਪੱਧਰ ’ਤੇ ਗ੍ਰਾਂਟਾਂ ਵੰਡਣਾ ਜਾਰੀ ਰੱਖਣ ਦੀ ਇਜਾਜ਼ਤ ਦੇਣ ਲਈ।

ਸੀ ਆਈ ਸੀ ਅਤੇ ਆਰ ਟੀ ਆਈ ਸੂਚਨਾ ਦੇ ਅਧਿਕਾਰ ਕਾਨੂੰਨ ਦੀ ਵਰਤੋਂ ਨੂੰ ਰੋਕਣ ਲਈ ਸਰਕਾਰੀ ਗੜਬੜੀ ਦਾ ਪਰਦਾ ਫਾਸ਼ ਕਰਨ ਲਈ ਮੋਦੀ ਸਰਕਾਰ ਨੇ ਖੁਦ ਇਸ ਐਕਟ ਵਿੱਚ ਸੋਧਾਂ ਕੀਤੀਆਂ ਹਨ, ਜਿਸ ਨਾਲ ਕੇਂਦਰੀ ਸੂਚਨਾ ਕਮਿਸ਼ਨਰਾਂ ਲਈ ਮੌਜੂਦਾ ਪੰਜ ਸਾਲ ਦੀ ਨਿਰਧਾਰਤ ਮਿਆਦ ਖਤਮ ਹੋ ਗਈ ਹੈ।

ਸੀ ਵੀ ਸੀ (ਕੇਂਦਰੀ ਵਿਜੀਲੈਂਸ ਕਮਿਸ਼ਨ) ਇਕ ਹੋਰ ਵਿਧਾਨਕ ਸੰਸਥਾ, ਜਿਸ ਦੀ ਅਗਵਾਈ 2015 ਤੋਂ ਮੋਦੀ ਵਲੋਂ ਨਿਯੁਕਤ ਕੀਤੇ ਗਏ ਕੇ.ਵੀ. ਚੌਧਰੀ ਕਰ ਰਹੇ ਹਨ। ਉਸ ਦੀ ਨਿਯੁਕਤੀ ਦੇ ਸਮੇਂ ਕਈ ਉੱਘੇ ਵਿਅਕਤੀਆਂ ਨੇ ਇਹ ਕਹਿ ਕੇ ਲਾਲ ਝੰਡਾ ਚੁੱਕਿਆ ਸੀ ਕਿ ਉਸ ’ਤੇ ਵੱਖ-ਵੱਖ ਅਪਰਾਧਿਕ/ਭ੍ਰਿਸ਼ਟਾਚਾਰ ਵਿਚ ਸ਼ਾਮਲ ਹੋਣ ਦੇ ਦੋਸ਼ ਸਨ- ਨੀਰਾ ਰਾਡੀਆ ਟੇਪ ਕੇਸ, ਮੋਇਨ ਕੁਰੈਸ਼ੀ ਕੇਸ (ਜਿਸ ਵਿੱਚ ਮੌਜੂਦਾ ਸੀ ਬੀ. ਆਈ ਅਫਸਰ ਵੀ ਸ਼ਾਮਲ ਸਨ) ਅਤੇ ਹੋਰ2ਾਂ ਸਮੇਤ ਸੂਬੰਧਤ ਮਾਮਲੇ।

ਪ੍ਰਧਾਨ ਮੰਤਰੀ ਮੋਦੀ ਆਜ਼ਾਦੀ ਤੋਂ ਬਾਅਦ ਹੇਠਲੇ ਸਦਨ ਦੇ ਸੰਸਦੀ ਬਹੁਮਤ ਦੀ ਕਮਾਂਡ ਕਰਨ ਵਾਲੇ ਪਹਿਲੇ ਨੇਤਾ ਬਣੇ, ਪਰ ਮੋਦੀ ਦੀ ਪਹਿਲੀ ਚੋਣ ਜਿੱਤਣ ਦੇ ਛੇ ਸਾਲਾਂ ਵਿੱਚ ਇਹ ਸਪੱਸ਼ਟ ਹੋ ਗਿਆ ਕਿ ਉਨ੍ਹ◆ ਦੀ ਲੀਡਰਸ਼ਿਪ ਦੀ ਸ਼ੈਲੀ ਦੁਨੀਆ ਦੇ ਕਹੇ ਜਾਂਦੇ ਸਭ ਤੋਂ ਵੱਡੇ ਲੋਕਤੰਤਰ ਦੀ ਹੋਂਦ ਨੂੰ ਖ਼ਤਰਾ ਹੈ।

ਜਮਹੂਰੀਅਤ ਦੀ ਸਥਾਪਨਾ ਧਰਮ ਨਿਰਪੱਖ ਲੀਹਾਂ ’ਤੇ ਕੀਤੀ ਗਈ ਸੀ, ਜਿਸ ਨੇ ਭਾਰਤ ਦੀ ਇਤਿਹਾਸਕ ਜਾਤ ਪ੍ਰਣਾਲੀ ਅਤੇ ਧਾਰਮਿਕ ਵੰਡਾਂ ਨੂੰ ਇੱਕ ਰਾਜ ਬਣਾਉਣ ਲਈ ਇੱਕ ਪਾਸੇ ਰੱਖ ਦਿੱਤਾ, ਜਿਸ ਵਿੱਚ ਸਾਰੇ ਨਾਗਰਿਕ ਬਰਾਬਰ ਕਾਨੂੰਨੀ ਸਥਿਤੀ ਰੱਖਣਗੇ। ਭਾਰਤ ਨੀਵੀਂ ਜਾਤ ਦੇ ਦਲਿਤ ਹਿੰਦੂ, ਉੱਚ ਜਾਤੀ ਦੇ ਬ੍ਰਾਹਮਣ ਹਿੰਦੂ, ਬੋਧੀ, ਬੰਗਾਲੀ, ਪੰਜਾਬੀ, ਤਾਮਿਲ, ਗੋਰੇ ਅੰਗਰੇਜ਼ਾਂ, ਜੋ ਇੱਥੇ ਜੰਮੇ-ਪਲੇ, ਮੁਸਲਮਾਨ, ਸਿੱਖ, ਸਭ ਦਾ ਘਰ ਹੋਵੇਗਾ।

ਸੀ ਬੀ ਆਈ ਦੇ ਕੰਮਕਾਜ ਵਿੱਚ ਨਰਿੰਦਰ ਮੋਦੀ ਸਰਕਾਰ ਦੀ ਦਖਲ-ਅੰਦਾਜ਼ੀ ਦੇਸ਼ ਦੇ ਲੋਕਤੰਤਰ ਦੀ ਰਾਖੀ ਕਰਨ ਵਾਲੇ ਸ਼ਾਸਨ ਦੀਆਂ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੇ ਇੱਕ ਵੱਡੇ ਪੈਟਰਨ ਦਾ ਹਿੱਸਾ ਬਣਦੀ ਜਾ ਰਹੀ ਹੈ। ਪ੍ਰਧਾਨ ਮੰਤਰੀ ਵਜੋਂ ਮੋਦੀ ਦੇ ਕਾਰਜਕਾਲ ਵਿੱਚ ਸੰਬੰਧਤ ਭਾਰਤ ਦੀ ਨਿਆਂ ਪ੍ਰਣਾਲੀ ਹੁਣ ਸੁਤੰਤਰ ਨਹੀਂ ਹੈ। ਨਿਆਂਇਕ ਸ਼ਾਖਾ ਦੀ ਖੁਦਮੁਖਤਿਆਰੀ ਨੂੰ ਕਮਜ਼ੋਰ ਕਰਨ ਲਈ ਮੋਦੀ ਸਰਕਾਰ ਦੁਆਰਾ ਵਰਤੀਆਂ ਗਈਆਂ ਰਣਨੀਤੀਆਂ ਲੋਕਤੰਤਰ ਨੂੰ ਕਮਜ਼ੋਰ ਕਰਦੀਆਂ ਹਨ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕਾਰਜਕਾਲ ਦੌਰਾਨ ਭਾਰਤ ਦੀ ਨਿਆਂਪਾਲਿਕਾ ਦੀ ਸੁਤੰਤਰਤਾ ਨੂੰ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਿਆਂਇਕ ਖੁਦਮੁਖਤਿਆਰੀ ਨੂੰ ਲਗਾਏ ਜਾ ਰਹੇ ਖੋਰੇ ਨੇ ਦੁਨੀਆ ਦੇ ਸਭ ਤੋਂ ਵੱਡੇ ਕਹੇ ਜਾਂਦੇ ਲੋਕਤੰਤਰ ਵਿੱਚ ਸ਼ਕਤੀਆਂ ਦੇ ਵੱਖ ਹੋਣ, ਪਾਰਦਰਸ਼ਤਾ ਅਤੇ ਕਾਨੂੰਨ ਦੇ ਸ਼ਾਸਨ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ।

ਇਸ ਦਾ ਪਤਨ ਤੇਜ਼ੀ ਨਾਲ ਉਦੋਂ ਧਿਆਨ ਵਿਚ ਆਇਆ, ਜਦੋਂ ਭਾਰਤੀ ਸੁਪਰੀਮ ਕੋਰਟ ਦੇ ਚਾਰ ਸੀਨੀਅਰ ਜੱਜਾਂ-ਕੁਰੀਅਨ ਜੋਸੇਫ, ਜਸਤੀ ਚੇਲਾਮੇਸ਼ਵਰ, ਮਦਨ ਲੋਕੁਰ ਅਤੇ ਰੰਜਨ ਗੋਗੋਈ ਨੇ ਜਨਤਕ ਤੌਰ ’ਤੇ ਆਪਣੀਆਂ ਚਿੰਤਾਵਾਂ ਪ੍ਰਗਟ ਕੀਤੀਆਂ ਕਿ ਨਿਆਂਪਾਲਿਕਾ ਨੂੰ ਸਿਆਸੀ ਕਬਜ਼ੇ ਦਾ ਖ਼ਤਰਾ ਹੈ। ਇਹ ਵਾਕਿਆ ਹੀ ਚਿੰਤਾ ਵਾਲੀ ਗੱਲ ਹੈ। ਸਮੇਂ ਦੀ ਅਹਿਮ ਲੋੜ ਹੈ ਮੌਜੂਦਾ ਲੋਕਤੰਤਰ ਨੂੰ ਬਚਾਉਣ ਦੀ। ਭਾਰਤ ਵਿੱਚ ਲੋਕਤੰਤਰ ਨੂੰ ਬਚਾਉਣ ਲਈ ਲੋਕ ਲਹਿਰਾਂ ਦੀ ਲੋੜ ਹੈ, ਜਿਸ ਦੀ ਅਸੀਂ ਘਾਟ ਮਹਿਸੂਸ ਕਰ ਰਹੇ ਹਾਂ।

**# ਸੰਪਰਕ : 98550-04500**

# ਬੀ ਕੇ ਯੂ ਕ੍ਰਾਂਤੀਕਾਰੀ ਵੱਡਾ ਕਾਫ਼ਲਾ ਲੈ ਕੇ ਬਰਨਾਲਾ ਪ੍ਰੋਗਰਾਮ 'ਚ ਹੋਵੇਗੀ ਸ਼ਾਮਲ



**ਮੋਗਾ (ਅਮਰਜੀਤ ਬੱਬਰੀ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਕਮੇਟੀ ਮੋਗਾ-2 ਦੀ ਮੀਟਿੰਗ ਢੁੱਡੀਕੇ ਵਿਖੇ ਬਲਾਕ ਪ੍ਰਧਾਨ ਜਗਤਾਰ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਵਿੱਚ ਹੋਈ, ਜਿਸ ਵਿੱਚ ਪਿੰਡਾਂ ਦੀਆਂ ਕਮੇਟੀਆਂ ਨੇ ਹਿੱਸਾ ਲਿਆ। ਮੀਟਿੰਗ ਵਿੱਚ ਸੂਬਾ ਪ੍ਰਧਾਨ ਬਲਦੇਵ ਸਿੰਘ ਜੀਰਾ, ਲੋਕ ਸੰਗਰਾਮ ਮੋਰਚਾ ਦੇ ਸੂਬਾ ਪ੍ਰਧਾਨ ਤਾਰਾ ਸਿੰਘ ਮੋਗਾ ਤੇ ਚੇਅਰਮੈਨ ਸੁਰਜੀਤ ਫੂਲ ਵਿਸ਼ੇਸ਼ ਤੌਰ 'ਤੇ ਪੁੱਜੇ ਸਨ।

ਬਲਦੇਵ ਸਿੰਘ ਜੀਰਾ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਮੁੜ ਏਕਾ ਕਰਕੇ ਕਿਸਾਨੀ ਮੰਗਾਂ ਲਈ ਸੰਘਰਸ਼ ਕਰਨ ਦੀ ਤਿਆਰੀ ਕਰ ਰਹੀਆਂ ਹਨ।18 ਜਥੇਬੰਦੀਆਂ ਦਾ ਸਾਂਝਾ ਮੋਰਚਾ ਤੇ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਿਕ) ਨੇ ਇਕੱਠੇ ਹੋ ਕੇ ਸੱਦਾ ਦਿੱਤਾ ਹੈ ਕਿ 2 ਜਨਵਰੀ ਨੂੰ ਜੰਡਿਆਲਾ ਗੁਰੂ ਨੂੰ ਅਤੇ 6 ਜਨਵਰੀ ਨੂੰ ਬਰਨਾਲਾ ਵਿਖੇ ਬਹੁਤ ਵੱਡੀਆਂ ਕਾਨਫਰੰਸਾਂ ਕੀਤੀਆਂ ਜਾ ਰਹੀਆਂ ਹਨ।ਦਿੱਲੀ ਨਾਲ ਪੇਚਾ ਪਾਉਣ ਤੋਂ ਪਹਿਲਾਂ ਇਹ ਸਾਡਾ ਸੈਮੀਫਾਈਨਲ ਹੈ।

ਸੁਰਜੀਤ ਫੂਲ ਨੇ ਸਾਰੀਆਂ ਕਮੇਟੀਆਂ ਦੇ ਆਗੂਆਂ ਨੂੰ ਕਿਹਾ ਕਿ ਘਰ-ਘਰ ਜਾਕੇ ਬਰਨਾਲਾ ਮਹਾਂਪੰਚਾਇਤ ਲਈ ਸੱਦਾ ਦਿੱਤਾ ਜਾਵੇ।ਸਟੇਟ ਕਮੇਟੀ ਵੀ ਕਿਸਾਨ ਮੰਗਾਂ ਲਈ ਕੋਈ ਅੰਦੋਲਨ ਨਹੀਂ ਕਰ ਸਕਦੀ।ਮੋਦੀ ਸਰਕਾਰ ਨੇ ਬਾਹਰੋਂ ਮੰਗਵਾਈ ਜਾ ਰਹੀ ਕਣਕ ਤੇ ਐਕਸਾਈਜ ਡਿਊਟੀ 'ਤੇ ਛੋਟ ਦੇ ਦਿੱਤੀ, ਜਿਥੇ ਸਾਡੀ ਕਣਕ ਦਾ ਭਾਅ ਹੇਠ ਡਿੱਗੇਗਾ ਅਤੇ ਕਣਕ ਰੁਲ ਵੀ ਸਕਦੀ ਹੈ। ਇਸ ਤਰ੍ਹਾਂ ਕਿਸਾਨ ਨੂੰ ਪ੍ਰੇਸ਼ਾਨ ਕਰਕੇ ਕਾਰਪੋਰੇਟਾਂ ਨੂੰ ਜ਼ਮੀਨਾਂ ਵੇਚਣ ਲਈ ਮਜਬੂਰ ਕਰਨਾ ਹੈ। ਤਾਰਾ ਸਿੰਘ ਮੋਗਾ ਨੇ ਮੀਟਿੰਗ ਨੂੰ ਸੰਬੋਧਨ ਹੁੰਦਾ ਦੱਸਿਆ ਕਿ 29 ਦਸੰਬਰ ਨੂੰ ਪਾਰਲੀਮਾਨੀ ਘਟਨਾ ਸਬੰਧੀ ਜੋ ਨੌਜਵਾਨ ਮੁੰਡੇ ਤੇ ਕੁੜੀ ਗ੍ਰਿਫ਼ਤਾਰ ਕੀਤੇ ਹਨ, ਕੇਸ ਖਾਰਜ ਕਰਕੇ ਰਿਹਾਈ ਲਈ ਆਵਾਜ਼ ਉਠਾਉਣੀ ਹੈ, ਕਿਉਂਕਿ ਇਹ ਅੱਤਵਾਦੀ ਹਮਲਾ ਨਹੀਂ ਸੀ।ਨੌਜਵਾਨਾਂ ਨੇ ਬੇਰੁਜ਼ਗਾਰੀ ਦਾ ਮਸਲਾ ਤੇ ਮੋਦੀ ਸਰਕਾਰ ਦੀ ਤਾਨਾਸ਼ਾਹੀ ਦਾ ਮਸਲਾ ਆਦਿ ਉਭਾਰੇ ਸਨ। ਜਗਤਾਰ ਸਿੰਘ ਧਾਲੀਵਾਲ ਨੇ ਸਮੱਸਿਆ ਰੱਖੀ ਕਿ ਉਸ ਨੂੰ ਪਰਵਾਰ ਕਰਕੇ ਵਿਦੇਸ਼ ਜਾਣਾ ਪੈਂਦਾ ਹੈ। ਮੈਂ ਯੂਨੀਅਨ ਦੇ ਬਲਾਕ ਪ੍ਰਧਾਨਗੀ ਨਾਲ ਇਨਸਾਫ਼ ਨਹੀਂ ਕਰਦਾ।ਇਹ ਡਿਊਟੀ ਕੋਈ ਹੋਰ ਸਾਥੀ ਸਾਂਭ ਲਵੇ।ਬਲਾਕ ਸਕੱਤਰ ਸੰਦੀਪ ਸਿੰਘ ਚੂਹੜਚੱਕ ਨੂੰ ਪ੍ਰਧਾਨ ਅਤੇ ਬਲਾਕ ਸਕੱਤਰ ਟਹਿਲ ਸਿੰਘ ਝੰਡੇਆਣਾ ਨੂੰ ਚੁਣਿਆ ਗਿਆ।

# ਫ਼ਲਸਤੀਨ ਦੇ ਹੱਕ ਤੇ ਸਾਮਰਾਜ ਦੇ ਵਿਰੋਧ 'ਚ ਰੈਲੀ ਤੇ ਮਾਰਚ 31 ਨੂੰ

**ਲੁਧਿਆਣਾ (ਐਮ.ਐਸ.ਭਾਟੀਆ)** ਪੰਜਾਬ ਦੀਆਂ ਸੱਤ ਖੱਬੀਆਂ ਇਨਕਲਾਬੀ ਪਾਰਟੀਆਂ ਤੇ ਜਥੇਬੰਦੀਆਂ ਵੱਲੋਂ ਸੰਸਾਰ ਵਿੱਚ ਛੇੜੀਆਂ ਨਜਾਇਜ਼ ਜੰਗਾਂ ਵਿਰੁੱਧ, ਇਜਰਾਇਲ ਵੱਲੋਂ ਫਲਸਤੀਨ ਦੇ ਲੋਕਾਂ ਦੀ ਕੀਤੀ ਜਾ ਰਹੀ ਕਤਲੋਗਾਰਦ ਖਿਲਾਫ਼, ਰੂਸ ਤੇ ਯੂਕਰੇਨ ਵਿਚਕਾਰ ਜੰਗ ਦੇ ਖਿਲਾਫ ਸੂਬੇ ਭਰ ਵਿੱਚ ਆਵਾਜ਼ ਬੁਲੰਦ ਕਰਨ ਦੇ ਸੱਦੇ ਤਹਿਤ ਲੁਧਿਆਣਾ ਜ਼ਿਲ੍ਹੇ ਦੀਆਂ ਖੱਬੀਆਂ ਤੇ ਜਮੂਹਰੀ ਪਾਰਟੀਆਂ ਤੇ ਜਥੇਬੰਦੀਆਂ ਜਿਨ੍ਹਾਂ ਵਿੱਚ ਸੀਪੀਆਈ, ਆਰ.ਐਮ.ਪੀ.ਆਈ, ਮੁਕਤੀ ਸੰਗਰਾਮ ਮਜ਼ਦੂਰ ਮੰਚ ਅਤੇ ਇਨਕਲਾਬੀ ਕੇਂਦਰ ਪੰਜਾਬ ਸ਼ਾਮਲ ਸਨ, ਵੱਲੋਂ ਡਾਕਟਰ ਅਰੁਣ ਮਿੱਤਰਾ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਫ਼ਲਸਤੀਨ ਦੇ ਹੱਕ ਵਿੱਚ ਤੇ ਇਜਰਾਇਲ ਅਤੇ ਉਸਦੇ ਸਾਮਰਾਜੀ ਆਕਾਵਾਂ ਵਿਰੁੱਧ ਰੈਲੀ ਅਤੇ ਮੁਜਾਹਰਾ ਕਰਨ ਦਾ ਫ਼ੈਸਲਾ ਕੀਤਾ ਗਿਆ।

ਆਗੂਆਂ ਨੇ ਕਿਹਾ ਕਿ ਪਿਛਲੇ ਢਾਈ ਮਹੀਨਿਆਂ ਤੋਂ ਫ਼ਲਸਤੀਨ ਨੂੰ ਕਬਰਿਸਤਾਨ 'ਚ ਬਦਲਣ ਲਈ ਅਮਰੀਕਾ ਤੇ ਯੂਰਪੀਅਨ ਯੂਨੀਅਨ ਦੇ ਦੇਸਾਂ ਦੀ ਸ਼ਹਿ 'ਤੇ ਇਜਰਾਇਲ ਵੱਲੋਂ ਫ਼ਲਸਤੀਨੀ ਲੋਕਾਂ ਨੂੰ ਉਨ੍ਹਾਂ ਦੇ ਆਪਣੇ ਹੀ ਦੇਸ 'ਚੋਂ ਕੱਢਣ ਲਈ ਹਮਲੇ ਕੀਤੇ ਜਾ ਰਹੇ ਹਨ, ਜਿਸ ਖਿਲਾਫ਼ ਦੁਨੀਆ ਭਰ ਵਿੱਚ ਆਵਾਜ਼ ਉਠਾਈ ਜਾ ਰਹੀ ਹੈ।

ਆਗੂਆਂ ਨੇ ਕਿਹਾ ਕਿ ਯੂ ਐਨ ਓ ਅਤੇ ਸੰਸਾਰ ਭਰ ਦੇ ਜ਼ਬਰਦਸਤ ਵਿਰੋਧ ਨੂੰ ਅੱਖੋਂ-ਪਰੋਖੇ ਕਰਨ ਵਾਲੇ ਇਜ਼ਰਾਇਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੂੰ ਜੰਗੀ ਅਪਰਾਧੀ ਐਲਾਨਿਆ ਜਾਣਾ ਚਾਹੀਦਾ ਹੈ।

ਮੋਦੀ ਦੇ ਇਜਰਾਇਲ ਦੇ ਹੱਕ ਵਿੱਚ ਖਲੋਣ ਦੀ ਜ਼ਬਰਦਸਤ ਨਿੰਦਾ ਕੀਤੀ ਗਈ। ਮੀਟਿੰਗ ਤੋਂ ਬਾਅਦ ਕਿਹਾ ਗਿਆ ਹੈ ਕਿ ਇਹ ਰੈਲੀ ਸ਼ਹੀਦ ਕਰਤਾਰ ਸਿੰਘ ਸਰਾਭਾ ਪਾਰਕ, ਭਾਈ ਬਾਲਾ ਚੌਕ ਵਿਖੇ 31 ਦਸੰਬਰ ਨੂੰ ਸਵੇਰੇ 11 ਵਜੇ ਕੀਤੀ ਜਾਵੇਗੀ।

ਮੀਟਿੰਗ ਵਿੱਚ ਕਾਮਰੇਡ ਡੀ ਪੀ ਮੌੜ, ਪ੍ਰੋਫ਼ੈਸਰ ਜੈਪਾਲ ਸਿੰਘ, ਲਖਵਿੰਦਰ ਸਿੰਘ, ਸੁਰਿੰਦਰ ਸਿੰਘ, ਕਾਮਰੇਡ ਪਰਮਜੀਤ ਸਿੰਘ, ਗਗਨਦੀਪ ਕੌਰ, ਸਤਨਾਮ ਸਿੰਘ, ਐਮ ਐਸ ਭਾਟੀਆ, ਜਗਦੀਸ਼ ਚੰਦ, ਡਾਕਟਰ ਗੁਲਜਾਰ ਪੰਧੇਰ, ਰਘਬੀਰ ਸਿੰਘ ਬੈਨੀਪਾਲ, ਚਰਨ ਸਰਾਭਾ, ਬਲਕੌਰ ਸਿੰਘ ਗਿੱਲ ਤੇ ਡਾਕਟਰ ਬਲਵਿੰਦਰ ਸਿੰਘ ਔਲਖ ਸ਼ਾਮਲ ਹੋਏ।

# ਪੁਲਸ ਮੁਲਾਜ਼ਮ ਦੇ ਸੱਟਾਂ ਮਾਰ ਕੇ ਸਰਕਾਰੀ ਪਿਸਟਲ ਖੋਹਣ ਵਾਲੇ ਦੋ ਦੋਸ਼ੀ ਕਾਬੂ



**ਮੋਗਾ (ਅਮਰਜੀਤ ਬੱਬਰੀ)**-ਸੀਨੀਅਰ ਸਿਪਾਹੀ ਸਤਨਾਮ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਦੁੱਨੇਕੇ ਜੋ ਕਿ ਪੁਲਸ ਚੌਕੀ ਕਮਾਲਕੇ ਥਾਣਾ ਧਰਮਕੋਟ ਵਿਖੇ ਤਾਇਨਾਤ ਹੈ, ਦੇ ਪਿਛਲੇ ਦਿਨੀਂ ਅਣਪਛਾਤੇ ਵਿਅਕਤੀਆਂ ਨੇ ਹਮਲਾ ਕਰ ਦਿੱਤਾ ਸੀ। ਉਸ ਪਾਸੋਂ ਹਮਲਾਵਰਾਂ ਨੇ ਸਰਕਾਰੀ ਪਿਸਟਲ, ਜਿਸ ਵਿੱਚ 10 ਰੌਂਦ ਸਨ, ਮੋਬਾਇਲ ਜਿਸ ਵਿੱਚ ਸਰਕਾਰੀ ਨੰਬਰ 9780007866 ਸੀ, ਖੋਹ ਲਿਆ ਤੇ ਕੋਟ ਈਸੇ ਖਾਂ ਵਾਲੀ ਸਾਈਡ ਫਰਾਰ ਹੋ ਗਏ।ਸੀਨੀਅਰ ਪੁਲਿਸ ਕਪਤਾਨ ਮੋਗਾ ਵਿਵੇਕਸ਼ੀਲ ਸੋਨੀ ਨੇ ਬੁੱਧਵਾਰ ਪ੍ਰੈਸ ਕਾਨਫਰੰਸ ਮੌਕੇ ਦੱਸਿਆ ਕਿ ਇਸ ਕੇਸ ਵਿਚਲੇ ਦੋਸ਼ੀਆਂ ਦੀ ਭਾਲ ਕਰਨ ਲਈ ਵੱਖ ਵੱਖ ਟੀਮਾਂ ਬਣਾਈਆਂ ਗਈਆਂ ਸਨ।ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਲਈ ਇੰਸਪੈਕਟਰ ਦਲਜੀਤ ਸਿੰਘ ਇੰਚਾਰਜ ਸੀ ਆਈ ਏ ਸਟਾਫ, ਮਹਿਣਾ ਤੇ ਸਬ ਇੰਸਪੈਕਟਰ ਜਸਬੀਰ ਸਿੰਘ ਮੁੱਖ ਅਫਸਰ ਥਾਣਾ ਸਿਟੀ ਮੋਗਾ ਵੱਲੋਂ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਗਈ। ਤਫਤੀਸ਼ ਦੌਰਾਨ ਪਤਾ ਲੱਗਾ ਕਿ ਇਸ ਮਾਮਲੇ ਦੇ ਅਕਾਸ਼ਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਸ਼ਾਹਵਾਲਾ ਰੋਡ ਧੱਕਾ ਬਸਤੀ ਜਜ਼ੀਰਾ, ਰਾਜ ਕੁਮਾਰ ਉਰਫ ਰਾਜੂ ਪੁੱਤਰ ਪ੍ਰਕਾਸ਼ ਚੰਦ ਵਾਸੀ ਗਊਸ਼ਾਲਾ ਰੋਡ ਬਸਤੀ ਮਾਛੀਆ ਜ਼ੀਰਾ, ਰੋਹਿਤ ਕੁਮਾਰ ਉਰਫ ਕੌਡੀ ਪੁੱਤਰ ਕਾਲਾ ਸਬਜ਼ੀ ਵਾਲਾ ਵਾਸੀ ਡਾਕਖਾਨਾ ਵਾਲੀ ਗਲੀ ਮੱਟਾ ਵਾਲਾ ਵੇਹੜਾ ਜ਼ੀਰਾ ਤੇ ਲਵਪ੍ਰੀਤ ਸਿੰਘ ਪੁੱਤਰ ਰੇਸ਼ਮ ਸਿੰਘ ਵਾਸੀ ਸ਼ਾਹਵਾਲਾ ਰੋਡ ਜ਼ੀਰਾ ਥਾਣਾ ਜ਼ੀਰਾ ਜ਼ਿਲ੍ਹਾ ਫਿਰੋਜ਼ਪੁਰ ਦੋਸ਼ੀ ਹਨ।ਇਨ੍ਹਾਂ ਵਿੱਚੋਂ ਪੁਲਸ ਵੱਲੋਂ ਅਕਾਸ਼ਦੀਪ ਸਿੰਘ, ਰਾਜ ਕੁਮਾਰ ਉਰਫ ਰਾਜੂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਇਨ੍ਹਾਂ ਪਾਸੋਂ ਖੋਹਿਆ ਹੋਇਆ ਸਰਕਾਰੀ ਪਿਸਟਲ, ਇੱਕ ਗੰਡਾਸਾ ਅਤੇ ਇੱਕ ਗੱਡੀ ਇਨੋਵਾ ਬਰਾਮਦ ਕੀਤੀ ਜਾ ਚੁੱਕੀ ਹੈ। ਗ੍ਰਿਫਤਾਰ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਹੋਰ ਪੁੱਛਗਿੱਛ ਕੀਤੀ ਜਾਵੇਗੀ। ਸੀਨੀਅਰ ਸਿਪਾਹੀ ਸਤਨਾਮ ਸਿੰਘ ਆਪਣੇ ਘਰੋਂ ਆਪਣੀ ਡਿਊਟੀ ਪੁਲਸ ਚੌਕੀ ਨੂੰ ਆਪਣੇ ਦੋਸਤ ਹਰਪ੍ਰੀਤ ਸਿੰਘ ਵਾਸੀ ਚੱਕ ਤਾਰੇਵਾਲਾ ਦੀ ਗੱਡੀ ਰਾਹੀਂ ਜਾ ਰਿਹਾ ਸੀ। ਟਾਇਰ ਪੈਂਚਰ ਹੋਣ ਕਰਕੇ ਜਦੋਂ ਉਹ ਟਾਇਰ ਬਦਲਣ ਲੱਗਾ ਤਾਂ ਲੁਹਾਰਾ ਚੌਕ ਤੋਂ ਇਨੋਵਾ ਗੱਡੀ ਰੰਗ ਚਿੱਟਾ ਆ ਕੇ ਉਸ ਪਾਸ ਰੁਕੀ। ਜਿਸ ਵਿੱਚੋਂ ਤਿੰਨ ਅਣਪਛਾਤੇ ਵਿਅਕਤੀ ਨਿਕਲੇ। ਜਿਨ੍ਹਾਂ ਵਿੱਚੋਂ ਇੱਕ ਪਾਸ ਲੋਹੇ ਦਾ ਕਾਪਾ ਪਾਇਪ ਗੰਡਾਸਾ ਅਤੇ ਦੂਜੇ ਦੋਨੋਂ ਵਿਅਕਤੀਆਂ ਕੋਲ ਬੇਸਬਾਲ ਸਨ। ਜਿਨ੍ਹਾਂ ਵਿੱਚੋਂ ਕਾਪਾ ਪਾਈਪ ਗੰਡਾਸੇ ਵਾਲੇ ਨੇ ਮੁਦੱਈ ਦੇ ਸਿਰ ਵਿੱਚ ਟਾਇਰ ਬਦਲਦੇ ਦੇ ਗੰਡਾਸਾ ਮਾਰਿਆ ਤਾਂ ਮੁਦੱਈ ਆਪਣੇ ਬਚਾਅ ਲਈ ਆਪਣਾ ਸਰਕਾਰੀ ਪਿਸਟਲ ਆਪਣੇ ਡੱਬ ਵਿੱਚੋਂ ਕੱਢਣ ਲੱਗਾ ਤਾਂ ਨਾਲ ਦੇ ਦੋਨੋ ਵਿਅਕਤੀਆਂ ਨੇ ਮੁਦੱਈ ਦੀਆਂ ਬਾਹਾਂ ਫੜ ਲਈਆਂ ਤੇ ਕਾਪੇ ਵਾਲੇ ਵਿਅਕਤੀ ਨੇ ਮੁਦੱਈ ਦੇ ਸਿਰ 'ਤੇ ਕਾਪੇ ਦੇ ਕਈ ਵਾਰ ਕੀਤੇ ਤਾਂ ਏਨੇ ਨੂੰ ਰੋਡ ਪਰ ਲਾਈਟਾਂ ਪੈਣ ਕਰਕੇ ਇਹ ਤਿੰਨੇ ਜਾਣੇ ਮੁਦੱਈ ਦੇ ਸੱਟਾਂ ਮਾਰ ਕੇ ਮੁਦੱਈ ਦਾ ਸਰਕਾਰੀ ਪਿਸਟਲ, ਜਿਸ ਵਿੱਚ 10 ਰੌਂਦ ਸਨ, ਖੋਹ ਕੇ ਅਤੇ ਮੋਬਾਇਲ ਫੋਨ ਖੋਹ ਕੇ ਆਪਣੇ ਹਥਿਆਰਾਂ ਸਮੇਤ ਇਨੋਵਾ ਗੱਡੀ 'ਤੇ ਸਵਾਰ ਹੋ ਕੇ ਕੋਟ ਈਸੇ ਖਾਂ ਵਾਲੀ ਸਾਈਡ ਵੱਲ ਚਲੇ ਗਏ। ਦੋ ਨੌਜਵਾਨਾਂ ਨੇ ਮੁਦੱਈ ਦੀ ਗੱਡੀ ਦਾ ਟਾਇਰ ਬਦਲ ਕੇ ਇਲਾਜ ਵਾਸਤੇ ਹਰਬੰਸ ਨਰਸਿੰਗ ਹੋਮ ਧਰਮਕੋਟ ਰੋਡ, ਕੋਟ ਈਸੇ ਖਾਂ ਦਾਖਲ਼ ਕਰਵਾਇਆ।ਜਿੱਥੇ ਮੁਦੱਈ ਜ਼ੇਰੇ ਇਲਾਜ ਹੈ।

## ਕਾਤਰਾਂ

### ਬੀਬੀ ਬਲਵਿੰਦਰ ਕੌਰ ਦੇ ਵਿਛੋੜੇ 'ਤੇ ਦੁੱਖ ਦਾ ਇਜ਼ਹਾਰ

**ਲੁਧਿਆਣਾ (ਐੱਮ ਐੱਸ ਭਾਟੀਆ)** ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਨੇ ਗ਼ਦਰ ਪਾਰਟੀ ਦੇ ਆਗੂ ਗ਼ਦਰੀ ਬਾਬਾ ਦੁੱਲਾ ਸਿੰਘ ਜਲਾਲਦੀਵਾਲ ਦੀ ਪੋਤਰੀ ਤੇ ਕਮਿਊਨਿਸਟ ਆਗੂ ਸੁਰਿੰਦਰ ਸਿੰਘ ਜਲਾਲਦੀਵਾਲ ਦੇ ਭੈਣ ਜੀ ਬਲਵਿੰਦਰ ਕੌਰ ਦੇ ਸਦੀਵੀ ਵਿਛੋੜੇ 'ਤੇ ਦੁੱਖ ਦਾ ਇਜ਼ਹਾਰ ਕੀਤਾ ਹੈ। ਜ਼ਿਕਰਯੋਗ ਹੈ ਕਿ ਬਾਬਾ ਦੁੱਲਾ ਸਿੰਘ ਜਲਾਲਦੀਵਾਲ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੁੱਢਲੇ ਆਗੂ ਅਤੇ ਬਰਤਾਨਵੀ ਹਕੂਮਤ ਦਾ ਬੇਤਹਾਸ਼ਾ ਜਬਰ ਝੱਲਣ ਵਾਲੇ ਗ਼ਦਰੀ ਬਾਬੇ ਸਨ।

ਸੀਪੀਆਈ ਜ਼ਿਲ੍ਹਾ ਲੁਧਿਆਣਾ ਦੇ ਸਕੱਤਰ ਕਾਮਰੇਡ ਡੀਪੀ ਮੌੜ, ਸਹਾਇਕ ਸਕੱਤਰ ਡਾਕਟਰ ਅਰੁਣ ਮਿੱਤਰਾ, ਚਮਕੌਰ ਸਿੰਘ ਅਤੇ ਵਿੱਤ ਸਕੱਤਰ ਐਮ ਐਸ ਭਾਟੀਆ ਨੇ ਕਿਹਾ ਹੈ ਕਿ ਪਾਰਟੀ ਉਨ੍ਹਾਂ ਦੇ ਪਰਵਾਰ ਨਾਲ ਅਤੇ ਉਨ੍ਹਾਂ ਦੇ ਭਰਾ ਅਤੇ ਗ਼ਦਰੀ ਬਾਬਾ ਦੁੱਲਾ ਸਿੰਘ ਦੇ ਪੋਤੇ ਸੁਰਿੰਦਰ ਸਿੰਘ ਜਲਾਲਦੀਵਾਲ, ਜੋ ਜ਼ਿਲ੍ਹਾ ਲੁਧਿਆਣਾ ਦੀ ਪਾਰਟੀ ਅਤੇ ਕਿਸਾਨ ਸਭਾ ਦੇ ਸੀਨੀਅਰ ਆਗੂ ਹਨ ਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਸੀਨੀਅਰ ਮੈਂਬਰ ਹਨ ਨਾਲ, ਦੁੱਖ ਸਾਂਝਾ ਕਰਦੀ ਹੈ।

### ਪਾਥਵੇਜ਼ ਗਲੋਬਲ ਸਕੂਲ ਨੇ 'ਸਫ਼ਰ ਏ ਸ਼ਹਾਦਤ' ਸ਼ਹੀਦੀ ਹਫ਼ਤਾ ਮਨਾਇਆ

**ਕੋਟ ਈਸੇ ਖਾਂ (ਅਰੋੜਾ)** ਪਾਥਵੇਅਜ ਗਲੋਬਲ ਸਕੂਲ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਾਤਾ ਗੁਜਰੀ ਜੀ ਤੇ ਚਾਰੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ 'ਸਫ਼ਰ ਏ ਸ਼ਹਾਦਤ' ਸ਼ਹੀਦੀ ਹਫ਼ਤਾ ਮਨਾਇਆ ਗਿਆ। ਸ਼ਹਾਦਤ ਨੂੰ ਮੁੱਖ ਰੱਖਦੇ ਹੋਏ ਪਾਥਵੇਜ ਗਲੋਬਲ ਸਕੂਲ ਵੱਲੋਂ ਇੱਕ ਸਪੈਸ਼ਲ ਸਵੇਰ ਦੀ ਸਭਾ ਦਾ ਪ੍ਰਬੰਧ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ, ਸਪੀਚ ਤੇ ਕਵਿਤਾ ਗਾਇਨ ਆਦਿ ਪੇਸ਼ ਕੀਤੇ ਗਏ। ਸਕੂਲ ਦੇ ਕਮੇਟੀ ਮੈਂਬਰ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ ਤੇ ਪ੍ਰਿੰਸੀਪਲ ਡਾਕਟਰ ਪੰਕਜ ਧਮੀਜਾ ਨੇ ਸ਼ਹੀਦੀ ਦਿਵਸ ਮੌਕੇ ਗੁਰੂ ਗੋਬਿੰਦ ਸਿੰਘ ਜੀ ਅਤੇ ਚਾਰੋਂ ਸਾਹਿਬਜ਼ਾਦਿਆਂ ਨੂੰ ਕੋਟਾਨ ਕੋਟ ਪ੍ਰਣਾਮ ਕੀਤਾ।

### ਹਰਿਆਣਾ ਟੀਮ ਵੱਲੋਂ ਰੇਂਜ ਰੋਵਰ ਕਾਰਨੀਵਲ 'ਚ ਤੀਜਾ ਸਥਾਨ ਹਾਸਲ

**ਸਿਰਸਾ (ਸੁਰਿੰਦਰ ਪਾਲ ਸਿੰਘ)** ਭਾਰਤ ਸਕਾਊਟ ਐਂਡ ਗਾਈਡ ਵੱਲੋਂ ਕਰਨਾਟਕ ਦੇ ਬਲਗਾਵੀ ਵਿਖੇ ਕਰਾਏ ਗਏ ਰਾਸ਼ਟਰੀ ਪੱਧਰ ਦੇ ਰੇਂਜ ਰੋਵਰ ਕਾਰਨੀਵਲ ਕੈਂਪ ਵਿਚ ਰਾਸ਼ਟਰੀ ਪੱਧਰ ਦੇ 18 ਰਾਜਾਂ ਦੀਆਂ ਟੀਮਾਂ ਨੇ ਭਾਗ ਲਿਆ। ਇਸ 5 ਦਿਨਾਂ ਕਾਰਨੀਵਾਲ ਕੈਂਪ ਵਿੱਚ ਹਰਿਆਣਾ ਵੱਲੋਂ ਮਾਤਾ ਗੁਜਰੀ ਓਪਨ ਗਰੁੱਪ ਅਤੇ ਬਾਬਾ ਭੂਸ਼ਨ ਸ਼ਾਹ ਓਪਨ ਗਰੁੱਪ ਸਿਰਸਾ ਦੀਆਂ ਟੀਮਾਂ ਨੇ ਭਾਗ ਲਿਆ, ਜਿਸ ਵਿੱਚ ਸਿਰਸਾ ਦੀ ਟੀਮ ਰੈਂਪ ਵਾਕ ਵਿੱਚ ਪਹਿਲੇ, ਲੋਕ ਨਾਚ ਵਿੱਚ ਦੂਜੇ, ਆਲਰਾਊਂਡ ਨਿਰੀਖਣ ਵਿੱਚ ਵੀ ਦੂਜੇ ਅਤੇ ਫੂਡ ਪਲਾਜ਼ਾ ਵਿੱਚ ਤੀਜੇ ਸਥਾਨ 'ਤੇ ਰਹੀ।ਇਸ ਕਾਰਨ ਉਸ ਨੇ ਪੂਰੇ ਕੌਮੀ ਪੱਧਰ 'ਤੇ ਤੀਜਾ ਸਥਾਨ ਹਾਸਲ ਕੀਤਾ, ਜਿਸ ਵਿੱਚ ਹਰਿਆਣਾ ਟੀਮ ਦੀ ਨੁਮਾਇੰਦਗੀ ਬੀ.ਓ.ਸੀ ਗੁਰਦਾਸ ਸਿੰਘ ਤੇ ਗਾਈਡ ਕੈਪਟਨ ਸਰਬਜੀਤ ਕੌਰ ਨੇ ਕੀਤੀ।ਇਸ ਟੀਮ ਵਿੱਚ ਹਰਿਆਣਾ ਵਾਲੋ ਡੀ.ਓ.ਸੀ ਸਕਾਊਟ ਡਾ. ਇੰਦਰਸੈਨ ਤੇ ਡੀ.ਓ.ਸੀ ਗਾਈਡ ਊਸ਼ਾ ਗੁਪਤਾ ਰਾਸ਼ਟਰੀ ਸਟਾਫ਼ ਵਜੋਂ ਹਾਜ਼ਰ ਰਹੇ।

# ਛੋਟੇ ਸਾਹਿਬਜ਼ਾਦਿਆਂ ਦੀਆਂ ਲਾਸਾਨੀ ਸ਼ਹਾਦਤਾਂ ਨੂੰ ਕਵੀ ਦਰਬਾਰ ਰਾਹੀਂ ਭੇਟ ਕੀਤੀ ਅਕੀਦਤ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਭਾਸ਼ਾ ਵਿਭਾਗ ਪੰਜਾਬ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ ਦੀਆਂ ਸ਼ਹਾਦਤਾਂ ਨੂੰ ਸਮਰਪਿਤ ਸ਼ਹੀਦੀ ਸਭਾ ਮੌਕੇ ਕਵੀ ਦਰਬਾਰ ਕਰਾਇਆ ਗਿਆ, ਜਿਸ ਦੌਰਾਨ ਪੰਜ ਸਾਲ ਦੇ ਸਾਹਿਬਜੋਤ ਸਿੰਘ ਤੋਂ ਲੈਕੇ 77 ਸਾਲ ਦੇ ਅਨੂਪ ਸਿੰਘ ਖਾਨਪੁਰੀ ਸਮੇਤ ਵੱਖ ਵੱਖ ਕਵੀਆਂ ਨੇ ਵੱਖ-ਵੱਖ ਵੰਨਗੀਆਂ ਦੀਆਂ ਕਵਿਤਾਵਾਂ ਨਾਲ ਲਾਸਾਨੀ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ, ਭਾਸ਼ਾ ਵਿਭਾਗ ਪੰਜਾਬ ਦੀ ਡਾਇਰੈਕਟਰ ਹਰਪ੍ਰੀਤ ਕੌਰ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਸ਼ਿਰਕਤ ਕੀਤੀ।

ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਨਵੀਂ ਪੀੜ੍ਹੀ ਨੂੰ ਸਾਡੇ ਕੁਰਬਾਨੀਆਂ ਵਾਲੇ ਅਮੀਰ ਵਿਰਸੇ ਨਾਲ ਜੋੜਨ ਲਈ ਅਜਿਹੇ ਸਮਾਗਮ ਕਰਾਏ ਜਾਣੇ ਅਤਿ ਜਰੂਰੀ ਹਨ।ਇਸੇ ਮਨੋਰਥ ਨਾਲ ਭਾਸ਼ਾ ਵਿਭਾਗ ਪੰਜਾਬ ਵੱਲੋਂ ਕਰਾਏ ਗਏ ਕਵੀ ਦਰਬਾਰ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਸਾਹਿਤਕਾਰਾਂ ਵੱਲੋਂ ਮਹਾਨ ਸ਼ਹਾਦਤਾਂ ਦੇ ਵੱਖ-ਵੱਖ ਪੱਖਾਂ ਨੂੰ ਆਪਣੀਆਂ ਰਚਨਾਵਾਂ ਰਾਹੀਂ ਪੇਸ਼ ਕਰਨ ਨਾਲ ਸਾਡੇ ਬੱਚਿਆਂ ਨੂੰ ਵਿਰਸੇ ਨਾਲ ਜੁੜਨ ਦੀ ਪ੍ਰੇਰਨਾ ਮਿਲਦੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਪੰਜਾਬ ਸਰਕਾਰ ਵੱਲੋਂ ਨਵੀਂ ਪੀੜ੍ਹੀ ਨੂੰ ਪੁਸਤਕ ਸੱਭਿਆਚਾਰ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਤਹਿਤ ਸੂਬੇ 'ਚ ਵੱਡੇ ਪੱਧਰ 'ਤੇ ਲਾਇਬ੍ਰੇਰੀਆਂ ਖੋਲ੍ਹੀਆਂ ਜਾ ਰਹੀਆਂ ਹਨ।

ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਕਿਹਾ ਕਿ ਚੰਗੇ ਸਾਹਿਤ ਨਾਲ ਸਮਾਜ ਵਿੱਚ ਵੱਡੇ ਪੱਧਰ ਉੱਤੇ ਸਾਰਥਿਕ ਤਬਦੀਲੀ ਆ ਸਕਦੀ ਹੈ।ਲੋੜ ਹੈ ਕਿ ਵੱਧ ਤੋਂ ਵੱਧ ਨੌਜਵਾਨਾਂ ਨੂੰ ਸਾਹਿਤ ਨਾਲ ਜੋੜਿਆ ਜਾਵੇ, ਜਿਸ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।

ਭਾਸ਼ਾ ਵਿਭਾਗ ਪੰਜਾਬ ਦੀ ਡਾਇਰੈਕਟਰ ਹਰਪ੍ਰੀਤ ਕੌਰ ਨੇ ਕਿਹਾ ਕਿ ਭਾਸ਼ਾ ਵਿਭਾਗ ਦਾ ਮੁੱਖ ਉਦੇਸ਼ ਪੰਜਾਬ ਸਰਕਾਰ ਦੀਆਂ ਭਾਸ਼ਾ, ਸੱਭਿਆਚਾਰ ਤੇ ਵਿਰਸੇ ਨੂੰ ਪ੍ਰਫੁੱਲਤ ਕਰਨ ਸਬੰਧੀ ਨੀਤੀਆਂ ਨੂੰ ਵੱਧ ਤੋਂ ਵੱਧ ਲਾਗੂ ਕਰਨਾ ਹੈ ਜਿਸ ਤਹਿਤ ਹੀ ਮਹਾਨ ਸ਼ਹੀਦਾਂ ਦੀ ਵਿਰਾਸਤ ਨੂੰ ਅੱਗੇ ਲਿਜਾਣ ਅਤੇ ਨਵੀਂ ਪੀੜ੍ਹੀ ਨੂੰ ਸਾਹਿਤ ਨਾਲ ਜੋੜਨ ਹਿੱਤ ਭਾਸ਼ਾ ਵਿਭਾਗ ਵੱਲੋਂ ਵੱਖ-ਵੱਖ ਸਮਾਗਮ ਰਚਾਏ ਜਾ ਰਹੇ ਹਨ।

ਜ਼ਿਲ੍ਹਾ ਭਾਸ਼ਾ ਅਫਸਰ ਜਗਜੀਤ ਸਿੰਘ ਨੇ ਸਭ ਦਾ ਸਵਾਗਤ ਕੀਤਾ ਤੇ ਭੁਪਿੰਦਰਪਾਲ ਸਿੰਘ ਨੇ ਸਭ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਖੋਜ ਅਫਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ।ਸਮਾਗਮ 'ਚ ਸ਼ਿਰਕਤ ਕਰਨ ਵਾਲੇ ਕਵੀਆਂ ਨੂੰ ਵਿਭਾਗ ਵੱਲੋਂ ਪੁਸਤਕਾਂ ਦੇ ਸੈੱਟ ਪ੍ਰਦਾਨ ਕਰਕੇ ਸਤਿਕਾਰ ਦਿੱਤਾ ਗਿਆ।

ਇਸ ਮੌਕੇ ਕਵੀ ਸੰਤ ਸਿੰਘ ਸੋਹਲ ਦੀ ਪੁਸਤਕ 'ਕਿੱਸਾ ਸਬਰ ਤੇ ਜਬਰ ਦੀ ਦਾਸਤਾਂ' (ਸਾਕਾ ਸਰਹੰਦ) ਅਤੇ ਸ਼ੇਰ ਰਾਣਵਾਂ ਦਾ ਧਾਰਮਿਕ ਗੀਤ 'ਜੁਦਾਈਆਂ' ਵੀ ਲੋਕ ਅਰਪਣ ਕੀਤਾ ਗਿਆ।ਕਵੀ ਦਰਬਾਰ 'ਚ ਮਨਿੰਦਰ ਕੌਰ ਬਸੀ, ਮਨਜੀਤ ਕੌਰ ਜੀਤ, ਬਬਨੀਤ ਕੌਰ, ਸੁਖਵਿੰਦਰ ਆਹੀ, ਰਣਜੀਤ ਸਿੰਘ ਰਾਗੀ, ਅਨੂਪ ਸਿੰਘ ਖਾਨਪੁਰੀ, ਉਪਕਾਰ ਸਿੰਘ ਦਿਆਲਪੁਰੀ, ਸ਼ੇਰ ਰਾਣਵਾਂ, ਹਰਬੰਸ ਸਿੰਘ ਸ਼ਾਨ, ਸੰਤ ਸਿੰਘ ਸੋਹਲ, ਮਨਜੀਤ ਸਿੰਘ ਘੁੰਮਣ, ਧਰਮਿੰਦਰ ਸ਼ਾਹਿਦ, ਤਾਰਾ ਸਿੰਘ ਮਠਿਆੜਾ, ਤਰਸੇਮ ਪਟਿਆਲਾ, ਜਸਵੀਰ ਸਿੰਘ ਵੇਰਕਾ, ਸੁਰਿੰਦਰ ਕੌਰ ਬਾੜਾ, ਰਾਮ ਸਿੰਘ ਅਲਬੇਲਾ ਤੇ ਬੇਅੰਤ ਕੌਰ ਮਹੰਮਦੀਪੁਰ ਨੇ ਆਪਣੀਆਂ ਕਵਿਤਾਵਾਂ ਰਾਹੀਂ ਲਸਾਨੀ ਸ਼ਹਾਦਤਾਂ ਨੂੰ ਅਕੀਦਤ ਪੇਸ਼ ਕੀਤੀ।

# ਸ਼ਹੀਦੀ ਦਿਹਾੜੇ ਨੂੰ ਸਮਰਪਤ ਕਬੱਡੀ ਕੱਪ ਕਰਵਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ, ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰ ਕੌਰ ਦੀ ਯਾਦ ਵਿੱਚ ਸੱਚਖੰਡ ਵਾਸੀ ਸੰਤ ਬਾਬਾ ਤਾਰਾ ਸਿੰਘ ਸਰਹਾਲੀ ਸਾਹਿਬ ਵਾਲਿਆਂ ਤੋਂ ਵਰਸੋਏ ਸੰਤ ਬਾਬਾ ਘੋਲਾ ਸਿੰਘ ਅਤੇ ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਬਾਬਾ ਅਵਤਾਰ ਸਿੰਘ ਚੰਦ ਵੱਲੋਂ ਇਲਾਕੇ ਦੇ ਸਹਿਯੋਗ ਨਾਲ ਕਰਵਾਏ ਸ਼ਹੀਦੀ ਸਮਾਗਮ ਦੌਰਾਨ ਕੌਮੀ ਸ਼ਹੀਦਾਂ ਨੂੰ ਸਮਰਪਤ ਕਬੱਡੀ ਕੱਪ ਹਰਭਜਨ ਸਿੰਘ ਕਾਹਲੋਂ ਅਤੇ ਕਾਹਲੋਂ ਪਰਵਾਰ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਜਿਸ ਵਿੱਚ ਪੰਜਾਬ ਦੀਆਂ ਨਾਮਵਰ ਕੱਬਡੀ ਟੀਮਾਂ ਸ਼ਹੀਦ ਭਾਈ ਲਖਮੀਰ ਸਿੰਘ ਘਰਿਆਲਾ ਮਾਝਾ ਸਪੋਰਟਸ ਕਲੱਬ, ਬਾਬਾ ਭਜਾਂਨਾ ਸਪੋਰਟਸ ਕਲੱਬ ਧਾਰੀਵਾਲ, ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਪੋਰਟਸ ਕਲੱਬ ਭੂਤੀਵਾਲਾ, ਭਾਲਾ ਸਪੋਰਟਸ ਕਲੱਬ ਫਿਰੋਜ਼ਪੁਰ ਦੀਆਂ ਟੀਮਾਂ ਦੇ ਖਿਡਾਰੀਆਂ ਵੱਲੋਂ ਆਪਣੇ ਜੌਹਰ ਦਿਖਾ ਕੇ ਜਵਾਨੀ ਨੂੰ ਨਸ਼ੇ ਵੱਲੋਂ ਵਾਪਸ ਮੋੜਨ ਲਈ ਵਧੀਆ ਉਪਰਾਲਾ ਕੀਤਾ। ਕਬੱਡੀ ਮੈਚਾਂ ਦੇ ਸਖਤ ਮੁਕਾਬਲਿਆਂ ਵਿੱਚ ਬਾਬਾ ਜ਼ੋਰਾਵਰ ਸਿੰਘ ਜੀ ਬਾਬਾ ਫਤਿਹ ਸਿੰਘ ਜੀ ਸਪੋਰਟਸ ਕਲੱਬ ਭੂਤੀਵਾਲਾ ਦੀ ਟੀਮ ਜੇਤੂ ਰਹੀ ਤੇ ਭਾਲਾ ਸਪੋਰਟਸ ਕਲੱਬ ਫਿਰੋਜ਼ਪੁਰ ਦੀ ਟੀਮ ਦੂਸਰੇ ਨੰਬਰ 'ਤੇ ਰਹੀ। ਪਹਿਲੇ ਅਤੇ ਦੂਸਰੇ ਨੰਬਰ 'ਤੇ ਰਹਿਣ ਵਾਲੀਆਂ ਕਬੱਡੀ ਟੀਮਾਂ ਨੂੰ ਬਾਬਾ ਘੋਲਾ ਸਿੰਘ, ਸੰਤ ਬਾਬਾ ਅਵਤਾਰ ਸਿੰਘ ਘਰਿਆਲੇ ਵਾਲੇ, ਬਾਬਾ ਦਿਲਬਾਗ ਸਿੰਘ ਆਰਿਫ ਵਾਲੇ, ਮੁੱਖ ਪ੍ਰਬੰਧਕ ਬਾਬਾ ਅਵਤਾਰ ਸਿੰਘ ਚੰਦ, ਵਿਧਾਇਕ ਨਰੇਸ਼ ਕਟਾਰੀਆ ਅਤੇ ਯੂਥ ਆਗੂ ਹਰਭਜਨ ਸਿੰਘ ਸਭਰਾ ਵੱਲੋਂ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ 'ਆਪ' ਆਗੂ ਨਰਿੰਦਰ ਕਟਾਰੀਆ, ਕੁਲਦੀਪ ਸਿੰਘ ਬਾਹਰਵਾਲੀ ਪ੍ਰਧਾਨ ਨੰਬਰਦਾਰ ਯੂਨੀਅਨ ਫਿਰੋਜ਼ਪੁਰ, ਪ੍ਰਧਾਨ ਵਿਰਸਾ ਸਿੰਘ, ਕਿਸਾਨ ਆਗੂ ਗੁਰਵਿੰਦਰ ਸਿੰਘ, ਕਾਰਜ ਸਿੰਘ ਐਮ ਸੀ, ਠੇਕੇਦਾਰ ਗੁਰਮੀਤ ਸਿੰਘ ਮਖੂ, ਪਵਨ ਕਟਾਰੀਆ, ਡਾ. ਗੁਰਵਿੰਦਰ ਸਿੰਘ ਸੰਧੂ, ਸੁਖਜਿੰਦਰ ਸਿੰਘ ਬਿੱਟੂ, ਦਵਿੰਦਰ ਸਿੰਘ ਬੱਬੂ, ਬਲਦੇਵ ਸਿੰਘ, ਕਸ਼ਮੀਰ ਸਿੰਘ, ਜਸਪਾਲ ਸਿੰਘ, ਰਘਬੀਰ ਸਿੰਘ ਲਾਡੀ, ਹਰਜਿੰਦਰ ਸਿੰਘ ਬਿੱਟੂ, ਕਾਰਜ ਸਿੰਘ ਚੱਕੀਆਂ, ਰਵਿੰਦਰ ਸਿੰਘ ਬਰਾੜ, ਜਸਬੀਰ ਸਿੰਘ ਕਨੇਡੀਅਨ ਚੀਮਾ ਸਾਹਿਬ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਵੱਡੀ ਕਬੱਡੀ ਪ੍ਰੇਮੀ ਹਾਜ਼ਰ ਸਨ।

# ਮਸਤੂਆਣਾ ਵਿਖੇ ਬਣਨ ਵਾਲੇ ਮੈਡੀਕਲ ਕਾਲਜ ਦੇ ਵਿਵਾਦ ਦਾ ਜਲਦ ਹੋਵੇਗਾ ਹੱਲ : ਵਿਨਰਜੀਤ ਗੋਲਡੀ



**ਸੰਗਰੂਰ (ਪ੍ਰਵੀਨ ਸਿੰਘ)** ਰੈਸਟ ਹਾਊਸ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਤੇ ਸੰਘਰਸ਼ ਕਮੇਟੀ ਦੇ ਮੈਂਬਰ ਸਾਹਿਬ ਸਿੰਘ ਬਡਬਰ ਵੱਲੋਂ ਦੱਸਿਆ ਕਿ ਮਸਤੂਆਣਾ ਸਾਹਿਬ ਵਿਖੇ ਬਣਨ ਵਾਲੇ ਮੈਡੀਕਲ ਕਾਲਜ 'ਤੇ ਚੱਲ ਰਹੇ ਵਿਵਾਦ ਦਾ ਜਲਦੀ ਹੱਲ ਹੋਣ ਦੀ ਆਸ ਬੱਝੀ ਹੈ। ਇਨ੍ਹਾਂ ਆਗੂਆਂ ਦਾ ਕਹਿਣਾ ਹੈ ਕੁਝ ਗ਼ਲਤਫ਼ਹਿਮੀਆਂ ਕਾਰਨ ਇਸ ਵਿਵਾਦ ਨੂੰ ਹਵਾ ਦਿੱਤੀ ਜਾਂਦੀ ਆ ਰਹੀ ਹੈ, ਪਰ ਹੁਣ ਇਸ ਸਬੰਧੀ ਮਸਤੂਆਣਾ ਸਾਹਿਬ ਦੀ ਪ੍ਰਬੰਧਕ ਕਮੇਟੀ ਸ਼੍ਰੋਮਣੀ ਅਕਾਲੀ ਦਲ ਅਤੇ ਇਸ ਕਾਲਜ ਦੇ ਮੁੱਦੇ ਨੂੰ ਲੈ ਕੇ ਸੰਘਰਸ਼ ਕਰਦੀ ਆ ਰਹੀ ਸੰਘਰਸ਼ ਕਮੇਟੀ ਦੇ ਮੈਂਬਰਾਂ ਦੀ ਸਰਕਾਰ ਨਾਲ ਹੋਈ ਮੀਟਿੰਗ ਤੋਂ ਇਸ ਮਸਲੇ ਦੇ ਹੱਲ ਹੋਣ ਦੇ ਅਸਾਰ ਬੱਝੇ ਹਨ।

ਵਿਨਰਜੀਤ ਸਿੰਘ ਗੋਲਡੀ ਤੇ ਸਾਹਿਬ ਸਿੰਘ ਬਡਬਰ ਨੇ ਦੱਸਿਆ ਕਿ ਪਿਛਲੇ ਦਿਨੀਂ ਸਰਕਾਰ ਨਾਲ ਹੋਈ ਗੱਲਬਾਤ ਦਾ ਨਤੀਜਾ ਨਿਕਲਿਆ ਕਿ ਇੱਕ ਦੋ ਮੈਂਬਰੀ ਕਮਿਸ਼ਨ ਜਿਹੜਾ ਇਸ ਮਸਲੇ ਦੀ ਜਾਂਚ ਕਰਕੇ 1 ਹਫਤੇ ਦੇ ਅੰਦਰ-ਅੰਦਰ ਸਰਕਾਰ ਨੂੰ ਰਿਪੋਰਟ ਪੇਸ਼ ਕਰੇਗਾ। ਉਸ ਉਪਰੰਤ ਜੇਕਰ ਸਾਰੀਆਂ ਧਿਰਾਂ ਇਸ 'ਤੇ ਸਹਿਮਤ ਹੋ ਜਾਣਗੀਆਂ ਤਾਂ ਮੈਡੀਕਲ ਕਾਲਜ ਦੀ ਉਸਾਰੀ ਦਾ ਕੰਮ ਜਲਦੀ ਹੀ ਸ਼ੁਰੂ ਹੋ ਜਾਵੇਗਾ।

ਵਿਨਰਜੀਤ ਸਿੰਘ ਗੋਲਡੀ ਨੇ ਕਿਹਾ ਕਿ ਕਾਲਜ ਦੇ ਵਿਵਾਦ ਸਬੰਧੀ ਬਹੁਤ ਸਾਰੀਆਂ ਚਰਚਾਵਾਂ 'ਤੇ ਦੋਸ਼ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ 'ਤੇ ਲੱਗਦੇ ਆ ਰਹੇ ਹਨ। ਇਨ੍ਹਾਂ ਸਭ ਚਰਚਾਵਾਂ 'ਤੇ ਵਿਵਾਦਾਂ ਦਾ ਨਿਪਟਾਰਾ ਹੁਣ ਜਲਦੀ ਹੀ ਹੋਣ ਦੀ ਆਸ ਬੱਝੀ ਹੈ। ਸੰਘਰਸ਼ ਕਮੇਟੀ ਦੇ ਆਗੂ ਸਾਹਿਬ ਸਿੰਘ ਦਾ ਕਹਿਣਾ ਹੈ ਕਿ ਇਹ ਦੋ ਮੈਂਬਰੀ ਜਾਂਚ ਕਮੇਟੀ ਜਿਹੜੀ ਜਨਵਰੀ ਦੇ ਪਹਿਲੇ ਹਫ਼ਤੇ ਆਪਣੀ ਰਿਪੋਰਟ ਪੇਸ਼ ਕਰੇਗੀ। ਉਸ ਉਪਰੰਤ ਮੈਡੀਕਲ ਕਾਲਜ ਦੀ ਇਮਾਰਤ ਦੀ ਉਸਾਰੀ ਦਾ ਕੰਮ ਜਦੋਂ ਸ਼ੁਰੂ ਹੋ ਜਾਵੇਗਾ ਅਤੇ ਦੀਵਾਰਾਂ ਚਾਰ-ਚਾਰ ਫੁੱਟ ਤੱਕ ਪਹੁੰਚ ਜਾਣਗੀਆਂ। ਉਸ ਉਪਰੰਤ ਹੀ ਸੰਘਰਸ਼ ਕਮੇਟੀ ਆਪਣਾ ਸੰਘਰਸ਼ ਵਾਪਸ ਲਏਗੀ ਨਹੀਂ ਤਾਂ ਸੰਘਰਸ਼ ਜਾਰੀ ਰਹੇਗਾ। ਜਦੋਂ ਉਨ੍ਹਾਂ ਤੋਂ ਇਹ ਪੁੱਛਿਆ ਗਿਆ ਕਿ ਉਸਾਰੀ ਲਈ ਫੰਡ ਕਿਥੋਂ ਆਉਣਗੇ ਤਾਂ ਉਨ੍ਹਾਂ ਦੱਸਿਆ ਕਿ ਕਾਲਜ ਦੀ ਉਸਾਰੀ ਲਈ ਪਹਿਲੀ ਕਿਸ਼ਤ 70 ਕਰੋੜ ਰੁਪਏ ਦੀ ਪਹਿਲਾਂ ਹੀ ਜਾਰੀ ਹੋ ਚੁੱਕੀ ਹੈ, ਉਸ ਨਾਲ ਕੰਮ ਸ਼ੁਰੂ ਹੋ ਜਾਣਗੇ।

# ਭੁਟਾਲ ਖੁਰਦ ਵਿਖੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਤ ਲੰਗਰ



ਸਮਾਗਮ ਦੌਰਾਨ ਆਪਣੇ ਅਧਿਆਪਨ ਕਿੱਤੇ ਪ੍ਰਤੀ ਸਮਰਪਤ ਅਤੇ ਸਮਾਜ ਦੇ ਵੱਖ-ਵੱਖ ਖੇਤਰਾਂ 'ਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੇ 9 ਅਧਿਆਪਕ ਵੀ ਸਨਮਾਨਤ ਕੀਤੇ ਗਏ, ਜਿਨ੍ਹਾਂ 'ਚ ਕਪਿਲ ਕੁਮਾਰ ਗੋਇਲ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਸੂਰਘੂਰੀ, ਰਵਿੰਦਰ ਕੌਰ ਲੈਕਚਰਾਰ ਮੈਥ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫ਼ਰੀਦਕੋਟ, ਵਿਨੋਦ ਕੁਮਾਰ ਹਿੰਦੀ ਮਾਸਟਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਲੇਵਾਲਾ, ਮੋਨਿਕਾ ਗੋਇਲ ਅੰਗਰੇਜ਼ੀ ਮਿਸਟ੍ਰੈਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘੁਗਿਆਣਾ, ਮਹੇਸ਼ ਕੁਮਾਰ ਜੈਨ ਸਾਇੰਸ ਮਾਸਟਰ ਸਰਕਾਰੀ ਹਾਈ ਸਕੂਲ ਸਿਬੀਆਂ, ਨਵਨੀਤ ਕੌਰ ਸਾਇੰਸ ਮਿਸਟ੍ਰੈਸ ਸਰਕਾਰੀ ਮਿਡਲ ਸਕੂਲ ਮਨਜੀਤ ਇੰਦਰਪੁਰਾ ਫਰੀਦਕੋਟ, ਨਰੇਸ਼ ਕੁਮਾਰ ਈਟੀਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਸੁਰਗਾਪੁਰੀ ਕੋਟਕਪੂਰਾ, ਜਗਜੀਤ ਸਿੰਘ ਈਟੀਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਔਲਖ ਅਤੇ ਮਨਜੀਤ ਸਿੰਘ ਈਟੀਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਹਰੀਨੌਂ ਨੂੰ ਸ਼ਾਨਦਾਰ ਯਾਦਗਾਰੀ ਚਿੰਨ੍ਹ, ਲੋਈ, ਸ਼ਾਲ ਤੇ ਉਸਾਰੂ ਸਾਹਿਤ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਡਾ. ਸੋਮਨਾਥ ਸਿੰਗਲਾ ਵੱਲੋਂ ਦਿੱਤੇ ਗਏ 21,000 ਅਤੇ ਸੇਵਾਮੁਕਤ ਅਧਿਆਪਕਾ ਸੰਤੋਸ਼ ਸ਼ਰਮਾ ਵੱਲੋਂ ਦਿੱਤੇ ਗਏ 7000 ਰੁਪਏ ਦੀ ਸਹਾਇਤਾ ਨਾਲ ਵੱਖ-ਵੱਖ ਸਕੂਲਾਂ ਦੇ 9 ਲੋੜਵੰਦ ਅਤੇ ਹੁਸ਼ਿਆਰ ਵਿਦਿਆਰਥੀਆਂ ਨੂੰ ਪ੍ਰਤੀ ਵਿਦਿਆਰਥੀ 3 ਹਜ਼ਾਰ ਦੀ ਰਕਮ ਦੇ ਚੈੱਕ ਵੀ ਵੰਡੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਮਾਜ ਸੇਵੀ ਅਮਰ ਸਿੰਘ ਮਠਾੜੂ, ਗੁਲਦੂ ਸਿੰਘ ਔਲਖ, ਮੁਖਤਿਆਰ ਸਿੰਘ ਮੱਤਾ, ਤਰਸੇਮ ਨਰੂਲਾ, ਸਮਾਜਸੇਵੀ ਉਦੇ ਰੰਦੇਵ, ਸ਼ਾਇਰ ਕੁਲਵਿੰਦਰ ਵਿਰਕ, ਪ੍ਰਿੰਸੀਪਲ ਗੁਰਪ੍ਰੀਤ ਸਿੰਘ ਜੱਤੀ ਆਈ.ਟੀ.ਆਈ. ਫ਼ਰੀਦਕੋਟ, ਗੁਰਚਰਨ ਸਿੰਘ ਮਾਨ, ਸੁਖਮੰਦਰ ਸਿੰਘ ਰਾਮਸਰ, ਜਸਵਿੰਦਰ ਸਿੰਘ ਬਰਾੜ, ਮਦਨ ਲਾਲ ਸ਼ਰਮਾ, ਗੇਜ ਰਾਮ ਭੌਰਾ, ਸੁਖਚੈਨ ਸਿੰਘ ਰਾਮਸਰ, ਸੁਰਿੰਦਰ ਸਿੰਘ ਸਦਿਉੜਾ ਸੁਪਰਡੈਂਟ, ਡਾ. ਦੇਵਰਾਜ ਮੋਗੇ ਵਾਲੇ, ਕੰਵਰਜੀਤ ਸਿੰਘ ਸੇਖੋਂ ਲੈਕਚਰਾਰ, ਸੁਖਵਿੰਦਰ ਸਿੰਘ ਬਾਗੀ, ਗੁਰਵਿੰਦਰ ਸਿੰਘ ਸਿਵੀਆਂ, ਅਮਨਦੀਪ ਸ਼ਰਮਾ, ਨਾਹਰ ਸਿੰਘ ਗਿੱਲ, ਕੈਪਟਨ ਰੂਪ ਚੰਦ ਅਰੋੜਾ, ਰਜਿੰਦਰ ਸਿੰਘ ਡੋਡ, ਮੈਡਮ ਬਲਜੀਤ ਕੌਰ ਬਰਾੜ ਅਤੇ ਅੰਗਰੇਜ਼ ਕੌਰ ਔਲਖ ਆਦਿ ਵੀ ਸ਼ਾਮਲ ਸਨ।

# ਸਾਬਕਾ ਸਰਪੰਚ ਬਲਵਿੰਦਰ ਸਿੰਘ ਕਲਾਲ ਮਾਜਰਾ ਦਾ ਦੇਹਾਂਤ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਸਾਬਕਾ ਬਲਾਕ ਸੰਮਤੀ ਮੈਂਬਰ, ਯੂਥ ਆਗੂ, ਸੇਵਕ ਸਿੰਘ ਕਲਾਲਮਾਜਰਾ ਦੇ ਪਿਤਾ ਤੇ ਸ਼੍ਰੋਮਣੀ ਅਕਾਲੀ ਦਲ ਦੇ ਪੁਰਾਣੇ ਆਗੂ ਸਾਬਕਾ ਸਰਪੰਚ ਬਲਵਿੰਦਰ ਸਿੰਘ (72) ਕਲਾਲ ਮਾਜਰਾ ਦਾ ਦਿਲ ਦਾ ਦੌਰਾ ਪੈਣ ਕਾਰਨ ਦਿਹਾਂਤ ਹੋ ਗਿਆ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਨਿਧੜਕ ਸਿਪਾਹੀ ਵਜੋਂ ਸੇਵਾਵਾਂ ਨਿਭਾਉਂਦਿਆਂ ਪਿੰਡ ਕਲਾਲ ਮਾਜਰਾ ਦੇ ਸਰਪੰਚ ਦੀ ਜ਼ਿੰਮੇਵਾਰੀ ਲਗਨ ਮਿਹਨਤ ਨਾਲ ਨਿਭਾਈ। ਇਸ ਦੁੱਖ ਦੀ ਘੜੀ 'ਚ ਪਾਰਟੀ ਦੇ ਹਲਕਾ ਇੰਚਾਰਜ ਨਾਥ ਸਿੰਘ ਹਮੀਦੀ ਨੇ ਕਿਹਾ ਕਿ ਬਲਵਿੰਦਰ ਸਿੰਘ ਦੇ ਵਿਛੋੜੇ ਨਾਲ ਪਾਰਟੀ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਮੌਕੇ ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੀ ਤਰਫ਼ੋਂ ਬਲਵਿੰਦਰ ਸਿੰਘ ਕਲਾਲ ਮਾਜਰਾ ਦੀ ਦੇਹ 'ਤੇ ਦੁਸ਼ਾਲਾ ਪਾ ਕੇ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਅਕਾਲੀ ਆਗੂ ਬਲਦੇਵ ਸਿੰਘ ਗਾਗੇਵਾਲ, ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ, ਜਥੇ: ਉਜਾਗਰ ਸਿੰਘ ਕਲਾਲ ਮਾਜਰਾ, ਜਥੇ: ਬਲਵਿੰਦਰ ਸਿੰਘ, ਸਰਪੰਚ ਰਣਜੀਤ ਸਿੰਘ ਦੀਪਗੜ੍ਹ, ਸੁਰਜੀਤ ਸਿੰਘ ਗਾਗੇਵਾਲ, ਅੰਗਰੇਜ਼ ਸਿੰਘ ਬਾਠੇਦਾਰ, ਸੁਖਦੀਪ ਸਿੰਘ ਕਲਾਲ ਮਾਜਰਾ, ਜਰਨੈਲ ਸਿੰਘ, ਗੁਰਜੰਟ ਸਿੰਘ ਸੰਧੂ, ਇੰਦਰਜੀਤ ਸਿੰਘ, ਫ਼ੌਜਾ ਸਿੰਘ ਸਾਬਕਾ ਸਰਪੰਚ, ਦਰਸ਼ਨ ਸਿੰਘ, ਗੁਰਚਰਨ ਸਿੰਘ, ਮੰਦਰ ਸਿੰਘ, ਸਿਕੰਦਰ ਸਿੰਘ ਮਹਿਲ ਖੁਰਦ, ਕਰਨੈਲ ਸਿੰਘ, ਗੋਰਾ ਸਿੰਘ ਮਾਨ, ਸੁਰਿੰਦਰ ਸਿੰਘ, ਊਧਮ ਸਿੰਘ, ਜਿੰਦਰ ਸਿੰਘ ਮਹਿਲ ਖੁਰਦ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਲੋਕ ਹਾਜ਼ਰ ਸਨ।

# ਹੋਸਟਲ 'ਚ ਖੁਦਕੁਸ਼ੀ ਕਰ ਗਈ 'ਵਰਸਿਟੀ ਦੀ ਵਿਦਿਆਰਥਣ

## ਪਿਤਾ ਨੇ ਲਾਏ ਪਿੰਡ ਦੇ ਹੀ ਮੁੰਡੇ 'ਤੇ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼



**ਤਲਵੰਡੀ ਸਾਬੋ (ਜਗਦੀਪ ਗਿੱਲ)** ਨਿੱਜੀ ਖੇਤਰ ਦੀ ਇੱਕ ਯੂਨੀਵਰਸਿਟੀ ਵਿਖੇ ਲੰਘੇ ਦਿਨ ਉਸ ਵਕਤ ਸਨਸਨੀ ਫੈਲ ਗਈ, ਜਦੋਂ ਯੂਨੀਵਰਸਿਟੀ ਦੀ ਹੀ ਇੱਕ ਵਿਦਿਆਰਥਣ ਵੱਲੋਂ ਯੂਨੀਵਰਸਿਟੀ ਹੋਸਟਲ ਵਿੱਚ ਖੁਦਕੁਸ਼ੀ ਕਰਕੇ ਆਪਣੀ ਜੀਵਨ ਲੀਲਾ ਖਤਮ ਕਰ ਲਈ ਗਈ।

ਜਾਣਕਾਰੀ ਅਨੁਸਾਰ ਹੁਣ ਮ੍ਰਿਤਕ ਹੋ ਚੁੱਕੀ ਲੜਕੀ, ਜਿਸ ਦਾ ਨਾਂਅ ਖੁਸ਼ੀ ਦੱਸਿਆ ਜਾ ਰਿਹਾ ਹੈ, ਹਰਿਆਣਾ ਦੇ ਮੰਡੀ ਡੱਬਵਾਲੀ ਦੇ ਰਹਿਣ ਵਾਲੀ ਸੀ, ਉਹ ਯੂਨੀਵਰਸਿਟੀ ਵਿਖੇ ਬੀਏ ਸੈਸ਼ਨ ਸਾਇੰਸ ਭਾਗ ਦੂਜਾ ਦੀ ਪੜ੍ਹਾਈ ਕਰਦਿਆਂ ਯੂਨੀਵਰਸਿਟੀ ਹੋਸਟਲ ਦੇ ਕਮਰਾ ਨੰਬਰ 304 ਵਿੱਚ ਰਹਿੰਦੀ ਸੀ।

ਮ੍ਰਿਤਕ ਲੜਕੀ ਦੇ ਪਿਤਾ ਸੁਭਾਸ਼ ਚੰਦਰ ਪੁੱਤਰ ਪ੍ਰਿਥਵੀ ਰਾਜ ਨੇ ਪੁਲਸ ਕੋਲ ਬਿਆਨ ਦਰਜ ਕਰਾਉਂਦਿਆਂ ਕਿਹਾ ਕਿ ਉਸਦੀ ਧੀ ਉੱਪਰ ਉਨ੍ਹਾਂ ਦੇ ਹੀ ਪਿੰਡ ਦਾ ਇੱਕ ਲੜਕਾ ਸ਼ੰਕਰ ਲਾਲ ਪਿਛਲੇ ਕਈ ਸਾਲਾਂ ਤੋਂ ਮੈਲੀ ਅੱਖ ਰੱਖਦਾ ਆ ਰਿਹਾ ਸੀ। ਪ੍ਰਿਥਵੀ ਰਾਜ ਨੇ ਕਿਹਾ ਕਿ ਉਸ ਦੀ ਲੜਕੀ ਦੀ ਉਮਰ 19 ਸਾਲ ਹੈ। ਉਸ ਨੇ ਦੱਸਿਆ ਕਿ ਉਸਦੀ ਲੜਕੀ ਜਦੋਂ ਦਸਵੀਂ ਜਮਾਤ ਵਿੱਚ ਪੜ੍ਹਦੀ ਸੀ ਤਾਂ ਉਸ ਦੀ ਟਿਊਸ਼ਨ ਪਿੰਡ ਦੀ ਹੀ ਇੱਕ ਹੋਰ ਲੜਕੀ ਕੋਲ ਰਖਵਾਈ ਗਈ ਸੀ, ਜਿਸ ਲੜਕੀ ਦਾ ਭਰਾ ਉਦੋਂ ਤੋਂ ਹੀ ਉਸ ਦੀ ਲੜਕੀ ਉੱਪਰ ਮਾੜੀ ਨਜ਼ਰ ਰੱਖਦਾ ਆ ਰਿਹਾ ਸੀ।

ਖ਼ਬਰ ਲਿਖੇ ਜਾਣ ਦੇ ਵਕਤ ਮ੍ਰਿਤਕ ਲੜਕੀ ਦੀ ਦੇਹ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਵਿੱਚ ਰੱਖੀ ਹੋਈ ਹੈ, ਜਿੱਥੇ ਡਾਕਟਰਾਂ ਵੱਲੋਂ ਮ੍ਰਿਤਕ ਦਾ ਪੋਸਟਮਾਰਟਮ ਕੀਤਾ ਜਾ ਰਿਹਾ ਹੈ। ਪੁਲਸ ਵੱਲੋਂ ਮ੍ਰਿਤਕ ਲੜਕੀ ਦੇ ਪਿਤਾ ਸ੍ਰੀ ਸੁਭਾਸ਼ ਚੰਦਰ ਦੇ ਬਿਆਨਾਂ ਉੱਪਰ ਕਾਰਵਾਈ ਕਰਦਿਆਂ ਅਗਲੇਰੀ ਜਾਂਚ ਆਰੰਭ ਕਰ ਦਿੱਤੀ ਗਈ ਹੈ।

## ਕਾਤਰਾਂ

### ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ 'ਤੇ ਕਰਾਇਆ ਜਾਵੇਗਾ ਪੰਜਾਬੀ ਨਾਟਕ



**ਨਾਭਾ, (ਵਰਿੰਦਰ ਵਰਮਾ)** ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਦੱਸਿਆ ਕਿ 28 ਦਸੰਬਰ ਨੂੰ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿਜਦਾ ਕਰਨ ਲਈ ਪੰਜਾਬੀ ਨਾਟਕ 'ਚਾਂਦਨੀ ਚੌਕ ਤੋਂ ਸਰਹੰਦ ਤੱਕ' ਰਿਆਸਤੀ ਸ਼ਹਿਰ ਨਾਭਾ ਦੇ ਪਟਿਆਲਾ ਗੇਟ ਸਥਿਤ ਬੱਸ ਸਟੈਂਡ ਵਿਖੇ ਕਰਾਇਆ ਜਾ ਰਿਹਾ ਹੈ। ਦੇਵ ਮਾਨ ਨੇ ਕਿਹਾ ਕਿ ਇਹ ਨਾਟਕ ਸ਼ਾਮ ਦੇ 7 ਵਜੇ ਖੇਡਿਆ ਜਾਵੇਗਾ, ਜਿਸ ਦੀਆਂ ਤਿਆਰੀਆਂ ਚੱਲ ਰਹੀਆਂ ਹਨ।ਉਨ੍ਹਾਂ ਹਲਕਾ ਵਾਸੀਆਂ ਨੂੰ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਵਪਾਰ ਮੰਡਲ ਜ਼ਿਲ੍ਹਾ ਪ੍ਰਧਾਨ ਅਜੇ ਜਿੰਦਲ, 'ਆਪ' ਆਗੂ ਤੇਜਿੰਦਰ ਸਿੰਘ, ਅਮਨਦੀਪ ਸਿੰਘ ਰਹਿਲ ਪ੍ਰਧਾਨ ਟਰੱਕ ਯੂਨੀਅਨ, ਗੁਰਲਾਲ ਚੇਅਰਮੈਨ ਮਾਰਗੇਜ ਬੈਂਕ, ਪੰਕਜ ਪੱਪੂ ਸਟੀਲ, ਹਰਪ੍ਰੀਤ ਸਿੰਘ ਪ੍ਰੀਤ ਕੌਂਸਲਰ, ਭੁਪਿੰਦਰ ਸਿੰਘ ਕੱਲਰਮਾਜਰੀ, ਸੁਖਦੇਵ ਸਿੰਘ ਤੇ ਜਸਵੀਰ ਸਿੰਘ ਛਿੰਦਾਂ ਵਜੀਦਪੁਰ ਆਦਿ ਹਾਜ਼ਰ ਸਨ।

### ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮੌਕੇ ਭਾਸ਼ਣ ਮੁਕਾਬਲੇ



**ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਦੇਸ ਭਗਤ ਗਲੋਬਲ ਸਕੂਲ ਵੱਲੋਂ ਦੇਸ਼ ਭਗਤ ਯੂਨਾਈਟਿਡ ਗਰੁੱਪ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ, ਚਾਂਸਲਰ ਡਾਕਟਰ ਤੇਜਿੰਦਰ ਕੌਰ, ਸਕੂਲ ਦੇ ਪ੍ਰਿੰਸੀਪਲ ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਦੇਸ ਭਗਤ ਗਲੋਬਲ ਸਕੂਲ ਵਿਖੇ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮੌਕੇ ਇੰਟਰ ਹਾਊਸ ਭਾਸ਼ਣ ਮੁਕਾਬਲੇ ਕਰਾਏ ਗਏ। ਭਾਸ਼ਣਾਂ ਦੌਰਾਨ ਬੱਚਿਆਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਅਤੇ ਚਾਰਾਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਾਰੇ ਚਾਨਣਾ ਪਾਇਆ। ਬੱਚਿਆਂ ਤੋਂ ਸਾਹਿਬਜ਼ਾਦਿਆਂ ਦੇ ਜੀਵਨ ਬਾਰੇ ਪ੍ਰਸ਼ਨ ਵੀ ਪੁੱਛੇ ਗਏ। ਪ੍ਰਿੰਸੀਪਲ ਸੰਜੀਵ ਜਿੰਦਲ ਨੇ ਦੱਸਿਆ ਕਿ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਅਤੇ ਫ਼ਤਹਿ ਸਿੰਘ ਸਰਹਿੰਦ ਦੇ ਨਵਾਬ, ਵਜ਼ੀਰ ਖ਼ਾਨ ਨੇ ਕੈਦ ਕਰ ਲਏ ਸਨ। ਉਸ ਨੇ ਉਨ੍ਹਾਂ ਨੂੰ ਖ਼ਜ਼ਾਨਿਆਂ ਅਤੇ ਸੁਖਾਲੀ ਜ਼ਿੰਦਗੀ ਦੀ ਪੇਸ਼ਕਸ਼ ਕੀਤੀ ਸੀ, ਜੇ ਉਹ ਇਸਲਾਮ ਨੂੰ ਕਬੂਲ ਕਰ ਲੈਣ, ਪਰ ਉਨ੍ਹਾਂ ਨੇ ਇਨਕਾਰ ਕਰ ਦਿੱਤਾ ਅਤੇ ਸਿੱਖ ਧਰਮ ਵਿਚ ਆਪਣੀ ਨਿਹਚਾ 'ਤੇ ਡਟੇ ਰਹੇ। 26 ਦਸੰਬਰ 1705 ਨੂੰ ਉਨ੍ਹਾਂ ਦਾ ਸਰਹਿੰਦ ਵਿਖੇ ਕਤਲ ਕਰ ਦਿੱਤਾ ਗਿਆ ਸੀ। ਸਰਹਿੰਦ ਤੋਂ 5 ਕਿਲੋਮੀਟਰ (3.1 ਮੀਲ) ਉੱਤਰ ਵੱਲ ਗੁਰਦੁਆਰਾ ਫ਼ਤਹਿਗੜ੍ਹ ਸਾਹਿਬ, ਉਸ ਕਤਲਗਾਹ ਦੀ ਨਿਸ਼ਾਨੀ ਹੈ। ਸਕੂਲ ਦੇ ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਨੇ ਕਿਹਾ ਕਿ ਮੁਕਾਬਲੇ ਬੱਚੇ ਦੀ ਸਿਰਜਣਾਤਮਕਤਾ ਦਾ ਪਾਲਣ ਪੋਸ਼ਣ ਕਰਦੇ ਹਨ, ਕਲਪਨਾ ਨੂੰ ਵਧਾਉਂਦੇ ਹਨ। ਲਗਾਤਾਰ ਇਸ ਤਰ੍ਹਾਂ ਦੇ ਮੁਕਾਬਲੇ ਕਰਾਉਣ ਦਾ ਮੁੱਖ ਮੰਤਵ ਵਿਦਿਆਰਥੀਆਂ ਦੇ ਅੰਦਰ ਗੁਣਾਂ ਨੂੰ ਪ੍ਰਫੁੱਲਤ ਕਰਨਾ ਅਤੇ ਸਰਵਪੱਖੀ ਵਿਕਾਸ ਕਰਨਾ ਹੈ।

### ਖ਼ੂਨਦਾਨ ਵਰਗੇ ਸਮਾਜਕ ਕਾਰਜਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਨੌਜਵਾਨ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਖ਼ੂਨਦਾਨ ਇਕ ਅਜਿਹਾ ਕਾਰਜ ਹੈ, ਜਿਸ ਨਾਲ ਕਈ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਇਸ ਲਈ ਹਰ ਇੱਕ, ਖਾਸਕਰ ਕੇ ਨੌਜਵਾਨਾਂ ਨੂੰ ਅਜਿਹੇ ਕਾਰਜਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਸਕੱਤਰ ਰੈੱਡ ਕਰਾਸ ਜਸਵੀਰ ਸਿੰਘ ਨੇ ਸ਼ਹੀਦੀ ਸਭਾ ਮੌਕੇ ਮਾਤਾ ਗੁਜਰੀ ਕਾਲਜ ਸਮੇਤ ਵੱਖੋ-ਵੱਖ ਥਾਂ ਰੈੱਡ ਕਰਾਸ ਸੁਸਾਇਟੀ ਵੱਲੋਂ ਲਾਏ ਖ਼ੂਨਦਾਨ ਕੈਂਪਾਂ ਦੀ ਸ਼ੁਰੂਆਤ ਕਰਾਉਂਦਿਆਂ ਕੀਤਾ। ਡਿਪਟੀ ਸਕੱਤਰ ਨੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਨੇ ਮਨੁੱਖਤਾ ਲਈ ਮਿਸਾਲੀ ਕੁਰਬਾਨੀ ਦਿੱਤੀ।ਅੱਜ ਲੋੜ ਹੈ ਉਨ੍ਹਾਂ ਸ਼ਹਾਦਤਾਂ ਤੋਂ ਸੇਧ ਲੈ ਕੇ ਸਮਾਜ ਸੇਵਾ ਦੇ ਵੱਧ ਤੋਂ ਵੱਧ ਕਾਰਜ ਕਰਨ ਦੀ।ਸਾਨੂੰ ਖ਼ੂਨਦਾਨ ਵਰਗੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਤਾਂ ਜੁ ਮਨੁੱਖਤਾ ਦੀ ਸੇਵਾ ਕੀਤੀ ਜਾ ਸਕੇ ਤੇ ਕੀਮਤੀ ਜਾਨਾਂ ਬਚਾਈਆਂ ਜਾ ਸਕਣ।ਉਨ੍ਹਾਂ ਨੇ ਨੌਜਵਾਨਾਂ ਨੂੰ ਆਪਣੇ ਅਮੀਰ ਵਿਰਸੇ ਤੋਂ ਸੇਧ ਲੈ ਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਆ।

# ਪੰਜਾਬ ਸਰਕਾਰ ਵੱਲੋਂ ਵਿਭਾਗੀ ਪ੍ਰਮੋਸ਼ਨਾਂ ਸੰਬੰਧੀ ਪੱਤਰ ਜਾਰੀ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ)** ਸਰਕਾਰੀ ਨਿਯਮਾਂ ਅਤੇ ਸੇਵਾ ਸ਼ਰਤਾਂ ਅਨੁਸਾਰ ਹਰੇਕ ਸਰਕਾਰੀ ਅਦਾਰੇ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਯੂਨੀਵਰਸਿਟੀਆਂ ਅੰਦਰ ਕਰਮਚਾਰੀਆਂ ਦੀਆਂ ਵਿਭਾਗੀ ਤਰੱਕੀਆਂ ਕਰਨੀਆਂ ਹੁੰਦੀਆਂ ਹਨ. ਨਿਸ਼ਚਤ ਸਮੇਂ ਦੀ ਹੱਦ ਪੂਰੀ ਕਰਨ ਉਪਰੰਤ ਹਰ ਜਾਇਜ਼ ਅਤੇ ਵਧੀਆ ਕਾਰਗੁਜ਼ਾਰੀ ਵਾਲਾ ਕਰਮਚਾਰੀ ਪ੍ਰਮੋਸ਼ਨ ਦਾ ਹੱਕਦਾਰ ਹੁੰਦਾ ਹੈ। ਪਰੰਤੂ ਬਹੁਤ ਸਾਰੇ ਅਦਾਰਿਆਂ ਵਿਚ ਇਹਨਾਂ ਨਿਯਮਾਂ ਦੀ ਪਾਲਣਾ ਨਹੀਂ ਹੁੰਦੀ। ਕਈ ਵਾਰ ਤਾਂ ਯੋਗ ਸਰਕਾਰੀ ਕਰਮਚਾਰੀ ਆਪਣੀ ਪ੍ਰਮੋਸ਼ਨ ਨੂੰ ਉਡੀਕਦੇ ਰਿਟਾਇਰ ਵੀ ਹੋ ਜਾਂਦੇ ਹਨ। ਕਈ ਵਾਰ ਅਧਿਕਾਰੀਆਂ ਵੱਲੋਂ ਆਨੇ ਬਹਾਨੇ ਅਜਿਹੇ ਕਰਮਚਾਰੀਆਂ ਦੀਆਂ ਤਰੱਕੀਆਂ ਦੇਣ ਦੇ ਰਾਹ ਵਿਚ ਜਾਣ ਬੁੱਝ ਕੇ ਅੜਿੱਕੇ ਲਾਏ ਜਾਂਦੇ ਹਨ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਵਿਭਾਗੀ ਪ੍ਰਮੋਸ਼ਨਾਂ ਲਈ ਗੰਭੀਰ ਹੋ ਗਈ ਹੈ। ਮੁੱਖ ਮੰਤਰੀ ਦੇ ਹੁਕਮਾਂ ਅਨੁਸਾਰ ਰਾਜ ਦੇ ਮੁੱਖ ਸਕੱਤਰ ਨੇ ਬੀਤੀ 21 ਦਸੰਬਰ 2023 ਨੂੰ ਮੀਮੋ ਨੰ: ਮੁੱ.ਸ. ਦਫਤਰ/1140 ਜਾਰੀ ਕੀਤਾ ਹੈ। ਪੱਤਰ ਅਨੁਸਾਰ ਮੁੱਖ ਮੰਤਰੀ ਦੇ ਆਦੇਸ਼ਾਂ ਦਾ ਹਵਾਲਾ ਦੇ ਕੇ ਯੋਗ ਸਰਕਾਰੀ ਕਰਮਚਾਰੀਆਂ ਦੀਆਂ ਤਰੱਕੀਆਂ ਦੋ ਮਹੀਨੇ ਦੇ ਅੰਦਰ ਅੰਦਰ ਕਰਨ ਦੀ ਹਿਦਾਇਤ ਕੀਤੀ ਹੈ। ਪੱਤਰ ਅਨੁਸਾਰ ਇਹਨਾਂ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰਨ ਦੀ ਹਿਦਾਇਤ ਵੀ ਕੀਤੀ ਗਈ ਹੈ। ਪੱਤਰ ਦੀ ਕਾਪੀ ਰਾਜ ਦੇ ਸਮੂਹ ਪ੍ਰਬੰਧਕੀ ਸਕੱਤਰ, ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀ, ਰਾਜ ਦੇ ਸਮੂਹ ਡਿਵੀਜਨਾਂ ਦੇ ਕਮਿਸ਼ਨਰ ਅਤੇ ਡਿਪਟੀ ਕਮਿਸ਼ਨਰਾਂ ਨੂੰ ਭੇਜੀ ਗਈ ਹੈ। ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਚੇਅਰਮੈਨ ਅਤੇ ਆਲ ਇੰਡੀਆ ਐਸ.ਸੀ./ਬੀ.ਸੀ./ਐਸ.ਟੀ ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਮੁੱਖ ਮੰਤਰੀ ਵੱਲੋਂ ਉਕਤ ਪੱਤਰ ਭੇਜੇ ਜਾਣ ਦੀ ਪੁਰਜੋਰ ਸ਼ਬਦਾਂ ਵਿਚ ਸ਼ਲਾਘਾ ਕੀਤੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਇਸ ਪੱਤਰ ਨਾਲ ਸਾਰੇ ਸਰਕਾਰੀ ਅਦਾਰਿਆਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਯੂਨੀਵਰਸਿਟੀਆਂ ਵਿਚ ਦਰਜਾ ਚਾਰ ਤੋਂ ਦਰਜਾ ਤਿੰਨ ਵਜੋਂ ਪ੍ਰਮੋਸ਼ਨ ਕਰਨ ਸਮੇਤ ਬਾਕੀ ਰਹਿੰਦੀਆਂ ਸਾਰੀਆਂ ਪੈਂਡਿੰਗ ਪਈ ਪ੍ਰਮੋਸ਼ਨਾਂ ਹੋਣ ਦੀ ਸੰਭਾਵਨਾ ਜਾਗ ਪਈ ਹੈ। ਪ੍ਰਧਾਨ ਢੋਸੀਵਾਲ ਨੇ ਇਹ ਵੀ ਜਾਣਕਾਰੀ ਦਿੱਤੀ ਹੈ ਕਿ ਲੋਕ ਹਿੱਤ ਅਤੇ ਕਰਮਚਾਰੀਆਂ ਨੂੰ ਉਨ੍ਹਾਂ ਦੀ ਪ੍ਰਮੋਸ਼ਨਾਂ ਦਾ ਬਣਦਾ ਲਾਭ ਦਿਵਾਉਣ ਲਈ ਰਾਜ ਦੇ ਸਾਰੇ ਸਰਕਾਰੀ ਅਦਾਰਿਆਂ ਨੂੰ ਉਕਤ ਪੱਤਰ ਅਨੁਸਾਰ ਨਿਸ਼ਚਤ ਸਮੇਂ ਅੰਦਰ ਪ੍ਰਮੋਸ਼ਨਾਂ ਕਰਨ ਲਈ ਏਕਤਾ ਭਲਾਈ ਮੰਚ ਵੱਲੋਂ ਵੀ ਲਿਖਤੀ ਬੇਨਤੀ ਕੀਤੀ ਜਾਵੇਗਾ। ਨਿਸ਼ਚਤ ਸਮਾਂ ਹੱਦ ਬੀਤਣ ਉਪਰੰਤ ਇਹਨਾਂ ਅਦਾਰਿਆਂ ਵੱਲੋਂ ਕੀਤੀ ਕਾਰਵਾਈ ਬਾਰੇ ਜਾਣਕਾਰੀ ਵੀ ਹਾਸਲ ਕਰਨਗੇ।

# ਕਮਿਊਨਿਸਟ ਪਾਰਟੀ ਨੇ ਸਥਾਪਨਾ ਦਿਵਸ ਮਨਾਇਆ



**ਮਲੋਟ, (ਗੁਰਮੀਤ ਸਿੰਘ ਮੱਕੜ)** ਭਾਰਤੀ ਕਮਿਊਨਿਸਟ ਪਾਰਟੀ ਦਾ ਸਥਾਪਨਾ ਦਿਵਸ ਸਥਾਨਕ ਐਡਵਰਡਗੰਜ ਹਾਊਸ ਵਿਚ ਮਨਾਇਆ ਗਿਆ।

ਪਾਰਟੀ 1925 ਨੂੰ ਕਾਨਪੁਰ ਵਿਖੇ ਸਥਾਪਤ ਹੋਈ ਸੀ। ਸਮਾਗਮ ਵਿਚ ਪਾਰਟੀ ਦੇ ਆਗੂਆਂ ਨੇ ਪਾਰਟੀ ਵੱਲੋਂ ਲੰਮੇ ਸਮੇਂ ਵਿਚ ਕੀਤੀਆਂ ਗਤੀਵਿਧੀਆਂ 'ਤੇ ਚਾਨਣਾ ਪਾਇਆ।

ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜੇ ਪਾਰਟੀ ਦੇ ਜਰਨਲ ਸਕੱਤਰ ਤੇ ਸੀਨੀਅਰ ਆਗੂ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਪਾਰਟੀ ਦੀ ਕਾਰਗੁਜ਼ਾਰੀ ਦੇ ਚਾਨਣਾ ਪਾਉਂਦੇ ਹੋਏ ਕਿਹਾ ਕਿ 1925 ਵਿਚ ਕਾਨਪੁਰ ਵਿਖੇ ਹੋਂਦ ਵਿਚ ਆਈ ਸੀ, ਜਿਸ ਨੂੰ 98 ਸਾਲ ਪੂਰੇ ਹੋ ਚੁੱਕੇ ਹਨ ਅਤੇ 99 ਸਾਲ ਸ਼ੁਰੂ ਹੋ ਜਾਵੇਗਾ।

ਉਨ੍ਹਾਂ ਕਿਹਾ ਕੇ ਸਾਨੂੰ ਪਾਰਟੀ 'ਤੇ ਬੜਾ ਫ਼ਖ਼ਰ ਹੈ। ਜੇ ਦੇਸ਼ ਦੀ ਆਜ਼ਾਦੀ ਵਿੱਚ ਸਭ ਤੋਂ ਵੱਧ ਯੋਗਦਾਨ ਰਿਹਾ ਹੈ ਤਾਂ ਇਸ ਪਾਰਟੀ ਦਾ ਰਿਹਾ। ਸਭ ਤੋਂ ਜ਼ਿਆਦਾ ਤਸੀਹੇ ਅਤੇ ਕੁਰਬਾਨੀਆਂ ਇਸ ਪਾਰਟੀ ਦੀਆਂ ਰਹੀਆਂ ਹਨ ਤੇ ਪੂਰਨ ਆਜ਼ਾਦੀ ਦੀ ਪਹਿਲੀ ਮੰਗ ਕਮਿਊਨਿਸਟਾਂ ਨੇ ਉਠਾਈ ਸੀ। ਉਨ੍ਹਾਂ ਕੇਂਦਰ ਦੀ ਭਾਜਪਾ ਪਾਰਟੀ 'ਤੇ ਸ਼ਬਦੀ ਹਮਲੇ ਕਰਦੇ ਕਿਹਾ ਕਿ ਇਨ੍ਹਾਂ ਨੇ ਧਰਮ ਦੇ ਨਾਂਅ 'ਤੇ ਦੇਸ਼ ਨੂੰ ਵੰਡਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕਤੰਤਰ ਨੂੰ ਬਚਾਉਣ ਤੇ ਕਾਰਪੋਰੇਟ ਘਰਾਣਿਆਂ ਨਾਲ ਜੋ ਲੜਾਈ ਲੜ ਰਹੀ ਹੈ ਤਾਂ ਉਹ ਕਮਿਊਨਿਸਟ ਪਾਰਟੀ ਲੜ ਰਹੀ ਹੈ।

ਇਸ ਮੌਕੇ ਆਗੂ ਸ਼ੁਦਰਸ਼ਨ ਜੱਗਾ ਤੇ ਕਾਮਰੇਡ ਡਾ. ਸ਼ੁਦੇਸ਼ ਕੁਮਾਰੀ ਆਦਿ ਹਾਜ਼ਰ ਸਨ।

# ਆਰਸੇਟੀ ਦੀ ਤਿਮਾਹੀ ਰੀਵਿਊ ਮੀਟਿੰਗ ਦੀ ਡੀ ਸੀ ਨੇ ਕੀਤੀ ਪ੍ਰਧਾਨਗੀ



**ਮੋਗਾ (ਅਮਰਜੀਤ ਬੱਬਰੀ)** ਡਿਪਟੀ ਕਮਿਸ਼ਨਰ-ਕਮ-ਚੇਅਰਪਰਸਨ ਦਿਹਾਤੀ ਸਵੈ ਰੋਜ਼ਗਾਰ ਸਿਖਲਾਈ ਸੰਸਥਾ (ਆਰਸੇਟੀ) ਕੁਲਵੰਤ ਸਿੰਘ ਨੇ ਤਿਮਾਹੀ ਰਿਵਿਊ ਮੀਟਿੰਗ ਦੀ ਪ੍ਰਧਾਨਗੀ ਕੀਤੀ।ਮੀਟਿੰਗ ਵਿੱਚ ਉਨ੍ਹਾਂ ਨਾਲ ਲੀਡ ਬੈਂਕ ਮੈਨੇਜਰ ਚਿਰੰਜੀਵ ਸਿੰਘ, ਡੀਡੀਐਮ ਨਾਬਾਰਡ ਰਸ਼ੀਦ ਲੇਖੀ ਤੋਂ ਇਲਾਵਾ ਹੋਰ ਵੀ ਅਧਿਕਾਰੀ, ਕਰਮਚਾਰੀ ਹਾਜ਼ਰ ਸਨ।ਇਸ ਮੌਕੇ ਕੁਲਵੰਤ ਸਿੰਘ ਨੇ ਇਸਦੇ ਨੁਮਾਇੰਦਿਆਂ ਨੂੰ ਦੱਸਿਆ ਕਿ ਆਰਸੇਟੀ ਵਿੱਚ ਆਉਣ ਵਾਲੇ ਸਿਖਿਆਰਥੀਆਂ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਸਵੈ ਰੋਜ਼ਗਾਰ ਅਪਨਾ ਕੇ ਆਪਣੇ ਪੈਰਾਂ 'ਤੇ ਖੜਾ ਹੋਣ ਲਈ ਪ੍ਰੇਰਿਤ ਕਰਨ 'ਤੇ ਜ਼ੋਰ ਦਿੱਤਾ ਜਾਵੇ ਤਾਂ ਜੁ ਉਹ ਆਪਣੇ ਅਪਨਾਉਣ ਵਾਲੇ ਕੰਮ ਧੰਦੇ ਬਾਰੇ ਭਵਿੱਖ ਦੀ ਯੋਜਨਾ ਤਿਆਰ ਕਰਕੇ ਦ੍ਰਿੜ ਇਰਾਦੇ ਨਾਲ ਉਸ ਟੀਚੇ ਦੀ ਪ੍ਰਾਪਤੀ ਲਈ ਯਤਨ ਕਰਨ।ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਆਰਸੇਟੀ ਅਧੀਨ ਕਰਾਏ ਜਾਣ ਵਾਲੇ ਕੋਰਸਾਂ ਵਿੱਚ ਬੇਕਰੀ ਅਤੇ ਭਵਿੱਖ ਦੀਆਂ ਨਵੀਂਆਂ ਤਕਨੀਕਾਂ 'ਤੇ ਅਧਾਰਤ ਕਿੱਤਾਮੁਖੀ ਕੋਰਸਾਂ ਦੀ ਸ਼ੁਰੂਆਤ ਵੀ ਕੀਤੀ ਜਾਵੇ ਤਾਂ ਜੁ ਨੌਜਵਾਨਾਂ ਨੂੰ ਇਸ ਸਿਖਲਾਈ ਦੇ ਆਧਾਰ 'ਤੇ ਆਪਣਾ ਕਾਰੋਬਾਰ ਸ਼ੁਰੂ ਕਰਨ ਅਤੇ ਇਸਦੀ ਪ੍ਰਫੁੱਲਤਾ ਦੇ ਰਾਹ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ। ਡਿਪਟੀ ਕਮਿਸ਼ਨਰ ਨੇ ਇੰਡਸਟਰੀਜ਼ ਨਾਲ ਤਾਲਮੇਲ ਕਰਕੇ ਉਨ੍ਹਾਂ ਦੀ ਮੰਗ ਅਨੁਸਾਰ ਸਿਖਿਆਰਥੀਆਂ ਨੂੰ ਟ੍ਰੇਨਿੰਗ ਦੇਣ ਦੀ ਹਦਾਇਤ ਵੀ ਕੀਤੀ ਤਾਂ ਜੁ ਸਿਖਿਆਰਥੀਆਂ ਨੂੰ ਛੇਤੀ ਤੋਂ ਛੇਤੀ ਰੁਜ਼ਗਾਰ ਦਿਵਾਇਆ ਜਾ ਸਕੇ। ਮੀਟਿੰਗ ਵਿੱਚ ਹਾਜ਼ਰ ਆਰਸੇਟੀ ਡਾਇਰੈਕਟਰ ਗੌਰਵ ਕੁਮਾਰ ਨੇ ਡਿਪਟੀ ਕਮਿਸ਼ਨਰ ਨੂੰ ਜੀ ਆਇਆਂ ਕਹਿੰਦਿਆਂ ਦੱਸਿਆ ਕਿ 2009 ਤੋਂ ਸ਼ੁਰੂ ਹੋਈ ਇਸ ਸੰਸਥਾ ਵੱਲੋਂ ਹੁਣ ਤੱਕ ਵੱਖ-ਵੱਖ ਸਿਖਲਾਈ ਕੋਰਸਾਂ ਵਿੱਚ ਹਜ਼ਾਰਾਂ ਸਿਖਿਆਰਥੀ ਸਿਲਾਈ-ਕਢਾਈ, ਬਿਊਟੀ ਪਾਰਲਰ, ਡੇਅਰੀ ਫਾਰਮਿੰਗ, ਕੰਪਿਊਟਰ ਬੇਸਿਕ ਅਤੇ ਪਲੰਬਰ ਆਦਿ ਵੱਖ-ਵੱਖ ਕੋਰਸਾਂ ਦੀ ਸਿਖਲਾਈ ਪ੍ਰਾਪਤ ਕਰ ਚੁੱਕੇ ਹਨ।

ਇਸ ਮੌਕੇ ਹਾਜ਼ਰ ਲੀਡ ਜ਼ਿਲ੍ਹਾ ਮੈਨੇਜਰ ਚਿਰੰਜੀਵ ਸਿੰਘ ਨੇ ਜ਼ਿਲ੍ਹੇ ਦੀਆਂ ਸਮੂਹ ਬੈਂਕਾਂ ਵੱਲੋਂ ਭਰੋਸਾ ਦਿਵਾਇਆ ਕਿ ਬੈਂਕਾਂ ਵੱਲੋ ਬੇਰੁਜ਼ਗਾਰ ਨੌਜਵਾਨਾਂ ਨੂੰ ਵੱਧ ਤੋਂ ਵੱਧ ਕਰਜ਼ੇ ਮੁਹੱਈਆ ਕਰਾਉਣ ਦੇ ਹਰ ਸੰਭਵ ਉਪਰਾਲੇ ਕੀਤੇ ਜਾਣਗੇ।ਇਸ ਤੋ ਪਹਿਲਾਂ ਆਰਸੇਟੀ ਮੋਗਾ ਦੀ ਤਿਮਾਹੀ ਮੀਟਿੰਗ ਦੌਰਾਨ ਤਿਮਾਹੀ ਰਿਪੋਰਟ ਪੇਸ਼ ਕੀਤੀ ਗਈ ਤੇ ਡਿਪਟੀ ਕਮਿਸ਼ਨਰ ਨੇ ਪੰਜਾਬ ਐਂਡ ਸਿੰਘ ਬੈਂਕ ਆਰਸੇਟੀ ਦੇ ਕੰਮ-ਕਾਜ ਦਾ ਨਿਰੀਖਣ ਕਰਦਿਆਂ ਵਿਸਥਾਰ ਵਿੱਚ ਮੈਂਬਰਾਂ ਪਾਸੋਂ ਜਾਣਕਾਰੀ ਹਾਸਲ ਕੀਤੀ।

# 'ਜਿੰਦਾਂ ਨਿੱਕੀਆਂ' ਸਾਈਟ ਐਂਡ ਸਾਊਂਡ ਸ਼ੋਅ ਦੀ ਵਿਲੱਖਣ ਪੇਸ਼ਕਾਰੀ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਆਰਟ ਥੀਏਟਰ ਦੇ ਸਹਿਯੋਗ ਨਾਲ ਆਮ ਖਾਸ ਬਾਗ ਵਿਖੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਵਾਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਸਾਲਾਨਾ ਸ਼ਹੀਦੀ ਸਭਾ ਦੀ ਪਹਿਲੀ ਸ਼ਾਮ ਮੌਕੇ ਕਰਾਏ ਮਹਾਂਨਾਟਕ 'ਜਿੰਦਾਂ ਨਿੱਕੀਆਂ' ਦੀ ਵਿਲੱਖਣ ਪੇਸ਼ਕਾਰੀ ਨੇ ਸੰਗਤ ਨੂੰ ਭਾਵੁਕ ਕਰ ਦਿੱਤਾ।ਸੰਗਤ ਨੇ ਜੈਕਾਰਿਆਂ ਦੀ ਗੂੰਜ ਨਾਲ ਭਾਵੁਕਤਾ ਤੇ ਜੋਸ਼ ਦਾ ਪ੍ਰਗਟਾਵਾ ਕੀਤਾ। ਸਵਰਗੀ ਡਾ. ਹਰਚਰਨ ਸਿੰਘ ਲਾਟਾ ਵੱਲੋਂ ਲਿਖਤ ਨਾਟਕ 'ਤੇ ਅਧਾਰਤ ਅਤੇ ਪ੍ਰਸਿੱਧ ਨਿਰਦੇਸ਼ਕ ਤੇ ਨਿਰਮਾਤਾ ਹਰਬਖ਼ਸ਼ ਸਿੰਘ ਲਾਟਾ ਦੀ ਨਿਰਦੇਸ਼ਨਾਂ ਹੇਠ ਸਾਈਟ ਐਂਡ ਸਾਊਂਡ ਸ਼ੋਅ 'ਜਿੰਦਾਂ ਨਿੱਕੀਆਂ' 'ਚ ਖ਼ਾਲਸਾ ਪੰਥ ਦੀ ਸਾਜਨਾ ਸਮੇਤ ਪਰਵਾਰ ਵਿਛੋੜੇ ਤੋਂ ਲੈ ਕੇ ਚੱਪੜਚਿੜੀ ਤੱਕ ਦੇ ਇਤਿਹਾਸ ਨੂੰ ਦਿਲਕਸ਼ ਤੇ ਖ਼ੂਬਸੂਰਤੀ ਨਾਲ ਰੂਪਮਾਨ ਕੀਤਾ ਗਿਆ ਹੈ।ਆਮ ਖਾਸ ਬਾਗ ਵਿਖੇ ਪੇਸ਼ ਕੀਤੇ ਗਏ ਇਸ ਸ਼ੋਅ ਦੌਰਾਨ ਹੱਡ ਚੀਰਵੀਂ ਠੰਢ ਦੇ ਬਾਵਜੂਦ ਦੂਰੋਂ-ਦੂਰੋਂ ਪੁੱਜੇ ਸ਼ਰਧਾਲੂਆਂ ਤੋਂ ਇਲਾਵਾ ਐੱਸ.ਡੀ.ਐਮ. ਸ਼੍ਰੀ ਅਰਵਿੰਦ ਕੁਮਾਰ, ਮੁੱਖ ਮੰਤਰੀ ਫੀਲਡ ਅਫ਼ਸਰ (ਸੀ.ਐਮ.ਐੱਫ.ਓ.) ਅਭਿਸ਼ੇਕ ਸ਼ਰਮਾ ਸਮੇਤ ਵੱਡੀ ਗਿਣਤੀ ਹੋਰ ਸ਼ਖ਼ਸੀਅਤਾਂ ਨੇ ਵੀ ਇਸ ਮਹਾਂਨਾਟਕ ਨੂੰ ਭਾਵੁਕਤਾ ਨਾਲ ਦੇਖਿਆ।ਉਨ੍ਹਾਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਵਰਗੀ ਮਿਸਾਲ ਦੁਨੀਆ ਭਰ ਵਿੱਚ ਹੋਰ ਕਿਤੇ ਨਹੀਂ ਮਿਲਦੀ।ਨਾਟਕ ਦੇਖਣ ਉਪਰੰਤ ਐੱਸ.ਡੀ.ਐਮ. ਨੇ ਕਿਹਾ ਕਿ ਅਜਿਹੇ ਇਤਿਹਾਸਕ ਨਾਟਕ ਅਜੋਕੀ ਪੀੜ੍ਹੀ ਲਈ ਪ੍ਰੇਰਣਾ ਸਰੋਤ ਹਨ ਅਤੇ ਇਨ੍ਹਾਂ ਨਾਟਕਾਂ ਨਾਲ ਜਿਥੇ ਇਤਿਹਾਸ ਬਾਰੇ ਜਾਣਕਾਰੀ ਮਿਲਦੀ ਹੈ।ਉਥੇ ਛੋਟੇ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਨੂੰ ਨਤਮਸਤਕ ਹੋਣ ਦਾ ਮੌਕਾ ਵੀ ਮਿਲਦਾ ਹੈ।ਉਨ੍ਹਾਂ ਇਤਿਹਾਸਕ ਨਾਟਕ 'ਜਿੰਦਾਂ ਨਿੱਕੀਆਂ' ਦੀ ਪੇਸ਼ਕਾਰੀ ਕਰਨ ਵਾਲੇ ਕਲਾਕਾਰਾਂ ਦੀ ਵੀ ਸ਼ਲਾਘਾ ਕੀਤੀ।

# ਰੱਤੋਕੇ ਸਕੂਲ ਵੱਲੋਂ ਖਿਡਾਰਨ ਜੈਨਮ ਰਾਣੀ ਦਾ ਸਨਮਾਨ

**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)** ਸਰਕਾਰੀ ਰੱਤੋਕੇ ਸਕੂਲ ਆਪਣੀ ਹੋਣਹਾਰ ਵਿਦਿਆਰਥੀਆਂ ਦੀ ਤਰੱਕੀ ਲਈ ਦਿਨ-ਰਾਤ ਕੰਮ ਕਰ ਰਿਹਾ ਹੈ। ਇੱਥੋਂ ਦੀਆਂ ਵਿਦਿਆਰਥਣਾਂ ਅਮਨਜੋਤ ਕੌਰ ਅਤੇ ਮਨਦੀਪ ਕੌਰ ਵੀ ਰੋਇੰਗ ਵਿੱਚ ਮੱਲਾਂ ਮਾਰ ਚੁੱਕੀਆਂ ਹਨ। ਜੈਨਮ ਰਾਣੀ ਦਾ ਸਕੂਲ ਪਹੁੰਚਣ 'ਤੇ ਸਾਰੇ ਸਟਾਫ਼, ਪੰਚਾਇਤ ਅਤੇ ਪਤਵੰਤੇ ਸੱਜਣਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸਰਪੰਚ ਕੁਲਦੀਪ ਕੌਰ ਤੇ ਗਿਆਨ ਸਿੰਘ ਭੁੱਲਰ ਨੇ ਕਿਹਾ ਕਿ ਜੈਨਮ ਰਾਣੀ ਸਾਡੀ ਬਹੁਤ ਹੀ ਹੋਣਹਾਰ ਵਿਦਿਆਰਥਣ ਹੈ। ਆਉਣ ਵਾਲੇ ਸਮੇਂ ਵਿੱਚ ਸਾਨੂੰ ਇਸ ਤੋਂ ਬਹੁਤ ਵੱਡੀਆਂ ਆਸਾਂ ਹਨ। ਜੈਨਮ, ਅਮਨ ਤੇ ਮਨਦੀਪ ਸਾਡੇ ਹੋਰਨਾਂ ਬੱਚਿਆਂ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਕਿਹਾ ਕਿ ਸਾਡੇ ਵਿਦਿਆਰਥੀ ਪੜ੍ਹਾਈ ਦੇ ਨਾਲ ਨਾਲ ਖੋ-ਖੋ, ਰੋਇੰਗ, ਰੱਸਾਕਸ਼ੀ ਅਤੇ ਅਥਲੈਟਿਕਸ ਵਿੱਚ ਮੱਲਾਂ ਮਾਰ ਰਹੇ ਹਨ।ਸਕੂਲ ਕਮੇਟੀ ਪ੍ਰਧਾਨ ਬਲਜੀਤ ਬੱਲੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਅਸੀਂ ਬੱਚਿਆਂ ਦੀ ਪ੍ਰਗਤੀ ਲਈ ਹੋਰ ਵਧੇਰੇ ਯਤਨ ਕਰਾਂਗੇ। ਜੈਨਮ ਰਾਣੀ ਦਾ ਸਨਮਾਨ ਕਰਨ ਮੌਕੇ ਸਾਹਿਬ ਸਿੰਘ, ਪਾਲੀ ਧਨੌਲਾ ਹਰਮਿੰਦਰ ਸਿੰਘ ਰੂਮੀ, ਮਾਸਟਰ ਬੰਤਾ ਸਿੰਘ, ਕਰਮਜੀਤ ਕੌਰ, ਸਤਪਾਲ ਕੌਰ ਰੇਨੂ ਸਿੰਗਲਾ ਪ੍ਰਵੀਨ ਕੌਰ, ਚਰਨਜੀਤ ਕੌਰ, ਸੁਖਪਾਲ ਸਿੰਘ, ਪ੍ਰਦੀਪ ਸਿੰਘ ਤੇ ਮੈਡਮ ਰਣਜੀਤ ਕੌਰ ਹਾਜ਼ਰ ਸਨ।



# ਜਬਰ ਜ਼ਨਾਹ ਦੇ ਕੇਸ 'ਚ ਨਾਮਜ਼ਦ ਕੀਤੇ ਪਿਓ-ਪੁੱਤਰ ਨੂੰ ਅਦਾਲਤ ਨੇ ਕੀਤਾ ਬਰੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** - ਜਬਰ ਜਨਾਹ ਕਰਕੇ ਲੜਕੀ ਨੂੰ ਗਰਭਵਤੀ ਕਰਨ ਦੇ ਇੱਕ ਕਥਿਤ ਕੇਸ 'ਚ ਨਾਮਜ਼ਦ ਕੀਤੇ ਗਏ ਪਿਓ-ਪੁੱਤਰ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ ਬਰੀ ਕਰ ਦਿੱਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਇੱਕ ਲੜਕੀ ਦੀ ਸ਼ਿਕਾਇਤ 'ਤੇ 18/1/23 ਨੂੰ ਥਾਣਾ ਖੇੜੀ ਨੌਧ ਸਿੰਘ ਦੀ ਪੁਲਿਸ ਵੱਲੋਂ ਪਿੰਡ ਧੂੰਦਾ ਦੇ ਵਸਨੀਕ ਗੁਰਕਰਨਦੀਪ ਸਿੰਘ ਉਰਫ ਰੌਬਿਨ ਨਾਮਕ ਨੌਜਵਾਨ ਨੂੰ ਅ/ਧ 376,506 ਆਈ.ਪੀ.ਸੀ., 3 (1), 3 (2) ਐਸ.ਸੀ.ਐਕਟ ਅਤੇ ਪੋਸਕੋ ਐਕਟ ਦੀ ਧਾਰਾ 4 ਤਹਿਤ ਅਤੇ ਉਸਦੇ ਪਿਤਾ ਹਰਬੰਸ ਸਿੰਘ ਨੂੰ ਅ/ਧ 120ਬੀ ਤਹਿਤ ਮੁਕੱਦਮੇ 'ਚ ਨਾਮਜ਼ਦ ਕੀਤਾ ਗਿਆ ਸੀ।ਮਾਮਲੇ 'ਚ ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਸੀ ਕਿ ਅਗਸਤ 2022 'ਚ ਉਹ ਕਿਸੇ ਕੰਮ ਲਈ ਗੁਰਕਰਨਦੀਪ ਸਿੰਘ ਉਰਫ ਰੌਬਿਨ ਦੇ ਘਰ ਗਈ ਸੀ ਤਾਂ ਰੌਬਿਨ ਨੇ ਉਸ ਨਾਲ ਜਬਰੀ ਬਲਾਤਕਾਰ ਕੀਤਾ ਸੀ, ਜਿਸ ਤੋਂ ਕੁਝ ਮਹੀਨਿਆਂ ਬਾਅਦ ਉਸਦੇ ਪੇਟ 'ਚ ਦਰਦ ਹੋਣ 'ਤੇ ਉਸਦੀ ਮਾਂ ਉਸਨੂੰ ਡਾਕਟਰ ਕੋਲ ਲੈ ਕੇ ਗਈ ਤਾਂ ਡਾਕਟਰ ਨੇ ਉਸਦੇ ਗਰਭਵਤੀ ਹੋਣ ਦੀ ਪੁਸ਼ਟੀ ਕੀਤੀ।

ਮਾਮਲੇ ਦੀ ਸੁਣਵਾਈ ਦੌਰਾਨ ਸ਼ਿਕਾਇਤਕਰਤਾ ਨੇ ਅਦਾਲਤ ਨੂੰ ਦੱਸਿਆ ਕਿ ਅਗਸਤ 2022 'ਚ ਉਹ ਸ਼ਾਮ ਨੂੰ ਸੜਕ 'ਤੇ ਸੈਰ ਕਰ ਰਹੀ ਸੀ ਤਾਂ ਰਸਤਾ ਪੁੱਛਣ ਦੇ ਬਹਾਨੇ ਉਸ ਕੋਲ ਆ ਕੇ ਰੁਕੇ ਅਣਪਛਾਤੇ ਵਿਅਕਤੀਆਂ ਨੇ ਉਸਨੂੰ ਕੁਝ ਸੁੰਘਾ ਦਿੱਤਾ ਸੀ, ਜਿਸ ਕਾਰਨ ਉਹ ਬੇਹੋਸ਼ ਹੋ ਗਈ ਸੀ ਤੇ ਜਦੋਂ ਉਸਨੂੰ ਹੋਸ਼ ਆਈ ਤਾਂ ਉਹ ਇੱਕ ਮੋਟਰ ਵਾਲੇ ਕੋਠੇ 'ਚ ਸੀ, ਜਿੱਥੋਂ ਉਹ ਆਪਣੇ ਘਰ ਚਲੇ ਗਈ ਤੇ ਉਸਨੂੰ ਅਹਿਸਾਸ ਹੋਇਆ ਕਿ ਉਸ ਨਾਲ ਕੁਝ ਗ਼ਲਤ ਵਾਪਰ ਗਿਆ ਹੈ, ਪਰ ਉਸਨੇ ਇਸ ਘਟਨਾ ਬਾਰੇ ਆਪਣੇ ਪਰਵਾਰ ਨੂੰ ਕੁਝ ਨਹੀਂ ਦੱਸਿਆ।

ਸ਼ਿਕਾਇਤਕਰਤਾ ਨੇ ਅਦਾਲਤ 'ਚ ਦੱਸਿਆ ਕਿ ਗੁਰਕਰਨਦੀਪ ਸਿੰਘ ਉਰਫ਼ ਰੌਬਿਨ ਤੇ ਉਸਦੇ ਪਿਤਾ ਹਰਬੰਸ ਸਿੰਘ ਇਸ ਮਾਮਲੇ 'ਚ ਬੇਕਸੂਰ ਹਨ ਤੇ ਉਸ ਨੇ ਇਨ੍ਹਾਂ ਵਿਰੁੱਧ ਪੁਲਸ ਨੂੰ ਕੋਈ ਬਿਆਨ ਨਹੀਂ ਦਿੱਤਾ।ਪੀੜਤ ਲੜਕੀ ਦੀ ਮਾਂ ਨੇ ਵੀ ਅਦਾਲਤ ਨੂੰ ਦੱਸਿਆ ਕਿ ਉਸਦੀ ਲੜਕੀ ਗੁਰਕਰਨਦੀਪ ਸਿੰਘ ਦੇ ਘਰ ਗਈ ਹੀ ਨਹੀਂ ਸੀ ਅਤੇ ਨਾ ਹੀ ਉਨ੍ਹਾਂ ਨੇ ਉਸਦੀ ਲੜਕੀ ਨਾਲ ਕੁਝ ਗ਼ਲਤ ਕੀਤਾ ਹੈ।

ਮਾਮਲੇ ਦੀ ਸੁਣਵਾਈ ਪੂਰੀ ਹੋਣ 'ਤੇ ਐਡੀਸ਼ਨਲ ਸੈਸ਼ਨਜ਼ ਜੱਜ ਦੀ ਅਦਾਲਤ ਨੇ ਗੁਰਕਰਨਦੀਪ ਸਿੰਘ ਉਰਫ਼ ਰੌਬਿਨ ਤੇ ਹਰਬੰਸ ਸਿੰਘ ਨੂੰ ਮਾਮਲੇ 'ਚ ਸ਼ੱਕ ਦਾ ਲਾਭ ਦਿੰਦੇ ਹੋਏ ਮੁਕੱਦਮੇ 'ਚੋਂ ਬਰੀ ਕੀਤੇ ਜਾਣ ਦਾ ਹੁਕਮ ਸੁਣਾਇਆ।

# ਪ੍ਰਾਈਵੇਟ ਨਰਸਿੰਗ ਕਾਲਜਾਂ ਦੇ ਨੁਮਾਇੰਦਿਆਂ/ਇੰਚਾਰਜਾਂ ਨਾਲ ਮੀਟਿੰਗ



**ਮੋਗਾ (ਅਮਰਜੀਤ ਬੱਬਰੀ)**-ਸਿਵਲ ਸਰਜਨ ਡਾਕਟਰ ਰਾਜੇਸ਼ ਅੱਤਰੀ ਦੀ ਪ੍ਰਧਾਨਗੀ ਹੇਠ ਜ਼ਿਲ੍ਹੇ ਦੇ ਵੱਖ-ਵੱਖ ਪ੍ਰਾਈਵੇਟ ਨਰਸਿੰਗ ਕਾਲਜਾਂ ਦੇ ਨੁਮਾਇੰਦਿਆਂ/ਇੰਚਾਰਜਾਂ ਨਾਲ ਮੀਟਿੰਗ ਕੀਤੀ ਗਈ।ਸਿਵਲ ਸਰਜਨ ਨੂੰ ਵੀਡੀਓ ਕਾਨਫਰੰਸ ਰਾਹੀਂ ਉੱਚ ਅਧਿਕਾਰੀਆਂ ਵੱਲੋਂ ਦਿੱਤੀਆਂ ਜਾਂਦੀਆਂ ਵੱਖ-ਵੱਖ ਸ਼੍ਰੇਣੀਆਂ/ਕੋਰਸਾਂ ਅਧੀਨ ਨਰਸਿੰਗ ਵਿਦਿਆਰਥੀਆਂ ਦੀਆਂ ਡਿਊਟੀਆਂ ਸਬੰਧੀ ਹਦਾਇਤਾਂ ਬਾਰੇ ਉਨ੍ਹਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਉਨ੍ਹਾਂ ਨੂੰ ਪੀ.ਐਨ.ਆਰ.ਸੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਕਿਹਾ ਗਿਆ।ਸਿਵਲ ਸਰਜਨ ਨੇ ਕਿਹਾ ਕਿ ਭਵਿੱਖ ਵਿੱਚ ਸਮੇਂ ਸਿਰ ਮੀਟਿੰਗਾਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।ਇਸ ਮੌਕੇ ਡਾ. ਸੁਖਪ੍ਰੀਤ ਬਰਾੜ ਐੱਸ ਐਮ ਓ ਮੋਗਾ, ਬਾਬਾ ਮੰਗਲ ਸਿੰਘ, ਭਾਈ ਘਣਇਆ ਧਰਮਕੋਟ, ਸੰਤ ਦਰਬਾਰਾ ਸਿੰਘ ਲੋਪੋਂ, ਸ਼ਾਮ ਲਾਲ ਥਾਪਰ, ਬਾਬੇ ਕੇ ਦਾਉਧਰ ਸ਼੍ਰੀਮਤੀ ਰਣਜੀਤ ਕੌਰ ਮੈਟਰਨ, ਮਨਜੀਤ ਕੌਰ ਤੇ ਪ੍ਰਵੀਨ ਸ਼ਰਮਾ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਵੀ ਹਾਜ਼ਰ ਸਨ।

# ਸਕੂਲ 'ਚ ਸਾਲਾਨਾ ਐਥਲੈਟਿਕਸ ਮੀਟ ਕਰਾਈ



**ਦਿੜ੍ਹਬਾ (ਜਸਵੀਰ ਲਾਡੀ)** ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਗੁੱਜਰਾਂ ਵਿਖੇ ਸਾਲਾਨਾ ਅਥਲੈਟਿਕਸ ਮੀਟ ਪ੍ਰਿੰਸੀਪਲ ਸ੍ਰੀ ਨਿਖਲ ਰੰਜਨ ਮੋਂਡਲ ਦੀ ਪ੍ਰੇਰਣਾ ਅਤੇ ਅਗਵਾਈ ਵਿੱਚ ਬੜੇ ਹੀ ਸੁਚੱਜੇ ਤਰੀਕੇ ਨਾਲ ਕਰਾਈ ਗਈ। ਸਕੂਲ ਮੈਨੇਜਮੈਂਟ ਕਮੇਟੀ ਚੇਅਰਪਰਸਨ ਸ੍ਰੀਮਤੀ ਚਰਨਜੀਤ ਕੌਰ ਨੇ ਇਸ ਸਮਾਰੋਹ ਵਿੱਚ ਬੋਲਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਵਿਦਿਆਰਥੀਆਂ ਦੀ ਸਰੀਰਕ ਯੋਗਤਾ ਨੂੰ ਸੰਪੂਰਨ ਕਰਨ ਲਈ ਖੇਡਾਂ ਜਿੱਥੇ ਅਹਿਮ ਰੋਲ ਅਦਾ ਕਰਦੀਆਂ ਹਨ, ਉਥੇ ਨਾਲ ਹੀ ਉਨ੍ਹਾਂ ਨੂੰ ਸਿਹਤਮੰਦ ਤੇ ਨਿਰੋਗ ਵੀ ਰੱਖਦੀਆਂ ਹਨ। ਮੰਚ ਸੰਚਾਲਨ ਕਰਦਿਆਂ ਸਕੂਲ ਅਧਿਆਪਕ ਨਾਇਬ ਸਿੰਘ ਰਟੋਲਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਖੇਡਾਂ ਵਿੱਚ ਰੁਚੀ ਪੈਦਾ ਕਰਨ ਲਈ ਸਕੂਲ ਦੀ ਇਹ ਅਥਲੈਟਿਕਸ ਮੀਟ ਉਨ੍ਹਾਂ ਅੰਦਰ ਖੇਡ ਭਾਵਨਾ ਪੈਦਾ ਕਰੇਗੀ।

ਵਿਦਿਆਰਥੀ ਖੇਡਾਂ ਵਿੱਚ ਮੱਲਾਂ ਮਾਰ ਕੇ ਆਪਣਾ ਕੈਰੀਅਰ ਵੀ ਇਸ ਖੇਤਰ ਵਿੱਚ ਬਣਾ ਸਕਦੇ ਹਨ, ਕਿਉਂਕਿ ਖੇਡਾਂ ਜਿੱਥੇ ਵਿਦਿਆਰਥੀਆਂ ਲਈ ਸਰੀਰਕ ਊਰਜਾ ਦਾ ਸਰੋਤ ਬਣਦੀਆਂ ਹਨ, ਉਥੇ ਉਨ੍ਹਾਂ ਲਈ ਨੌਕਰੀ ਪ੍ਰਾਪਤ ਕਰਨ ਦਾ ਇੱਕ ਜ਼ਰੀਆ ਵੀ ਬਣਦੀਆਂ ਹਨ। ਇਹ ਐਥਲੈਟਿਕਸ ਮੀਟ ਸਕੂਲ ਦੇ ਸਮੂਹ ਵਿਦਿਆਰਥੀਆਂ ਦੇ ਸਹਿਯੋਗ ਨਾਲ ਤੇ ਸਕੂਲ ਸਟਾਫ਼ ਦੀ ਸਖ਼ਤ ਮਿਹਨਤ ਸਦਕਾ ਵਿਦਿਆਰਥੀਆਂ ਨੂੰ ਅੰਤਰ ਹਾਊਸਿਜ ਵਿੱਚ ਵੰਡ ਕੇ ਕਰਾਈਆਂ ਗਈਆਂ। ਸਕੂਲ ਦੇ ਸਮੂਹ ਵਿਦਿਆਰਥੀਆਂ ਨੂੰ ਚਾਰ ਹਾਊਸਜ਼ ਵਿੱਚ ਵੰਡ ਕੇ ਜਿਨਾਂ ਦੇ ਨਾਮ ਸਾਹਿਬਜਾਦਾ ਅਜੀਤ ਸਿੰਘ, ਸਾਹਿਬਜਾਦਾ ਜੁਝਾਰ ਸਿੰਘ, ਸਾਹਿਬਜ਼ਾਦਾ ਜ਼ੋਰਾਵਰ ਸਿੰਘ, ਸਾਹਿਬਜ਼ਾਦਾ ਫ਼ਤਿਹ ਸਿੰਘ ਰੱਖੇ ਹੋਏ ਹਨ। ਅੰਤਰ ਹਾਊਸਾਂ ਦਾ ਇਹ ਮੁਕਾਬਲਾ ਸ਼ਹਾਦਤਾਂ ਦੇ ਮਹੀਨੇ ਨੂੰ ਸਮਰਪਤ ਕਰਦੇ ਹੋਏ ਅਲੱਗ-ਅਲੱਗ ਇਵੈਂਟਸ 200 ਮੀਟਰ ਜੂਨੀਅਰ ਵਰਗ ਲੜਕੇ, 200 ਮੀਟਰ ਜੂਨੀਅਰ ਵਰਗ ਲੜਕੀਆਂ, 200 ਮੀਟਰ ਸੀਨੀਅਰ ਵਰਗ ਲੜਕੇ, 200 ਮੀਟਰ ਸੀਨੀਅਰ ਵਰਗ ਲੜਕੀਆਂ, ਇਸੇ ਤਰ੍ਹਾਂ 100 ਮੀਟਰ ਰੇਸ ਦੇ ਵਰਗ, ਥ੍ਰੀ ਲੈਗ, ਰਿਲੇਅ ਰੇਸ, ਲੈਮਨ ਸਪੂਨ ਰੇਸ, ਲੌਂਗ ਜੰਪ, ਬੋਰੀ ਰੇਸ ਆਦਿ ਮੁਕਾਬਲੇ ਕਰਾਏ ਗਏ। ਸਮਾਗਮ ਦੀ ਸ਼ੁਰੂਆਤ ਵਿੱਚ ਚਾਰੇ ਹਾਊਸਜ ਦੇ ਵਿਦਿਆਰਥੀ-ਵਿਦਿਆਰਥਣਾਂ ਨੇ ਸ਼ਾਨਦਾਰ ਮਾਰਚ ਪਾਸਟ ਕੀਤਾ, ਜੋ ਇਸ ਸਮਾਰੋਹ ਨੂੰ ਚਾਰ ਚੰਨ ਲਗਾ ਗਿਆ। ਇਸ ਸਮਾਗਮ ਦੀ ਓਵਰਆਲ ਟਰਾਫ਼ੀ ਫ਼ਤਿਹ ਸਿੰਘ ਹਾਊਸ ਦੇ ਹਿੱਸੇ ਆਈ, ਜਦਕਿ ਹਾਊਸ ਸਾਹਿਬਜ਼ਾਦਾ ਅਜੀਤ ਸਿੰਘ ਨੇ ਦੂਜਾ ਸਥਾਨ, ਸਾਹਿਬਜ਼ਾਦਾ ਜੁਝਾਰ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਸਕੂਲ ਮੈਨੇਜਮੈਂਟ ਕਮੇਟੀ ਦੀ ਹਾਜ਼ਰੀ ਵਿੱਚ ਸਮੂਹ ਸਟਾਫ਼ ਤੇ ਪ੍ਰਿੰਸੀਪਲ ਸ੍ਰੀ ਨਿਖਿਲ ਰੰਜਨ ਮੋਂਡਲ ਸਾਹਿਬ ਨੇ ਜੇਤੂ ਵਿਦਿਆਰਥੀਆਂ ਨੂੰ ਮੈਡਲ ਪਹਿਨਾ ਕੇ ਸਨਮਾਨਤ ਕੀਤਾ। ਇਸ ਮੌਕੇ ਸਮੂਹ ਸਕੂਲ ਸਟਾਫ਼ ਜਗਤਾਰ ਸਿੰਘ, ਗੁਰਜੀਤ ਸਿੰਘ, ਤਰਸੇਮ ਸਿੰਘ, ਮਾਲਵਿੰਦਰ ਸਿੰਘ, ਸ੍ਰੀ ਯਸ਼ਪਾਲ, ਰਾਜਵੀਰ ਕੌਰ, ਅਮਨਦੀਪ ਕੌਰ, ਰੁਪਿੰਦਰ ਕੌਰ, ਮਨਦੀਪ ਕੌਰ, ਰਵਨੀਤ ਕੌਰ, ਜਸਵੀਰ ਕੌਰ, ਗੁਰਜੀਤ ਸਿੰਘ, ਲਾਇਬ੍ਰੇਰੀਅਨ ਓਂਕਾਰ ਸਿੰਘ, ਜਗਸੀਰ ਸਿੰਘ, ਕਰਮ ਸਿੰਘ, ਭੂਰਾ ਸਿੰਘ, ਜਰਨੈਲ ਸਿੰਘ, ਕੁਲਦੀਪ ਕੌਰ, ਗੁਰਮੀਤ ਕੌਰ, ਸ੍ਰੀਮਤੀ ਦਲਵੀਰ ਕੌਰ ਅੰਗਰੇਜ਼ੀ ਲੈਕਚਰਾਰ ਤੇ ਗੁਰਸੇਵਕ ਸਿੰਘ ਆਦਿ ਹਾਜ਼ਰ ਸਨ।

ਅਖੀਰ ਵਿੱਚ ਮੈਡਮ ਨਵਜੋਤ ਇੰਦਰ ਕੌਰ ਤੇ ਸ੍ਰੀ ਭਾਰਤ ਭੂਸ਼ਨ ਹਿੰਦੀ ਮਾਸਟਰ ਜੀ ਦਾ ਪ੍ਰਿੰਸੀਪਲ ਸ੍ਰੀ ਨਿਖਲ ਰੰਜਨ ਵੱਲੋਂ ਉਚੇਚੇ ਤੌਰ 'ਤੇ ਧੰਨਵਾਦ ਕੀਤਾ ਗਿਆ।

# ਲੋਹਗੜ੍ਹ 'ਚ ਸ਼ਹੀਦਾਂ ਦੀ ਯਾਦ 'ਚ ਦੁੱਧ ਦਾ ਲੰਗਰ ਲਾਇਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਨਿਰਮਲੇ ਡੇਰਾ ਸਾਹਿਬ ਲੋਹਗੜ੍ਹ ਵਿਖੇ ਪਿੰਡ ਵਾਸੀਆਂ ਵੱਲੋਂ ਸ਼ਹੀਦਾਂ ਦੀ ਯਾਦ 'ਚ ਸੰਗਤਾਂ ਲਈ ਦੁੱਧ ਦਾ ਲੰਗਰ ਲਾਇਆ ਗਿਆ, ਜਿਸ ਦੌਰਾਨ ਸੇਵਾਦਾਰਾਂ ਨੇ ਤਨ, ਮਨ ਤੇ ਧਨ ਨਾਲ ਸੇਵਾ ਕੀਤੀ ਤੇ ਸੰਪਰਕ ਸੜਕ ਉੱਤੇ ਆਉਂਦੇ ਜਾਂਦੇ ਰਾਹਗੀਰਾਂ ਨੂੰ ਲੰਗਰ ਛਕਾਇਆ।

ਇਸ ਮੌਕੇ ਪਿੰਡ ਲੋਹਗੜ੍ਹ ਵਾਸੀ ਤੇ ਸੰਤ ਜਤਿੰਦਰ ਸਿੰਘ ਲਾਡੀ, ਮਹੰਤ ਚਮਕੌਰ ਸਿੰਘ ਲੋਹਗੜ੍ਹ ਨੇ ਦੱਸਿਆ ਕਿ ਪਿੰਡ ਵਾਸੀਆਂ ਵੱਲੋਂ ਸਾਹਿਬਜ਼ਾਦਿਆਂ ਦੀ ਯਾਦ ਵਿੱਚ ਲੰਗਰ ਲਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਨਿੱਕੀਆਂ ਜਿੰਦਾਂ ਵੱਡੇ ਸਾਕੇ ਕਰ ਦਿਖਾਉਣ ਵਾਲੇ ਸਾਹਿਬਜ਼ਾਦਿਆਂ ਨੇ ਜਿਥੇ ਜ਼ੁਲਮ ਨੂੰ ਠੱਲ੍ਹ ਪਾਈ, ਉਥੇ ਹੀ ਉਨ੍ਹਾਂ ਨੇ ਧਰਮ ਤੋਂ ਉਪਰ ਉਠ ਕੇ ਮਨੁੱਖਤਾ ਦੀ ਸੇਵਾ ਕਰਨ ਦਾ ਸੰਦੇਸ਼ ਵੀ ਦਿੱਤਾ।ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਿਹਾੜਾ ਮਨਾਉਣ ਦਾ ਮੁੱਖ ਮੰਤਵ ਸ਼ਹੀਦਾਂ ਨੂੰ ਯਾਦ ਕਰਨ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਸ਼ਹੀਦਾਂ ਬਾਰੇ ਜਾਣੂ ਕਰਾਉਣਾ ਹੈ ਤਾਂ ਜੁ ਉਹ ਸਿੱਖੀ ਨਾਲ ਜੁੜ ਕੇ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ ਉੱਤੇ ਚਲ ਸਕਣ।

ਉਨ੍ਹਾਂ ਬੱਚਿਆਂ ਦੀਆਂ ਮਾਵਾਂ ਨੂੰ ਸਿੱਖੀ ਨਾਲ ਜੋੜਨ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਫਤਹਿਗੜ੍ਹ ਸਾਹਿਬ ਤੇ ਚਮਕੌਰ ਸਾਹਿਬ ਦੇ ਇਤਿਹਾਸ ਆਪਣੇ ਬੱਚਿਆਂ ਨੂੰ ਹਰ ਰੋਜ਼ ਜਾਣੂ ਕਰਾਉਣ ਤਾਂ ਜੁ ਉਨ੍ਹਾਂ ਨੂੰ ਛੋਟੇ-ਛੋਟੇ ਬੱਚਿਆਂ ਦੀ ਲਾਸਾਨੀ ਸ਼ਹੀਦੀ ਬਾਰੇ ਪਤਾ ਲੱਗ ਸਕੇ।

ਇਸ ਮੌਕੇ ਸਰਪੰਚ ਦਿਲਬਾਗ ਸਿੰਘ, ਦਵਿੰਦਰ ਸਿੰਘ ਕਾਕਾ, ਕਲਵਿੰਦਰ ਸਿੰਘ ਨਿੱਕਾ, ਗੁਰਵਿੰਦਰ ਸਿੰਘ, ਗੁਰਸੇਵਕ ਸਿੰਘ, ਭਿੰਦਾ ਸਿੰਘ, ਗੁਰਪ੍ਰੀਤ ਸਿੰਘ, ਜਗਰੂਪ ਸਿੰਘ, ਵਿੱਕੀ ਸਿੰਘ, ਹਰਮਨ ਸਿੰਘ, ਪਰਮਵੀਰ ਸਿੰਘ, ਹਰਦੀਪ ਸਿੰਘ ਤੇ ਰਾਜਦੀਪ ਸਿੰਘ ਹਾਜ਼ਰ ਸਨ।

# ਸ਼ਹੀਦੀ ਜੋੜ ਮੇਲ ਮੌਕੇ ਪੁਲਸ ਵੱਲੋਂ ਕੀਤੇ ਗਏ ਪੁਖਤਾ ਪ੍ਰਬੰਧ : ਐੱਸ ਐੱਸ ਪੀ



**ਮੰਡੀ ਗੋਬਿੰਦਗੜ੍ਹ, (ਲਖਵੀਰ ਸਿੰਘ)**-ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਮੁਖੀ ਡਾ. ਰਵਜੋਤ ਕੌਰ ਗਰੇਵਾਲ ਵੱਲੋਂ ਸ਼ਹੀਦੀ ਜੋੜ ਮੇਲ ਮੌਕੇ ਦੌਰਾ ਕੀਤਾ ਗਿਆ ਤੇ ਸੰਗਤਾਂ ਨੂੰ ਹਰ ਸਹਿਯੋਗ ਦਾ ਭਰੋਸਾ ਦਿੱਤਾ ਗਿਆ, ਉਥੇ ਹੀ ਘੋੜੇ ਉਪਰ ਸਵਾਰ ਹੋ ਕੇ ਪੈਟਰੋਲਿੰਗ ਕੀਤੀ ਗਈ।

ਐਸ.ਐਸ.ਪੀ ਡਾ. ਗਰੇਵਾਲ ਨੇ ਕਿਹਾ ਕਿ ਸ਼ਹੀਦੀ ਜੋੜ ਮੇਲ ਮੌਕੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਤਾਂ ਜੁ ਸੰਗਤਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਮੁਸ਼ਕਲ ਪੇਸ਼ ਨਾ ਆਵੇ ਅਤੇ ਵੱਡੀ ਗਿਣਤੀ ਪੁਲਸ ਮੁਲਾਜ਼ਮ ਤੈਨਾਤ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਸ਼ਹੀਦੀ ਜੋੜ ਮੇਲ ਮੌਕੇ ਲੱਖਾਂ ਦੀ ਗਿਣਤੀ ਸੰਗਤਾਂ ਛੋਟੇ ਸਾਹਿਬਜ਼ਾਦਿਆਂ ਨੂੰ ਨਤਮਸਤਕ ਹੋਣ ਲਈ ਪਹੁੰਚਦੀਆਂ ਹਨ ਤੇ ਸੰਗਤਾਂ ਵਿੱਚ ਬਹੁਤ ਜ਼ਿਆਦਾ ਸ਼ਰਧਾ ਹੈ। ਉਨ੍ਹਾਂ ਅੱਗੇ ਕਿਹਾ ਕਿ ਜਿਹੜੇ ਧਾਰਮਿਕ ਸਥਾਨਾਂ ਉਤੇ ਸੰਗਤਾਂ ਲੱਖਾਂ ਦੀ ਗਿਣਤੀ ਪਹੁੰਚਦੀਆਂ ਹਨ, ਉਥੇ ਘੋੜ ਸਵਾਰੀ ਰਾਹੀਂ ਨਿਗ੍ਹਾ ਰੱਖੀ ਜਾਂਦੀ ਹੈ ਅਤੇ ਹੁਣ ਤੱਕ 40 ਲੱਖ ਦੇ ਕਰੀਬ ਸ਼ਰਧਾਲੂ ਨਤਮਸਤਕ ਹੋ ਚੁੱਕੇ ਹਨ ਅਤੇ ਨਿਗਰਾਨੀ ਲਈ ਸੀ.ਸੀ.ਟੀ.ਵੀ ਕੈਮਰੇ ਵੀ ਲਾਏ ਗਏ ਹਨ।

ਉਨ੍ਹਾਂ ਅੱਗੇ ਕਿਹਾ ਕਿ ਜੋੜ ਮੇਲ ਮੌਕੇ ਜੇਕਰ ਕੋਈ ਹੁੱਲੜਬਾਜ਼ੀ ਕਰੇਗਾ ਤਾਂ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਸੰਗਤਾਂ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾ ਪੁਲਸ ਦੇ ਧਿਆਨ ਵਿੱਚ ਜ਼ਰੂਰ ਲਿਆਉਣ। ਇਸ ਮੌਕੇ ਐਸ ਪੀ ਹੈਡ ਕੁਆਰਟਰ ਰਵਿੰਦਰ ਸਿੰਘ, ਐਸ ਪੀ ਡੀ ਰਾਕੇਸ਼ ਯਾਦਵ, ਐਸ ਐਸ ਪੀ ਦੇ ਰੀਡਰ ਵਿਨੋਦ ਕੁਮਾਰ ਤੇ ਪੁਲਸ ਮੁਲਾਜ਼ਮ ਮੌਜੂਦ ਸਨ।

28-Dec-PAGE-8.qxd 12/27/2023 10:09 PM Page 1



# ਆਨਲਾਈਨ ਤਕਨੀਕ ਨੇ ਖੇਤੀਬਾੜੀ ਵਪਾਰ 'ਚ ਲਿਆਂਦੀ ਕ੍ਰਾਂਤੀ : ਬਰਸਟ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਈ-ਨੈਮ (ਇਲੈਕਟ੍ਰੋਨਿਕ ਨੈਸ਼ਨਲ ਐਗਰੀਕਲਚਰ ਮਾਰਕੀਟ) ਇੱਕ ਆਨਲਾਈਨ ਵਪਾਰਕ ਪਲੇਟਫਾਰਮ ਹੈ, ਜੋ ਕਿਸਾਨਾਂ, ਵਪਾਰੀਆਂ, ਐਫ ਪੀ ਓਜ਼ ਅਤੇ ਹੋਰ ਸਟੇਕਹੋਲਡਰਜ਼ ਨੂੰ ਖੇਤੀਬਾੜੀ ਵਸਤੂਆਂ ਦੀ ਆਨਲਾਈਨ ਖਰੀਦ-ਵੇਚ ਦੀ ਸਹੂਲਤ ਦਿੰਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਨੇ 79 ਈ-ਨੈਮ ਟ੍ਰੇਨਿੰਗ ਪ੍ਰੋਗਰਾਮ ਦੀ ਸਮਾਪਤੀ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਸਟੇਕਹੋਲਡਰਜ਼ ਵਿੱਚ ਜਾਗਰੂਕਤਾ ਫੈਲਾਉਣ ਲਈ ਲਗਾਤਾਰ ਈ-ਨੈਮ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਸਦੇ ਤਹਿਤ ਇਹ ਟ੍ਰੇਨਿੰਗ ਪ੍ਰੋਗਰਾਮ 29 ਨਵੰਬਰ ਤੋਂ 79 ਈ-ਨੈਮ ਮੰਡੀਆਂ ਵਿੱਚ ਆਯੋਜਤ ਕੀਤਾ ਗਿਆ। 2 ਭਾਗਾਂ ਵਿੱਚ ਆਯੋਜਤ ਇਸ ਸਿਖਲਾਈ ਪ੍ਰੋਗਰਾਮ ਵਿੱਚ ਲਗਭਗ 17000 ਸਟੇਕਹੋਲਡਰਜ਼ ਨੇ ਭਾਗ ਲਿਆ। ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਵਰਤਮਾਨ 'ਚ, ਪੰਜਾਬ ਸੂਬੇ ਦੇ 79 ਪ੍ਰਮੁੱਖ ਯਾਰਡਾਂ ਨੂੰ ਈ-ਨੈਮ ਪੋਰਟਲ ਨਾਲ ਜੋੜਿਆ ਗਿਆ ਹੈ, ਜਿਸ ਵਿੱਚ ਪੰਜਾਬ ਦੇ 2,17,491 ਕਿਸਾਨ, 2,906 ਵਪਾਰੀ, 8,966 ਕਮਿਸ਼ਨ ਏਜੰਟ ਅਤੇ 39 ਐਫ ਪੀ ਓਜ਼ ਰਜਿਸਟਰ ਕੀਤੇ ਗਏ ਹਨ, ਜੋ ਵੱਖ-ਵੱਖ ਖੇਤੀ ਜਿਣਸਾਂ ਜਿਵੇਂ ਕਿ ਆਲੂ, ਬਾਸਮਤੀ, ਮੱਕੀ, ਕਿੰਨੂ, ਹਰੀ ਮੂੰਗ, ਕਪਾਹ, ਹਰੇ ਮਟਰ, ਸ਼ਿਮਲਾ ਮਿਰਚ, ਤਰਬੂਜ਼, ਲੀਚੀ, ਸੂਰਜਮੁਖੀ, ਪਿਆਜ ਆਦਿ ਦਾ ਵਪਾਰ ਕਰ ਰਹੇ ਹਨ। ਹੁਣ ਤੱਕ ਪੰਜਾਬ ਸੂਬੇ ਵਿੱਚ ਈ-ਨੈਮ ਰਾਹੀਂ 11,755 ਕਰੋੜ ਰੁਪਏ ਦਾ 35.87 ਲੱਖ ਮੀਟ੍ਰਿਕ ਟਨ ਦਾ ਵਪਾਰ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਿਸਾਨ ਹੁਣ ਈ-ਪੇਮੈਂਟਸ ਦੁਆਰਾ ਆਪਣੀ ਜਿਣਸਾਂ ਲਈ ਭੁਗਤਾਨ ਲੈ ਰਹੇ ਹਨ, ਕਿਉਂਕਿ ਉਹਨਾਂ ਨੂੰ ਬਹੁਤ ਘੱਟ ਸਮੇਂ ਵਿੱਚ ਲੈਣ-ਦੇਣ ਰਕਮ ਦਾ ਨਿਪਟਾਰਾ ਕਰਨਾ ਬਹੁਤ ਸੌਖਾ ਲੱਗ ਰਿਹਾ ਹੈ। ਰਾਜ ਸਰਕਾਰ ਵੱਲੋਂ ਮੌਜੂਦਾ ਵਿੱਤੀ ਸਾਲ ਵਿੱਚ 1331.40 ਲੱਖ ਈ-ਭੁਗਤਾਨ ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਈ-ਨੈਮ ਰਾਹੀਂ ਅੰਤਰਰਾਜੀ ਵਪਾਰ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਜਿਸਦੇ ਚਲਦਿਆਂ ਜੰਮੂ-ਕਸ਼ਮੀਰ, ਹਰਿਆਣਾ, ਝਾਰਖੰਡ ਅਤੇ ਮਹਾਰਾਸ਼ਟਰ ਨਾਲ ਅੰਤਰਰਾਜੀ ਵਪਾਰ ਸ਼ੁਰੂ ਕੀਤਾ ਗਿਆ ਹੈ। ਹਾਲ ਹੀ ਵਿੱਚ ਪੰਜਾਬ ਦੇ ਵਪਾਰੀਆਂ ਨੇ ਅੰਤਰਰਾਜੀ ਵਪਾਰ ਰਾਹੀਂ ਨਾਸਿਕ ਤੋਂ 3.10 ਕਰੋੜ ਰੁਪਏ ਦਾ 1635 ਮੀਟ੍ਰਿਕ ਟਨ ਪਿਆਜ ਖਰੀਦਿਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਦੂਜੇ ਰਾਜਾਂ ਨੂੰ ਖਰਬੂਜੇ ਅਤੇ ਕਿੰਨੂ ਵੇਚਣ ਅਤੇ ਅੰਤਰਰਾਜੀ ਵਪਾਰ ਰਾਹੀਂ ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਤੋਂ ਸੇਬ ਖਰੀਦਣ ਦੀ ਯੋਜਨਾ ਬਣਾ ਰਹੀ ਹੈ।

# ਰਸ਼ੀਆ ਦੀ ਜੇਲ੍ਹ 'ਚ ਫਸੇ 6 ਭਾਰਤੀ ਮੁੰਡਿਆਂ ਨੂੰ ਸੰਤ ਸੀਚੇਵਾਲ ਦੇ ਯਤਨਾਂ ਨਾਲ ਛੁਡਵਾਇਆ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**- ਰਸ਼ੀਆ ਦੀ ਜੇਲ੍ਹ ਵਿੱਚ ਫਸੇ 6 ਭਾਰਤੀ ਨੌਜਵਾਨ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਵਾਪਸ ਆਪਣੇ ਘਰਾਂ ਨੂੰ ਵਾਪਸ ਪਰਤ ਸਕੇ ਹਨ। ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਨ੍ਹਾਂ ਨੌਜਵਾਨਾਂ ਨੇ ਦੱਸਿਆ ਕਿਵੇਂ ਉਨ੍ਹਾਂ ਨਾਲ ਸਫ਼ਰ ਦੌਰਾਨ ਵਾਪਰ ਕਰਨ ਸਮੇਂ ਉਨ੍ਹਾਂ 'ਤੇ ਅੰਤ ਦਾ ਤਸ਼ੱਦਦ ਕੀਤਾ ਗਿਆ। ਵਾਪਸ ਆਏ ਇਨ੍ਹਾਂ 6 ਨੌਜਵਾਨਾਂ ਵਿੱਚ ਪੰਜ ਪੰਜਾਬੀ ਅਤੇ ਇੱਕ ਹਰਿਆਣਾ ਦਾ ਨੌਜਵਾਨ ਸ਼ਾਮਲ ਹੈ। ਇਨ੍ਹਾਂ ਨੌਜਵਾਨਾਂ ਦੀ ਉਮਰ 18 ਤੋਂ 24 ਸਾਲਾਂ ਦੇ ਵਿਚਕਾਰ ਹੈ। ਪੰਜਾਬ ਦੇ ਨੌਜਵਾਨਾਂ ਵਿੱਚ ਫਾਜਿਲਕਾ ਦਾ ਬਲਵਿੰਦਰ ਸਿੰਘ, ਕਪੂਰਥਲਾ ਦਾ ਗੁਰਮੀਤ ਸਿੰਘ, ਗੁਰਦਾਸਪੁਰ ਦੇ ਗੁਰਵਿਸ਼ਵਾਸ ਸਿੰਘ ਤੇ ਹਰਜੀਤ ਸਿੰਘ ਗੁਰਦਾਸਪੁਰ ਅਤੇ ਜਲੰਧਰ ਦਾ ਲਖਵੀਰ ਸਿੰਘ ਸ਼ਾਮਲ ਸਨ ਅਤੇ ਕਰਨਾਲ (ਹਰਿਆਣਾ) ਦਾ ਰਾਹੁਲ ਨੌਜਵਾਨ ਸ਼ਾਮਲ ਹੈ।

ਇਨ੍ਹਾਂ ਨੌਜਵਾਨਾਂ ਨੇ ਦੱਸਿਆ ਕਿ ਟਰੈਵਲ ਏਜੰਟ ਨੇ ਉਨ੍ਹਾਂ ਕੋਲੋਂ 13-13 ਲੱਖ ਰੁਪਏ ਲੈ ਕੇ ਸਪੇਨ ਭੇਜਣਾ ਸੀ। ਉਨ੍ਹਾਂ ਕਿਹਾ ਕਿ ਏਜੰਟ ਪਹਿਲਾਂ ਉਨ੍ਹਾਂ ਨੂੰ ਉਮਾਨ ਲੈ ਗਿਆ ਫਿਰ ਉਥੋਂ ਮਾਸਕੋ ਲੈ ਗਿਆ। ਮਾਸਕੋ ਤੋਂ ਬੇਲਾਰੂਸ ਜਿਸ ਦੇ ਉੱਥੇ ਪੈਦਲ ਜੰਗਲਾਂ ਰਾਹੀਂ ਪੁਰਤਗਾਲ ਤੇ ਲਤੀਵੀਆਂ ਰਾਹੀਂ ਯੂਰਪ 'ਚ ਦਾਖਲਾ ਕਰਵਾਉਣਾ ਸੀ, ਪਰ ਉੱਥੇ ਫੌਜ ਨੇ ਉਨ੍ਹਾਂ ਨੂੰ ਫੜ ਲਿਆ ਤੇ ਕੁੱਟਮਾਰ ਕਰਕੇ ਫਿਰ ਬੇਲਾਰੂਸ ਦੇ ਜੰਗਲਾਂ 'ਚ ਛੱਡ ਦਿੱਤਾ। ਇਨ੍ਹਾਂ ਨੌਜਵਾਨਾਂ ਨੇ ਦੱਸਿਆ ਕਿ ਉਨ੍ਹਾਂ ਕੋਲ ਖਾਣਾ ਬਹੁਤ ਘੱਟ ਸੀ ਤੇ ਜੰਗਲਾਂ 'ਚ 14-14 ਘੰਟੇ ਤੁਰਨਾ ਪੈਂਦਾ ਸੀ ਤੇ ਜੰਗਲਾਂ ਦੇ ਪੱਤੇ ਖਾ ਕੇ ਤੇ ਪਾਣੀ ਨਾਲ ਗੁਜ਼ਾਰਾ ਕਰਨਾ ਪੈਂਦਾ ਸੀ।

ਇਨ੍ਹਾਂ ਨੌਜਵਾਨਾਂ ਨੇ ਦੱਸਿਆ ਕਿ ਟਰੈਵਲ ਏਜੰਟ ਨੇ ਅਜਿਹਾ ਤਿੰਨ ਵਾਰ ਕੀਤਾ। ਜਦੋਂ ਯੂਰਪ 'ਚ ਦਾਖਲ ਨਾ ਹੋ ਸਕੇ ਤਾਂ ਏਜੰਟ ਨੇ ਉਨ੍ਹਾਂ ਨੂੰ ਫਿਨਲੈਂਡ ਦੇ ਬਰਫ਼ ਲੰਘਾਉਣ ਦੀ ਕੋਸ਼ਿਸ਼ ਕੀਤੀ ਜਿਹੜੀ ਕਿ ਅਸਫਲ ਰਹੀ ਤੇ ਉਥੇ ਪੁਲਸ ਨੇ ਫੜ ਕੇ ਜੇਲ੍ਹ ਭੇਜ ਦਿੱਤਾ। ਨੌਜਵਾਨਾਂ ਨੇ ਦੱਸਿਆ ਕਿ ਉਨ੍ਹਾਂ ਦੇ ਘਰਦਿਆਂ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ 17 ਅਤੇ 20 ਦਸੰਬਰ ਨੂੰ ਸੰਪਰਕ ਕੀਤਾ।

ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੱਸਿਆ ਕਿ ਉਨ੍ਹਾਂ ਨੇ ਮਾਸਕੋ (ਰਸ਼ੀਆ) ਵਿਚਲੀ ਭਾਰਤੀ ਅੰਬੈਸੀ ਨਾਲ ਸੰਪਰਕ ਕੀਤਾ ਤੇ ਇਨ੍ਹਾਂ ਨੌਜਵਾਨਾਂ ਬਾਰੇ ਦੱਸਿਆ। ਭਾਰਤੀ ਅੰਬੈਸੀ ਨੇ ਤੁਰੰਤ ਕਾਰਵਾਈ ਕਰਦਿਆਂ ਇਨ੍ਹਾਂ ਨੌਜਵਾਨਾਂ ਨੂੰ ਚਾਰ-ਪੰਜ ਦਿਨਾਂ ਬਾਅਦ ਹੀ 24 ਦਸੰਬਰ ਨੂੰ ਵਾਪਸ ਭਾਰਤ ਭੇਜ ਦਿੱਤਾ। ਸੰਤ ਸੀਚੇਵਾਲ ਨੇ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਹੀ ਤਰੀਕਿਆਂ ਨਾਲ ਵਿਦੇਸ਼ ਜਾਣ। ਸੰਤ ਸੀਚੇਵਾਲ ਨੇ ਕਿਹਾ ਕਿ ਜਿਹੜੇ ਟਰੈਵਲ ਏਜੰਟ ਠੱਗੀ ਮਾਰਦੇ ਹਨ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਉਣ ਲਈ ਪੀੜਤ ਅੱਗੇ ਆਉਣ ਤਾਂ ਜੋ ਭਵਿੱਖ 'ਚ ਹੋਰ ਲੋਕਾਂ ਨੂੰ ਇਨ੍ਹਾ ਠੱਗ ਟਰੈਵਲ ਏਜੰਟਾਂ ਤੋਂ ਬਚਾਇਆ ਜਾ ਸਕੇ।

# ਲੋਕਾਂ ਨੂੰ ਭੀੜ ਵਾਲੀਆਂ ਥਾਵਾਂ 'ਤੇ ਜਾਣ ਸਮੇਂ ਮਾਸਕ ਪਾਉਣ ਦੀ ਅਪੀਲ

**ਮੋਹਾਲੀ (ਗੁਰਜੀਤ ਬਿੱਲਾ)**

ਦੇਸ਼ ਦੇ ਕੁਝ ਹਿੱਸਿਆਂ 'ਚ ਕੋਵਿਡ-19 ਦੇ ਨਵੇਂ ਸਰੂਪ ਜੇ ਐਨ.1 ਦੇ ਕੇਸਾਂ 'ਚ ਹੋ ਰਹੇ ਵਾਧੇ ਦੇ ਸਨਮੁੱਖ ਜ਼ਿਲ੍ਹਾ ਸਿਹਤ ਵਿਭਾਗ ਨੇ ਜ਼ਿਲ੍ਹਾ ਵਾਸੀਆਂ ਨੂੰ ਸਾਵਧਾਨੀਆਂ ਵਰਤਣ ਦੀ ਸਲਾਹ ਦਿੱਤੀ ਹੈ। ਸਿਵਲ ਸਰਜਨ ਡਾ. ਮਹੇਸ਼ ਕੁਮਾਰ ਆਹੂਜਾ ਅਤੇ ਕੋਵਿਡ ਨੋਡਲ ਅਫ਼ਸਰ ਡਾ. ਸੁਭਾਸ਼ ਕੁਮਾਰ ਨੇ ਲੋਕਾਂ ਨੂੰ ਭੀੜ ਵਾਲੀਆਂ ਥਾਵਾਂ 'ਤੇ ਜਾਣ ਸਮੇਂ ਮਾਸਕ ਪਾਉਣ ਅਤੇ ਵਾਰ-ਵਾਰ ਹੱਥ ਧੋਣ ਜਿਹੇ ਬੁਨਿਆਦੀ ਕੋਵਿਡ ਪ੍ਰੋਟੋਕਾਲ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇ ਲਗਾਤਾਰ ਖੰਘ, ਜ਼ੁਕਾਮ, ਬੁਖ਼ਾਰ ਆਦਿ ਜਿਹੀ ਤਕਲੀਫ਼ ਹੋਵੇ ਤਾਂ ਸਰਕਾਰੀ ਸਿਹਤ ਸੰਸਥਾ ਵਿਚ ਜਾ ਕੇ ਡਾਕਟਰ ਦੀ ਸਲਾਹ ਲਈ ਜਾਵੇ ਅਤੇ ਕੋਵਿਡ ਟੈਸਟ ਕਰਵਾਇਆ ਜਾਵੇ। ਸਿਹਤ ਅਧਿਕਾਰੀਆਂ ਨੇ ਆਖਿਆ ਕਿ ਜ਼ਿਲ੍ਹੇ ਦੀਆਂ ਸਾਰੀਆਂ ਵੱਡੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਜਿਥੇ ਕੋਵਿਡ ਮਰੀਜ਼ਾਂ ਲਈ ਵਿਸ਼ੇਸ਼ ਵਾਰਡ ਤਿਆਰ ਕੀਤੇ ਗਏ ਹਨ, ਉਥੇ ਕੋਵਿਡ ਟੈਸਟਿੰਗ ਵੀ ਲਗਾਤਾਰ ਜਾਰੀ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਹਸਪਤਾਲ ਵਿਚ ਜਾ ਕੇ ਮੁਫ਼ਤ 'ਚ ਕੋਵਿਡ ਟੈਸਟ ਕਰਵਾ ਸਕਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਨੂੰ ਨਵੇਂ ਵਾਇਰਸ ਤੋਂ ਘਬਰਾਉਣ ਦੀ ਲੋੜ ਨਹੀਂ ਕਿਉਂਕਿ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ। ਸਰਕਾਰੀ ਸੰਸਥਾਵਾਂ ਵਿਚ ਲੋੜੀਂਦੇ ਸਟਾਫ਼, ਪੀਪੀਈ ਕਿੱਟਾਂ, ਮਾਸਕ ਅਤੇ ਟੈਸਟਿੰਗ ਕਿੱਟਾਂ ਦਾ ਪੂਰਾ ਪ੍ਰਬੰਧ ਪਹਿਲਾਂ ਹੀ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਜੇ ਕਿਸੇ ਨੂੰ ਮਾੜੀ-ਮੋਟੀ ਤਕਲੀਫ਼ ਹੈ ਤਾਂ ਹਸਪਤਾਲ ਜਾਣ ਦੀ ਬਜਾਏ ਸਿਹਤ ਵਿਭਾਗ ਦੇ ਹੈਲਪਲਾਈਨ ਨੰਬਰ 104 'ਤੇ ਫ਼ੋਨ ਕਰਕੇ ਵੀ ਡਾਕਟਰ ਦੀ ਸਲਾਹ ਲਈ ਜਾ ਸਕਦੀ ਹੈ। ਸਿਹਤ ਅਧਿਕਾਰੀਆਂ ਨੇ ਆਖਿਆ ਕਿ ਲੋਕਾਂ ਦੇ ਸਹਿਯੋਗ ਨਾਲ ਕੋਵਿਡ ਜਿਹੀ ਮਹਾਂਮਾਰੀ 'ਤੇ ਪਹਿਲਾਂ ਵੀ ਕਾਬੂ ਪਾਇਆ ਜਾ ਚੁੱਕਾ ਹੈ। ਇਸ ਲਈ ਹੁਣ ਵੀ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਲੋਕਾਂ ਨੂੰ ਖ਼ੁਦ ਹੀ ਜ਼ਰੂਰੀ ਸਾਵਧਾਨੀਆਂ ਵਰਤਣੀਆਂ ਚਾਹੀਦੀਆਂ ਹਨ। ਬਿਨਾਂ ਲੋੜ ਤੋਂ ਬਾਜ਼ਾਰਾਂ ਜਾਂ ਭੀੜ ਵਾਲੀਆਂ ਹੋਰ ਥਾਵਾਂ 'ਤੇ ਨਹੀਂ ਜਾਣਾ ਚਾਹੀਦਾ। ਗ਼ੈਰ-ਜ਼ਰੂਰੀ ਸਫ਼ਰ ਤੋਂ ਵੀ ਬਚਣਾ ਚਾਹੀਦਾ ਹੈ। ਜੇ ਭੀੜ ਵਾਲੀ ਜਗ੍ਹਾ 'ਤੇ ਜਾਣਾ ਬਹੁਤ ਜ਼ਰੂਰੀ ਹੈ ਤਾਂ ਮਾਸਕ ਜ਼ਰੂਰ ਪਾਉਣਾ ਚਾਹੀਦਾ ਹੈ ਕਿਉਂਕਿ ਮਾਸਕ ਪਾਉਣ ਨਾਲ ਇਸ ਵਾਇਰਸ ਦੀ ਲਪੇਟ ਵਿਚ ਆਉਣ ਤੋਂ ਕਾਫ਼ੀ ਹੱਦ ਤਕ ਬਚਿਆ ਜਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਕੋਵਿਡ ਸਬੰਧੀ ਕਿਸੇ ਤਰ੍ਹਾਂ ਦੀ ਅਫ਼ਵਾਹ ਜਾਂ ਅਪੁਸ਼ਟ ਜਾਣਕਾਰੀ 'ਤੇ ਵਿਸ਼ਵਾਸ ਨਾ ਕੀਤਾ ਜਾਵੇ। ਕਿਸੇ ਵੀ ਜਾਣਕਾਰੀ ਦੀ ਤਸਦੀਕ ਲਈ ਸਿਹਤ ਵਿਭਾਗ ਦੀ ਹੈਲਪਲਾਈਨ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਟਰਾਂਸਪੋਰਟ ਮੰਤਰੀ ਦੇ ਘਰ ਦਾ ਘਿਰਾਓ 19 ਨੂੰ




**ਜਲੰਧਰ, (ਰਾਜੇਸ਼ ਥਾਪਾ)**

ਪੰਜਾਬ ਰੋਡਵੇਜ਼ ਪਨਬਸ ਸਟੇਟ ਟਰਾਂਸਪੋਰਟ ਵਰਕਰ ਯੂਨੀਅਨ 19 ਜਨਵਰੀ ਨੂੰ ਟਰਾਂਸਪੋਰਟ ਮੰਤਰੀ ਦੇ ਘਰ ਦਾ ਘਿਰਾਓ ਕਰੇਗੀ।ਇਸ ਦੌਰਾਨ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਵੀ ਕੀਤਾ ਜਾਵੇਗਾ।ਇਹ ਜਾਣਕਾਰੀ ਸੂਬਾ ਪ੍ਰਧਾਨ ਹਰਮਿੰਦਰ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ।ਉਨ੍ਹਾਂ ਕਿਹਾ ਕਿ ਰੋਡਵੇਜ਼ ਪਨਬੱਸ ਸਟੇਟ ਟਰਾਂਸਪੋਰਟ ਵਰਕਰਜ਼ ਯੂਨੀਅਨ ਹੁਣ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹੇਗੀ।ਉਨ੍ਹਾਂ ਕਿਹਾ ਕਿ ਰੋਡਵੇਜ਼ ਮੁਲਾਜ਼ਮਾਂ ਦਾ ਪਿੰਡਾਂ ਤੋਂ ਸ਼ਹਿਰਾਂ ਤੱਕ ਲੋਕਾਂ ਨਾਲ ਸਿੱਧਾ ਸੰਪਰਕ ਹੈ।ਉਹ ਸਰਕਾਰ ਦੇ ਵਾਅਦਿਆਂ ਦੇ ਖਿਲਾਫ ਬੱਸ ਅੱਡਿਆਂ ਅਤੇ ਬੱਸਾਂ ਵਿੱਚ ਪ੍ਰਚਾਰ ਕਰਨਗੇ।ਪ੍ਰਧਾਨ ਅਨੁਸਾਰ ਇਕ ਪਾਸੇ ਸਰਕਾਰ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਵਾਅਦਾ ਕਰ ਰਹੀ ਹੈ, ਜਦਕਿ ਦੂਜੇ ਪਾਸੇ ਟਰਾਂਸਪੋਰਟ ਵਿਭਾਗ ਦੇ ਠੇਕਾ ਮੁਲਾਜ਼ਮਾਂ ਨੂੰ ਅਜੇ ਤੱਕ ਪੱਕਾ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਸਰਕਾਰ ਨੇ ਫੈਸਲਾ ਕੀਤਾ ਸੀ ਕਿ ਠੇਕਾ ਮੁਲਾਜ਼ਮਾਂ ਦੀਆਂ ਤਨਖਾਹਾਂ ਸਰਕਾਰੀ ਖਜ਼ਾਨੇ ਵਿੱਚੋਂ ਜਾਰੀ ਕੀਤੀਆਂ ਜਾਣਗੀਆਂ, ਪਰ ਅੱਜ ਤੱਕ ਇਹ ਵਾਅਦਾ ਵੀ ਪੂਰਾ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਉਹ ਆਪਣੀਆਂ ਮੰਗਾਂ ਮਨਵਾਉਣ ਲਈ ਅਜਿਹਾ ਫੈਸਲਾ ਲੈਣ ਲਈ ਮਜਬੂਰ ਹਨ। ਇਸ ਮੌਕੇ ਜਸਪਾਲ ਸਿੰਘ ਬਾਜਵਾ, ਗੁਰਮੁੱਖ ਸਿੰਘ, ਜਗਦੀਪ ਸਿੰਘ, ਸੁਖਬੀਰ ਸਿੰਘ, ਲਖਵੀਰ ਸਿੰਘ, ਪਰਮਿੰਦਰ ਸਿੰਘ, ਹਰਪਾਲ ਸਿੰਘ, ਨਵੀਨ ਕੁਮਾਰ, ਨਿਸ਼ਾਨ ਸਿੰਘ ਆਦਿ ਹਾਜ਼ਰ ਸਨ।

# ਪੁਲਸ ਨੇ ਗੱਡੀਆਂ ਦੇ ਪਿੱਛੇ ਰਿਫਲੈਕਟਰ ਲਗਾਏ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਜਿਲ੍ਹੇ ਨਵਾਂਸ਼ਹਿਰ ਦੇ ਐਸ ਐਸ ਪੀ ਅਖਿਲ ਚੌਧਰੀ ਦੇ ਨਿਰਦੇਸ਼ਾ ਦੇਸ਼ਾ ਅਨੁਸਾਰ ਡੀ ਐਸ ਪੀ ਸੁਰਿੰਦਰ ਚਾਦ ਦੀ ਅਗਵਾਈ 'ਚ ਚੰਡੀਗੜ੍ਹ ਚੌਕ, ਗੜ੍ਹਸੰਕਰ ਰੋਡ, ਨਵਾਂਸ਼ਹਿਰ ਬਾਈਪਾਸ ਚੌਕ ਵਿਖੇ ਧੁੰਦ ਦੇ ਮੌਸਮ 'ਚ, ਟਰੈਕਟਰ ਟਰਾਲੀਆਂ ਦੇ ਪਿੱਛੇ ਰਿਫਲੈਕਟਰ ਲਾਉਣ ਲਈ ਮਹਿੰਮ ਚਲਾਈ ਗਈ। ਇਸ ਮੌਕੇ ਟਰੈਫਿਕ ਇੰਚਾਰਜ ਹਰਭਜਨ ਸਿੰਘ ਏ ਐਸ ਆਈ ਬਲਵੰਤ ਸਿੰਘ ਜਸਵਿੰਦਰ ਸਿੰਘ, ਅਮਰੀਕ ਸਿੰਘ ਨੇ ਟਰੈਕਟਰ ਟਰਾਲੀ ਚਾਲਕਾਂ ਨੂੰ ਧੁੰਦ ਦੇ ਮੌਸਮ 'ਚ ਰਿਫਲੈਕਟਰਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਾਨੂੰ ਆਪਣੇ ਉਪਰ ਰਿਫਲੈਕਟਰਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਟਰੈਕਟਰ ਟਰਾਲੀਆਂ। ਰੀਟਰੋ ਰਿਫਲੈਕਟਿਵ ਰੇਡੀਅਮ ਟੇਪ ਅਤੇ ਰਿਫਲੈਕਟਰ ਲਗਾਉਣੇ ਲਾਜਮੀ ਹਨ। ਧੁੰਦ ਦੇ ਮੌਸਮ 'ਚ ਪਿੱਛੇ ਤੋਂ ਆ ਰਹੇ ਵਾਹਨ ਚਾਲਕਾਂ ਨੂੰ 150 ਮੀਟਰ ਦੀ ਦੂਰੀ ਤੱਕ ਰਿਫਲੈਕਟਰ ਚਮਕਾਉਂਦਾ ਹੈ। ਇਸ ਦੀ ਰੌਸ਼ਨੀ ਨੂੰ ਰਿਫਲੈਕਟ ਕਰਦਾ ਹੈ, ਤਾਂ ਜੋ ਸਮੇਂ 'ਤੇ ਅਤੇ ਸੁਰੱਖਿਅਤ ਦੂਰੀ 'ਤੇ ਆਉਣ ਵਾਲਾ ਡਰਾਈਵਰ ਇਸ ਦੀ ਚਮਕ ਪ੍ਰਾਪਤ ਕਰਕੇ ਆਪਣੇ ਵਾਹਨ ਦੀ ਰਫਤਾਰ ਨੂੰ ਕੰਟਰੋਲ ਕਰਕੇ ਹਾਦਸੇ ਤੋਂ ਬਚ ਸਕੇ। ਟਰੈਫਿਕ ਇੰਚਾਰਜ ਹਰਭਜਨ ਸਿੰਘ ਇਸ ਦੌਰਾਨ 50 ਟਰੈਕਟਰ-ਟਰਾਲੀਆਂ ਆਟੇ, ਰਿਕਸ਼ਾ, ਟਿਪਰ ਟਰੱਕ ਗੱਡੀਆਂ ਪਿੱਛੇ ਰਿਫਲੈਕਟਰ ਲਗਾਏ ਗਏ। ਉਨ੍ਹਾਂ ਕਿਹਾ ਕਿ ਧੁੰਦ ਦੇ ਮੌਸਮ ਦੌਰਾਨ ਹਾਦਸਿਆਂ ਦੀ ਗਿਣਤੀ ਕਾਫੀ ਵੱਧ ਜਾਂਦੀ ਹੈ। ਹਰ ਡਰਾਈਵਰ ਧੁੰਦ ਵਿੱਚ ਲੰਬੀ ਦੂਰੀ ਤੱਕ ਸਾਫ-ਸਾਫ ਨਹੀਂ ਦੇਖ ਸਕਦਾ, ਇਸ ਲਈ ਸਾਨੂੰ ਆਪਣੀਆਂ ਟਰੈਕਟਰ ਟਰਾਲੀਆਂ ਦੇ ਪਿਛਲੇ ਪਾਸੇ ਰਿਫਲੈਕਟਰ ਲਗਾਉਣੇ ਚਾਹੀਦੇ ਹਨ।



# ਗੁਰੂ ਗੋਬਿੰਦ ਸਿੰਘ ਦੀ ਕੁਰਬਾਨੀ ਤੋਂ ਵੱਡੀ ਦੁਨੀਆ 'ਚ ਕੋਈ ਮਿਸਾਲ ਨਹੀਂ : ਸਾਂਪਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਸ੍ਰੀ ਗੁਰੂ ਗੋਬਿੰਦ ਸਿੰਘ ਅਤੇ ਉਨ੍ਹਾਂ ਦੇ ਪਰਵਾਰ ਵੱਲੋਂ ਧਰਮ ਦੀ ਰੱਖਿਆ ਲਈ ਜੋ ਕੁਰਬਾਨੀਆਂ ਦਿੱਤੀਆਂ ਗਈਆਂ ਹਨ, ਉਨ੍ਹਾਂ ਤੋਂ ਵੱਡੀ ਕੋਈ ਮਿਸਾਲ ਦੁਨੀਆਂ 'ਚ ਨਹੀਂ ਹੈ ਅਤੇ ਜੇਕਰ ਪੰਜਾਬ ਦਾ ਸੁਨਹਿਰੀ ਇਤਿਹਾਸ ਹੈ ਤਾਂ ਇਸ ਪਿੱਛੇ ਇਹ ਕੁਰਬਾਨੀਆਂ ਬਹੁਤ ਕੁਝ ਬਿਆਨ ਕਰਦੀਆਂ ਹਨ। ਉਪਰੋਕਤ ਸ਼ਬਦ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਨਰਾਇਣ ਨਗਰ 'ਚ ਛੋਟੇ ਸਾਹਿਬਜਾਦਿਆਂ ਦੀ ਯਾਦ ਵਿੱਚ ਤਲਵਾੜ ਪ੍ਰੀਵਾਰ ਵੱਲੋਂ ਕਰਵਾਏ ਗਏ ਗੱਤਕਾ ਪ੍ਰਦਰਸ਼ਨ ਵਿੱਚ ਹਾਜ਼ਰੀ ਭਰਦਿਆਂ ਸੰਬੋਧਨ ਕਰਦਿਆਂ ਕਹੇ। ਸਾਂਪਲਾ ਨੇ ਕਿਹਾ ਕਿ ਸਮਾਜ ਤਲਵਾੜ ਪਰਵਾਰ ਦਾ ਧੰਨਵਾਦੀ ਹੈ ਕਿ ਉਹ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਬਕ ਸਿਖਾਉਣ ਵਾਲੇ ਹਰ ਪ੍ਰੋਗਰਾਮ ਦੇ ਆਯੋਜਨ 'ਚ ਪਹਿਲਕਦਮੀ ਕਰਨ। ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਸਾਬਕਾ ਕੈਬਨਿਟ ਮੰਤਰੀ ਅਤੇ ਸ੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਨਿਲ ਜੋਸ਼ੀ ਨੇ ਕਿਹਾ ਕਿ ਪੰਜਾਬ ਯੋਧਿਆਂ ਦੀ ਧਰਤੀ ਹੈ, ਜਿਸ ਨੂੰ ਕਈ ਤਾਕਤਾਂ ਨੇ ਹਿੰਦੂ-ਸਿੱਖਾਂ ਦੇ ਨਾਂਅ 'ਤੇ ਵੰਡਣ ਦੀ ਕੋਸ਼ਿਸ਼ ਕੀਤੀ ਹੈ, ਪਰ ਹਿੰਦੂ-ਸਿੱਖਾਂ ਦੀ ਰਾਖੀ ਕਰਨ ਵਾਲੇ ਹਨ। ਇਸ ਧਰਤੀ 'ਤੇ ਏਕਤਾ। ਲੋਕਾਂ ਨੇ ਇਨ੍ਹਾਂ ਤਾਕਤਾਂ ਦੀ ਇਸ ਨਾਕਾਮ ਕਾਰਵਾਈ ਨੂੰ ਕਾਮਯਾਬ ਨਹੀਂ ਹੋਣ ਦਿੱਤਾ। ਤਲਵਾੜ ਪਰਵਾਰ ਹਿੰਦੂ-ਸਿੱਖ ਏਕਤਾ ਦੀ ਅਜਿਹੀ ਮਿਸਾਲ ਕਾਇਮ ਕਰ ਰਿਹਾ ਹੈ। ਅਨਿਲ ਜੋਸ਼ੀ ਨੇ ਭਾਰਤ ਦੀ ਏਕਤਾ ਅਤੇ ਅਖੰਡਤਾ ਲਈ ਕਿਹਾ ਕਿ ਪੰਜਾਬ ਨੇ ਹਮੇਸ਼ਾ ਕੁਰਬਾਨੀਆਂ ਦਿੱਤੀਆਂ ਹਨ ਅਤੇ ਪੰਜਾਬ ਤੋਂ ਹੀ ਕਈ ਇਨਕਲਾਬਾਂ ਨੇ ਜਨਮ ਲਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਪੰਜਾਬ 'ਤੇ ਕਿਸੇ ਬਾਹਰੀ ਤਾਕਤਾਂ ਨੇ ਹਮਲਾ ਕੀਤਾ ਹੈ ਤਾਂ ਤਲਵਾੜ ਪਰਵਾਰ ਵਰਗੇ ਲੋਕਾਂ ਨੇ ਹਿੰਦੂ-ਸਿੱਖ ਏਕਤਾ ਦੀ ਜੋਤ ਜਗਾ ਕੇ ਉਨ੍ਹਾਂ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਹੈ। ਇਸ ਮੌਕੇ ਸੰਤ ਰਣਜੀਤ ਸਿੰਘ ਅਤੇ ਬਾਬਾ ਗੁਰਦੇਵ ਸਿੰਘ ਨੇ ਬੋਲਦਿਆ ਕਿਹਾ ਕਿ ਜਦੋਂ ਤੱਕ ਪੰਜਾਬੀਆਂ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਹਿੰਮਤ ਹੈ, ਭਾਰਤ ਹਰ ਮੁਸ਼ਕਲ ਤੋਂ ਮੁਕਤ ਰਹੇਗਾ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸੰਜੀਵ ਤਲਵਾੜ ਨੇ ਦੱਸਿਆ ਕਿ ਤਲਵਾੜ ਪਰਵਾਰ ਪਿਛਲੇ ਸਮੇਂ ਤੋਂ ਲਗਾਤਾਰ ਉਪਰਾਲੇ ਕਰ ਰਿਹਾ ਹੈ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਗੁੰਮਰਾਹ ਨਾ ਹੋਣ ਅਤੇ ਆਪਣੇ ਇਤਿਹਾਸ ਤੋਂ ਜਾਣੂ ਹੋਣ। ਉਨ੍ਹਾਂ ਕਿਹਾ ਕਿ ਛੋਟੇ ਸਾਹਿਬਜਾਦਿਆਂ ਦੀ ਕੁਰਬਾਨੀ ਦੀ ਮਿਸਾਲ ਦੁਨੀਆਂ ਦੇ ਕਿਸੇ ਵੀ ਦੇਸ਼ 'ਚ ਨਹੀਂ ਮਿਲਦਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਅੱਜ ਤੱਕ ਸੱਤਾ ਪ੍ਰਾਪਤੀ ਲਈ ਕੋਈ ਜੰਗ ਨਹੀਂ ਲੜੀ ਸਗੋਂ ਧਰਮ ਦੀ ਰੱਖਿਆ ਲਈ ਆਪਣੇ ਪਿਤਾ ਤੋਂ ਲੈ ਕੇ ਆਪਣੇ ਬੱਚਿਆਂ ਤੱਕ ਸਾਰਾ ਪਰਿਵਾਰ ਕੁਰਬਾਨ ਕਰ ਦਿੱਤਾ। ਅੱਜ ਬੇਸ਼ੱਕ ਅਸੀਂ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦੇ ਹਾਂ, ਪਰ ਧਰਮ ਪਰਿਵਰਤਨ ਦੇ ਨਾਂ 'ਤੇ ਵਿਦੇਸ਼ੀ ਤਾਕਤਾਂ ਸਾਡੇ ਨਾਲ ਜੋ ਨੁਕਸਾਨ ਕਰ ਰਹੀਆਂ ਹਨ, ਉਸ ਨੂੰ ਰੋਕਣ ਦਾ ਇੱਕੋ ਇੱਕ ਤਰੀਕਾ ਹੈ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਇਨ੍ਹਾਂ ਕੁਰਬਾਨੀਆਂ ਦੀਆਂ ਜੀਵਨ ਗਾਥਾਵਾਂ ਨੂੰ ਆਪਣੇ ਜੀਵਨ ਦਾ ਮੁੱਖ ਮੰਤਰ ਬਣਾਉਣ। ਇਸ ਲਈ ਅਸੀਂ ਹਮੇਸ਼ਾ ਯਤਨਸ਼ੀਲ ਰਹਾਂਗੇ। ਸ੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਜਥੇਦਾਰ ਲਖਵਿੰਦਰ ਸਿੰਘ ਲੱਖੀ, ਜਤਿੰਦਰ ਲਾਲੀ ਬਾਜਵਾ, ਮੋਹਿਤ ਗੁਪਤਾ ਨੇ ਵੀ ਸੰਬੋਧਨ ਕੀਤਾ। ਪ੍ਰੋਗਰਾਮ 'ਚ ਗੱਤਕਾ ਪਾਰਟੀਆਂ ਨੇ ਸਾਹਿਬਜਾਦਿਆਂ ਦੀ ਜੀਵਨੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਕੁਰਬਾਨੀਆਂ ਬਾਰੇ ਦੱਸਿਆ ਅਤੇ ਪ੍ਰੇਰਨਾ ਦਿੱਤੀ। ਅਤੇ ਉਹਨਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਸਖਸੀਅਤਾਂ ਨੇ ਸ਼ਮੂਲੀਅਤ ਕੀਤੀ।

# ਸ਼ਹੀਦ ਕੌਮ ਦਾ ਸਰਮਾਇਆ ਹੁੰਦੇ : ਪ੍ਰੋ. ਚਰਨ ਸਿੰਘ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਸ਼ਹੀਦ ਕੌਮ ਦਾ ਸਿਰਮੌਰ ਸਰਮਾਇਆ ਹੁੰਦੇ ਹਨ ਅਤੇ ਜਿਹੜੀਆਂ ਕੌਮਾਂ ਇਹ ਸਰਮਾਇਆ ਸੰਭਾਲ ਕੇ ਨਹੀਂ ਰੱਖਦੀਆਂ, ਉਹ ਖਤਮ ਹੋ ਜਾਂਦੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼ਹੀਦ ਊਧਮ ਸਿੰਘ ਦੇ ਜਨਮ ਦਿਹਾੜੇ ਮੌਕੇ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ, ਬਾਰ ਐਸੋਸੀਏਸ਼ਨ, ਸਾਹਿਤ ਸਭਾ ਅਤੇ ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ ਵੱਲੋਂ ਸਾਂਝੇ ਤੌਰ 'ਤੇ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰੋ .ਚਰਨ ਸਿੰਘ ਪ੍ਰਧਾਨ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਸੁਲਤਾਨਪੁਰ ਲੋਧੀ ਨੇ ਊਧਮ ਸਿੰਘ ਦੇ ਬੁੱਤ ਤੇ ਫੁੱਲ ਮਾਲਾਵਾਂ ਭੇਟ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਸ਼ਹੀਦ ਊਧਮ ਸਿੰਘ ਦੇ ਦਰਸਾਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਸਫਲਾ ਕਰਨਾ ਚਾਹੀਦਾ ਹੈ। ਪਦਮ ਸ੍ਰੀ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਸਾਡੇ ਸ਼ਹੀਦਾਂ ਨੇ ਤਸੀਹੇ ਝੱਲੇ, ਜੇਲ੍ਹਾਂ ਕੱਟੀਆਂ ਅਤੇ ਸੱਚ 'ਤੇ ਪਹਿਰਾ ਦਿੰਦੇ ਹੋਏ ਆਪਣੀਆਂ ਕੁਰਬਾਨੀਆਂ ਦਿੱਤੀਆਂ ਸਾਨੂੰ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲ ਕੇ ਦੇਸ਼ ਕੌਮ ਦੀ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੋਫੈਸਰ ਬਲਜੀਤ ਕੌਰ ਡੀਨ ਗੁਰੂ ਨਾਨਕ ਦੇਵ ਯੂਨੀਵਰਸਿਟੀ, ਐਡਵੋਕੇਟ ਰਜਿੰਦਰ ਸਿੰਘ ਰਾਣਾ, ਐਡਵੋਕੇਟ ਕੇਹਰ ਸਿੰਘ, ਡਾ. ਸਵਰਨ ਸਿੰਘ ਪ੍ਰਧਾਨ ਸਾਹਿਤ ਸਭਾ, ਨਰਿੰਦਰ ਸਿੰਘ ਸੋਨੀਆ ਸਰਪ੍ਰਸਤ, ਐਡਵੋਕੇਟ ਤਰੁਣ ਕੰਬੋਜ, ਐਡਵੋਕੇਟ ਗੁਰਮੀਤ ਸਿੰਘ ਢਿੱਲੋਂ, ਐਡਵੋਕੇਟ ਵਿਕਰਮਜੀਤ ਸਿੰਘ, ਐਡਵੋਕੇਟ ਪਰਮਿੰਦਰ ਸਿੰਘ ਨੰਡਾ, ਸਾਹਿਤ ਸਭਾ ਦੇ ਪ੍ਰਧਾਨ ਡਾਕਟਰ ਸਵਰਨ ਸਿੰਘ, ਮੁਖਤਾਰ ਸਿੰਘ ਚੰਦੀ, ਮਦਨ ਲਾਲ ਟਿੱਬਾ, ਸੁੱਚਾ ਸਿੰਘ ਮਿਰਜਾਪੁਰ, ਸ੍ਰੀਮਤੀ ਬਿੰਦਰਜੀਤ ਕੌਰ, ਜਰਨੈਲ ਸਿੰਘ ਚੰਦੀ ਸ਼ਾਲਾਪੁਰ ਬੇਟ, ਗੁਰਜੰਟ ਸਿੰਘ ਸੰਧੂ ਸਾਬਕਾ ਉਪ ਚੇਅਰਮੈਨ ਮਾਰਕੀਟ ਕਮੇਟੀ, ਨਿਰਮਲ ਸਿੰਘ ਹੁੰਦਲ ਸ਼ੇਰਪੁਰ ਦੋਨਾਂ, ਸ਼ਿੰਗਾਰਾ ਸਿੰਘ, ਗਾਇਕ ਬਲਵੀਰ ਸਿੰਘ ਸ਼ੇਰਪੁਰੀ, ਪਰਮਿੰਦਰ ਸਿੰਘ ਹੈਬਤਪੁਰ, ਜਸਵੰਤ ਸਿੰਘ, ਮੁਕੰਦ ਸਿੰਘ, ਅਜੀਤ ਸਿੰਘ ਔਜਲਾ, ਸੁਰਜੀਤ ਸਿੰਘ ਠੱਟਾ, ਮਹਿੰਗਾ ਸਿੰਘ ਠੱਟਾ, ਗਿਆਨੀ ਬਲਵਿੰਦਰ ਸਿੰਘ ਮੰਗੂਪੁਰ ਆਦਿ ਸਮੇਤ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ। ਕਲੱਬ ਪ੍ਰਧਾਨ ਸੁਖਮਿੰਦਰ ਸਿੰਘ ਸੈਕਟਰੀ, ਕਸ਼ਮੀਰ ਸਿੰਘ ਰੀਜਨ ਚੇਅਰਮੈਨ, ਨਰਿੰਦਰ ਸਿੰਘ ਢਿੱਲੋਂ ਸਾਬਕਾ ਪ੍ਰਧਾਨ, ਮਨਜਿੰਦਰ ਸਿੰਘ ਜਿੰਦ, ਇਨਸਾਨੀਅਤ ਲੋਕ ਵਿਕਾਸ ਪਾਰਟੀ ਦੇ ਪ੍ਰਧਾਨ ਸਰਦੂਲ ਸਿੰਘ ਥਿੰਦ ਨੇ ਵੀ ਸਾਥੀਆਂ ਸਮੇਤ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

# ਕਿਸਾਨ ਜਥੇਬੰਦੀਆਂ ਵੱਲੋਂ ਸੂਬਾ ਸਰਕਾਰ ਖਿਲਾਫ ਮੁਜ਼ਾਹਰਾ

**ਭੋਗਪੁਰ (ਪੱਤਰ ਪ੍ਰੇਰਕ)**- ਪਿਛਲੇ ਸਮੇਂ ਤੋਂ ਹੋ ਰਹੀ ਨਾਜ਼ਾਇਜ ਮਾਈਨਿੰਗ ਤੋਂ ਇਲਾਕਾ ਵਾਸੀ ਕਾਫੀ ਦੁਖੀ ਸਨ, ਜਿਸ ਨੂੰ ਲੈ ਕੇ ਕਿਸਾਨ ਜਥੇਬੰਦੀ ਚੰਡੂਨੀ ਦੇ ਮੁੱਖ ਅਹੁਦੇਦਾਰਾਂ ਵੱਲੋਂ ਪਿੰਡ ਵਾਸੀਆਂ ਨਾਲ ਮਿਲ ਕੇ ਨਾਜ਼ਾਇਜ ਮਾਈਨਿੰਗ ਖਿਲਾਫ ਹੱਲਾ ਬੋਲਿਆ ਗਿਆ। ਪਿਛਲੇ ਦਿਨੀ ਹਾਜ਼ੀਪੁਰ ਬਲਾਕ ਦੇ ਪਿੰਡ ਕੁੱਲੀਆਂ ਲੁਬਾਣਾ, ਧਾਮੀਆਂ, ਸੰਧਵਾਲ 'ਚ ਮਾਈਨਿੰਗ ਮਾਫੀਆ ਅਤੇ ਕਿਸਾਨਾਂ 'ਚ ਟਕਰਾਅ ਵੀ ਹੋਇਆ ਸੀ ਅਤੇ ਜਿਸ 'ਚ ਕੁਝ ਕਿਸਾਨਾਂ ਖਿਲਾਫ ਪਰਚਾ ਦਰਜ ਵੀ ਹੋਇਆ ਸੀ। ਇਸ ਗੱਲ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਵੱਲੋਂ ਪਿੰਡ ਕੁੱਲੀਆਂ ਲੁਬਾਣਾ ਦੇ ਗੁਰਦੁਆਰਾ ਸਾਹਿਬ 'ਚ ਮੀਟਿੰਗ ਦੌਰਾਨ ਪਿੰਡ ਵਾਸੀਆਂ ਨਾਲ ਸਲਾਹ ਮਸ਼ਵਰਾ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀਆਂ ਨੇ ਐਲਾਨ ਕੀਤਾ ਕਿ ਕਿਸੇ ਵੀ ਹਾਲਾਤ 'ਚ ਮਾਈਨਿੰਗ ਨਹੀਂ ਹੋਣ ਦਿੱਤੀ ਜਾਵੇਗੀ। ਇਸ ਕਾਰਨ ਪਿੰਡ ਵਾਸੀਆਂ ਵੱਲੋਂ ਕਿਸਾਨ ਜਥੇਬੰਦੀ ਦੇ ਆਗੂਆਂ ਅਤੇ ਪਿੰਡ ਦੇ ਮੋਹਤਬਾਰਾਂ ਨੂੰ ਨਾਲ ਲੈ ਕੇ ਕਰੈਸਰਾਂ ਦਾ ਦੌਰਾ ਕੀਤਾ ਗਿਆ ਅਤੇ ਦੇਖਿਆ ਗਿਆ ਕਿ ਕਿਸ ਤਰ੍ਹਾਂ ਮਾਇਨਿੰਗ ਵਿਭਾਗ ਵੱਲੋਂ ਉਪਜਾਓ ਜ਼ਮੀਨਾਂ ਨੂੰ ਬੰਜਰ ਬਣਾਇਆ ਜਾ ਰਿਹਾ ਹੈ ਅਤੇ ਹੱਦ ਤੋਂ ਵੱਧ ਮਾਇਨਿੰਗ ਕਰਕੇ ਜ਼ਮੀਨ ਨੂੰ ਡੂੰਘੇ ਖੂਹ ਦੀ ਸ਼ਕਲ ਦੇ ਦਿੱਤੀ ਗਈ ਹੈ। ਜਥੇਬੰਦੀ ਦੇ ਪੰਜਾਬ ਪ੍ਰਧਾਨ ਦਿਲਬਾਗ ਸਿੰਘ ਗਿੱਲ ਨੇ ਕਿਹਾ ਕਿ ਕੋਈ ਵੀ ਸਰਕਾਰ ਕਿਸਾਨ ਹਤੇਸ਼ੀ ਨਹੀਂ ਸਗੋਂ ਕਿਸਾਨਾਂ ਨੂੰ ਧੱਕਾ ਨਾਲ ਦਬਾਉਣ ਵਾਲੀਆਂ ਹਨ। ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਤੋਂ ਲੈ ਕੇ ਹੁਣ ਤੱਕ ਸਾਰੀਆਂ ਸਰਕਾਰਾਂ ਵੱਲੋਂ ਇਹਨਾਂ ਮਾਈਨਿੰਗ ਮਾਫੀਆ ਨਾਲ ਰਲ ਕੇ ਕਿਸਾਨਾਂ ਦੀਆਂ ਉਪਜਾਓ ਜ਼ਮੀਨਾਂ ਨੂੰ ਬਰਬਾਦ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਦਿੱਲੀ ਤੋਂ ਲੈ ਕੇ ਆਏ ਆਪਣੇ ਖਾਸ ਲੋਕਾਂ ਦੇ ਕਰੈਸਰ ਲਾਏ ਗਏ ਹਨ, ਪਰ ਇਸ ਪਾਸੇ ਕਿਸੇ ਵੀ ਸਰਕਾਰ ਇਲਾਕੇ ਦੇ ਵਿਧਾਇਕ ਪੁਲਸ ਮੁਖੀ ਐਸ ਡੀ ਐਮ ਜਾਂ ਡੀ ਸੀ ਦਾ ਕੋਈ ਧਿਆਨ ਨਹੀਂ ਗਿਆ। ਇਸ ਗੱਲ ਤੋਂ ਸਾਫ ਪਤਾ ਲੱਗਦਾ ਹੈ ਕਿ ਇਹ ਸਰਕਾਰਾਂ ਰਲੀਆਂ ਹਨ। ਇਸ ਮੌਕੇ ਸੂਬਾ ਸਕੱਤਰ ਭਾਰਤੀ ਕਿਸਾਨ ਯੂਨੀਅਨ ਚੰਡੂਨੀ ਅਮਰੀਕ ਸਿੰਘ ਸਿਕਰੀ ਨੇ ਕਿਹਾ ਕਿ ਜਿਸ ਖੇਡ ਨੂੰ ਸਰਕਾਰ ਚਲਾਉਣ ਦੀ ਵਿਉਤ ਘੜ ਰਹੀ ਹੈ। ਉਸ ਖੇਡ ਨੂੰ ਕਿਸੇ ਕੀਮਤ 'ਚ ਨਹੀਂ ਚੱਲਣ ਦੇਣਗੇ। ਜੇਕਰ ਇਸ ਖੱਡ ਦੀ ਪੁਟਾਈ ਕੀਤੀ ਤਾਂ ਪੱਕੇ ਤੌਰ 'ਤੇ ਇਸ ਜਗ੍ਹਾ 'ਤੇ ਧਰਨਾ ਲਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਸੁਖਦੇਵ ਸਿੰਘ, ਸਾਬਕਾ ਸਰਪੰਚ ਓਂਕਾਰ ਸਿੰਘ, ਅਵਤਾਰ ਸਿੰਘ ਖਾਲਸਾ, ਦਿਲਬਾਗ ਸਿੰਘ ਗਿੱਲ ਸੂਬਾ ਪ੍ਰਧਾਨ, ਅਮਰੀਕ ਸਿੰਘ ਸਿਕਰੀ, ਸੁਖਦੇਵ ਸਿੰਘ, ਗਗਨਦੀਪ ਸਿੰਘ, ਸਿਮਰਨ ਸਿੰਘ, ਹਰਦੀਪ ਸਿੰਘ, ਉਕਾਰ ਸਿੰਘ ਸਰਪੰਚ, ਸ਼ਾਮ ਸਿੰਘ ਸਰਪੰਚ, ਮਹਿੰਗਾ ਸਿੰਘ, ਹਰਭਜਨ ਸਿੰਘ, ਸ਼ਾਮ ਸਿੰਘ ਸਾਮਾ, ਬਖਸ਼ਿਸ ਸਿੰਘ, ਅਵਤਾਰ ਸਿੰਘ, ਸੌਦਾਗਰ ਸਿੰਘ, ਅਵਤਾਰ ਸਿੰਘ ਪਿੰਡ ਵਾਸੀ ਔਰਤਾਂ ਬੱਚੇ ਤੇ ਬਜ਼ੁਰਗ ਹੋਰ ਆਦਿ ਮੌਜੂਦ ਸਨ।



# ਕਮਲਜੀਤ ਬੰਗਾ ਬਲਾਚੌਰ ਦਾ ਕੋ-ਆਰਡੀਨੇਟਰ ਨਿਯੁਕਤ

**ਬਹਿਰਾਮ (ਅਵਤਾਰ ਕਲੇਰ)**

ਆਉਂਦੀਆ ਲੋਕ ਸਭਾ ਚੋਣਾਂ ਕਾਂਗਰਸ ਪਾਰਟੀ ਸ਼ਾਨ ਨਾਲ ਜਿੱਤੇਗੀ ਅਤੇ ਵਰਕਰਾਂ ਨੂੰ ਨਾਲ ਲੈ ਕੇ ਪਾਰਟੀ ਦੀ ਹੋਰ ਮਜ਼ਬੂਤੀ ਲਈ ਦਿਨ ਰਾਤ ਇੱਕ ਕਰ ਦਿਆਂਗੇ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੈਂਬਰ ਜਿਲ੍ਹਾ ਪ੍ਰੀਸ਼ਦ ਕਮਲਜੀਤ ਬੰਗਾ ਨ ਵ - ਨਿ ਯੁ ਕ ਤ ਕੋਆਰਡੀਨੇਟਰ ਬਲਾਚੌਰ ਨੇ ਇਥੇ ਗੱਲਬਾਤ ਕਰਦਿਆ ਆਖੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕ ਹਿਤੈਸ਼ੀ ਪਾਰਟੀ ਨਹੀਂ ਹੈ।ਲੋਕ ਹੁਣ ਇਸ ਪਾਰਟੀ ਦੀ ਅਸਲੀਅਤ ਜਾਣ ਚੁੱਕੇ ਹਨ।ਆਉਂਦੀਆ ਕਿਸੇ ਵੀ ਚੋਣਾਂ ਵਿੱਚ ਲੋਕ ਹੁਣ ਇਨ੍ਹਾ ਨੂੰ ਮੂੰਹ ਨਹੀਂ ਲਗਾਉਣਗੇ। ਉਪਰੰਤ ਉਨ੍ਹਾ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਧੰਨਵਾਦ ਕੀਤਾ ਜਿਨ੍ਹਾ ਉਕਤ ਅਹੁਦੇ ਲਈ ਮੈਨੂੰ ਕਾਬਲ ਸਮਝਿਆ।ਸੀਨੀਅਰ ਕਾਂਗਰਸ ਆਗੂ ਹਰਭਜਨ ਸਿੰਘ ਭਰੋਲੀ ਪ੍ਰਧਾਨ ਹਲਕਾ ਬੰਗਾ ਨੇ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਣ ਵਾਲੀ ਗੱਲ ਹੈ ਜਿਨ੍ਹਾ ਬੰਗਾ ਦੀਆਂ ਪਾਰਟੀ ਸੇਵਾਵਾਂ ਦੇਖਦੇ ਹੋਏ ਵਿਧਾਨ ਸਭਾ ਹਲਕਾ ਬਲਾਚੌਰ ਦਾ ਕੋਆਰਡੀਨੇਟਰ ਨਿਯੁਕਤ ਕਰਕੇ ਸਾਡੇ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਮਾਣ ਬਖਸ਼ਿਆ।ਹੋਰ ਧੰਨਵਾਦ ਕਰਨ ਵਾਲਿਆ ਵਿੱਚ ਰਘਵੀਰ ਸਿੰਘ ਬਿੱਲਾ ਬਲਾਕ ਪ੍ਰਧਾਨ, ਗੁਰਬਖਸ਼ ਸਿੰਘ ਸਾਬਕਾ ਸਰਪੰਚ ਭਰੋਲੀ, ਪਰਵਿੰਦਰ ਕੁਮਾਰ ਛਾਬੜਾ, ਰਾਜ ਕੁਮਾਰ ਰਾਜੂ ਢੰਢੂਹਾ ਆਦਿ ਦੇ ਨਾਮ ਜ਼ਿਕਰਯੋਗ ਹਨ।



# ਔਰਤ ਮੁਕਤੀ ਮੋਰਚਾ ਨੇ ਦਿੱਤਾ ਜਾਗੋ ਰਾਹੀਂ ਨਸ਼ਿਆਂ ਦੇ ਕੋਹੜ ਖਿਲਾਫ਼ ਜੂਝਣ ਦਾ ਹੋਕਾ




**ਜਲੰਧਰ (ਕੇਸਰ, ਰਾਜੇਸ਼ ਥਾਪਾ)**

'ਔਰਤ ਮੁਕਤੀ ਮੋਰਚਾ ਪੰਜਾਬ' ਦੇ ਸੱਦੇ 'ਤੇ ਭਾਰੀ ਗਿਣਤੀ 'ਚ ਪੁੱਜੀਆਂ ਬੀਬੀਆਂ ਵਲੋਂ ਨਸ਼ਿਆਂ ਦੇ ਕੋਹੜ ਤੋਂ ਮੁਕਤੀ ਹਾਸਲ ਕਰਨ ਲਈ ਜੱਥੇਬੰਦ ਹੋ ਕੇ ਜੂਝਣ ਦਾ ਸੁਨੇਹਾ ਦੇਣ ਹਿੱਤ ਸ਼ਾਨਦਾਰ ਜਾਗੋ ਕੱਢੀ ਗਈ। ਇਹ ਨਿਵੇਕਲੀ ਜਾਗੋ ਗੜ੍ਹਾ ਵਿਚਲੇ ਫਗਵਾੜੀ ਮੁਹੱਲਾ ਤੋਂ ਸ਼ੁਰੂ ਹੋਈ ਅਤੇ ਦਇਆ ਨੰਦ ਚੌਂਕ, ਫੇਜ਼-1, ਗੁਰਜੀਤ ਨਗਰ, ਜਸਵੰਤ ਨਗਰ, ਰਾਮ ਨਗਰ ਚੌਂਕ, ਮੰਦਿਰ ਵਾਲੀ ਗਲੀ ਆਦਿ ਥਾਵਾਂ ਤੋਂ ਹੁੰਦੀ ਹੋਈ ਵਾਪਸ ਪੁੱਜੀ। ਜਾਗੋ ਦੇ ਜ਼ਰੀਏ ਬਹੁਤ ਹੀ ਦਿਲ ਟੁੰਬਵੀਆਂ ਬੋਲੀਆਂ ਰਾਹੀਂ ਕੇਂਦਰ ਤੇ ਪੰਜਾਬ ਸਰਕਾਰ ਦੇ ਨਸ਼ਾ ਤਸਕਰਾਂ ਤੇ ਉਨ੍ਹਾਂ ਦੇ ਇਮਦਾਦੀਆਂ ਪ੍ਰਤੀ ਲਿਹਾਜੂ ਰਵੱਈਏ ਖ਼ਿਲਾਫ਼ ਸ਼ਕਤੀਸ਼ਾਲੀ ਸੁਨੇਹਾ ਦਿੱਤਾ ਗਿਆ। ਔਰਤਾਂ ਦੇ ਇਸ ਪ੍ਰਭਾਵਸ਼ਾਲੀ ਸਭਿਆਚਾਰਕ ਚੇਤਨਾ ਕਾਫਲੇ ਦੀ ਅਗਵਾਈ 'ਔਰਤ ਮੁਕਤੀ ਮੋਰਚਾ ਪੰਜਾਬ' ਦੀ ਸਰਪ੍ਰਸਤ ਡਾ. ਰਘਬੀਰ ਕੌਰ, ਸੂਬਾਈ ਪ੍ਰਧਾਨ ਪ੍ਰੋ. ਸੁਰਿੰਦਰ ਕੌਰ, ਸੁਨੀਤਾ ਨੂਰਪੁਰੀ, ਜਸਬੀਰ ਕੌਰ ਤਰਨ ਤਾਰਨ, ਕੁਲਵਿੰਦਰ ਕੌਰ ਖਡੂਰ ਸਾਹਿਬ, ਲਖਵਿੰਦਰ ਕੌਰ, ਨਰਿੰਦਰ ਕੌਰ ਪੱਟੀ, ਅਜਮੇਰ ਕੌਰ ਢੇਸੀ, ਅਵਤਾਰ ਕੌਰ ਬਾਸੀ, ਗੁਰਚਰਨ ਕੌਰ ਛੇਹਰਟਾ, ਅਮਨ ਗੜ੍ਹਾ, ਸੱਤਿਆ ਭਗਤ, ਕਮਲਾ ਕਾਲਾ, ਚਰਨਜੀਤ ਕੌਰ ਪੱਟੀ, ਸੁਨੀਤਾ ਸ਼ਰਮਾ, ਨਿਰਮਲਾ, ਊਸ਼ਾ ਪਾਸਲਾ ਅਤੇ ਹੋਰਨਾਂ ਨੇ ਕੀਤੀ। ਉਕਤ ਆਗੂਆਂ ਨੇ ਕਿਹਾ ਕਿ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਨਸ਼ਿਆਂ ਦਾ ਕਾਰੋਬਾਰ ਲਗਾਤਾਰ ਵੱਧ ਰਿਹਾ ਹੈ, ਜਿਸ ਨਾਲ ਹਰ ਰੋਜ਼ ਮਾਵਾਂ ਦੇ ਪੁੱਤ, ਭੈਣਾਂ ਦੇ ਭਰਾ ਨਸ਼ਿਆਂ ਦੀ ਭੇਟ ਚੜ੍ਹ ਰਹੇ ਹਨ। ਸਿਆਸੀ ਆਗੂ ਝੂਠੀ ਸਹੁੰ ਖਾਂਦੇ ਹਨ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨਾ ਹੈ ਪਰ ਅਜੇ ਤੱਕ ਵੀ ਵੱਡੇ ਨਸ਼ਾ ਤਸਕਰ ਫੜ ਕੇ ਜੇਲ੍ਹੀਂ ਬੰਦ ਨਹੀਂ ਕੀਤੇ ਗਏ। ਸੂਬੇ ਅੰਦਰ ਨਸ਼ਾ ਵਪਾਰੀਆਂ, ਸਿਆਸੀ ਆਗੂਆਂ ਤੇ ਰਸੂਖਵਾਨਾਂ ਅਤੇ ਕੁਰੱਪਟ ਪੁਲਸ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਨਾਪਾਕ ਗੱਠਜੋੜ ਵਲੋਂ ਸ਼ਰੇਆਮ ਨਸ਼ਾ ਵੇਚਿਆ ਜਾ ਰਿਹਾ ਹੈ। ਇਸ ਕੋਹੜ ਨੂੰ ਜੜ੍ਹ ਤੋਂ ਖਤਮ ਕਰਨ ਲਈ ਪੀੜਤ ਲੋਕਾਂ ਨੂੰ ਜਾਗਰੂਕ ਤੇ ਜਥੇਬੰਦ ਹੋ ਕੇ ਤਕੜੇ ਸੰਘਰਸ਼ ਵਿੱਢਣੇ ਚਾਹੀਦੇ ਹਨ। ਔਰਤ ਆਗੂਆਂ ਨੇ ਐਲਾਨ ਕੀਤਾ ਹੈ ਕਿ ਸੁਵੱਲੀ ਮੁਹਿੰਮ ਸਾਰੇ ਪੰਜਾਬ 'ਚ ਚਲਾਈ ਜਾਵੇਗੀ। ਇਸ ਮੌਕੇ ਭਰਾਤਰੀ ਜਥੇਬੰਦੀਆਂ ਦੇ ਆਗੂ ਪਰਗਟ ਸਿੰਘ ਜਾਮਾਰਾਏ, ਬਲਦੇਵ ਸਿੰਘ ਨੂਰਪੁਰੀ, ਸ਼ਮਸ਼ੇਰ ਸਿੰਘ ਬਟਾਲਾ, ਰਾਮ ਕਿਸ਼ਨ, ਡਾ. ਬਲਵਿੰਦਰ ਸਿੰਘ ਛੇਹਰਟਾ, ਰਮੇਸ਼ ਰਾਣਾ, ਸੁਦੇਸ਼, ਸੰਦੀਪ ਬੀਕਾ, ਗਿਰਧਾਰੀ ਲਾਲ ਵੀ ਹਾਜ਼ਰ ਸਨ।

# ਸੁੰਨੜ ਕਲਾਂ ਵਿਖੇ ਛੋਟੇ ਸਾਹਿਬਜ਼ਾਦਿਆ ਨੂੰ ਸਮਰਪਤ ਕੀਰਤਨ ਸਮਾਗਮ ਭਲਕੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪਿੰਡ ਸੁੰਨੜ ਕਲਾਂ ਵਿਖੇ ਗੁਰਦੁਆਰਾ ਸਿੰਘ ਸਭਾ ਵਿਖੇ ਪ੍ਰਬੰਧਕ ਕਮੇਟੀ ਗੁਰਦੁਆਰਾ ਸਿੰਘ ਸਭਾ ਅਤੇ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਕਲੱਬ ਵਲੋਂ ਕੀਰਤਨ ਸਮਾਗਮ 29 ਦਸੰਬਰ ਦਿਨ ਸ਼ੁੱਕਰਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਿੰਘ ਸਭਾ ਦੇ ਪ੍ਰਧਾਨ ਅਮਰਜੀਤ ਸਿੰਘ ਲੰਬੜਦਾਰ ਨੇ ਦੱਸਿਆ ਕਿ 29 ਦਸੰਬਰ ਨੂੰ ਪਾਠ ਸ੍ਰੀ ਸੁਖਮਨੀ ਸਾਹਿਬ ਸ਼ਾਮ 5.30 ਵਜੇ ਤੋਂ ਸ਼ਾਮ 7 ਵਜੇ ਤੱਕ ਉਪਰੰਤ ਕੀਰਤਨੀ ਜੱਥਾ ਭਾਈ ਮਨਜਿੰਦਰ ਸਿੰਘ ਹਰਿਰਾਏ ਪੁਰ ਵਾਲੇ 7 ਤੋਂ ਰਾਤ 9 ਵਜੇ ਤੱਕ ਸਰਬੰਸਦਾਨੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਕੀਰਤਨ ਸਮਾਗਮ ਕਰਵਾਇਆ ਜਾ ਰਿਹਾ ਹੈ।

# ਸ੍ਰੀ ਸਾਲਾਸਰ ਧਾਮ ਤੇ ਸ੍ਰੀ ਖਾਟੂ ਸ਼ਿਆਮ ਦੇ ਦਰਸ਼ਨਾਂ ਲਈ ਬੱਸ ਰਵਾਨਾ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਪੰਜਾਬ ਸਰਕਾਰ ਵਲੋਂ ਸੂਬੇ ਦੇ ਲੋਕਾਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਸਥਾਨਾਂ ਦੀ ਮੁਫ਼ਤ ਯਾਤਰਾ ਕਰਵਾਉਣ ਲਈ ਸ਼ੁਰੂ ਕੀਤੀ ਗਈ "ਮੁੱਖ ਮੰਤਰੀ ਤੀਰਥ ਯਾਤਰਾ" ਸਕੀਮ ਤਹਿਤ ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਤੋਂ ਸ੍ਰੀ ਸਾਲਾਸਰ ਧਾਮ ਅਤੇ ਸ੍ਰੀ ਖਾਟੂ ਸ਼ਿਆਮ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ ਹੋਈ। ਯਾਤਰਾ ਦੌਰਾਨ ਸ਼ਰਧਾਲੂਆਂ ਲਈ ਮੁਫ਼ਤ ਖਾਣੇ ਅਤੇ ਰਿਹਾਇਸ਼ 'ਤੇ ਆਉਣ ਵਾਲਾ ਸਾਰਾ ਖ਼ਰਚਾ ਪੰਜਾਬ ਸਰਕਾਰ ਵਲੋਂ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵਲੋਂ ਸੂਬੇ ਦੇ ਲੋਕਾਂ ਨੂੰ ਉਨ੍ਹਾਂ ਦੇ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਸਕੀਮ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਹਜ਼ੂਰ ਸਾਹਿਬ, ਸ੍ਰੀ ਪਟਨਾ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ ਜੀ, ਸ੍ਰੀ ਵਰਿੰਦਾਵਨ ਧਾਮ, ਮਾਤਾ ਵੈਸ਼ਨੂੰ ਦੇਵੀ ਜੀ, ਮਾਤਾ ਚਿੰਤਪੁਰਨੀ ਜੀ, ਮਾਤਾ ਜਵਾਲਾ ਜੀ, ਵਾਰਾਨਸੀ, ਸ੍ਰੀ ਖਾਟੂ ਸ਼ਿਆਮ ਜੀ, ਸ੍ਰੀ ਸਾਲਾਸਰ ਧਾਮ ਅਤੇ ਖ਼ਵਾਜਾ ਅਜਮੇਰ ਸ਼ਰੀਫ ਦਰਗਾਹ ਦੀ ਮੁਫ਼ਤ ਯਾਤਰਾ ਕਰਵਾਈ ਜਾ ਰਹੀ ਹੈ। ਇਸ ਮੌਕੇ ਸ਼ਰਧਾਲੂਆਂ ਨੂੰ ਯਾਤਰਾ 'ਤੇ ਜਾਣ ਸਮੇਂ ਜਰੂਰੀ ਵਸਤਾਂ ਦੀਆਂ ਕਿੱਟਾਂ ਵੀ ਦਿੱਤੀਆਂ ਗਈਆਂ।



# ਐਕਵਾਇਰ ਕੀਤੀ ਜਾ ਰਹੀ ਜ਼ਮੀਨ ਦੇ ਮਾਲਕਾਂ ਨੂੰ ਮੁਆਵਜ਼ਾ ਦੇਣ ਸੰਬੰਧੀ ਪਿੰਡਾਂ 'ਚ ਲੱਗਣਗੇ ਕੈਂਪ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਮਨਿਸਟਰੀ ਆਫ਼ ਰੋਡ ਟਰਾਂਸਪੋਰਟ ਐਂਡ ਹਾਈਵੇਜ਼, ਗੌਰਮਿੰਟ ਆਫ਼ ਇੰਡੀਆ ਵੱਲੋਂ ਫਗਵਾੜਾ-ਹੁਸ਼ਿਆਰਪੁਰ ਸਮੇਤ ਬਾਈਪਾਸ (ਐਨ.ਐਚ 344 ਬੀ) ਸਮੇਤ ਬਾਈਪਾਸ ਅਤੇ ਹੁਸ਼ਿਆਰਪੁਰ-ਊਨਾ ਅੱਪ ਟੂ ਪੰਜਾਬ ਬਾਰਡਰ ਸਮੇਤ ਬਾਈਪਾਸ ਐਨ.ਐਚ 503 ਏ (ਪੈਕੇਜ-) 4 ਲੇਨ ਨੈਸ਼ਨਲ ਹਾਈਵੇ ਦੀ ਉਸਾਰੀ ਕੀਤੀ ਜਾ ਰਹੀ ਹੈ, ਜਿਸ ਵਿਚ ਜ਼ਿਲ੍ਹਾ ਹੁਸ਼ਿਆਰਪੁਰ ਦੀ ਹੱਦ ਅੰਦਰ ਪੈਂਦੇ 44 ਪਿੰਡਾਂ ਦੀ ਜ਼ਮੀਨ ਵੀ ਐਕਵਾਇਰ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮਾਲ ਅਫ਼ਸਰ ਅਰਵਿੰਦ ਪ੍ਰਕਾਸ਼ ਵਰਮਾ ਨੇ ਦੱਸਿਆ ਕਿ ਇਨ੍ਹਾਂ ਦੋਵੇਂ ਪ੍ਰੋਜੈਕਟਾਂ ਦੀ ਪਰੋ ਅਲਾਈਨਮੈਂਟ ਵਿਚ ਆਉਂਦੇ ਪਿੰਡਾਂ ਦੀ ਐਕਵਾਇਰ ਕੀਤੀ ਜਾ ਰਹੀ ਜ਼ਮੀਨ ਸੰਬੰਧੀ ਮਨਿਸਰੀ ਆਫ਼ ਰੋਡ ਟਰਾਂਸਪੋਰਟ ਐਂਡ ਹਾਈਵੇਜ਼, ਗੌਰਮਿੰਟ ਆਫ਼ ਇੰਡੀਆ ਵੱਲੋਂ ਵੱਖ-ਵੱਖ ਮਿਤੀਆਂ ਨੂੰ ਗਜ਼ਟ ਨੋਟੀਫਿਕੇਸ਼ਨਾਂ ਦੀ ਪ੍ਰਕਾਸ਼ਨਾ ਵੀ ਕਰਵਾਈ ਜਾ ਚੁੱਕੀ ਹੈ, ਜਿਸ ਉਪਰੰਤ ਜ਼ਿਲ੍ਹਾ ਮਾਲ ਅਫ਼ਸਰ-ਕਮ-ਸਮਰੱਥ ਅਧਿਕਾਰੀ ਭੋਂ ਪ੍ਰਾਪਤੀ, ਹੁਸ਼ਿਆਰਪੁਰ ਵੱਲੋਂ ਨੈਸ਼ਨਲ ਹਾਈਵੇ ਐਕਟ 1956 ਦੀ ਧਾਰਾ 3 (ਜੀ) ਅਧੀਨ ਇਨ੍ਹਾਂ ਪਿੰਡਾਂ ਦੇ ਅਵਾਰਡ ਵੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਸ ਸਮੇਂ ਇਨ੍ਹਾਂ ਪ੍ਰੋਜੈਕਟਾਂ ਦੀ ਪਰੋ ਅਲਾਈਨਮੈਂਟ ਵਿਚ ਆਉਂਦੀ ਜ਼ਮੀਨ ਦੇ ਮਾਲਕਾਂ ਨੂੰ ਮੁਆਵਜ਼ਾ ਦੇਣ ਲਈ ਪ੍ਰਕਿਰਿਆ ਚੱਲ ਰਹੀ ਹੈ ਅਤੇ ਬਹੁਤ ਸਾਰੇ ਜ਼ਮੀਨ ਮਾਲਕਾਂ ਵੱਲੋਂ ਫਾਈਲਾਂ ਵੀ ਤਿਆਰ ਕਰਕੇ ਦਿੱਤੀਆਂ ਗਈਆਂ ਹਨ, ਜਿਸ ਉਪਰੰਤ ਉਨ੍ਹਾਂ ਨੂੰ ਬਣਦੇ ਮੁਆਵਜ਼ੇ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ। ਪਰੰਤੂ ਕਈ ਜ਼ਮੀਨ ਮਾਲਕਾਂ ਵੱਲੋਂ ਉਨ੍ਹਾਂ ਦੀ ਐਕਵਾਇਰ ਹੋਈ ਜ਼ਮੀਨ ਦਾ ਮੁਆਵਜ਼ਾ ਪ੍ਰਾਪਤ ਕਰਨ ਲਈ ਦਫ਼ਤਰ ਜ਼ਿਲ੍ਹਾ ਮਾਲ ਅਫ਼ਸਰ, ਹੁਸ਼ਿਆਰਪੁਰ ਨੂੰ ਫਾਈਲਾਂ ਤਿਆਰ ਕਰਕੇ ਨਹੀਂ ਦਿੱਤੀਆਂ ਜਾ ਰਹੀਆਂ, ਜਿਸ ਕਰਕੇ ਉਨ੍ਹਾਂ ਨੂੰ ਬਣਦੇ ਮੁਆਵਜ਼ੇ ਦੀ ਅਦਾਇਗੀ ਨਹੀਂ ਹੋ ਰਹੀ ਅਤੇ ਜ਼ਮੀਨ ਦਾ ਕਬਜ਼ਾ ਲੈਣ ਵਿਚ ਮੁਸ਼ਕਲ ਪੇਸ਼ ਆ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਇਨ੍ਹਾਂ ਦੋਵੇਂ ਪ੍ਰੋਜੈਕਟਾਂ ਦੀ ਪਰੋ ਅਲਾਈਨਮੈਂਟ ਵਿਚ ਆਉਂਦੇ ਪਿੰਡਾਂ ਵਿਚ 26 ਦਸੰਬਰ 2023 ਤੋਂ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ 27 ਦਸੰਬਰ ਨੂੰ ਪਿੰਡ ਅੱਜੋਵਾਲ, 28 ਦਸੰਬਰ ਨੂੰ ਢੋਲਣਵਾਲ, 29 ਨੂੰ ਦਸੰਬਰ ਬ੍ਰਹਮਜੀਤ, 1 ਜਨਵਰੀ 2024 ਨੂੰ ਕਾਇਮਪੁਰ, 2 ਜਨਵਰੀ ਨੂੰ ਡਗਾਣਾ ਖੁਰਦ, 3 ਜਨਵਰੀ ਨੂੰ ਅੰਮੋਵਾਲ, 4 ਜਨਵਰੀ ਨੂੰ ਡਗਾਣਾ ਕਲਾਂ, 5 ਜਨਵਰੀ ਨੰਗਲ ਸ਼ਹੀਦਾਂ, 8 ਜਨਵਰੀ ਨੂੰ ਸੱਜਣ, 9 ਜਨਵਰੀ ਨੂੰ ਬਿਲਾਸਪੁਰ, 10 ਜਨਵਰੀ ਨੂੰ ਹਰਦੋਖਾਨਪੁਰ, 11 ਜਨਵਰੀ ਨੂੰ ਅੱਤੋਵਾਲ, 12 ਜਨਵਰੀ ਆਦਮਵਾਲ, 15 ਜਨਵਰੀ ਨੂੰ ਬੱਸੀ ਨੌ, 16 ਜਨਵਰੀ ਨੂੰ ਕੱਕੋਂ, 17 ਜਨਵਰੀ ਨੂੰ ਮੜੂਲੀ ਬ੍ਰਾਹਮਣਾ, 18 ਜਨਵਰੀ ਨੂੰ ਖਾਖਲੀ, 19 ਜਨਵਰੀ ਮਰਨਾਈਆਂ ਕਲਾਂ, 22 ਜਨਵਰੀ ਨੂੰ ਨੰਦਨ, 23 ਜਨਵਰੀ ਨੂੰ ਕਾਹਰੀ, 24 ਜਨਵਰੀ ਨੂੰ ਬੱਸੀ ਪੁਰਾਣੀ, 25 ਜਨਵਰੀ ਨੂੰ ਸਾਹਰੀ, 29 ਜਨਵਰੀ ਨੂੰ ਖੜ੍ਹਕਾਂ, 30 ਜਨਵਰੀ ਨੂੰ ਤਨੂਲੀ, 31 ਜਨਵਰੀ ਨੂੰ ਚੱਕ ਹਰਨੌਲੀ, 1 ਫਰਵਰੀ ਨੂੰ ਖਨੌੜਾ, 2 ਫਰਵਰੀ ਪਟਿਆੜੀ, 5 ਨੂੰ ਮਹਿਟਿਆਣਾ, 6 ਫਰਵਰੀ ਨੂੰ ਜਹਾਨਖੇਲਾਂ, 7 ਫਰਵਰੀ ਨੂੰ ਅਹਿਰਾਣਾ, 8 ਫਰਵਰੀ ਮਹਿਲਾਂਵਾਲੀ, 9 ਫਰਵਰੀ ਨੂੰ ਪੁਰਹੀਰਾਂ, 12 ਫਰਵਰੀ ਨੂੰ ਬੱਸੀ ਮੁਸਤਫ਼ਾ, 13 ਫਰਵਰੀ ਨੂੰ ਕਿਲਾ ਬਰੂਨ, 14 ਫਰਵਰੀ ਨੂੰ ਕੋਟਲਾ ਗੌਂਸਪੁਰ, 15 ਫਰਵਰੀ ਨੂੰ ਬਿਛੋਹੀ ਵਿਖੇ ਸਵੇਰੇ 11 ਵਜੇ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾਂ ਮਾਲਕਾਂ ਦੀ ਇਸ ਪ੍ਰੋਜੈਕਟ ਦੀ ਅਲਾਈਨਮੈਂਟ ਵਿਚ ਜ਼ਮੀਨ ਆਈ ਹੈ, ਅਤੇ ਉਨ੍ਹਾਂ ਵੱਲੋਂ ਫਾਈਲਾਂ ਤਿਆਰ ਕਰਕੇ ਜ਼ਿਲ੍ਹਾ ਮਾਲ ਅਫ਼ਸਰ-ਕਮ-ਸਮਰੱਥ ਅਧਿਕਾਰੀ ਭੋਂ ਪ੍ਰਾਪਤੀ, ਹੁਸ਼ਿਆਰਪੁਰ ਦੇ ਦਫ਼ਤਰ ਕਮਰਾ ਨੰਬਰ 309, ਤੀਸਰੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਹੁਸ਼ਿਆਰਪੁਰ ਨੂੰ ਨਹੀਂ ਦਿੱਤੀਆਂ ਗਈਆਂ, ਉਹ ਆਪਣੇ ਨਾਲ ਫਾਈਲਾਂ ਤਿਆਰ ਕਰਕੇ ਕੈਂਪ ਵਿਚ ਲਿਆਉਣ, ਜਿਸ ਵਿਚ ਪ੍ਰਾਰਥੀ ਦਾ ਕੈਂਸਲ ਚੈੱਕ, ਦਰਖ਼ਾਸਤ, ਤਾਜ਼ਾ ਫਰਦ ਜਮਾਂਬੰਦੀ, ਬੈਂਕ ਅਕਾਊਂਟ ਦੀ ਕਾਪੀ, ਅਗਜੈਕਟਿਵ ਮੈਜਿਸਟਰੇਟ ਤੋਂ ਤਸਦੀਕਸ਼ੁਦਾ ਐਫੀਡੈਵਿਟ, ਆਧਾਰ ਕਾਰਡ ਦੀ ਕਾਪੀ, ਪੈਨ ਕਾਰਡ ਦੀ ਕਾਪੀ ਅਤੇ ਜੇਕਰ ਕਿਸੇ ਵਿਅਕਤੀ ਦਾ ਪਾਸਪੋਰਟ ਬਣਿਆ ਹੋਵੇ ਤਾਂ ਉਸ ਦੀ ਫੋਟੋ ਕਾਪੀ ਲੱਗੀ ਹੋਵੇ।

# ਖੋਹ ਕੀਤੀ ਆਲਟੋ ਕਾਰ, ਮੋਬਾਇਲ ਤੇ ਨਗਦੀ ਸਮੇਤ ਮੁਲਜ਼ਮ ਕਾਬੂ

**ਫਿਲੌਰ (ਨਿਰਮਲ)**

ਸਿਮਰਨਜੀਤ ਸਿੰਘ ਲੰਗ ਪੀ.ਪੀ.ਐਸ ਉਪ ਪੁਲਿਸ ਕਪਤਾਨ, ਸਬ ਡਵੀਜਨ ਫਿਲੌਰ ਨੇ ਦੱਸਿਆ ਕਿ ਜਸਪਿੰਦਰ ਸਿੰਘ ਪੁੱਤਰ ਹਰੀ ਸਿੰਘ ਵਾਸੀ ਪਿੰਡ ਬਹਾਦਰਪੁਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਪੁਲਸ ਨੂੰ ਆਪਣਾ ਬਿਆਨ ਦਰਜ ਕਰਵਾਇਆ ਕਿ ਉਹ ਆਪਣੇ ਰਿਸ਼ਤੇਦਾਰਾਂ ਨੂੰ ਲੈਣ ਲਈ ਆਪਣੀ ਆਲਟੋ ਕਾਰ ਵਿੱਚ ਸਵਾਰ ਹੋ ਕੇ ਫਿਲੌਰ ਆਇਆ ਸੀ ਅਤੇ ਫਿਲੌਰ ਵੇਰਕਾ ਮਿਲਕ ਬਾਰ ਲਾਗਿਓਂ ਤਿੰਨ ਨਾ ਮਾਲੂਮ ਨੌਜਵਾਨਾਂ ਨੇ ਉਸ ਪਾਸੋਂ ਡਰਾ ਧਮਕਾ ਕੇ ਆਲਟੋ ਕਾਰ, 3000 ਰੁਪਏ ਅਤੇ ਮੋਬਾਇਲ ਫੋਨ ਖੋਹ ਕਰ ਲਏ । ਜਿਸ 'ਤੇ ਮੁਕੱਦਮਾ ਨੰਬਰ 340 ਮਿਤੀ 26.12.2023 ਜੁਰਮ 379 ਬੀ ਭ:ਦ: ਥਾਣਾ ਫਿਲੌਰ ਦਰਜ ਕੀਤਾ ਗਿਆ। ਥਾਣਾ ਫਿਲੌਰ ਦੇ ਇੰਸਪੈਕਟਰ ਨੀਰਜ ਕੁਮਾਰ ਮੁੱਖ ਅਫਸਰ ਦੀ ਟੀਮ ਦੇ ਏ.ਐਸ.ਆਈ ਸੁਭਾਸ਼ ਚੰਦਰ ਵੱਲੋਂ ਖੋਹ ਕਰਨ ਵਾਲੇ ਵਿਅਕਤੀ ਅਰਸ਼ਦੀਪ ਉਰਫ ਅਰਸ਼ ਪੁੱਤਰ ਬਿੱਲਾ ਪੁੱਤਰ ਬਹਾਦਰ ਵਾਸੀ ਪਿੰਡ ਉਦੇਵਾਲ ਹਾਲ ਵਾਸੀ ਮੁਹੱਲਾ ਰਵਿਦਾਸਪੁਰਾ ਅਕਲਪੁਰ ਰੋਡ ਫਿਲੌਰ ਜ਼ਿਲ੍ਹਾ ਜਲੰਧਰ ਨੂੰ ਗ੍ਰਿਫਤਾਰ ਕਰ ਲਿਆ ਤੇ ਇਸਦੇ ਕਬਜੇ ਵਿੱਚੋਂ ਇੱਕ ਆਲਟੋ ਕਾਰ, 700/- ਰੁਪਏ ਖੋਹ ਕੀਤੀ ਰਕਮ ਅਤੇ ਖੋਹ ਕੀਤਾ ਮੋਬਾਇਲ ਫੋਨ ਬਰਾਮਦ ਕੀਤਾ। ਮੁੱਢਲੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਇਹ ਨਸ਼ੇ ਕਰਨ ਅਤੇ ਚੋਰੀਆ ਕਰਨ ਦਾ ਆਦੀ ਹੈ, ਇਸਦੇ ਖਿਲਾਫ ਵੱਖ ਵੱਖ ਥਾਣਿਆ ਵਿੱਚ ਪਹਿਲਾਂ ਵੀ 12 ਮੁਕੱਦਮੇ ਦਰਜ ਹਨ।



# ਐਮ ਐਸ ਐਮ ਈ ਪੀ ਸੀ ਆਈ ਬਰਾਂਚ ਦਫ਼ਤਰ ਦਾ ਉਦਘਾਟਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਐਮ ਐਸ ਐਮ ਈ ਪੀ ਸੀ ਆਈ ਦੇ ਮੁੱਖ ਦਫਤਰ ਬਠਿੰਡਾ ਦੀ ਘੁੰਡ ਚੁਕਾਈ ਤੋਂ ਬਾਅਦ ਜਿਲ੍ਹਾ ਜਲੰਧਰ ਵਿਖੇ ਸਬ ਬ੍ਰਾਂਚ ਆਫ਼ਿਸ ਦਾ ਉਦਘਾਟਨ ਕੀਤਾ ਗਿਆ।ਜਿਸ 'ਚ ਪੰਜਾਬ ਦੇ ਐਮ ਐਸ ਐਮ ਈ ਪੀ ਸੀ ਆਈ ਦੇ ਚੇਅਰਮੈਨ ਸੰਜੀਵ ਥਾਪਰ ਨੇ ਸ਼ਿਰਕਤ ਕਰਦਿਆਂ ਕਿਹਾ ਕੇ ਐਮ ਐਸ ਐਮ ਈ ਪੀ ਸੀ ਆਈ ਦੇਵੇਗੀ ਬੇਰੋਜ਼ਗਾਰੀ ਨੂੰ ਰੁਜ਼ਗਾਰ ਦਾ ਵੱਡਾ ਤੋਹਫਾ, ਜਿਸ ਨਾਲ ਸਮਾਜ 'ਚ ਬੇਰੁਜ਼ਗਾਰੀ ਨੂੰ ਦੂਰ ਕਰਨ ਲਈ ਪਹਿਲ ਦੇ ਅਧਾਰ 'ਤੇ ਐਮ ਐਸ ਐਮ ਈ ਪੀ ਸੀ ਆਈ ਕਾਰਜ ਕਰਨ ਜਾ ਰਹੀ ਹੈ।ਇਸੇ ਤਰ੍ਹਾਂ ਜਲੰਧਰ ਜਿਲ੍ਹਾ ਡਾਇਰੈਕਟਰ ਰੋਹਿਤ ਭਾਟੀਆ ਨੇ ਐਮ ਐਸ ਐਮ ਈ ਪੀ ਸੀ ਆਈ ਦਫ਼ਤਰ ਦੀ ਸ਼ੁਰੂਆਤ ਮੌਕੇ ਆਖਿਆ ਕਿ ਐਮ ਐਸ ਐਮ ਈ, ਪੀ ਐਮ ਈ ਜੀ ਪੀ, ਐਸ ਐਮ ਈ ਪ੍ਰੋਜੈਕਟਾਂ ਰਾਹੀਂ ਸਬਸਿਡੀ ਕੈਟਾਗਰੀ 'ਚ ਪ੍ਰੋਫਾਈਲ ਤਈਆਰ ਕਰ ਅਪਲਾਈ ਕਰਨਾ ਹੋ ਗਿਆ ਹੁਣ ਹੋਰ ਵੀ ਆਸਾਨ।ਜਿਸ ਨਾਲ ਮੈਨੂਫ਼ੈਕਟਰਿੰਗ ਕੈਟਾਗਰੀ 'ਚ 50 ਲੱਖ ਲੋਨ ਦੀ ਲਿਮਿਟ, ਸਰਵਿਸ ਕੈਟਾਗਰੀ ਵਿੱਚ 20 ਲੱਖ ਦੀ ਲਿਮਿਟ, ਐਗਰੀਕਲਚਰ ਬੈਕਰੀ ਕੈਟਾਗਰੀ ਵਿੱਚ 10 ਲੱਖ ਤੋਂ 1 ਕਰੋੜ ਦੇ ਪ੍ਰੋਜੈਕਟ, ਫੂਡ ਪ੍ਰੋਡਕਸ਼ਨ ਪ੍ਰੋਜੈਕਟਾਂ ਰਾਹੀਂ 1 ਕਰੋੜ ਤੋਂ 5 ਕਰੋੜ ਦੇ ਪ੍ਰੋਜੈਕਟ ਅਤੇ ਬਕਰੀ ਫਾਰਮ ਪਸ਼ੂ ਪਾਲਣ ਫਰਮ ਮੁਰਗੀ ਫਾਰਮ ਮੱਛੀ ਪਾਲਣ ਲਈ 50 ਲੱਖ ਤੋਂ 1 ਕਰੋੜ ਦੇ ਪ੍ਰੋਜੈਕਟ ਅਤੇ 10 ਕਰੋੜ ਦੇ ਐਮ ਐਸ ਐਮ ਈ ਪ੍ਰੋਜੈਕਟ ਮੌਜੂਦ ਹਨ। ਜਿਸ ਵਿੱਚ 25 ਤੋਂ 35, 35 ਤੋਂ 40 ਪ੍ਰਤੀਸ਼ਤ ਸਬਸਿਡੀ ਸਕੀਮਾਂ ਦਾ ਵੀ ਕੋਈ ਵੀ ਨਵਾਂ ਕਾਰੋਬਾਰ ਖੋਲਣ 'ਚ ਲਾਹਾ ਲਿਆ ਜਾ ਸਕਦਾ ਹੈ।ਜਿਸ ਦੀ ਤਾਈਆਰੀ ਅਤੇ ਜਾਣਕਾਰੀ ਲੈਣ ਦੀ ਮੁਕੰਮਲ ਕੋਸ਼ਿਸ਼ ਐਮ ਐਸ ਐਮ ਈ ਪੀ ਸੀ ਆਈ ਜਲੰਧਰ ਵੱਲੋਂ ਨਿਰੰਤਰ ਕੀਤੀ ਜਾਵੇਗੀ। ਇਸ ਮੌਕੇ ਪੰਜਾਬ ਚੇਅਰਮੈਨ ਸੰਜੀਵ ਥਾਪਰ ਜਲੰਧਰ ਡਿਸਟ੍ਰਿਕਟ ਡਾਇਰੈਕਟਰ ਰੋਹਿਤ ਭਾਟੀਆ ਮੋਗਾ ਜ਼ਿਲ੍ਹਾ ਡਾਇਰੈਕਟਰ ਵਾਈਸ ਚੇਅਰਮੈਨ ਆਰਗਨਾਈਜੇਸ਼ਨ ਪੂਨਮ ਭਾਟੀਆ, ਗੁਰਪ੍ਰੀਤ ਸਿੰਘ ਬਲਾਕ ਲੇਬਲ ਸੀਨੀਅਰ ਅਫ਼ਸਰ ਜਿਲਾ ਇੰਡਸਟਰੀਜ਼ ਦਫ਼ਤਰ, ਸੀਨੀਅਰ ਮੈਨੇਜਰ ਪੰਜਾਬ ਅਕਾਊਂਟੈਂਟ ਅਫਸਰ ਰਿਟਾਇਰਡ ਪੀ ਐਨ ਬੀ, ਸ਼ਿਵਾਜੀ ਮਾਰਕੀਟ ਕਮੇਟੀ ਪ੍ਰਧਾਨ ਮੰਨਾ ਬਾਊ ਜੀ, ਏਕਮ ਯੂਥ ਕਲੱਬ ਏਕਮ ਬਲੱਡ ਗਰੁੱਪ ਤੋਂ ਕੁਲਪ੍ਰੀਤ ਸਿੰਘ, ਸੋਨੂੰ ਸਾਈਂ ਜੀ, ਅਭਿਜੀਤ , ਦੀਪਾਂਸ਼ੂ ਹਰਵਿੰਦਰ ਕੁਮਾਰ, ਕਰਨੈਲ ਸੰਤੋਖਪੁਰਾ, ਏਕਤਾ ਸੰਗਠਨ ਦੇ ਨੈਸ਼ਨਲ ਕਨਵੀਨਰ ਸਤਵਿੰਦਰ ਮਦਾਰਾ, ਰਾਜਿੰਦਰ ਕੁਮਾਰ, ਮੇਹਰ ਚੰਦ ਕਾਲਜ ਤੋਂ ਰੋਹਿਤ ਕੁਮਾਰ ਗੁਰਪ੍ਰੀਤ ਬਸਰਾ ਆਦਿ ਮੌਜੂਦ ਸਨ।



# ਵਿੱਤ ਮੰਤਰੀ ਵੱਲੋਂ ਮਿਡ-ਡੇ-ਮੀਲ ਵਰਕਰਾਂ ਦੀਆਂ ਤਨਖਾਹਾਂ ਬਾਰੇ ਕਮੇਟੀ ਬਣਾਉਣ ਦੇ ਨਿਰਦੇਸ਼

**ਜਲੰਧਰ (ਰਾਜੇਸ਼ ਥਾਪਾ)**

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਮਿਡ-ਡੇ-ਮੀਲ ਵਰਕਰਜ਼ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਸਕੂਲ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਉਹ ਸਿੱਖਿਆ ਅਤੇ ਵਿੱਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਯੂਨੀਅਨ ਦੇ ਨੁਮਾਇੰਦਿਆਂ ਦੀ ਸ਼ਮੂਲੀਅਤ ਵਾਲੀ ਕਮੇਟੀ ਬਣਾਵੇ ਜੋ ਮਿਡ-ਡੇ-ਮੀਲ ਵਰਕਰਾਂ ਦੀ ਤਨਖਾਹ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਅਧਿਐਨ ਕਰਕੇ ਆਪਣੀ ਰਿਪੋਰਟ ਪੇਸ਼ ਕਰੇ ਤਾਂ ਜੋ ਉਨ੍ਹਾਂ ਦੀਆਂ ਤਨਖਾਹਾਂ 'ਚ ਵਾਧਾ ਕਰਨ ਬਾਰੇ ਫੈਸਲਾ ਜਲਦੀ ਤੋਂ ਜਲਦੀ ਲਿਆ ਜਾ ਸਕੇ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮਿਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾਈ ਆਗੂ ਪ੍ਰਵੀਨ ਬਾਲਾ ਫਤਹਿਗੜ੍ਹ ਸਾਹਿਬ ਨੇ ਦੱਸਿਆ ਕਿ ਸੁਖਾਵੇਂ ਮਾਹੌਲ 'ਚ ਹੋਈ ਇਸ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਿਡ-ਡੇ-ਮੀਲ ਕੁੱਕ ਯੂਨੀਅਨਾਂ ਵੱਲੋਂ ਉਠਾਈਆਂ ਮੰਗਾਂ ਬਾਰੇ ਵਿਸਥਾਰ 'ਚ ਚਰਚਾ ਕੀਤੀ। ਵਿੱਤ ਮੰਤਰੀ ਨੇ ਸਕੂਲ ਸਿੱਖਿਆ ਵਿਭਾਗ ਨੂੰ ਬੈਂਕਾਂ ਜਾਂ ਬੀਮਾ ਕੰਪਨੀਆਂ ਨਾਲ ਸਲਾਹ-ਮਸ਼ਵਰਾ ਕਰਕੇ ਇੱਕ ਬੀਮਾ ਪਾਲਿਸੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਜੋ ਮਿਡ-ਡੇ-ਮੀਲ ਕੁੱਕਾਂ ਨੂੰ ਸਿਹਤ ਅਤੇ ਜੀਵਨ ਬੀਮਾ ਦੋਵੇਂ ਮੁਹੱਈਆ ਕਰਵਾ ਸਕਣ। ਵਿੱਤ ਮੰਤਰੀ ਨੇ ਸਿੱਖਿਆ ਵਿਭਾਗ ਨੂੰ ਮਿਡ-ਡੇ-ਮੀਲ ਲਈ ਕੁੱਕਾਂ ਦੀ ਨਿਯੁਕਤੀ ਬਾਰੇ ਸਕੂਲ ਪ੍ਰਬੰਧਕ ਕਮੇਟੀਆਂ ਨੂੰ ਦਿਸ਼ਾ-





ਨਿਰਦੇਸ਼ ਜਾਰੀ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਨ੍ਹਾਂ ਦਿਸ਼ਾ-ਨਿਰਦੇਸ਼ਾਂ 'ਚ ਉਨ੍ਹਾਂ ਕੁੱਕਾਂ ਨੂੰ ਪਹਿਲ ਦਿੱਤੀ ਜਾਵੇ ਜਿਨ੍ਹਾਂ ਕੋਲ ਇਸ ਸਕੀਮ ਤਹਿਤ ਪਹਿਲਾਂ ਕੰਮ ਦਾ ਤਜਰਬਾ ਹੈ। ਉਨ੍ਹਾਂ ਕਿਹਾ ਕਿ ਇਸ ਦਾ ਸਿੱਧਾ ਲਾਭ ਉਨ੍ਹਾਂ ਮਿਡ-ਡੇ-ਮੀਲ ਵਰਕਰਾਂ ਨੂੰ ਹੋਵੇਗਾ ਜਿਨ੍ਹਾਂ ਨੂੰ ਵਿਆਹ ਜਾਂ ਕਿਸੇ ਹੋਰ ਠੋਸ ਕਾਰਨ ਕਰਕੇ ਸਕੂਲ ਬਦਲਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਇਨ੍ਹਾਂ ਵਰਕਰਾਂ ਦੀਆਂ ਚੋਣ ਡਿਊਟੀਆਂ ਲਗਾਉਣ ਦੀ ਸੂਰਤ 'ਚ ਭੁਗਤਾਨ ਸਿੱਧਾ ਇਨ੍ਹਾਂ ਦੇ ਖਾਤਿਆਂ 'ਚ ਯਕੀਨੀ ਬਣਾਉਣ ਲਈ ਵੀ ਸਕੂਲ ਸਿੱਖਿਆ ਵਿਭਾਗ ਵੱਲੋਂ ਚੋਣ ਕਮਿਸ਼ਨ ਨੂੰ ਪੱਤਰ ਲਿਖਿਆ ਜਾਵੇ। ਕੁੱਕ ਦੇ ਛੁੱਟੀ 'ਤੇ ਚਲੇ ਜਾਣ ਦੀ ਸੂਰਤ 'ਚ ਮਿੱਡ-ਡੇ-ਮੀਲ ਤਿਆਰ ਕਰਨ ਵਿੱਚ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਵਿੱਤ ਮੰਤਰੀ ਨੇ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਅਜਿਹੀ ਸਥਿਤੀ 'ਚ ਸਕੂਲ ਕਮੇਟੀਆਂ ਕੋਲ ਮੌਜੂਦ ਫੰਡਾਂ 'ਚੋਂ ਦਿਹਾੜੀ ਤੇ ਕੁੱਕ ਦਾ ਪ੍ਰਬੰਧ ਕਰਨ ਦੀਆਂ ਸੰਭਾਵਨਾਵਾਂ ਦਾ ਪਤਾ ਲਗਾਇਆ ਜਾਵੇ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਮਿਡ-ਡੇ ਮੀਲ ਵਰਕਰਾਂ ਲਈ ਐਪਰਨ, ਟੋਪੀ, ਦਸਤਾਨੇ ਆਦਿ ਦਾ ਪ੍ਰਬੰਧ ਕਰਨ ਲਈ ਵੀ ਜਲਦੀ ਤੋਂ ਜਲਦੀ ਲੋੜੀਂਦੀ ਕਾਰਵਾਈ ਕੀਤੀ ਜਾਵੇ। ਮੀਟਿੰਗ 'ਚ ਸਕੱਤਰ, ਸਕੂਲ ਸਿੱਖਿਆ ਕਮਲ ਕਿਸ਼ੋਰ ਯਾਦਵ, ਵਿਸ਼ੇਸ਼ ਸਕੱਤਰ-ਕਮ-ਡਾਇਰੈਕਟਰ ਜਨਰਲ, ਸਕੂਲ ਸਿੱਖਿਆ ਵਿਨੈ ਬੁਬਲਾਨੀ ਅਤੇ ਮਿੱਡ-ਡੇ ਮੀਲ ਵਰਕਰਜ਼ ਯੂਨੀਅਨਾਂ ਪੰਜਾਬ ਦੀਆਂ ਆਗੂ ਪ੍ਰਵੀਨ ਬਾਲਾ ਫਤਹਿਗੜ੍ਹ ਸਾਹਿਬ, ਕਮਲਜੀਤ ਕੌਰ, ਕਮਲੇਸ਼ ਕੌਰ, ਹਰਨੇਕ ਕੌਰ, ਮਮਤਾ ਰਾਣੀ ਤੋਂ ਇਲਾਵਾ ਹਰਜਿੰਦਰ ਕੌਰ, ਪ੍ਰਵੀਨ ਸ਼ਰਮਾ, ਪ੍ਰਵੀਨ ਬਾਲਾ ਅਤੇ ਲਖਵਿੰਦਰ ਕੌਰ ਹਾਜ਼ਰ ਸਨ।

# ਜੌੜਾਮਾਜਰਾ ਵੱਲੋਂ ਸੂਬੇ 'ਚ ਬਾਗਬਾਨੀ ਨੂੰ ਉਤਸ਼ਾਹਿਤ ਕਰਨ ਲਈ ਨਵੇਂ ਨਰਸਰੀ ਨਿਯਮ ਜਾਰੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਬਾਗਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਸੂਬੇ 'ਚ ਬਾਗਬਾਨੀ ਨੂੰ ਉਤਸਾਹਿਤ ਕਰਨ ਦੇ ਉਦੇਸ਼ ਨਾਲ ਸੋਧੇ ਹੋਏ ਨਵੇਂ ਨਰਸਰੀ ਨਿਯਮ ਜਾਰੀ ਕੀਤੇ ਗਏ। ਕੈਬਨਿਟ ਮੰਤਰੀ ਨੇ ਪੰਜਾਬ ਸਿਵਲ ਸਕੱਤਰੇਤ ਸਥਿਤ ਆਪਣੇ ਦਫਤਰ ਵਿਖੇ ਇਨ੍ਹਾਂ ਨਿਯਮਾਂ ਨੂੰ ਜਾਰੀ ਕਰਨ ਉਪਰੰਤ ਦੱਸਿਆ ਕਿ ਇਨ੍ਹਾਂ ਰੂਲਾਂ ਤਹਿਤ ਨਰਸਰੀਆਂ ਨੂੰ ਟਰੂ-ਟੂ-ਟਾਈਪ ਬੂਟੇ ਤਿਆਰ ਕਰਨ ਲਈ ਦੋ ਸਾਲ ਦਾ ਸਮਾਂ ਦਿੱਤਾ ਗਿਆ ਹੈ ਅਤੇ ਇਨ੍ਹਾਂ ਬੂਟਿਆਂ ਨੂੰ ਮਦਰ ਪਲਾਂਟ ਅਤੇ ਬੱਡ ਸਟਿਕ ਨਰਸਰੀਆਂ 'ਚ ਲਗਾਉਣ ਲਈ ਪਾਬੰਦ ਕੀਤਾ ਗਿਆ ਹੈ। ਇਸ ਤੋਂ ਇਲਾਵਾ ਇਨ੍ਹਾਂ ਬੂਟਿਆਂ ਦੀ ਟਰੇਸੇਬਿਲਟੀ ਕਰਨ ਲਈ ਨਰਸਰੀ ਮਾਲਕਾਂ ਨੂੰ ਪਾਬੰਦ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਦੇਸ਼ 'ਚ ਪਹਿਲ ਕਰਦੇ ਹੋਏ ਸਾਰੇ ਸੂਬਿਆਂ ਤੋਂ ਪਹਿਲਾਂ ਪੰਜਾਬ ਫਰੂਟ ਨਰਸਰੀ ਐਕਟ, 1961 'ਚ ਸੋਧ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਨਵੇਂ ਨਰਸਰੀ ਐਕਟ ਅਧੀਨ ਨਰਸਰੀ ਮਾਲਕਾਂ ਨੂੰ ਵਾਇਰਸ ਮੁਕਤ ਬੂਟੇ ਤਿਆਰ ਕਰਨ ਲਈ ਪਾਬੰਦ ਕੀਤਾ ਗਿਆ ਹੈ। ਹੋਰ ਨੁਕਤਿਆਂ 'ਤੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਸੋਧੇ ਹੋਏ ਨਵੇਂ ਨਰਸਰੀ ਐਕਟ ਤਹਿਤ ਨਰਸਰੀ ਮਾਲਕਾਂ ਲਈ ਵਾਇਰਸ ਮੁਕਤ ਬੂਟਿਆਂ ਦੀ ਕਾਸ਼ਤ ਕਰਨਾ ਲਾਜ਼ਮੀ ਹੈ। ਮੰਤਰੀ ਨੇ ਕਿਹਾ ਕਿ ਸਬਜੀਆਂ ਦੀ ਨਰਸਰੀ ਸਬੰਧੀ ਲਾਇਸੈਂਸ ਲਾਜ਼ਮੀ ਹੈ, ਪਰ ਉਪਜ ਦਾ ਸਰੋਤ ਅਤੇ ਗੁਣਵੱਤਾ ਬੀਜ ਐਕਟ 1966 (1966 ਦਾ ਕੇਂਦਰੀ ਐਕਟ 54) ਅਧੀਨ ਨਿਯੰਤਰਿਤ ਕੀਤੀ ਜਾਵੇਗੀ। ਇਨ੍ਹਾਂ ਨਿਯਮਾਂ 'ਚ, ਨਿਯਮ 6 ਤੋਂ ਬਾਅਦ ਕੁਝ ਮੱਦਾਂ ਨੂੰ ਬਦਲਿਆ ਜਾਵੇਗਾ ਜਿਵੇਂ ਕਿ ਲਾਇਸੈਂਸ ਰੱਦ ਜਾਂ ਮੁਅੱਤਲ ਹੋਣ ਦੀ ਸੂਰਤ 'ਚ ਸਮਰੱਥ ਅਥਾਰਟੀ ਜਾਂ ਉਸ ਵੱਲੋਂ ਅਧਿਕਾਰਤ ਕੋਈ ਵਿਅਕਤੀ ਜਿਸ ਦਾ ਅਹੁਦਾ ਬਾਗਬਾਨੀ



ਵਿਕਾਸ ਅਧਿਕਾਰੀ ਤੋਂ ਘੱਟ ਨਾ ਹੋਵੇ, ਵੱਲੋਂ ਪੌਦਿਆਂ ਨੂੰ ਨਸ਼ਟ ਕੀਤਾ ਜਾਵੇਗਾ। ਸਮਰੱਥ ਅਥਾਰਟੀ ਵੱਲੋਂ ਲਾਇਸੰਸਧਾਰਕ ਨੂੰ ਬੂਟਿਆਂ, ਗ੍ਰਾਫਟ ਕੀਤੇ ਪੌਦਿਆਂ ਨੂੰ ਪੁੱਟਣ ਦਾ ਹੁਕਮ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸੇ ਤਰ੍ਹਾਂ ਧਾਰਾ 9 (ਸੋਧੀ ਹੋਈ) ਤਹਿਤ ਨਰਸਰੀਆਂ ਨੂੰ ਬੀਜ ਪ੍ਰਮਾਣੀਕਰਣ ਏਜੰਸੀ (ਜਦੋਂ ਤੱਕ ਵੱਖਰੀ ਬਾਗਬਾਨੀ ਪ੍ਰਮਾਣੀਕਰਣ ਏਜੰਸੀ ਦਾ ਗਠਨ ਨਹੀਂ ਹੋ ਜਾਂਦਾ) ਅਧੀਨ ਬਾਗਬਾਨੀ ਨਰਸਰੀ (ਕਰਾਸ ਜਾਂ ਓਪਨ ਪੌਲੀਨੇਟਿਡ ਕਿਸਮਾਂ ਨੂੰ ਛੱਡ ਕੇ ਫਲ, ਸਬਜੀਆਂ, ਬੂਟੇ ਆਦਿ ਲਈ) ਦੇ ਰੂਪ ਵਿੱਚ ਰਜਿਸਟਰ ਕੀਤਾ ਜਾਣਾ ਲਾਜ਼ਮੀ ਹੈ ਅਤੇ ਬੀਜ ਪ੍ਰਮਾਣੀਕਰਣ ਏਜੰਸੀ (ਜਦੋਂ ਤੱਕ ਵੱਖਰੀ ਬਾਗਬਾਨੀ ਪ੍ਰਮਾਣੀਕਰਣ ਏਜੰਸੀ ਦਾ ਗਠਨ ਨਹੀਂ ਹੋ ਜਾਂਦਾ) ਦੇ ਖਾਤੇ ਵਿੱਚ 1000 ਰੁਪਏ ਦੀ ਰਜਿਸਟ੍ਰੇਸ਼ਨ ਫੀਸ ਜਮ੍ਹਾ ਕਰਾਉਣੀ ਹੋਵੇਗੀ ਅਤੇ ਨਰਸਰੀ ਲਾਇਸੈਂਸ ਲਈ ਅਪਲਾਈ ਕਰਨ ਜਾਂ ਲਾਇਸੈਂਸ ਨਵਿਆਉਣ ਸਮੇਂ ਫਾਰਮ-10 ਭਰ ਕੇ ਅਰਜ਼ੀ ਦਿੱਤੀ ਜਾਵੇਗੀ। ਇਸ ਉਪਰੰਤ ਬੀਜ ਪ੍ਰਮਾਣੀਕਰਣ ਏਜੰਸੀ (ਜਦੋਂ ਤੱਕ ਵੱਖਰੀ ਬਾਗਬਾਨੀ ਪ੍ਰਮਾਣੀਕਰਣ ਏਜੰਸੀ ਦਾ ਗਠਨ ਨਹੀਂ ਹੋ ਜਾਂਦਾ) ਵੱਲੋਂ ਨਰਸਰੀ ਦੇ ਲਾਇਸੰਸਧਾਰਕ ਨੂੰ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ। ਲਾਇਸੰਸਧਾਰਕ ਵੱਲੋਂ ਇਹ ਸਰਟੀਫਿਕੇਟ ਆਪਣੀ ਨਰਸਰੀ ਵਿੱਚ ਕਿਸੇ ਪ੍ਰਮੁੱਖ ਸਥਾਨ 'ਤੇ ਪ੍ਰਦਰਸ਼ਤ ਕੀਤਾ ਜਾਵੇਗਾ। ਫਾਰਮ-11, 12 ਅਤੇ 13 ਅਨੁਸਾਰ ਬੀਜ ਪ੍ਰਮਾਣੀਕਰਣ ਏਜੰਸੀ (ਜਦੋਂ ਤੱਕ ਵੱਖਰੀ ਬਾਗਬਾਨੀ ਪ੍ਰਮਾਣੀਕਰਣ ਏਜੰਸੀ ਦਾ ਗਠਨ ਨਹੀਂ ਹੋ ਜਾਂਦਾ) ਵੱਲੋਂ ਸਮੇਂ-ਸਮੇਂ 'ਤੇ ਨਿਰੀਖਣ ਕੀਤਾ ਜਾਵੇਗਾ ਅਤੇ ਪ੍ਰਤੀ ਨਰਸਰੀ ਪੰਜ ਹਜਾਰ ਰੁਪਏ ਸਾਲਾਨਾ ਦੀ ਫੀਸ ਲਈ ਜਾਵੇਗੀ ਅਤੇ ਇਹ ਫੀਸ ਬੀਜ ਪ੍ਰਮਾਣੀਕਰਣ ਏਜੰਸੀ (ਜਦੋਂ ਤੱਕ ਵੱਖਰੀ ਬਾਗਬਾਨੀ ਪ੍ਰਮਾਣੀਕਰਣ ਏਜੰਸੀ ਦਾ ਗਠਨ ਨਹੀਂ ਹੋ ਜਾਂਦਾ) ਦੇ ਖਾਤੇ ਵਿੱਚ ਜਮ੍ਹਾ ਕੀਤੀ ਜਾਵੇਗੀ। ਬੀਜ ਐਕਟ, 1966 ਦੀ ਧਾਰਾ 8 ਅਧੀਨ ਬਾਗਬਾਨੀ ਪ੍ਰਮਾਣੀਕਰਣ ਏਜੰਸੀ ਜਾਂ ਤਾਂ ਬੀਜ ਪ੍ਰਮਾਣੀਕਰਣ ਏਜੰਸੀ ਦਾ ਹਿੱਸਾ ਹੋਵੇਗੀ ਜਾਂ ਇੱਕ ਸੁਤੰਤਰ ਸੰਸਥਾ ਵਜੋਂ ਕੰਮ ਕਰੇਗੀ। ਇਸ ਮੌਕੇ ਬਾਗਬਾਨੀ ਵਿਭਾਗ ਦੇ ਡਾਇਰੈਕਟਰ ਸ੍ਰੀਮਤੀ ਸ਼ੈਲੇਂਦਰ ਕੌਰ ਅਤੇ ਸਹਾਇਕ ਡਾਇਰੈਕਟਰ ਬਾਗਬਾਨੀ ਡਾ. ਹਰਪ੍ਰੀਤ ਸਿੰਘ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਸਬ-ਇੰਸਪੈਕਟਰ 50,000 ਰੁਪਏ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਕਾਬੂ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੀ ਵਿਜੀਲੈਂਸ ਬਿਊਰੋ ਨੇ ਸੂਬੇ 'ਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਅਣਥੱਕ ਲੜਾਈ ਦੌਰਾਨ ਪੁਲਸ ਕਮਿਸ਼ਨਰੇਟ ਦਫਤਰ, ਅੰਮ੍ਰਿਤਸਰ ਦੀ ਆਰਥਿਕ ਅਪਰਾਧ ਸ਼ਾਖਾ ਵਿਖੇ ਤਾਇਨਾਤ ਸਬ ਇੰਸਪੈਕਟਰ (ਐਸ ਆਈ) ਕੁਲਵੰਤ ਸਿੰਘ (ਨੰਬਰ 700/ਅੰਮ੍ਰਿਤਸਰ ਸਿਟੀ) ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਹ ਪ੍ਰਗਟਾਵਾ ਕਰਦਿਆਂ ਇੱਥੇ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਐਸ ਆਈ ਨੂੰ ਸੂਰਜ ਮਹਿਤਾ ਵਾਸੀ ਗੋਪਾਲ ਦਾਸ ਰੋਡ, ਅੰਮ੍ਰਿਤਸਰ ਵੱਲੋਂ ਦਰਜ ਕਰਵਾਈ ਸ਼ਿਕਾਇਤ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੋਸ਼ ਲਾਇਆ ਕਿ ਉਕਤ ਪੁਲਸ ਮੁਲਾਜ਼ਮ ਹਾਈਕੋਰਟ ਤੋਂ ਉਸ ਦੇ ਪਿਤਾ ਦੀ ਗ੍ਰਿਫਤਾਰੀ 'ਤੇ ਅੰਤਰਿਮ ਸਟੇਅ ਮਿਲਣ ਤੋਂ ਬਾਅਦ ਪੁਲਸ ਜਾਂਚ 'ਚ ਸ਼ਾਮਲ ਹੋਣ ਅਤੇ ਇਸ ਮੁਕੱਦਮੇ 'ਚ ਨਿਯਮਤ ਜ਼ਮਾਨਤ ਲੈਣ 'ਚ ਮੱਦਦ ਕਰਨ ਬਦਲੇ 50,000 ਰੁਪਏ ਦੀ ਰਿਸ਼ਵਤ ਮੰਗ ਰਿਹਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਦੱਸਿਆ ਕਿ ਉਕਤ ਥਾਣੇਦਾਰ ਉਸ ਦੇ ਪਿਤਾ ਦੁਆਰਾ ਉਹਨਾਂ ਦੀ ਸਾਂਝੀ ਫਰਮ 'ਚ ਭਾਈਵਾਲਾਂ ਵਿਰੁੱਧ ਦਰਜ ਕੀਤੇ ਇੱਕ ਵੱਖਰੇ ਕੇਸ 'ਚ ਮੱਦਦ ਦੇਣ ਦੇ ਨਾਂਅ ਹੇਠ ਪਹਿਲਾਂ ਇੱਕ ਲੱਖ ਰੁਪਏ ਦੀ ਰਿਸ਼ਵਤ ਲੈ ਚੁੱਕਾ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਅੰਮ੍ਰਿਤਸਰ ਰੇਂਜ ਤੋਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਐਸ ਆਈ ਕੁਲਵੰਤ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ 'ਚ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਉਕਤ ਦੋਸ਼ੀ ਪੁਲਸ ਮੁਲਾਜ਼ਮ ਖਿਲਾਫ ਵਿਜੀਲੈਂਸ ਬਿਓਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਉੱਗੀ ਵਿਖੇ 'ਸਰਕਾਰ ਤੁਹਾਡੇ ਦੁਆਰ' ਕੈਂਪ ਦੌਰਾਨ ਏਰੀਆ ਦੋਨਾ ਦੇ ਗਿਆਰਾਂ ਪਿੰਡਾਂ ਦੇ ਲੋਕਾਂ ਨੇ ਲਿਆ ਲਾਭ



**ਕਾਲਾ ਸੰਘਿਆਂ (ਮਨਜੀਤ ਮਾਨ)**

ਸਰਕਾਰ ਹੁਣ ਪਿੰਡਾਂ ਦੀਆਂ ਸੱਥਾਂ ਤੋਂ ਚੱਲਿਆ ਕਰੇਗੀ ਅਫਸਰ ਆਮ ਲੋਕਾਂ ਦੇ ਕੰਮਾਂ ਲਈ ਪਿੰਡ ਪਿੰਡ ਆਉਣਗੇ ਜਿਸ 'ਚ ਆਮ ਲੋਕਾਂ, ਅਫਸਰਸ਼ਾਹੀ ਅਤੇ ਸਰਕਾਰ 'ਚ ਵਧੀਆ ਮੇਲ ਜੋਲ ਬਣਿਆ ਰਹੇਗਾ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਉੱਗੀ ਦੀ ਦਾਣਾ ਮੰਡੀ 'ਚ ਪੰਜਾਬ ਸਰਕਾਰ ਦੇ 'ਸਰਕਾਰ ਤੁਹਾਡੇ ਦੁਆਰ' ਕੈਂਪ ਦੌਰਾਨ ਹਲਕਾ ਨਕੋਦਰ ਦੀ ਵਿਧਾਇਕਾ ਬੀਬੀ ਇੰਦਰਜੀਤ ਕੌਰ ਮਾਨ ਨੇ ਕੀਤਾ। ਇਸ ਕੈਂਪ 'ਚ ਨਕੋਦਰ ਦੇ ਪੁਲਸ, ਪ੍ਰਸ਼ਾਸਨ ਅਤੇ ਅਲੱਗ-ਅਲੱਗ ਮਹਿਕਮਿਆਂ ਦੇ ਸਾਰੇ ਅਧਿਕਾਰੀ ਮੌਜੂਦ ਰਹੇ। ਜਿਹਨਾਂ ਆਮ ਜਨਤਾ ਦੇ ਰੁਕੇ ਹੋਏ ਕੰਮ ਤੁਰੰਤ ਮੌਕੇ ਕੀਤੇ। ਇਹ ਕੈਂਪ ਗਿਆਰਾਂ ਪਿੰਡਾਂ ਉੱਘੀ, ਚੂਹੜ, ਰਸੂਲਪੁਰ, ਸਹਿਮ, ਸਿੰਘਪੁਰ ਦੋਨਾ, ਤਲਵੰਡੀ ਭਰੋ, ਲੱਧੇਵਾਲੀ, ਆਧੀ, ਰਹੀਮਪੁਰ, ਸਾਹਪੁਰ ਪੰਡੋਰੀ ਅਤੇ ਬਾਊਪੁਰ ਦੋਨਾ ਦੇ ਲੋਕਾਂ ਲਈ ਸੀ, ਪਰ ਦੋਨੇ ਦੇ ਹੋਰ ਪਿੰਡਾਂ ਦੇ ਲੋਕ ਵੀ ਇਸ ਕੈਂਪ 'ਚ ਆ ਲਾਭ ਲੈ ਕੇ ਗਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਮ ਐਲ ਏ ਇੰਦਰਜੀਤ ਕੌਰ ਮਾਨ ਨੇ ਦੱਸਿਆ ਕਿ ਇਸੇ ਤਰ੍ਹਾਂ ਦੇ ਕੈਂਪ ਵਿਭਾਗ ਦੇ ਸਾਰੇ ਅਧਿਕਾਰੀਆਂ ਨੂੰ ਨਾਲ ਲੈ ਨਕੋਦਰ ਹਲਕੇ ਚ ਜਲਦ ਹੋਰ ਲਗਾਏ ਜਾਣਗੇ ਤਾਂ ਜੋ ਲੋਕ ਫਾਇਦਾ ਲੈ ਸਕਣ ਅਤੇ ਖੱਜਲ ਖੁਆਰੀ ਖਤਮ ਹੋਵੇ। ਇਸ ਕੈਂਪ 'ਚ ਸਿਹਤ ਵਿਭਾਗ, ਪੁਲਸ ਵਿਭਾਗ, ਐਸ ਡੀ ਐਮ ਦਫਤਰ, ਕੰਨਸਟਰਕਸ਼ਨ ਵਰਕ, ਪੈਨਸ਼ਨ, ਤਹਿਸੀਲਦਾਰ ਵਿਭਾਗ, ਕਿਰਤ ਵਿਭਾਗ, ਫੂਡ ਸਪਲਾਈ ਵਿਭਾਗ, ਪੰਚਾਇਤ ਵਿਭਾਗ, ਵਾਟਰ ਅਤੇ ਸੈਨੀਟੇਸ਼ਨ ਵਿਭਾਗ ਦੇ ਸਾਰੇ ਕੰਮਾਂ ਦਾ ਮੌਕੇ 'ਤੇ ਹੱਲ ਕੀਤਾ ਗਿਆ। ਇਸ ਮੌਕੇ ਡੀ ਐਸ ਪੀ ਨਕੋਦਰ ਸੁਖਪਾਲ ਸਿੰਘ, ਐਸ ਡੀ ਐਮ ਗੁਰਸਿਮਰਨ ਸਿੰਘ, ਬੀ ਡੀ ਓ ਅਸ਼ੋਕ ਚੰਦਰ, ਐਡ ਡੀ ਓ ਇੰਦਰਜੀਤ ਸਿੰਘ, ਐਸ ਡੀ ਓ ਬਿਜਲੀ ਬੋਰਡ ਗੁਰਨਾਮ ਸਿੰਘ ਬਾਜਵਾ, ਤਹਿਸੀਲਦਾਰ ਕੁਲਵਿੰਦਰ ਸਿੰਘ, ਐਸ ਐਚ ਓ ਯਾਦਵਿੰਦਰ ਸਿੰਘ, ਉੱਗੀ ਚੌਂਕੀ ਇੰਚਾਰਜ ਐਸ ਆਈ ਨਿਰਮਲ ਸਿੰਘ ਤੋਂ ਇਲਾਵਾ ਜਤਿੰਦਰ ਸਿੰਘ ਟਾਹਲੀ, ਬਲਾਕ ਪ੍ਰਧਾਨ ਸੁਰਿੰਦਰ ਕੁਮਾਰ, ਬਲਾਕ ਪ੍ਰਧਾਨ ਅਰਜਨ ਹੁੰਦਲ, ਬਲਾਕ ਪ੍ਰਧਾਨ ਬੂਟਾ ਸਿੰਘ ਸੰਧੂ, ਬਲਾਕ ਪ੍ਰਧਾਨ ਕੁਲਦੀਪ ਕਾਂਗਣਾ, ਹੈਪੀ ਤਲਵੰਡੀ ਭਰੋ, ਆਪ ਆਗੂ ਨਰਿੰਦਰ ਚੂਹੜ ਜੌਨ ਸ਼ਰਮਾ, ਪ੍ਰਿੰਸ ਕੁਮਾਰ ਛੋਟੜਾ, ਸਰਪੰਚ ਜਵਾਹਰ ਖੁੱਗਰ, ਜਿਲਾ ਪ੍ਰੀਸ਼ਦ ਦੇ ਵਾਇਸ ਚੇਅਰਮੈਨ ਦਰਸ਼ਨ ਸਿੰਘ ਟਾਹਲੀ, ਸੋਨੂੰ ਖੀਵਾ, ਸਰਪੰਚ ਰਜਨੀਸ਼ ਆਦਿ ਹਾਜ਼ਰ ਸਨ।

# ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਬੰਗਾ ਤਹਿਸੀਲ ਕਮੇਟੀ ਦੀ ਮੀਟਿੰਗ

**ਬਹਿਰਾਮ (ਅਵਤਾਰ ਕਲੇਰ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਤਹਿਸੀਲ ਬੰਗਾ ਦੀ ਮੀਟਿੰਗ ਤਹਿਸੀਲ ਪ੍ਰਧਾਨ ਬਲਕਾਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਤਹਿਸੀਲ ਸਕੱਤਰ ਹੁਸਨ ਸਿੰਘ ਮਾਂਗਟ ਨੇ ਦੱਸਿਆ ਕਿ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਜਗਤਪੁਰ, ਕੁਲਦੀਪ ਸਿੰਘ ਦੌੜਕਾ, ਹਰੀ ਬਿਲਾਸ, ਨੌਜਵਾਨ ਆਗੂ ਬਹਾਦਰ ਸਿੰਘ ਬਾਰਾ, ਤਰਸੇਮ ਸਿੰਘ ਜੇ ਈ, ਕੁਲਦੀਪ ਸਿੰਘ ਬੀਕਾ, ਜੀਵਨ ਸਿੰਘ, ਬਿਮਲ ਕਿਸ਼ੋਰ, ਸੋਢੀ ਰਾਮ ਹਾਜ਼ਰ ਸਨ।ਮੀਟਿੰਗ ਵਿੱਚ ਤਹਿਸੀਲ ਕਮੇਟੀ ਬੰਗਾ ਵੱਲੋਂ ਪਿਛਲੇ ਸਮੇਂ ਵਿੱਚ ਕੀਤੀਆਂ ਗਈਆਂ ਸਰਗਰਮੀਆਂ ਦਾ ਰੀਵਿਊ ਕੀਤਾ ਗਿਆ, ਜਿਸ 'ਤੇ ਕਮੇਟੀ ਵਲੋਂ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਸਾਰੇ ਯੂਨਿਟਾਂ ਦੀਆਂ ਮੀਟਿੰਗਾਂ ਕਰਕੇ ਸਰਗਰਮ ਕਰਨ ਦਾ ਫੈਸਲਾ ਕੀਤਾ ਗਿਆ।ਭਾਜਪਾ ਦੀ ਕਾਰਪੋਰੇਟ ਪੱਖੀ ਫਿਰਕੂ ਫਾਸ਼ੀਵਾਦੀ ਕੇਂਦਰੀ ਸਰਕਾਰ ਵੱਲੋਂ ਲੋਕਤੰਤਰ ਨੂੰ ਢਾਅ ਲਾਉਣ ਵਾਲੀਆਂ ਕਰਵਾਈਆਂ ਕਰਕੇ ਲੋਕਾਂ ਵਲੋਂ ਚੁਣੇ ਹੋਏ ਨੁਮਾਇੰਦਿਆਂ ਨੂੰ ਲੋਕ ਸਭਾ ਅਤੇ ਰਾਜ ਸਭਾ ਚੋਂ ਬਰਖਾਸਤ ਕਰਨ ਦੀ ਪੁਰਜ਼ੋਰ ਸ਼ਬਦਾਂ 'ਚ ਨਿਖੇਧੀ ਕੀਤੀ ਗਈ।ਸੰਵਿਧਾਨ ਅਤੇ ਜਮਹੂਰੀਅਤ ਨੂੰ ਬਚਾਉਣ ਲਈ ਫਾਸ਼ੀਵਾਦੀ ਭਾਜਪਾ ਨੂੰ ਹਰਾਉਣ ਲਈ ਕਿਰਤੀ ਵਰਗ ਨੂੰ ਇੱਕਮੁੱਠ ਹੋ ਕੇ ਸਰਗਰਮੀਆਂ ਕਰਨ ਦਾ ਸੱਦਾ ਦਿੱਤਾ। ਫਲਸਤੀਨ ਦੇ ਲੋਕਾਂ 'ਤੇ ਠੋਸੀ ਗੈਰ ਬਰਾਬਰੀ ਅਤੇ ਨਿਹੱਥੀ ਜੰਗ ਵਿਰੁੱਧ



ਵਾਸੀ ਹਮਲਿਆਂ ਵਿਰੋਧੀ ਫਰੰਟ ਵੱਲੋਂ ਸਮੁੱਚੇ ਪੰਜਾਬ ਵਿੱਚ ਫਲਿਸਤੀਨੀ ਲੋਕਾਂ ਦੇ ਹੱਕ 'ਚ ਜੰਗਬੰਦੀ ਦੀ ਮੰਗ ਨੂੰ ਲੈ ਕੇ ਪਹਿਲੀ ਜਨਵਰੀ ਨੂੰ ਰੋਸ ਪ੍ਰਦਰਸ਼ਨ ਕਰਨ ਦੇ ਸੱਦੇ ਤਹਿਤ ਬੱਸ ਸਟੈਂਡ ਨਵਾਂ ਸ਼ਹਿਰ ਵਿਖੇ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ 15 ਜਨਵਰੀ ਨੂੰ ਮੁਕੰਦਪੁਰ ਵਿੱਚ ਹੋ ਰਹੇ ਇਕੱਠ ਲਈ ਪੂਰਨ ਸਹਿਯੋਗ ਦੇਣ ਦਾ ਫੈਸਲਾ ਕੀਤਾ ਗਿਆ।

# ਸਟੇਟ ਫੁਟਸਲ ਕਲੱਬ ਚੈਂਪੀਅਨਸ਼ਿਪ ਸ਼ੁਰੂ

**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**

ਮੁਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਨੂੰ ਪ੍ਰਫੁਲਿਤ ਕਰਨ ਅਤੇ ਹੋਣਹਾਰ ਖਿਡਾਰੀਆਂ ਨੂੰ ਸੰਸਾਰ ਭਰ ਵਿੱਚ



ਆਪਣੀ ਪ੍ਰਤਿਭਾ ਚਮਕਾਉਣ ਦੇ ਮੌਕੇ ਦੇ ਰਹੀ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀਆਂ ਲਈ ਢੁੱਕਵਾਂ ਮਾਹੌਲ ਸਿਰਜਿਆ ਗਿਆ ਹੈ ਤਾਂ ਕਿ ਵਿਦਿਆਰਥੀ ਖੇਡਾਂ ਵਿੱਚ ਆਪਣਾ ਹੁਨਰ ਦਿਖਾ ਸਕਣ। ਸ੍ਰੀ ਦਸ਼ਮੇਸ਼ ਮਰਸ਼ਲ ਐਂਡ ਸਪੋਰਟਸ ਅਕੈਡਮੀ ਦੇ ਫੁੱਟਬਾਲ ਕੋਚ ਅਮਰਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਫੁਟਬਾਲ ਐਸੋਸੀਏਸ਼ਨ ਵੱਲੋਂ ਦੂਜੀ ਸਟੇਟ ਫੁਟਸਲ ਕਲੱਬ ਚੈਂਪੀਅਨਸ਼ਿਪ ਮਾਰਸ਼ਲ ਅਕੈਡਮੀ ਆਨੰਦਪੁਰ ਸਾਹਿਬ ਵਿਖੇ ਸ਼ੁਰੂ ਕਰਵਾਈ ਗਈ। ਪਹਿਲੇ ਮੁਕਾਬਲੇ ਵਿੱਚ ਮਾਰਸ਼ਲ ਅਕੈਡਮੀ 6-5 ਗੋਲਾਂ ਦੇ ਫਰਕ ਨਾਲ ਮਨਿਰਵਾ ਅਕੈਡਮੀ ਨੂੰ ਹਰਾ ਕੇ ਜੇਤੂ ਰਹੀ ਅਤੇ ਦੂਜੇ ਮੁਕਾਬਲੇ ਵਿੱਚ ਨਾਮਧਾਰੀ ਅਕੈਡਮੀ ਨੂੰ ਮਾਰਸ਼ਲ ਅਕੈਡਮੀ ਨੇ 4-2 ਗੋਲਾਂ ਦੇ ਫਰਕ ਨਾਲ ਹਰਾ ਕੇ ਸੈਮੀ ਫਾਈਨਲ ਵਿੱਚ ਜਗ੍ਹਾ ਪੱਕੀ ਕੀਤੀ। ਤੀਜੇ ਮੈਚ ਵਿੱਚ ਮਨਿਰਵਾ ਅਕੈਡਮੀ ਨੇ ਨਾਮਧਾਰੀ ਅਕੈਡਮੀ ਨੂੰ 8-4 ਚਾਰ ਗੋਲਾਂ ਦੇ ਫਰਕ ਨਾਲ ਹਰਾ ਕੇ ਸੈਮੀ ਫਾਈਨਲ ਵਿਚ ਪ੍ਰਵੇਸ਼ ਕੀਤਾ। ਫਾਈਨਲ ਮੁਕਾਬਲੇ 28 ਦਸੰਬਰ ਨੂੰ ਹੋਣਗੇ। ਪਹਿਲੇ ਮੈਚ ਵਿੱਚ ਗਗਨ ਅਜੀਤ ਸਿੰਘ ਮੈਨ ਆਫ ਦਾ ਮੈਚ ਅਤੇ ਦੂਜੇ ਮੈਚ ਵਿੱਚ ਮਨਦੀਪ ਸਿੰਘ ਨੂੰ ਮੈਨ ਆਫ ਦਾ ਮੈਚ ਹੋਣ ਦਾ ਮਾਣ ਪ੍ਰਾਪਤ ਹੋਇਆ। ਇਹ ਦੋਨੋ ਖਿਡਾਰੀ ਮਾਰਸ਼ਲ ਅਕੈਡਮੀ ਦੇ ਹਨ। ਇਸ ਮੌਕੇ 'ਤੇ ਪੰਜਾਬ ਫੁਟਬਾਲ ਐਸੋਸੀਏਸ਼ਨ ਦੇ ਜੁਆਇੰਟ ਸੈਕਟਰੀ ਅਤੇ ਆਲ ਇੰਡੀਆ ਫੁਟਸਲ ਦੇ ਚੇਅਰਮੈਨ ਵਿਜੇਵਾਲੀ ਮੁੱਖ ਮਹਿਮਾਨ ਦੇ ਤੌਰ 'ਤੇ ਹਾਜਰ ਹੋਏ। ਮੈਚ ਕਮਿਸ਼ਨਰ ਹਰਨੀਤ ਟੱਗੜ ਅਤੇ ਪੰਜਾਬ ਫੁਟਸਲ ਦੇ ਸੀਨੀਅਰ ਕੋਚ ਹਰਦੀਪ ਸੈਣੀ ਤੇ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੇ ਸਾਰੇ ਰੈਫਰੀ ਹਾਜਰ ਸਨ।



ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ 'ਤੇ ਆਦਮਪੁਰ ਟਰੱਕ ਯੂਨੀਅਨ ਦੇ ਨੇੜੇ ਦੀ ਚੱਠਾ ਮਾਰਕੀਟ ਦੇ ਸਮੂਹ ਦੁਕਾਨਦਾਰ ਦੁੱਧ ਤੇ ਪਕੌੜਿਆਂ ਦੇ ਲੰਗਰ ਦੀ ਸੇਵਾ ਕਰਦੇ ਹੋਏ। (ਫੋਟੋ ਤੇ ਵੇਰਵਾ : ਪਰਮਜੀਤ ਸਿੰਘ ਆਦਮਪੁਰ)

# ਸਾਹਿਬਜ਼ਾਦਿਆਂ ਦੀ ਗੌਰਵਮਈ ਗਾਥਾ ਲੰਬੇ ਸਮੇਂ ਤੱਕ ਕਰਦੀ ਰਹੇਗੀ ਪ੍ਰੇਰਿਤ : ਸੁਭਾਸ਼ ਬਰਾਲਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਹਰਿਆਣਾ ਪਬਲਿਕ ਇੰਟਰਪ੍ਰਾਈਸਿਸ ਬਿਊਰੋ ਅਤੇ ਕਿਸਾਨ ਭਲਾਈ ਅਥਾਰਿਟੀ ਦੇ ਚੇਅਰਮੈਨ ਸੁਭਾਸ਼ ਬਰਾਲਾ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਹਿਬਜ਼ਾਦਿਆਂ ਬਾਬਾ ਜੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ ਦੇ ਅਮਰ ਬਲਿਦਾਨ ਨੂੰ ਸਮਰਪਿਤ ਵੀਰ ਬਾਲ ਦਿਵਸ 'ਤੇ ਉਨ੍ਹਾਂ ਦੀ ਹਿੰਮਤ, ਨਿਡਰਤਾ ਤੇ ਵੀਰਤਾ ਨੂੰ ਕੋਟਿ-ਕੋਟ ਨਮਨ ਕੀਤਾ। ਬਰਾਲਾ ਨੇ ਗੁਰੂ ਗੋਬਿੰਦ ਸਿੰਘ ਦੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਮੌਕੇ 'ਤੇ ਜਮਾਲਪੁਰ ਰੋਡ 'ਤੇ ਬਣੇ ਬਾਬਾ ਜੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਯਾਦਗਾਰ ਦਰਵਾਜੇ 'ਤੇ ਪ੍ਰਬੰਧਿਤ ਪ੍ਰੋਗ੍ਰਾਮ ਵਿਚ ਸ਼ਹੀਦ ਸਾਹਿਬਜ਼ਾਦਿਆਂ ਨੂੰ ਸ਼ਰਧਾਸੁਮਨ ਅਰਪਿਤ ਕਰ ਉਨ੍ਹਾਂ ਨੂੰ ਨਮਨ ਕੀਤਾ। ਗੁਰੂਦੁਆਰਾ ਤੁਰਨਗਾਰ ਪ੍ਰਬੰਧਕ ਕਮੇਟੀ ਵੱਲੋਂ ਸ਼ੋਭਾ ਯਾਤਰਾ ਦਾ ਪ੍ਰਬੰਧ ਕੀਤਾ ਗਿਆ। ਸਕੂਲੀ ਵਿਦਿਆਰਥੀਆਂ ਨੇ ਸਿੱਖ ਇਤਿਹਾਸ ਤੇ ਬਾਬਾ ਜੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਦੇ ਜੀਵਨ 'ਤੇ ਅਧਾਰਿਤ ਸ਼ਬਦ ਪੇਸ਼ ਕੀਤੇ। ਬਰਾਲਾ ਨੇ ਮੌਜੂਦ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਧਰਮ ਦੀ ਰੱਖਿਆ ਅਤੇ ਮਾਤਰਭੂਮੀ ਦੀ ਸੇਵਾ ਨੂੰ ਸਮਰਪਿਤ ਸਾਹਿਬਜ਼ਾਦਿਆਂ ਦੀ ਗੌਰਵਮਈ ਗਾਥਾ ਸਾਨੂੰ ਸਾਰਿਆਂ ਨੂੰ ਪ੍ਰੇਰਿਤ ਕਰਦੀ ਰਹੇਗੀ।

# ਗੁਰੂ ਗੋਬਿੰਦ ਸਿੰਘ ਸਕੂਲ ਤੋਂ ਸਜਾਇਆ ਗਿਆ ਸਫਰ-ਏ-ਸ਼ਹਾਦਤ ਨੂੰ ਸਮਰਪਤ ਨਗਰ ਕੀਰਤਨ

**ਅੱਡਾ ਸਰਾਂ, (ਕਾਜਲ)**

ਵਿਦਿਆਰਥੀਆਂ ਨੂੰ ਧਰਮ ਅਤੇ ਵਿਰਸੇ ਨਾਲ ਜੋੜਨ ਦੇ ਉਦੇਸ਼ ਨਾਲ ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਸੋਸਾਇਟੀ ਬੋਕਾਰੋ (ਝਾਰਖੰਡ ) ਵੱਲੋਂ ਵਿਸ਼ੇਸ਼ ਪਹਿਲਕਦਮੀ ਕਰਦੇ ਹੋਏ ਗੁਰੂ ਗੋਬਿੰਦ ਸਿੰਘ ਸਕੂਲ ਨੈਣੋਵਾਲ ਵੈਦ ਤੋਂ ਸਫਰ- ਏ - ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ। ਪ੍ਰਿੰਸੀਪਲ ਹਰਜੀਤ ਸਿੰਘ ਦੀ ਦੇਖ-ਰੇਖ ਹੇਠ ਕੜਾਕੇ ਦੀ ਠੰਡ ਵਿਚ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਨਗਰ ਕੀਰਤਨ ਵਿਚ ਹਾਜ਼ਰੀ ਲੁਆ ਮਾਤਾ



ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿਜਦਾ ਕੀਤਾ। ਭਾਈ ਗੁਰਜਿੰਦਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਇਹ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਕੂਲ ਤੋਂ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਵਿਚ ਸ਼ੁਰੂ ਹੋਇਆ। ਵਿਦਿਆਰਥੀ ਅਤੇ ਅਧਿਆਪਕ ਗੁਰਬਾਣੀ ਕੀਰਤਨ ਦਾ ਜਾਪੁ ਕਰਦੇ ਜਾ ਰਹੇ ਸਨ। ਸਕੂਲ ਦੇ ਵਿਦਿਆਰਥੀਆਂ ਨੇ ਗੁਰੂ ਪੰਥ ਖਾਲਸਾ ਗਤਕਾ ਅਖਾੜਾ ਬੁੱਲੋਵਾਲ ਦੇ ਸਹਿਯੋਗ ਨਾਲ ਸਿੱਖ ਮਾਰਸ਼ਲ ਆਰਟ ਗਤਕਾ ਦਾ ਪ੍ਰਦਰਸ਼ਨ ਕੀਤਾ ਪ੍ਰਿੰਸੀਪਲ ਹਰਜੀਤ ਸਿੰਘ ਨੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਦੇ ਹੋਏ ਕਿਹਾ ਕਿ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਸਾਨੂੰ ਜੀਵਨ ਵਿਚ ਸਚਾਈ 'ਤੇ ਖੜ੍ਹਨ ਅਤੇ ਹੱਕ ਸੱਚ ਤੇ ਧਰਮ ਦੀ ਖਾਤਰ ਆਪਾ ਨਿਛਾਵਰ ਕਰਨ ਦੀ ਪ੍ਰੇਰਨਾ ਦਿੰਦੀ ਹੈ। ਗੁਰਦੁਆਰਾ ਸਿੰਘ ਸਭਾ ਪਿੰਡ ਸੀਕਰੀ ਪਹੁੰਚਣ 'ਤੇ ਸਰਪੰਚ ਸੇਵਾ ਸਿੰਘ ਅਤੇ ਪ੍ਰਧਾਨ ਬਲਵਿੰਦਰ ਸਿੰਘ ਗੁਰਦੁਆਰਾ ਸਿੰਘ ਸਭਾ ਅਤੇ ਪਿੰਡ ਵਾਸੀਆਂ ਨੇ ਸੰਗਤੀ ਰੂਪ ਵਿਚ ਆਏ ਬੱਚਿਆਂ ਅਤੇ ਸਕੂਲ ਦੇ ਸਟਾਫ ਦਾ ਭਰਵਾਂ ਸਵਾਗਤ ਕੀਤਾ । ਉਨ੍ਹਾਂ ਪ੍ਰਿੰਸੀਪਲ ਅਤੇ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਦਾ ਸਨਮਾਨ ਵੀ ਕੀਤਾ। ਸਕੂਲ ਪ੍ਰਧਾਨ ਤਰਸੇਮ ਸਿੰਘ, ਮੀਤ ਪ੍ਰਧਾਨ ਬਲਬੀਰ ਸਿੰਘ ਤੱਗੜ, ਸੈਕਟਰੀ ਸੁਰਿੰਦਰ ਪਾਲ ਸਿੰਘ, ਰਾਜਵਿੰਦਰ ਸਿੰਘ,ਮੋਹਨ ਰੂਪ ਰਾਏ,ਨਰਿੰਦਰ ਰਾਜਾ ਨੇ ਪ੍ਰਿੰਸੀਪਲ ਅਤੇ ਬੱਚਿਆਂ ਦੇ ਇਸ ਉਪਰਾਲੇ ਦੀ ਸਲਾਘਾ ਕੀਤੀ ਗਈ ਅਤੇ ਆਖਿਆ ਗਿਆ ਕਿ ਸਾਰਿਆਂ ਨੂੰ ਵਿਦਿਆਰਥੀਆਂ ਨੂੰ ਆਪਣੇ ਧਰਮ ਅਤੇ ਵਿਰਸੇ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਮਨਦੀਪ ਕੌਰ, ਹਰੀਵਿੰਦਰ ਸਿੰਘ,ਦੀਦਾਰ ਸਿੰਘ, ਗੁਰਮੇਲ ਸਿੰਘ ਸੀਕਰੀ,ਬਲਵਿੰਦਰ ਸਿੰਘ,ਦਲਵੀਰ ਸਿੰਘ ਥਿਆੜਾ,ਸੂਬੇਦਾਰ ਦਰਸ਼ਨ ਸਿੰਘ,ਹਰਕਮਲ ਸਿੰਘ,ਮਾਣਾ ਸੀਕਰੀ, ਮਨਦੀਪ ਕੌਰ,ਰਜਿੰਦਰ ਕੌਰ,ਬਿੰਦੂ ਵਾਲੀਆਂ,ਰਘਵੀਰ ਸਿੰਘ,ਜਸਕਰਨ ਸਿੰਘ,ਵਿਵੇਕ ਸਿੰਘ,ਅਮਨਦੀਪ ਕੌਰ,ਗੁਰਪ੍ਰੀਤ ਕੌਰ,ਮਨਲੀਨ ਕੌਰ,ਸੰਦੀਪ ਕੌਰ,ਮੀਨੂੰ ਫੁੱਲ ,ਪ੍ਰਦੀਪ ਸਿੰਘ,ਯੋਗੇਸ਼ ਬਾਂਸਲ,ਹਰਮਨਪ੍ਰੀਤ ਕੌਰ ਨੇ ਹਾਜ਼ਰੀ ਲੁਆਈ।

# ਅੱਖਾਂ ਦਾ ਮੁਫਤ ਚੈੱਕਅਪ ਅੱਜ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਰੋਟਰੀ ਆਈ ਬੈਂਕ ਅਤੇ ਕੋਰਨੀਆ ਟਰਾਂਸਪਲਾਂਟੇਸ਼ਨ ਸੁਸਾਇਟੀ ਦੇ ਮੈਂਬਰ ਪ੍ਰਧਾਨ ਅਤੇ ਉੱਘੇ ਸਮਾਜ ਸੇਵੀ ਸੰਜੀਵ ਅਰੋੜਾ ਅਤੇ ਚੇਅਰਮੈਨ ਜੇ ਬੀ ਬਹਿਲ ਦੀ ਅਗਵਾਈ ਹੇਠ ਸਰਵ ਸਾਂਝਾ ਦਰਬਾਰ ਕਾਂਟੀਆ ਸ਼ਰੀਫ ਹੁਸ਼ਿਆਰਪੁਰ ਦੇ ਗੱਦੀ ਨਸ਼ੀਨ ਮਾਲਿਕ ਸਾਹਿਬ ਜੋਤ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਮੈਡੀਕਲ ਕੈਂਪ ਲਗਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਮਾਲਿਕ ਸਾਹਿਬ ਜੋਤ ਜੀ ਨੇ ਕਿਹਾ ਕਿ ਦਰਬਾਰ ਵਿੱਚ ਸੰਕਾਰਾ ਆਈ ਹਸਪਤਾਲ ਲੁਧਿਆਣਾ ਅਤੇ ਰੋਟਰੀ ਆਈ ਬੈਂਕ ਕੋਰਨੀਆ ਟਰਾਂਸਪਲਾਂਟੇਸ਼ਨ ਸੁਸਾਇਟੀ ਦੇ ਸਹਿਯੋਗ ਨਾਲ ਅੱਖਾਂ ਦੀ ਮੁਫਤ ਜਾਂਚ ਅਤੇ ਚਿੱਟੇ ਮੋਤੀਏ ਦਾ ਆਪ੍ਰੇਸ਼ਨ ਕੈਂਪ 28 ਦਸੰਬਰ ਦਿਨ ਵੀਰਵਾਰ ਨੂੰ ਲਗਾਇਆ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਦਰਬਾਰ ਵੱਲੋਂ ਲਗਾਏ ਜਾ ਰਹੇ ਇਸ ਮੁਫ਼ਤ ਕੈਂਪ ਦਾ ਲਾਭ ਉਠਾਉਣ। ਇਸ ਮੌਕੇ ਪ੍ਰਧਾਨ ਸੰਜੀਵ ਅਰੋੜਾ ਨੇ ਸੁਸਾਇਟੀ ਵੱਲੋਂ ਅੱਖਾਂ ਦਾਨ ਸਬੰਧੀ ਕੀਤੇ ਜਾ ਰਹੇ ਕੰਮਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੋਟਰੀ ਆਈ ਬੈਂਕ ਵੱਲੋਂ ਹੁਣ ਤੱਕ ਹਨੇਰੀ ਜ਼ਿੰਦਗੀ ਜੀ ਰਹੇ 4 ਹਜ਼ਾਰ ਤੋਂ ਵੱਧ ਲੋਕਾਂ ਨੂੰ ਰੋਸ਼ਨੀ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਸੁਸਾਇਟੀ ਵੱਲੋਂ 23 ਵਿਅਕਤੀਆਂ ਦੇ ਸਰੀਰ ਮਰਨ ਉਪਰੰਤ ਮੈਡੀਕਲ ਕਾਲਜ ਨੂੰ ਦਾਨ ਕਰਵਾਏ ਗਏ ਹਨ। ਇਸ ਮੌਕੇ ਜੇ.ਬੀ.ਬਹਿਲ ਨੇ ਕਿਹਾ ਕਿ ਸੰਕਾਰਾ ਆਈ ਹਸਪਤਾਲ ਕੋਰਨੀਅਲ ਅੰਨ੍ਹੇਪਣ ਨੂੰ ਦੂਰ ਕਰਨ ਲਈ ਸ਼ਲਾਘਾਯੋਗ ਸਹਿਯੋਗ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਸੁਸਾਇਟੀ ਵੱਲੋਂ ਕੋਰਨੀਅਲ ਅੰਨ੍ਹੇਪਣ ਤੋਂ ਪੀੜਤ ਲੋਕਾਂ ਨੂੰ ਲਾਭ ਪਹੁੰਚਾਉਣ ਲਈ ਸ਼ਹਿਰਾਂ, ਕਸਬਿਆਂ ਅਤੇ ਪਿੰਡਾਂ ਵਿੱਚ ਸਮੇਂ-ਸਮੇਂ 'ਤੇ ਵਿਸ਼ੇਸ਼ ਸੈਮੀਨਾਰ ਅਤੇ ਕੈਂਪ ਲਗਾਏ ਜਾ ਰਹੇ ਹਨ। ਜਿਸ ਤਹਿਤ ਸਰਵ ਸਾਂਝਾ ਦਰਬਾਰ ਕਾਂਟੀਆ ਸ਼ਰੀਫ, ਹੁਸ਼ਿਆਰਪੁਰ ਵਿਖੇ ਮਾਲਿਕ ਸਾਹਿਬ ਜੋਤ ਜੀ ਦੇ ਅਸ਼ੀਰਵਾਦ ਨਾਲ ਸੰਕਾਰਾ ਆਈ ਹਸਪਤਾਲ, ਲੁਧਿਆਣਾ ਅਤੇ ਰੋਟਰੀ ਆਈ ਬੈਂਕ ਕੋਰਨੀਆ ਟਰਾਂਸਪਲਾਂਟੇਸ਼ਨ ਸੁਸਾਇਟੀ, ਦੇ ਸਹਿਯੋਗ ਨਾਲ ਅੱਖਾਂ ਦੀ ਜਾਂਚ ਅਤੇ ਚਿੱਟੇ ਮੋਤੀਏ ਦਾ ਮੁਫਤ ਆਪ੍ਰੇਸ਼ਨ ਕੈਂਪ 28 ਦਸੰਬਰ ਦਿਨ ਵੀਰਵਾਰ ਨੂੰ ਲਗਾਇਆ ਜਾ ਰਿਹਾ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਸੰਜੀਵ ਅਰੋੜਾ ਨੇ ਦੱਸਿਆ ਕਿ ਮਰੀਜ਼ ਕੈਂਪ ਵਿੱਚ ਆਉਂਦੇ ਸਮੇਂ ਆਪਣਾ ਵੋਟਰ ਕਾਰਡ, ਆਧਾਰ ਕਾਰਡ ਦੀ ਫੋਟੋ ਕਾਪੀ ਅਤੇ ਦੋ ਮੋਬਾਈਲ ਨੰਬਰ ਆਪਣੇ ਨਾਲ ਲਿਖ ਕੇ ਲਿਆਉਣ ਤਾਂ ਜੋ ਕਿਸੇ ਕਿਸਮ ਦੀ ਕੋਈ ਸਮੱਸਿਆ ਨਾ ਆਵੇ। ਅਰੋੜਾ ਨੇ ਦੱਸਿਆ ਕਿ ਕੈਂਪ ਦੌਰਾਨ ਮਰਨ ਉਪਰੰਤ ਅੱਖਾਂ ਦਾਨ ਕਰਨ ਲਈ ਫਾਰਮ ਵੀ ਭਰੇ ਜਾਣਗੇ ਅਤੇ ਜੋ ਲੋਕ ਕੋਰਨੀਅਲ ਅੰਨ੍ਹੇਪਣ ਤੋਂ ਪੀੜਤ ਹਨ, ਉਨ੍ਹਾਂ ਦੀ ਜਾਂਚ ਕੀਤੀ ਜਾਵੇਗੀ। ਇਸ ਮੌਕੇ ਡਾ. ਪਰਮਿੰਦਰ ਸਿੰਘ ਸਿਵਲ ਸਰਜਨ, ਅਨਵਰ, ਬਬਲੂ, ਬਲਬੀਰ ਚੰਦ, ਮਦਨ ਲਾਲ ਮਹਾਜਨ, ਰਮਿੰਦਰ ਸਿੰਘ ਆਦਿ ਹਾਜ਼ਰ ਸਨ।

# ਗੁਰਦੁਆਰਾ ਅਕਾਲ ਬੁੰਗਾ ਸਾਹਿਬ 'ਚ ਗੋਲੀ ਚਲਾਉਣ ਦੇ ਰੋਸ ਵਜੋਂ ਲੱਗਾ ਧਰਨਾ ਜਾਰੀ





**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**

ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ ਛਾਉਣੀ ਨਿਹੰਗ ਸਿੰਘਾਂ ਵਿਖੇ ਜੁੱਤੀਆਂ ਸਮੇਤ ਪੁਲਸ ਵੱਲੋਂ ਦਾਖਲ ਹੋ ਕੇ ਬੇਅਦਬੀ ਕਰਨ ਅਤੇ ਗੋਲੀ ਚਲਾਉਣ ਦੀ ਘਟਨਾ ਦੇ ਰੋਸ ਵਜੋਂ ਸ਼੍ਰੋਮਣੀ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਵਲੋਂ ਸਾਂਝੇ ਤੌਰ 'ਤੇ ਆਰੰਭਿਆ ਰੋਸ ਪ੍ਰਦਰਸ਼ਨ ਲਗਾਤਾਰ ਜਾਰੀ ਹੈ।ਸੁਲਤਾਨਪੁਰ ਲੋਧੀ ਵਿਖੇ ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ ਦੇ ਬਾਹਰ ਅਰੰਭੇ ਗਏ ਇਸ ਰੋਸ ਪ੍ਰਦਰਸ਼ਨ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲ, ਹਰਜੀਤ ਸਿੰਘ ਵਾਲੀਆ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਤੇ ਸੀਨੀਅਰ ਅਕਾਲੀ ਆਗੂ ਅਮਰਬੀਰ ਸਿੰਘ ਲਾਲੀ, ਇੰਦਰਬੀਰ ਸਿੰਘ ਚਾਹਲ ਹਲਕੇ ਦੀਆਂ ਸੰਗਤਾਂ ਨਾਲ ਹਾਜ਼ਰ ਹੋਏ।ਧਰਨੇ ਦੌਰਾਨ ਬੁਲਾਰਿਆ ਨੇ ਮੁੱਖ ਮੰਤਰੀ ਦੀ ਅਲੋਚਨਾ ਕਰਦਿਆਂ ਕਿਹਾ ਕਿ ਪਾਵਨ ਗੁਰਧਾਮ ਦੀ ਬੇਅਦਬੀ ਕਰਵਾ ਕੇ ਸਰਕਾਰ ਨੇ ਸਿੱਖ ਭਾਵਨਾਵਾਂ ਨੂੰ ਸੱਟ ਮਾਰੀ ਹੈ। ਇਸ ਮੌਕੇ ਜਰਨੈਲ ਸਿੰਘ ਡੋਗਰਾਂਵਾਲ, ਅਮਰਬੀਰ ਸਿੰਘ ਲਾਲੀ ਸਾਬਕਾ ਚੇਅਰਮੈਨ, ਦਵਿੰਦਰ ਸਿੰਘ ਢਪਈ, ਹਰਜੀਤ ਸਿੰਘ ਵਾਲੀਆ ਜ਼ਿਲ੍ਹਾ ਪ੍ਰਧਾਨ, ਇੰਦਰਬੀਰ ਸਿੰਘ ਚਾਹਲ, ਕੁਲਵਿੰਦਰ ਸਿੰਘ ਠੇਕੇਦਾਰ, ਗੁਰਜੰਟ ਸਿੰਘ ਸੰਧੂ ਸਾਬਕਾ ਚੇਅਰਮੈਨ, ਤਜਿੰਦਰ ਸਿੰਘ ਅਡਨਾ ਵਾਲੀ, ਸਰਬਜੀਤ ਵਾਲੀਆਂ, ਜਸਵੰਤ ਸਿੰਘ ਕੌੜਾ, ਰਜਿੰਦਰ ਸਿੰਘ ਗੋਪੀ ਪੁਰ ਸਾਬਕਾ ਸਰਪੰਚ ਸੁੱਚਾ ਸਿੰਘ ਠੱਟਾ, ਸੰਤੋਖ ਸਿੰਘ, ਸੁਰਿੰਦਰ ਸਿੰਘ ਘੁੰਮਣ, ਸੂਰਤ ਸਿੰਘ ਸਰਪੰਚ, ਅਮਰਜੀਤ ਸਿੰਘ ਥਿੰਦ, ਬਲਵਿੰਦਰ ਸਿੰਘ, ਤਜਿੰਦਰ ਸਿੰਘ ਆਹਲੂਵਾਲੀਆ, ਅਰਵਿੰਦਰ ਜੀਤ ਸਿੰਘ ਸੂਰੀ, ਜਰਨੈਲ ਸਿੰਘ ਚੂਹੜਪੁਰ, ਜਗੀਰ ਸਿੰਘ ਸਿੱਧੂ, ਜਗੀਰ ਸਿੰਘ ਨੰਬਰਦਾਰ, ਸਵਰਨ ਸਿੰਘ ਸੇਖੋਂ, ਦਿਲਬਾਗ ਸਿੰਘ ਠੱਟਾ, ਚਰਨ ਸਿੰਘ ਦਰੀਏਵਾਲ, ਸਵਿੰਦਰ ਸਿੰਘ, ਹਰਦਿਆਲ ਸਿੰਘ ਢਿੱਲੋਂ ਪੀਏ ਡੋਗਰਾਂਵਾਲ, ਮੈਨੇਜਰ ਸ. ਜਰਨੈਲ ਸਿੰਘ ਬੂਲੇ ਆਦਿ ਹਾਜ਼ਰ ਸਨ।

# ਸੰਤ ਧਰਮਪਾਲ ਸ਼ੇਰਗੜ੍ਹ ਵਾਲਿਆਂ ਵੱਲੋਂ ਯੋਗਾ ਭਾਗ ਦੋ ਜਾਰੀ



**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਸਿਹਤਮੰਦ ਰਹਿਣ ਦਾ ਅਰਥ ਹੈ ਚੰਗੀ ਸਿਹਤ ਅਤੇ ਤੰਦਰੁਸਤ ਦਿਮਾਗ। ਜੇ ਤੁਸੀਂ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿਣਾ ਚਾਹੁੰਦੇ ਹੋ, ਤਾਂ ਤੁਹਾਨੂੰ ਹਰ ਰੋਜ ਲਈ ਕੁੱਝ ਚੰਗੀਆਂ ਆਦਤਾਂ ਅਪਨਾਉਣ ਦੀ ਜਰੂਰਤ ਹੈ। ਆਪਣੀ ਜੀਵਨ ਸ਼ੈਲੀ ਅਤੇ ਆਦਤਾਂ ਦਾ ਧਿਆਨ ਰੱਖਣਾ ਤੁਹਾਨੂੰ ਆਪਣੇ ਬਾਰੇ ਚੰਗਾ ਮਹਿਸੂਸ ਕਰਾਉਂਦਾ ਹੈ। ਇਹ ਤੁਹਾਡੇ ਆਤਮ-ਵਿਸ਼ਵਾਸ ਨੂੰ ਵਧਾਉਣ ਦੇ ਨਾਲ-ਨਾਲ ਸ਼ਖ਼ਸੀਅਤ ਨੂੰ ਵੀ ਨਿਖਾਰਦਾ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸੰਤ ਧਰਮਪਾਲ ਸਟੇਜ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ(ਰਜਿ.) ਪੰਜਾਬ ਧਾਮ ਚਾਨਣਪੁਰੀ ਸ਼ੇਰਗੜ ਵਾਲਿਆਂ ਵਲੋਂ ਆਪਣੇ ਯੋਗਾ ਭਾਗ ਦੋ ਦੇ ਜਾਰੀ ਕਰਨ ਸਮੇਂ ਕਿਹਾ ਕਿ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਲਈ ਯੋਗਾ ਦੀ ਅਹਿਮ ਭੂਮਿਕਾ ਹੈ ਅਤੇ ਹਰ ਇੱਕ ਵਿਅਕਤੀ ਨੂੰ ਚੰਗੀ ਸਿਹਤ ਲਈ ਯੋਗ ਅਪਣਾਉਣਾ ਅਤੀ ਜਰੂਰੀ ਹੈ। ਉਨ੍ਹਾਂ ਕਿਹਾ ਕਿ ਹਜਾਰਾਂ ਸਾਲ ਪੁਰਾਣੀ ਇਸ ਯੋਗ ਵਿਧੀ ਰਾਹੀਂ ਮਨੁੱਖ ਆਪਣੇ ਤਨ ਅਤੇ ਮਨ ਨੂੰ ਮਜ਼ਬੂਤ ਕਰ ਸਕਦਾ ਹੈ ਅਤੇ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਯੋਗਾ ਕਰਨ ਨਾਲ ਦੂਰ ਹੋ ਜਾਂਦੀਆਂ ਹਨ। ਉਨਾਂ ਦੱਸਿਆ ਕਿ ਆਮ ਲੋਕਾਂ ਦੇ ਖਾਣ ਪੀਣ 'ਚ ਆਈ ਵੱਡੀ ਤਬਦੀਲੀ ਕਾਰਨ ਰੋਗ ਕਾਫੀ ਵਧ ਰਹੇ ਹਨ ਅਤੇ ਜੇਕਰ ਯੋਗ ਨੂੰ ਨਿਰੰਤਰ ਕੀਤਾ ਜਾਵੇ ਤਾਂ ਮਨੁੱਖ ਖੁਸ਼ਹਾਲ ਜੀਵਨ ਬਤੀਤ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਰੋਜ਼ਾਨਾ ਯੋਗ ਕਿਰਿਆਵਾਂ ਕਰਨ ਨਾਲ ਤਣਾਅ, ਸ਼ੂਗਰ, ਥਾਇਰਡ, ਬਲੱਡ ਪ੍ਰੈਸ਼ਰ, ਕੈਲਸਟਰੋਲ ਅਤੇ ਹੋਰ ਸਰੀਰਕ ਬਿਮਾਰੀਆਂ ਠੀਕ ਹੁੰਦੀਆਂ ਹਨ । ਸੰਤ ਧਰਮਪਾਲ ਨੇ ਦੱਸਿਆ ਕਿ ਧਾਮ ਚਾਨਣ ਪੁਰੀ ਸ਼ੇਰਗੜ੍ਹ ਚੰਡੀਗੜ੍ਹ ਰੋਡ ਅਸਲਾਮਾਬਾਦ ਵਿਖੇ ਯੋਗ ਸਿਖਾਉਣ ਲਈ ਵਿਸ਼ੇਸ਼ ਤੌਰ 'ਤੇ ਕਲਾਸਾਂ ਲਗਾਈਆਂ ਜਾਂਦੀਆਂ ਹਨ ਅਤੇ ਸੰਗਤਾਂ ਨੂੰ ਸਰੀਰਕ ਤੇ ਮਾਨਸਿਕ ਰੋਗਾਂ ਤੋਂ ਮੁਕਤੀ ਪਾਓਣ ਲਈ ਯੋਗ ਦੀ ਮਹੱਤਤਾ ਬਾਰੇ ਵੀ ਦੱਸਿਆ ਜਾਂਦਾ ਹੈ। ਉਨਾਂ ਦੱਸਿਆ ਕਿ ਉਨਾਂ ਵਲੋਂ ਯੋਗ ਆਸਨ ਸਬੰਧੀ ਦੋ ਭਾਗ ਵੀਡੀਓ ਯੂ ਟਿਊਬ , ਸ਼ੋਸ਼ਲ ਮੀਡੀਏ ਤੇ ਜਾਰੀ ਕੀਤੇ ਗਏ ਹਨ ਤਾਂ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਯੋਗ ਸਬੰਧੀ ਵੱਧ ਤੋਂ ਵੱਧ ਗਿਆਨ ਪ੍ਰਾਪਤ ਹੋ ਸਕੇ।

# ਬਲੱਡ ਬੈਂਕ ਵੱਲੋਂ ਕ੍ਰਿਸਮਸ ਮੌਕੇ ਕੰਬਲ ਵੰਡੇ

**ਫਗਵਾੜਾ (ਡਾ. ਰਮਨ)**

ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਹਰ ਸਾਲ ਦੀ ਤਰ੍ਹਾਂ ਕ੍ਰਿਸਮਸ ਮੌਕੇ ਇਕ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਲੋੜਵੰਦਾਂ ਨੂੰ ਸਰਦੀ ਤੋਂ



ਬਚਾਅ ਲਈ ਕੰਬਲਾਂ ਦੀ ਵੰਡ ਕੀਤੀ ਗਈ। ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਦੌਰਾਨ ਪਾਸਟਰ ਰਵਿੰਦਰ ਨੇ ਯਿਸ਼ੂ ਮਸੀਹ ਦੇ ਜੀਵਨ ਬਾਰੇ ਚਾਨਣਾ ਪਾਇਆ। ਉਹਨਾਂ ਦੱਸਿਆ ਕਿ ਪ੍ਰਭੂ ਯਿਸ਼ੂ ਮਸੀਹ ਨੇ ਸਿਰਫ ਮਸੀਹੀ ਭਾਈਚਾਰੇ ਲਈ ਨਹੀਂ ਸਗੋਂ ਸਾਰੇ ਸੰਸਾਰ ਦੇ ਦੀਨ ਦੁਖੀਆਂ ਵਿਚ ਆਪਣਾ ਜੀਵਨ ਲਗਾਇਆ। ਅਖੀਰ ਸਰਬੱਤ ਦੇ ਭਲੇ ਲਈ ਆਪਣਾ ਜੀਵਨ ਕੁਰਬਾਨ ਕਰ ਦਿੱਤਾ। ਪਾਸਟਰ ਭਜਨੀ ਨੇ ਬਾਈਬਲ ਦੇ ਸ਼ਬਦਾਂ ਰਾਹੀਂ ਸਾਰੇ ਧਰਮਾਂ ਦਾ ਸਤਿਕਾਰ ਕਰਨ ਦਾ ਸੁਨੇਹਾ ਦਿੱਤਾ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਐਨ ਆਰ ਆਈ ਅਨਿਲ ਵਡੇਰਾ ਤਿਓਹਾਰ ਦੇ ਉਪਹਾਰ ਵਜੋਂ ਲੋੜਵੰਦਾਂ ਨੂੰ ਕੰਬਲਾਂ ਦੀ ਵੰਡ ਕਰਦਿਆਂ ਸਾਰਿਆਂ ਨੂੰ ਕ੍ਰਿਸਮਸ ਦੀ ਵਧਾਈ ਦਿੱਤੀ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਹਰ ਸਾਲ ਕ੍ਰਿਸਮਸ, ਨਵੇਂ ਸਾਲ, ਲੋਹੜੀ ਅਤੇ ਗਣਤੰਤਰ ਦਿਵਸ ਮੌਕੇ ਕੰਬਲਾਂ ਦੀ ਵੰਡ ਕੀਤੀ ਜਾਂਦੀ ਹੈ। ਸਟੇਜ ਦਾ ਸੰਚਾਲਨ ਕ੍ਰਿਸ਼ਨ ਕੁਮਾਰ ਵਲੋਂ ਕੀਤਾ ਗਿਆ। ਇਸ ਮੌਕੇ ਮੋਹਨ ਲਾਲ ਤਨੇਜਾ, ਸੁਧਾ ਬੇਦੀ, ਗੁਲਾਬ ਸਿੰਘ ਠਾਕੁਰ ਆਦਿ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

# ਨਗਰ ਕੌਂਸਲ ਪ੍ਰਧਾਨ ਸ਼ਹਿਰ ਵਾਸੀਆਂ ਲਈ ਫਿਕਰਮੰਦ : ਅਰੋੜਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਪ੍ਰਧਾਨ ਹਰਜੀਤ ਸਿੰਘ ਜੀਤਾ ਦੀ ਅਗਵਾਈ ਹੇਠ ਹਰਬਖਸ਼ ਸਿੰਘ ਕਾਰਜ ਸਾਧਕ ਅਫਸਰ ਤੇ ਸੈਨੇਟਰੀ ਇੰਸਪੈਕਟਰ ਮਦਨ ਲਾਲ ਅਤੇ ਉਹਨਾਂ ਦੀ ਸਮੁੱਚੀ ਟੀਮ ਵੱਲੋਂ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਨੂੰ ਸਾਫ ਸੁਥਰਾ ਅਤੇ ਸੁੰਦਰ ਬਣਾਉਣ ਲਈ ਚੱਲ ਰਹੀ ਸਫਾਈ ਮੁਹਿੰਮ ਲਗਾਤਾਰ ਜਾਰੀ ਰਹੀ। ਇਸੇ ਸੰਬੰਧ ਵਿੱਚ ਗੁਰਦੁਆਰਾ ਸੀਸਗੰਜ ਸਾਹਿਬ ਦੇ ਨਜ਼ਦੀਕ ਪਾਰਕ ਅਤੇ ਆਲੇ ਦੁਆਲੇ ਸਫਾਈ ਕੀਤੀ ਗਈ। ਇਸ ਮੌਕੇ ਮੌਜੂਦ ਵਪਾਰ ਮੰਡਲ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ ਨੇ ਕਿਹਾ ਕਿ ਨਗਰ ਕੌਂਸਲ ਪ੍ਰਧਾਨ ਹਰਜੀਤ ਸਿੰਘ ਦੀ ਅਗਵਾਈ 'ਚ ਨਗਰ ਕੌਂਸਲ ਵੱਲੋਂ ਚਲਾਈ ਜਾ ਰਹੀ ਸਫਾਈ ਮੁਹਿੰਮ ਦਾ ਮੁੱਖ ਮਕਸਦ ਸ਼ਹਿਰ ਵਾਸੀਆਂ ਨੂੰ ਗੰਦਗੀ ਤੋਂ ਆ ਰਹੀ ਸਮੱਸਿਆ ਤੋਂ ਨਿਜਾਤ ਦਿਵਾਉਣਾ ਹੈ। ਉਹਨਾਂ ਕਿਹਾ ਕਿ ਪ੍ਰਧਾਨ ਹਰਜੀਤ ਸਿੰਘ ਜੀਤਾ ਸ਼ਹਿਰ ਅਤੇ ਸ਼ਹਿਰ ਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਪ੍ਰਤੀ ਫਿਕਰਮੰਦ ਹਨ ਅਤੇ ਇਹਨਾਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਲਈ ਉਹ ਲਗਾਤਾਰ ਯਤਨਸ਼ੀਲ ਹਨ। ਸ਼ਹਿਰ 'ਚ ਸਫਾਈ ਮੁਹਿੰਮ ਦੇ ਨਾਲ ਨਾਲ ਚਰਨ ਗੰਗਾ ਖਡ ਦੇ ਬੰਨ ਦੀ ਸਫਾਈ, ਗਲੀਆਂ ਨਾਲੀਆਂ ਪੱਕੀਆਂ ਕਰਨ ਅਤੇ ਗਲੀਆਂ 'ਚ ਪੇਵਰ ਲਗਾਉਣ ਦਾ ਕੰਮ, ਸ਼ਹਿਰ 'ਚੋਂ ਅਵਾਰਾ ਪਸ਼ੂਆਂ ਨੂੰ ਬਾਹਰ ਕੱਢਣ ਦਾ ਕੰਮ ਆਦਿ ਸਾਰੇ ਕੰਮ ਉਹਨਾ ਦੀਆਂ ਕੋਸ਼ਿਸ਼ਾਂ ਸਦਕਾ ਹੀ ਹੋ ਰਹੇ ਹਨ। ਉਹਨਾਂ ਕਿਹਾ ਕਿ ਪ੍ਰਧਾਨ ਜੀਤਾ ਵੱਲੋਂ ਕੀਤੇ ਜਾ ਰਹੇ ਕਾਰਜ ਸ਼ਲਾਘਾਯੋਗ ਹਨ ਅਤੇ ਸਾਨੂੰ ਸਭ ਨੂੰ ਮਿਲ ਕੇ ਉਹਨਾਂ ਦਾ ਸਾਥ ਦੇਣਾ ਚਾਹੀਦਾ ਹੈ। ਇਸ ਮੌਕੇ ਵਪਾਰ ਮੰਡਲ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ, ਬਲਾਕ ਪ੍ਰਧਾਨ ਠੇਕੇਦਾਰ ਜਗਜੀਤ ਸਿੰਘ ਜੱਗੀ, ਹਰਮੇਸ਼ ਚੌਧਰੀ, ਨੌਜਵਾਨ ਆਪ ਆਗੂ ਦਵਿੰਦਰ ਸਿੰਘ ਸ਼ੰਮੀ ਬਰਾਰੀ, ਕੁਲਦੀਪ ਸਿੰਘ, ਕਮਲ ਬੇਦੀ, ਜਸਪਾਲ ਸਿੰਘ ਜੱਸੀ, ਹੁਸ਼ਿਆਰ ਸਿੰਘ, ਕਮਲ ਸਿੰਘ, ਰੋਹਿਤ ਕੁਮਾਰ, ਪਰਮਜੀਤ ਸੋਨੂੰ, ਸੁਰਜੀਤ ਸਿੰਘ ਪਿੰਕੀ, ਵਿੱਕੀ, ਬਲਵੀਰ ਸਿੰਘ ਬੰਦੀ, ਵਿਜੈ ਸਰਾ, ਅਨਿਲ ਕੁਮਾਰ, ਰੋਹਿਤ ਕੁਮਾਰ, ਹਰੀਸ਼ ਕਲਮਾ, ਲੋਕੇਸ਼ ਕੁਮਾਰ, ਪ੍ਰਦੀਪ ਨਾਹਰ ਨੀਛੂ, ਓਮ ਪ੍ਰਕਾਸ਼, ਸਾਗਰ, ਸੰਜੀਵ ਝੱਜ, ਗੋਬਿੰਦ ਸਿੰਘ, ਬਲਵਿੰਦਰ ਬਿੰਦੂ, ਰਿੰਕੂ ਆਦਿ ਹਾਜ਼ਰ ਸਨ।

# ਕੁਲਵੰਤ ਸਿੰਘ ਨੇ ਸ਼ਰਧਾਲੂਆਂ ਦੇ ਪੰਜਵੇਂ ਜਥੇ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

**ਮੋਹਾਲੀ, (ਗੁਰਜੀਤ ਬਿੱਲਾ)**

ਵਿਧਾਇਕ ਕੁਲਵੰਤ ਸਿੰਘ ਮੋਹਾਲੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਲੋਕਾਂ ਲਈ ਤੀਰਥ ਯਾਤਰਾ ਦਾ ਪ੍ਰਬੰਧ ਕਰਨ ਦਾ ਨੇਕ ਉਪਰਾਲਾ ਉਨ੍ਹਾਂ ਲੋਕਾਂ ਲਈ ਲਾਭਕਾਰੀ ਸਾਬਤ ਹੋਇਆ ਹੈ ਜੋ ਤੀਰਥ ਯਾਤਰਾ 'ਤੇ ਜਾਣ ਦੀ ਤੀਬਰ ਇੱਛਾ ਰੱਖਦੇ ਸਨ, ਪਰ ਕਿਸੇ ਨਾ ਕਿਸੇ ਮਜਬੂਰੀ ਕਾਰਨ ਹੁਣ ਤੱਕ ਨਹੀਂ ਜਾ ਸਕੇ। ਉਹ ਅੱਜ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਐਸ ਏ ਐਸ ਨਗਰ ਜਿਲ੍ਹੇ ਤੋਂ ਸ਼ਰਧਾਲੂਆਂ ਦੇ ਪੰਜਵੇਂ ਜਥੇ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰ ਰਹੇ ਸਨ। ਸ਼ਰਧਾਲੂਆਂ ਦਾ ਪੰਜਵਾਂ ਜਥਾ ਸਾਲਾਸਰ ਧਾਮ-ਖਾਟੂਸ਼ਿਆਮ ਧਾਮ ਦੀ ਯਾਤਰਾ ਲਈ ਰਵਾਨਾ ਹੋਇਆ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਸਮੂਹ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਦਾ ਉਦੇਸ਼ ਸਾਰੇ ਲੋਕਾਂ ਨੂੰ ਉਨ੍ਹਾਂ ਦੇ ਪਵਿੱਤਰ ਸਥਾਨਾਂ ਦੇ ਦਰਸ਼ਨ ਕਰਨ ਦੇ ਬਰਾਬਰ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਏ ਸੀ ਬੱਸਾਂ ਮੁਹੱਈਆ ਕਰਵਾਈਆਂ ਗਈਆਂ ਹਨ। ਰਹਿਣ-ਸਹਿਣ ਦਾ ਖਰਚਾ ਪੂਰੀ ਤਰ੍ਹਾਂ ਰਾਜ ਸਰਕਾਰ ਦੁਆਰਾ ਸਹਿਣ ਕੀਤਾ ਜਾਂਦਾ ਹੈ। ਹਰ ਸ਼ਰਧਾਲੂ ਨੂੰ ਇੱਕ ਵੱਖਰੀ ਕਿੱਟ ਦਿੱਤੀ ਗਈ ਹੈ, ਜਿਸ 'ਚ ਇੱਕ ਕੰਬਲ, ਇੱਕ ਚਾਦਰ ਅਤੇ ਇੱਕ ਸਿਰਹਾਣਾ ਤੋਂ ਇਲਾਵਾ ਟਾਇਲਟਰੀ ਕਿੱਟਾਂ ਸ਼ਾਮਲ ਹਨ। ਉਨ੍ਹਾਂ ਨੇ ਸਰਧਾਲੂਆਂ ਨੂੰ ਸੁਖਾਵੀਂ ਤੀਰਥ ਯਾਤਰਾ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ। ਉਨ੍ਹਾਂ ਦੱਸਿਆ ਕਿ ਸਾਲਾਸਰ ਵਿਖੇ ਰਾਤ ਦੇ ਠਹਿਰਨ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੈਡੀਕਲ ਐਮਰਜੈਂਸੀ ਨਾਲ ਨਜਿੱਠਣ ਲਈ ਸਿਹਤ ਵਿਭਾਗ ਪੰਜਾਬ ਨਾਲ ਤਾਲਮੇਲ ਕਰਕੇ ਵਿਸ਼ੇਸ਼





ਪ੍ਰਬੰਧ ਕੀਤੇ ਗਏ ਹਨ। ਐਸ ਡੀ ਐਮ ਮੋਹਾਲੀ ਚੰਦਰਜੋਤੀ ਸਿੰਘ ਨੇ ਦੱਸਿਆ ਕਿ ਜਿਲ੍ਹਾ ਪ੍ਰਸਾਸਨ ਵੱਲੋਂ ਸਾਰੇ ਪ੍ਰਬੰਧ ਪੁਖਤਾ ਕੀਤੇ ਜਾ ਰਹੇ ਹਨ ਤਾਂ ਜੋ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਬੱਸ 'ਚ ਸਵਾਰ ਸ਼ਰਧਾਲੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੇ ਧਾਰਮਿਕ ਸਥਾਨਾਂ 'ਤੇ ਮੱਥਾ ਟੇਕਣ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ ਅਤੇ ਇਸ ਲਈ ਉਹ ਸਰਕਾਰ ਦੀ ਹਮੇਸ਼ਾ ਸ਼ੁਕਰਗੁਜਾਰ ਰਹਿਣਗੇ।

# ਪੰਜਾਬ ਰੋਡਵੇਜ਼ ਮੁਲਾਜ਼ਮਾਂ ਵੱਲੋਂ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਦੀ ਹਮਾਇਤ



**ਲੁਧਿਆਣਾ, (ਐੱਮ.ਐੱਸ.ਭਾਟੀਆ)** ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਪੰਜਾਬ ਸੁਬਾਰਡੀਨੇਟ ਸਰਵਿਸਜ਼ ਕਨਫੈਡਰੇਸ਼ਨ 1680, 22 ਬੀ ਚੰਡੀਗੜ੍ਹ ਦੀ ਮੀਟਿੰਗ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਭਗਵੰਤ ਮਾਨ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਅਪਣਾਏ ਟਾਲ-ਮਟੋਲ ਦੇ ਰਵੱਈਏ ਦੀ ਸਖ਼ਤ ਨਿੰਦਾ ਕੀਤੀ ਗਈ ਤੇ ਸਾਂਝੇ ਫਰੰਟ ਵੱਲੋਂ ਜਨਵਰੀ ਤੇ ਫਰਵਰੀ ਮਹੀਨੇ ਦੌਰਾਨ ਪੰਜਾਬ ਸਰਕਾਰ ਦੇ ਮੰਤਰੀਆਂ ਅਤੇ 'ਆਪ' ਵਿਧਾਇਕਾਂ ਦੇ ਘਰਾਂ ਵੱਲ ਰੋਸ ਮਾਰਚ ਕਰਕੇ ਘਰਾਂ ਦਾ ਘਿਰਾਓ ਕਰਨ ਦੇ ਐਕਸ਼ਨ ਪ੍ਰੋਗਰਾਮ ਵਿੱਚ ਪ ਸ ਸ ਫ ਵੱਲੋਂ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।

ਆਗੂਆਂ ਨੇ ਦੋਸ਼ ਲਾਇਆ ਕਿ ਭਗਵੰਤ ਮਾਨ ਸਰਕਾਰ ਦੇ ਮੰਤਰੀਆਂ ਤੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਪੂਰੀ ਤਰ੍ਹਾਂ ਚੁੱਪ ਧਾਰ ਕੇ ਰੱਖੀ ਹੋਈ ਹੈ ਤੇ ਚੋਣਾਂ ਦੌਰਾਨ ਕੀਤੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਭੱਜ ਗਏ ਹਨ।

ਮੀਟਿੰਗ ਦੌਰਾਨ 18 ਜਨਵਰੀ ਨੂੰ ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰ ਯੂਨੀਅਨ (ਏਟਕ) ਵੱਲੋਂ ਅਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਟ੍ਰਾਂਸਪੋਰਟ ਮੰਤਰੀ ਵਿਰੁੱਧ ਪੱਟੀ ਵਿਖੇ ਕੀਤੇ ਜਾਣ ਵਾਲੇ ਰੋਸ ਮੁਜ਼ਾਹਰੇ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਨਾਲ ਸਬੰਧਤ/ਸਹਿਯੋਗੀ ਜਥੇਬੰਦੀਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਫੈਡਰੇਸ਼ਨ ਦੇ ਪ੍ਰਮੁੱਖ ਆਗੂਆਂ ਸਰਵ ਸ੍ਰੀ ਚਰਨ ਸਿੰਘ ਸਰਾਭਾ, ਦਰਸ਼ਨ ਸਿੰਘ ਲੁਬਾਣਾ, ਰਣਜੀਤ ਸਿੰਘ ਰਾਣਵਾਂ, ਸੁਰਿੰਦਰ ਪੁਆਰੀ, ਜਗਦੀਸ਼ ਸਿੰਘ ਚਾਹਲ, ਪ੍ਰੇਮ ਚਾਵਲਾ, ਗੁਰਮੇਲ ਸਿੰਘ ਮੈਲਡੇ, ਗੁਰਜੀਤ ਸਿੰਘ ਘੋੜੇਵਾਹ ਨੇ ਕਿਹਾ ਮਾਨ ਸਰਕਾਰ ਪੰਜਾਬ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਪਰਵਾਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ। ਕੇਂਦਰੀ ਤੇ ਗੁਆਂਢੀ ਰਾਜਾਂ ਦੇ ਮੁਲਾਜ਼ਮਾਂ ਸਮੇਤ ਪੰਜਾਬ ਵਿੱਚ ਆਈ.ਏ.ਐਸ, ਆਈ.ਪੀ.ਐਸ ਤੇ ਜੁਡੀਸ਼ੀਅਲ ਅਧਿਕਾਰੀ 46 ਫ਼ੀਸਦੀ ਡੀ.ਏ ਪ੍ਰਾਪਤ ਕਰ ਰਹੇ ਹਨ ਅਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 38 ਫ਼ੀਸਦੀ ਦਿੱਤਾ ਜਾ ਰਿਹਾ ਹੈ।

ਪੰਜਾਬ ਸਰਕਾਰ ਵੱਲੋਂ ਹੁਣ ਕੀਤੇ ਫੈਸਲੇ ਵਿੱਚ 17 ਮਹੀਨਿਆਂ ਦਾ ਬਕਾਇਆ ਦੱਬ ਕੇ 4 ਫ਼ੀਸਦੀ ਡੀ ਏ ਦਸੰਬਰ 23 ਤੋਂ ਲਾਗੂ ਕੀਤਾ ਹੈ, ਜੋ ਉਠ ਤੋਂ ਛਾਨਣੀ ਲਾਹੁਣ ਦੇ ਬਰਾਬਰ ਹੈ। ਕੱਚੇ, ਠੇਕਾ, ਆਊਟ ਸੋਰਸ ਤੇ ਸਕੀਮ ਵਰਕਰਾਂ ਨੂੰ ਬਿਨਾਂ ਸ਼ਰਤ ਪੱਕਾ ਕਰਨਾ, ਆਸ਼ਾ ਵਰਕਰਾਂ, ਫੈਸਿਲੀਟੇਟਰਾਂ ਅਤੇ ਆਂਗਨਵਾੜੀ ਵਰਕਰਾਂ, ਹੈਲਪਰਾਂ, ਮਿਡ ਡੇਅ ਮੀਲ ਵਰਕਰਾਂ ਨੂੰ ਮੁਲਾਜ਼ਮ ਮੰਨ ਕੇ ਘੱਟੋ-ਘੱਟ ਤਨਖਾਹ 26000/ ਰੁਪਏ ਮਹੀਨਾ ਲਾਗੂ ਕਰਨਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਪੇਂਡੂ ਭੱਤਾ ਅਤੇ ਬਾਰਡਰ ਭੱਤੇ ਸਮੇਤ 37 ਭੱਤੇ ਬਹਾਲ ਕਰਨਾ, ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਦੇਣਾ, 17 ਜੁਲਾਈ 2020 ਤੋਂ ਕੇਂਦਰੀ ਤਨਖਾਹ ਸਕੇਲਾਂ 'ਚ ਭਰਤੀ ਕਰਨ ਦਾ ਫ਼ੈਸਲਾ ਰੱਦ ਕਰਨਾ, ਖਰਖ ਕਾਲ ਦੌਰਾਨ ਸਿਰਫ਼ ਮੁੱਢਲੀ ਤਨਖਾਹ ਦੇਣ ਦਾ ਪੱਤਰ 15-01-15 ਰੱਦ ਕਰਨਾ, 1-1-16 ਤੋਂ 30-6-21 ਤੱਕ 66 ਮਹੀਨਿਆਂ ਦਾ ਤਨਖਾਹ ਰਵੀਜ਼ਨ, ਲੀਵ ਇਨਕੈਸ਼ਮੈਂਟ ਅਤੇ 213 ਮਹੀਨਿਆਂ ਦਾ ਡੀ.ਏ ਦਾ ਏਰੀਅਰ ਦੇਣਾ, ਜਨਵਰੀ 23 ਅਤੇ ਜੁਲਾਈ 23 ਤੋਂ 8% ਡੀਏ ਦੀਆਂ ਦੋ ਕਿਸ਼ਤਾਂ ਦੇਣਾ, 200 ਰੁਪਏ ਜਜ਼ੀਆ ਟੈਕਸ ਬੰਦ ਕਰਨਾ, 4-9-14 ਸਾਲਾ ਏ.ਸੀ.ਪੀ ਲਾਗੂ ਕਰਨਾ ਆਦਿ ਮੰਗਾਂ ਤੋਂ ਪੰਜਾਬ ਸਰਕਾਰ ਪੂਰੀ ਤਰ੍ਹਾਂ ਮੁੱਖ ਮੋੜ ਗਈ ਹੈ, ਜਿਸ ਦਾ ਖਮਿਆਜ਼ਾ ਮਾਨ ਸਰਕਾਰ ਨੂੰ ਭਵਿੱਖ ਵਿੱਚ ਭੁਗਤਣਾ ਪਵੇਗਾ।

ਆਗੂਆਂ ਨੇ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਜਨਵਰੀ-ਫਰਵਰੀ 2024 ਦੌਰਾਨ ਆਮ ਆਦਮੀ ਪਾਰਟੀ ਦੇ ਵਿਧਾਇਕਾਂ/ਮੰਤਰੀਆਂ ਦੇ ਘਰਾਂ ਵੱਲ ਰੋਸ ਮਾਰਚ ਕਰਕੇ ਘਿਰਾਓ ਕੀਤੇ ਜਾਣਗੇ।

## ਕਾਂਗਰਸੀ ਆਗੂ ਸ਼ੰਮੀ ਠੁੱਲੀਵਾਲ ਦੇ ਪਿਤਾ ਸੱਜਣ ਸਿੰਘ ਦਾ ਦਿਹਾਂਤ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਪੀ.ਡਬਲਿਊ.ਡੀ. ਵਿਭਾਗ ਦੇ ਜੇ.ਈ. ਖੁਸ਼ਵੰਤ ਸਿੰਘ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਮੀਤ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਦੇ ਪਿਤਾ ਸੱਜਣ ਸਿੰਘ ਸੇਵਾਮੁਕਤ ਭੂਮੀ ਰੱਖਿਆ ਅਫ਼ਸਰ ਦਾ ਦਿਹਾਂਤ ਹੋ ਗਿਆ।

ਉਹ 82 ਵਰ੍ਹਿਆਂ ਦੇ ਸਨ। ਪਿੰਡ ਠੁੱਲੀਵਾਲ ਵਿਖੇ ਉਨ੍ਹਾਂ ਦੇ ਅੰਤਿਮ ਸੰਸਕਾਰ ਮੌਕੇ ਪਹੁੰਚੇ ਸਾਬਕਾ ਵਿਧਾਇਕ ਸੁਰਿੰਦਰ ਸਿੰਘ ਸਿਬੀਆ ਨੇ ਕਿਹਾ ਕਿ ਸੱਜਣ ਸਿੰਘ ਦਾ ਸਾਦਗੀ ਭਰਿਆ ਜੀਵਨ ਸਾਡੇ ਸਾਰਿਆਂ ਲਈ ਪ੍ਰੇਰਣਾ ਸਰੋਤ ਹੈ।

ਇਸ ਮੌਕੇ ਉਨ੍ਹਾਂ ਕਾਂਗਰਸ ਪਾਰਟੀ ਵੱਲੋਂ ਸੱਜਣ ਸਿੰਘ ਦੀ ਦੇਹ 'ਤੇ ਦੁਸ਼ਾਲਾ ਪਾ ਕੇ ਸ਼ਰਧਾਂਜਲੀ ਦਿੱਤੀ। ਇਸ ਮੌਕੇ ਪ੍ਰੋ. ਬਲਵਿੰਦਰ ਸਿੰਘ, ਮਹੇਸ਼ ਕੁਮਾਰ ਲੋਟਾ, ਜਸਵਿੰਦਰ ਸਿੰਘ ਟਿੱਲੂ, ਬਲਵੰਤ ਰਾਏ ਸ਼ਰਮਾ, ਸਰਪੰਚ ਜਰਨੈਲ ਸਿੰਘ ਠੁੱਲੀਵਾਲ, ਕੁਲਦੀਪ ਸਿੰਘ ਗੁੱਗ, ਐਡਵੋਕੇਟ ਜਸਵੀਰ ਸਿੰਘ ਖੇੜੀ, ਗੁਰਮੇਲ ਸਿੰਘ ਮੌੜ, ਬਲਦੇਵ ਸਿੰਘ ਭੁੱਚਰ, ਧੰਨਾ ਸਿੰਘ ਗਰੇਵਾਲ, ਵਿੱਕੀ ਬਾਲਮੀਕਿ, ਅੰਚਲ ਸ਼ਰਮਾ, ਰਛਪਾਲ ਟੀਪੂ, ਕੁਲਵਿੰਦਰਪਾਲ ਸਿੰਘ ਧੂਰੀ ਏ.ਈ., ਸੰਦੀਪਪਾਲ ਸਿੰਘ ਏ.ਈ., ਮਨਪ੍ਰੀਤ ਸਿੰਘ ਕੁਠਾਲਾ, ਬਲਰਾਜ ਸਿੰਘ, ਬਲਵਿੰਦਰ ਸਿੰਘ ਸੁਪਰਡੈਂਟ, ਜਗਤਾਰ ਸਿੰਘ ਮਲੇਰਕੋਟਲਾ, ਅਨਿਲ ਕੁਮਾਰ ਐਸ.ਡੀ.ਓ. ਆਦਿ ਹਾਜ਼ਰ ਸਨ।

# ਪੁਲਸ ਨੇ ਚੋਰੀ ਕਰਨ ਵਾਲੇ ਕੀਤੇ ਕਾਬੂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-21 ਤੇ 22 ਦਸੰਬਰ ਨੂੰ ਸ਼ਹਿਰ ਗਿੱਦੜਬਾਹਾ ਵਿਖੇ ਭਾਰੂ ਰੋਡ ਸਥਿਤ ਦੁਕਾਨ ਤੇ ਘਰ ਵਿੱਚੋਂ ਚੋਰੀ ਕਰਨ ਵਾਲੇ ਚੋਰਾਂ ਨੂੰ ਕਾਬੂ ਕਰ ਲਿਆ ਹੈ। ਡੀਐਸਪੀ ਜਸਬੀਰ ਸਿੰਘ ਪੰਨੂੰ ਤੇ ਥਾਣਾ ਮੁਖੀ ਇੰਪੈਕਟਰ ਨਵਪ੍ਰੀਤ ਸਿੰਘ ਨੇ ਦੱਸਿਆ ਕਿ ਐੱਸ.ਐੱਸ.ਪੀ. ਭਾਗਰਥ ਮੀਨਾ ਟ੍ਰੈਫ਼ਿਕ ਇੰਚਾਰਜ ਦੀਆਂ ਹਦਾਇਤਾਂ ਅਨੁਸਾਰ ਵੱਖ-ਵੱਖ ਟੀਮਾਂ ਬਣਾ ਕੇ ਮੁਹਿੰਮ ਚਲਾਈ ਗਈ ਹੈ, ਜਿਸ ਤਹਿਤ ਏ ਐਸ ਆਈ ਧਰਮਪਾਲ ਸਮੇਤ ਪੁਲਿਸ ਪਾਰਟੀ ਦੇ ਗਸ਼ਤ ਅਤੇ ਚੈਕਿੰਗ ਦੌਰਾਨ ਅਰਸ਼ਦੀਪ ਸਿੰਘ ਪੁੱਤਰ ਕ੍ਰਿਸ਼ਨ ਸਿੰਘ ਵਾਸੀ ਪਿੰਡ ਥੇੜ੍ਹੀ ਹਾਲ ਗਿੱਦੜਬਾਹਾ ਦੇ ਭਾਰੂ ਚੌਕ ਵਿਖੇ ਸ਼ੱਕੀ ਹਾਲਤ ਵਿੱਚ ਕਾਬੂ ਕੀਤਾ ਗਿਆ। ਪੁੱਛਗਿੱਛ ਦੌਰਾਨ ਮੰਨਿਆ ਕਿ 20 ਤੇ 21 ਦਸੰਬਰ ਭਾਰੂ ਰੋਡ ਤੇ ਦੋ ਚੋਰੀਆਂ ਕੀਤੀਆਂ ਹਨ।

ਉਨ੍ਹਾਂ ਦੱਸਿਆ ਕਿ ਅਸ਼ਵਨੀ ਕੁਮਾਰ ਸਚਦੇਵਾ ਬਿੱਟੂ ਕੌਂਸਲਰ ਦੀ ਦੁਕਾਨ ਤੋਂ ਚੋਰੀ ਹੋਏ ਪੈਸੇ ਬਰਾਮਦ ਕੀਤੇ ਗਏ ਅਤੇ ਤੀਰਥ ਸਿੰਘ ਵਾਸੀ ਗਿੱਦੜਬਾਹਾ ਦੇ ਘਰੋਂ ਚੋਰੀ ਹੋਏ ਡੁਪਲੀਕੇਟ ਕੰਗਨ ਵੀ ਬਰਾਮਦ ਹੋਏ ਹਨ। ਅਰਸ਼ਦੀਪ ਸਿੰਘ ਨੇ ਆਪਣੇ ਨਾਲ ਸ਼ਮੂਲੀਅਤ ਕਰਨ ਵਾਲੇ ਸੂਰਜ ਪ੍ਰਤਾਪ ਬਾਰੇ ਵੀ ਮੰਨਿਆ ਹੈ ਉਸ ਪਾਸੋਂ ਤਿੰਨ ਮੁਬਾਇਲ ਬਰਾਮਦ ਕੀਤੇ ਗਏ ਹਨ। ਆਈ ਪੀ ਸੀ ਧਾਰਾ 380, 457 ਤਹਿਤ ਮੁਕੱਦਮਾਂ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਿਆ ਜਾਵੇਗਾ ਅਤੇ ਰਿਮਾਂਡ ਦੌਰਾਨ ਸ਼ਹਿਰ ਵਿੱਚ ਹੋਈਆਂ ਬਾਕੀ ਚੋਰੀਆਂ ਬਾਰੇ ਵੀ ਪੁਛ ਪੜਤਾਲ ਕੀਤੀ ਜਾਵੇਗੀ ਪੁਲਿਸ ਵੱਲੋਂ ਬਰੀਕੀ ਨਾਲ ਜਾਂਚ ਪੜਤਾਲ ਚਲ ਰਹੀ ਹੈ ਜਲਦੀ ਹੀ ਟਰੇਸ ਕਰਲਿਆ ਜਾਵੇਗਾ। ਇਸ ਮੌਕੇ ਸਪੈਸ਼ਲ ਬਰਾਚ ਦੇ ਏ ਐਸ ਆਈ ਰਾਜ ਬਹਾਦਰ ਸਿੰਘ, ਵਿਜੇਸ਼ ਕੁਮਾਰ, ਜਸਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### 10 ਦਿਨ 'ਚ ਲੱਗਾ ਜਸਪ੍ਰੀਤ ਕੌਰ ਦਾ ਸਟੱਡੀ ਵੀਜ਼ਾ




**ਧਰਮਕੋਟ (ਗੁਰਦੀਪ ਸਿੰਘ ਭੁੱਲਰ)** ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਦੱਸਿਆ ਕਿ ਜਸਮੀਤ ਕੌਰ ਨੇ 2021 ਵਿੱਚ ਆਪਣੀ +2 ਪੂਰੀ ਕੀਤੀ ਸੀ, ਜਿਸ ਤੋਂ ਬਾਅਦ ਜਸਮੀਤ ਦਾ 2 ਸਾਲ ਦਾ ਗੈਪ ਸੀ। ਜਸਮੀਤ ਤੇ ਉਸਦੇ ਪਤੀ ਕਮਲਪ੍ਰੀਤ ਗੈਪ ਕਾਰਨ ਬਹੁਤ ਚਿੰਤਤ ਸਨ ਤੇ ਕਮਲਪ੍ਰੀਤ ਸਿੰਘ ਮੱਲ੍ਹੀ ਦੇ ਬੈਟਰ ਸਕਿੱਲ ਇਮੀਗ੍ਰੇਸ਼ਨ ਨਾਲ ਬਹੁਤ ਪੁਰਾਣੇ ਸਬੰਧ ਰਿਹਾ ਚੁੱਕੇ ਹਨ। ਉਸ ਤੋਂ ਬਾਅਦ ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਆਏ ਹੋਏ ਪਤੀ-ਪਤਨੀ ਇਕੱਠਿਆਂ ਦੇ ਰਿਜ਼ਲਟਾਂ ਨੂੰ ਦੇਖਦਿਆਂ ਬੈੱਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨਾਲ ਗੱਲਬਾਤ ਕਰਦੇ ਹੋਏ ਸਲਾਹ ਲਈ ਅਤੇ ਆਪਣੀ ਦੋਨਾਂ ਦੀ ਪ੍ਰੋਫਾਈਲ ਸ਼ੇਅਰ ਕਰਦਿਆਂ ਵਾਹਿਗੁਰੂ ਦੀ ਕ੍ਰਿਪਾ ਸਦਕਾ 10 ਦਿਨਾਂ ਵਿੱਚ ਜਸਮੀਤ ਕੌਰ ਦਾ ਸਟੱਡੀ ਵੀਜ਼ਾ ਤੇ ਉਸਦੇ ਪਤੀ ਕਮਲਪ੍ਰੀਤ ਸਿੰਘ ਮੱਲ੍ਹੀ ਦਾ ਓਪਨ ਵਰਕ ਪਰਮਿਟ ਵੀਜ਼ਾ ਪ੍ਰਾਪਤ ਹੋਇਆ। ਦੋਹੇਂ ਪਤੀ-ਪਤਨੀ ਇਕੱਠੇ ਕਨੇਡਾ ਪਹੁੰਚ ਗਏ ਹਨ।

### ਵਿਜੈ ਇੰਦਰ ਸਿੰਗਲਾ ਨੂੰ ਕਾਂਗਰਸ ਦਾ ਸੰਯੁਕਤ ਸਕੱਤਰ ਚੁਣੇ ਜਾਣ 'ਤੇ ਹਾਈਕਮਾਂਡ ਦਾ ਧੰਨਵਾਦ

**ਚੀਮਾ ਮੰਡੀ (ਰਵਿੰਦਰ ਚੀਮਾ)** ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਵਿਜੈ ਇੰਦਰ ਸਿੰਗਲਾ ਨੂੰ



ਪਾਰਟੀ ਹਾਈਕਮਾਂਡ ਵੱਲੋਂ ਆਲ ਇੰਡੀਆ ਕਾਂਗਰਸ ਕਮੇਟੀ ਦਾ ਸੰਯੁਕਤ ਸਕੱਤਰ ਨਿਯੁਕਤ ਕੀਤੇ ਜਾਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਿੰਗਲਾ ਦੇ ਨੇੜਲੇ ਸਾਥੀ ਸਰਿੰਦਰ ਸਿੰਘ ਭਰੂਰ ਵੱਲੋਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਗਿਆ। ਸਰਿੰਦਰ ਸਿੰਘ ਭਰੂਰ ਨੇ ਅੱਗੇ ਕਿਹਾ ਕਿ ਵਿਜੈ ਇੰਦਰ ਸਿੰਗਲਾ ਨੇ ਜਿੱਥੇ ਕਾਂਗਰਸ ਸਰਕਾਰ ਵੇਲੇ ਸੰਗਰੂਰ ਹਲਕੇ ਦੇ ਵਿਕਾਸ ਕਾਰਜਾਂ ਦੀ ਝੜੀ ਲਾ ਕੇ ਪੂਰੇ ਪੰਜਾਬ ਵਿੱਚ ਨਾਮਣਾ ਖੱਟਿਆ। ਉਥੇ ਉਨ੍ਹਾਂ ਨੇ ਕਾਂਗਰਸ ਪਾਰਟੀ ਦੀ ਜਥੇਬੰਦਕ ਮਜਬੂਤੀ ਲਈ ਵੱਖਰੇ ਉਪਰਾਲੇ ਕਰਕੇ ਪਾਰਟੀ ਵਿੱਚ ਵੀ ਇੱਕ ਵਿਸ਼ੇਸ਼ ਸਥਾਨ ਬਣਾਇਆ, ਜਦੋਂ ਵੀ ਪਾਰਟੀ ਨੇ ਕੋਈ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਤਾਂ ਉਨ੍ਹਾਂ ਵੱਲੋਂ ਅਣਥੱਕ ਮਿਹਨਤ ਨਾਲ ਨਿਭਾਈ ਗਈ।

### ਸੈਣਿ ਸਭਾ ਦੇ ਅਹੁਦੇਦਾਰਾਂ ਦੀ ਹੋਈ ਚੋਣ



**ਲੌਂਗੋਵਾਲ, (ਕੁਲਦੀਪ ਅੱਤਰੀ)** ਦੇਹੁਰਾ ਭਗਤ ਬਾਬਾ ਸੈਣਿ ਜੀ ਮੰਡੇਰ ਕਲਾਂ ਰੋਡ ਲੌਂਗੋਵਾਲ ਵਿਖੇ ਪ੍ਰਬੰਧਕ ਕਮੇਟੀ ਅਤੇ ਸੈਣਿ ਸਭਾ ਲੌਂਗੋਵਾਲ ਦੀ ਚੋਣ ਸਰਬਸੰਮਤੀ ਨਾਲ ਹੋਈ, ਜਿਸ ਵਿੱਚ ਪ੍ਰਧਾਨ ਜਥੇਦਾਰ ਤੇਜਾ ਸਿੰਘ, ਕਾਰਜਕਾਰੀ ਪ੍ਰਧਾਨ ਕਮ ਖਜਾਨਚੀ ਜਗਸੀਰ ਸਿੰਘ ਜੱਗਾ, ਜ. ਸਕੱਤਰ ਗੁਰਮੇਲ ਸਿੰਘ ਮੇਲਾ, ਖ਼ਜ਼ਾਨਚੀ ਪਰਮਜੀਤ ਸਿੰਘ ਗਾਂਧੀ ਅਤੇ ਅੰਮ੍ਰਿਤ ਸਿੰਘ, ਸੀਨੀਅਰ ਮੀਤ ਪ੍ਰਧਾਨ ਚਮਕੌਰ ਸਿੰਘ ਟੇਲਰ, ਸੰਜੇ ਕੁਮਾਰ, ਮੀਤ ਪ੍ਰਧਾਨ ਬਿੱਕਰ ਸਿੰਘ ਸਹਿਜੜਾ, ਵੀਰਪਾਲ ਸਿੰਘ ਕਾਲਾ, ਪ੍ਰਚਾਰ ਸਕੱਤਰ ਜਸਵੀਰ ਸਿੰਘ ਚੀਮਾ, ਸਰਬਜੀਤ ਸਿੰਘ ਝਾੜੋਂ, ਹਰਨੇਕ ਸਿੰਘ ਨੇਕੀ, ਸਰਬਜੀਤ ਸਿੰਘ ਸਰਬੀ ਝਾੜੋਂ, ਰਮਨਪ੍ਰੀਤ ਸਿੰਘ ਪੱਲਣ, ਮਨਿੰਦਰ ਸਿੰਘ ਮੋਨੂੰ, ਮੰਗਤ ਸਿੰਘ ਮੰਗੂ, ਪ੍ਰੈਸ ਸਕੱਤਰ ਲਵਪ੍ਰੀਤ ਸਿੰਘ ਲਵੀ, ਗੁਰਦੀਪ ਸਿੰਘ ਵਿੱਕੀ, ਕਾਲਾ ਸਿੰਘ ਲੋਹਾਖੇੜਾ, ਬਰਤਨ ਸਟੋਰ ਇੰਚਾਰਜ ਗੁਰਲਾਲ ਸਿੰਘ, ਨਿਰਭੈ ਸਿੰਘ, ਜੈਪਾਲ ਸਿੰਘ, ਲਾਭ ਸਿੰਘ ਲਾਭੀ ਨੂੰ ਚੁਣਿਆ ਗਿਆ ਹੈ।

ਇਸ ਮੌਕੇ ਜਗਸੀਰ ਸਿੰਘ ਗਾਂਧੀ ਸਾਬਕਾ ਕੌਂਸਲਰ, ਨਿਰਮਲ ਸਿੰਘ, ਬਲੌਰ ਸਿੰਘ, ਟੀਟੂ ਸਿੰਘ, ਹਰਮੇਲ ਸਿੰਘ ਨਿੱਕਾ, ਜੱਗੀ ਬੀਰ ਕਲਾਂ, ਸੰਦੀਪ ਸਿੰਘ ਹੈਪੀ, ਲਵਜੀਤ ਸਿੰਘ ਲਵੀ, ਗੁੱਡੂ ਸਿੰਘ, ਗੁਰਵਿੰਦਰ ਸਿੰਘ, ਗੁਰਸਿਮਰਨ ਸਿੰਘ ਅਤੇ ਕਰਨਵੀਰ ਸਿੰਘ ਹਾਜ਼ਰ ਸਨ।

## ਪੁਲਸ ਕਰਮਚਾਰੀ ਦੀ ਵਰਦੀ ਪਾੜਨ ਦੇ ਦੋਸ਼ ਹੇਠ ਕਾਰ ਸਵਾਰ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਸ਼ਹੀਦੀ ਸਭਾ 'ਚ ਆਵਾਜਾਈ ਕੰਟਰੋਲ ਕਰ ਰਹੇ ਇੱਕ ਪੁਲਿਸ ਕ੍ਰਮਚਾਰੀ ਦੀ ਵਰਦੀ ਪਾੜਨ ਦੇ ਦੋਸ਼ ਹੇਠ ਪੁਲਿਸ ਵੱਲੋਂ ਇੱਕ ਕਾਰ ਚਾਲਕ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।

ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਹੌਲਦਾਰ ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਉਹ ਸ਼ਹੀਦੀ ਸਭਾ 'ਚ ਆਪਣੀ ਡਿਊਟੀ ਕਰ ਰਿਹਾ ਸੀ ਤਾਂ ਭੀੜ 'ਚ ਤੇਜ਼ੀ ਤੇ ਲਾਪ੍ਰਵਾਹੀ ਨਾਲ ਕਾਰ ਚਲਾ ਰਹੇ ਇੱਕ ਵਿਅਕਤੀ ਨੂੰ ਉਸ ਨੇ ਕਾਰ ਹੌਲੀ ਚਲਾਉਣ ਦਾ ਇਸ਼ਾਰਾ ਕੀਤਾ ਤਾਂ ਉਕਤ ਵਿਅਕਤੀ ਨੇ ਕਾਰ ਦੀ ਸਪੀਡ ਹੋਰ ਤੇਜ਼ ਕਰਦਿਆਂ ਗੱਡੀ ਉਸ ਵੱਲ ਨੂੰ ਸਿੱਧੀ ਕਰ ਦਿੱਤੀ, ਜਿਸ ਤੋਂ ਉਸ ਨੇ ਭੱਜ ਕੇ ਆਪਣੀ ਜਾਨ ਬਚਾਈ, ਜਿਸ ਤੋਂ ਬਾਅਦ ਉਕਤ ਕਾਰ ਚਾਲਕ ਨੇ ਗੱਡੀ 'ਚੋਂ ਹੇਠਾਂ ਉੱਤਰ ਕੇ ਉਸ ਨੂੰ ਗੁੱਸੇ ਨਾਲ ਪੁੱਛਿਆ ਕਿ ਤੇਰਾ ਬੈਲਟ ਨੰਬਰ ਅਤੇ ਨਾਂਅ ਕੀ ਹੈ ਤੇ ਤੂੰ ਕਿਹੜੇ ਜ਼ਿਲ੍ਹੇ 'ਚੋਂ ਆਇਆ ਹੈ।

ਸ਼ਿਕਾਇਤਕਰਤਾ ਨੇ ਦੱਸਿਆ ਕਿ ਗਾਲੀ-ਗਲੋਚ ਕਰਦੇ ਹੋਏ ਤੈਸ਼ 'ਚ ਆਏ ਉਕਤ ਵਿਅਕਤੀ ਨੇ ਉਸਦਾ ਗਲਾਵਾਂ ਫੜ ਲਿਆ ਤੇ ਉਸਦੀ ਵਰਦੀ ਪਾੜ ਦਿੱਤੀ।ਹੌਲਦਾਰ ਦੇ ਬਿਆਨਾਂ 'ਤੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਨੇ ਕਾਰ ਚਾਲਕ ਜਸਮੀਤ ਸਿੰਘ ਉਰਫ਼ ਨੰਨੂ ਵਾਸੀ ਲੁਧਿਆਣਾ ਵਿਰੁੱਧ ਅ/ਧ 353, 186, 506 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

# ਨਵੇਂ ਵਰ੍ਹੇ ਦੀ ਆਮਦ 'ਤੇ ਫ਼ਲਸਤੀਨੀ ਲੋਕਾਂ ਦੇ ਹੱਕ 'ਚ ਆਵਾਜ਼ ਬੁਲੰਦ ਕਰਨ ਦਾ ਐਲਾਨ



**ਮਾਨਸਾ (ਆਤਮਾ ਸਿੰਘ ਪਮਾਰ)** ਅਮਰੀਕੀ ਸਾਮਰਾਜਵਾਦੀਆਂ ਦੀ ਸ਼ਹਿ 'ਤੇ ਇਜ਼ਰਾਇਲੀ ਹਕੂਮਤ ਵੱਲੋਂ ਕੀਤੇ ਜਾ ਰਹੇ ਫ਼ਲਸਤੀਨੀ ਲੋਕਾਂ ਦੇ ਘਾਣ ਖਿਲਾਫ਼ ਨਵੇਂ ਵਰ੍ਹੇ ਦੀ ਆਮਦ ਮੌਕੇ ਸੂਬੇ ਭਰ 'ਚ ਜ਼ਿਲ੍ਹਾ ਪੱਧਰੀ ਰੋਸ ਪ੍ਰਦਰਸ਼ਨਾਂ ਨੂੰ ਸਫ਼ਲ ਬਣਾਏ ਜਾਣ ਲਈ ਵੱਖ-ਵੱਖ ਖੱਬੇ ਪੱਖੀ ਧਿਰਾਂ ਦੀ ਸਾਂਝੀ ਮੀਟਿੰਗ ਬਾਬਾ ਬੂਝਾ ਸਿੰਘ ਭਵਨ ਮਾਨਸਾ ਵਿਖੇ ਸੀ.ਪੀ.ਆਈ (ਐਮ.ਐਲ) ਲਿਬਰੇਸ਼ਨ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਸਿੰਘ ਰਾਣਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਸੀ.ਪੀ.ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕ੍ਰਿਸ਼ਨ ਚੌਹਾਨ, ਆਰ ਐਮ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਲਾਲ ਚੰਦ, ਇਨਕਲਾਬੀ ਕੇਂਦਰ ਦੇ ਸੂਬਾ ਆਗੂ ਜਗਮੇਲ ਸਿੰਘ ਮਾਨਸਾ ਤੇ ਸੀ ਪੀ ਆਈ (ਐਮ ਐਲ) ਲਿਬਰੇਸ਼ਨ ਦੇ ਸ਼ਹਿਰੀ ਸਕੱਤਰ ਕਾਮਰੇਡ ਸੁਰਿੰਦਰ ਸ਼ਰਮਾ ਨੇ ਕਿਹਾ ਕਿ ਅਮਰੀਕਨ ਸਾਮਰਾਜ ਸਮੇਤ ਉਸਦੇ ਸੰਗੀਆਂ ਦੀ ਸਹਿ ਤੇ ਇਜ਼ਰਾਇਲੀ ਹਕੂਮਤ ਵੱਲੋਂ ਫਲਸਤੀਨੀ ਲੋਕਾਂ ਤੇ ਡੇਢ ਮਹੀਨੇ ਤੋਂ ਥੋਪੀ ਗਈ ਨਿਹੱਕੀ ਜੰਗ ਖਿਲਾਫ ਜੰਗਬੰਦੀ ਦੀ ਮੰਗ ਤੇ ਅਮਰੀਕੀ ਸਾਮਰਾਜਵਾਦੀਆਂ ਵੱਲੋਂ ਇਜ਼ਰਾਇਲੀ ਹਕੂਮਤ ਨੂੰ ਜੰਗੀ ਸਮਾਨ ਦਿੱਤੇ ਜਾਣ ਦੇ ਵਿਰੋਧ ਵਿੱਚ, ਜਿਉਨਵਾਦੀਆ ਵੱਲੋਂ ਫਲਸਤੀਨੀ ਕੌਮ ਦੀ ਕੀਤੀ ਜਾ ਰਹੀ ਨਸਲਕੁਸ਼ੀ ਖਿਲਾਫ਼ 75 ਫ਼ੀਸਦੀ ਫ਼ਲਸਤੀਨੀ ਲੋਕਾਂ ਨੂੰ ਬੇਘਰ ਕਰ ਭੁੱਖਮਰੀ ਤੇ ਇਲਾਜ ਖੁਣੋਂ ਮਰਨ ਲਈ ਮਜਬੂਰ ਕਰਨ ਅਤੇ ਰਫਿਊਜ਼ੀ ਕੈਂਪਾਂ ਤੇ ਬੰਬਾਰੀ ਕਰਨ ਖਿਲਾਫ਼, ਬੱਚਿਆਂ ਬਿਮਾਰਾਂ ਬਜ਼ੁਰਗਾਂ ਤੱਕ ਦਾ ਘਾਣ ਕਰਨ ਖਿਲਾਫ਼, ਹਮਾਸ ਜੋ ਫ਼ਲਸਤੀਨੀਆਂ ਨੂੰ ਬਚਾਉਣ ਲਈ ਲੜਾਈ ਲੜ ਰਹੀ ਹੈ, ਦੇ ਹੱਕ 'ਚ ਆਵਾਜ਼ ਬੁਲੰਦ ਕਰਨ ਲਈ ਨਵੇਂ ਵਰ੍ਹੇ ਦੀ ਆਮਦ ਮੌਕੇ ਮਾਨਸਾ 'ਚ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਕਮਿਊਨਿਸਟ ਆਗੂਆਂ ਨੇ ਕਿਹਾ ਕਿ ਸੰਸਾਰ ਅਮਨ ਲਈ ਤੈਅ ਨਿਯਮਾਂ ਦੀ ਉਲੰਘਣਾ ਕਰਕੇ ਆਮ ਫਲਸਤੀਨੀ ਜਨਤਾ, ਬੱਚਿਆਂ, ਹਸਪਤਾਲਾਂ, ਸਕੂਲਾਂ ਨੂੰ ਨਿਸ਼ਾਨਾ ਬਣਾਏ ਜਾਣ ਖ਼ਿਲਾਫ਼ ਇਜ਼ਰਾਇਲੀ ਰਾਸ਼ਟਰਪਤੀ ਨੂੰ ਜੰਗੀ ਅਪਰਾਧੀ ਐਲਾਨਦਿਆਂ ਉਸ 'ਤੇ ਮੁਕੱਦਮਾ ਚਲਾ ਕੇ ਫਾਂਸੀ ਦੀ ਸਜ਼ਾ ਸੁਣਾਈ ਜਾਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਰੋਸ ਪ੍ਰਦਰਸ਼ਨ ਦੌਰਾਨ ਫਲਸਤੀਨ, ਫਲਸਤੀਨੀ ਲੋਕਾਂ ਦਾ ਨਾਅਰਾ ਬੁਲੰਦ ਕੀਤਾ ਜਾਵੇਗਾ ਤੇ ਭਾਰਤ ਦੀ ਸਰਕਾਰ ਵੱਲੋਂ ਸਾਮਰਾਜੀ ਅਮਰੀਕਾ ਨਾਲ ਯੂ.ਐਨ.ਓ 'ਚ ਇਜ਼ਰਾਇਲ ਦੇ ਪੱਖ 'ਚ ਖੜਨ ਦੀ ਨਿੰਦਾ ਕੀਤੀ ਗਈ ਅਤੇ ਵੱਖ-ਵੱਖ ਦੇਸਾਂ ਵਿੱਚ ਇਜ਼ਰਾਇਲ ਦੇ ਖਿਲਾਫ ਫੀਲਡ ਤੇ ਸੋਸ਼ਲ ਮੀਡੀਆ 'ਤੇ ਬੋਲਣ ਵਾਲਿਆਂ ਖ਼ਿਲਾਫ਼ ਪਰਚੇ ਦਰਜ ਕਰਨ ਦੀ ਨਿਖੇਧੀ ਕਰਦੇ ਹੋਏ ਇੱਕ ਜਨਵਰੀ ਦੇ ਰੋਸ ਪ੍ਰਦਰਸ਼ਨ ਨੂੰ ਸਫ਼ਲ ਬਣਾਏ ਜਾਣ ਦੀ ਵਿਉਂਤਬੰਦੀ ਕੀਤੀ ਗਈ।

ਮੀਟਿੰਗ ਵਿੱਚ ਕਾਮਰੇਡ ਕੁਲਵਿੰਦਰ ਉੱਡਤ, ਭਗਤਰਾਮ, ਗਗਨ ਸ਼ਰਮਾ, ਕਾਮਰੇਡ ਅੰਗਰੇਜ਼ ਘਰਾਗਣਾ ਅਤੇ ਆਇਸ਼ਾ ਦੇ ਆਗੂ ਸੁਖਜੀਤ ਸਿੰਘ ਰਾਮਾਨੰਦੀ ਵੀ ਹਾਜ਼ਰ ਸਨ।

## ਵਿਦਿਆਰਥੀਆਂ ਦਾ ਛੱਤ ਬੀੜ ਚਿੜੀਆ ਘਰ ਲਈ ਟੂਰ



**ਬਰੇਟਾ (ਰੀਤਵਾਲ)**- ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਮਿਡਲ ਸਕੂਲ ਬਰੇਟਾ ਪਿੰਡ ਦੇ ਛੇਵੀਂ ਜਮਾਤ ਦੇ ਵਿਦਿਆਰਥੀਆਂ ਦਾ ਟੂਰ ਛੱਤ ਬੀੜ ਚਿੜੀਆ ਘਰ ਲਿਜਾਇਆ ਗਿਆ। ਜਾਣਕਾਰੀ ਦਿੰਦਿਆਂ ਸਕੂਲ ਇੰਚਾਰਜ ਸ਼ਿਖਾ ਰਾਣੀ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਵੱਖ ਵੱਖ ਜਾਨਵਰਾਂ ਅਤੇ ਵੱਖ-ਵੱਖ ਪੰਛੀਆਂ ਦੀਆਂ ਪ੍ਰਜਾਤੀਆਂ ਦੇਖੀਆਂ। ਇਸ ਦੌਰਾਨ ਵਿਦਿਆਰਥੀਆਂ ਨੂੰ ਬਹੁਤ ਕੁਝ ਸਿੱਖਣ ਨੂੰ ਮਿਲਿਆ। ਟੂਰ ਦੌਰਾਨ ਸਕੂਲ ਦੇ ਸਮੂਹ ਅਧਿਆਪਕ ਅਮਨਦੀਪ ਕੌਰ, ਸੰਦੀਪ ਕੌਰ ਅਤੇ ਸਤਿੰਦਰ ਪਾਲ ਕੌਰ ਬਰੇਟਾ ਮੌਜੂਦ ਸਨ।

# ਆਮ ਲੋਕਾਂ ਨੂੰ ਬੈਂਕ ਦੀਆਂ ਭਲਾਈ ਸਕੀਮਾਂ ਦਾ ਲਾਭ ਦੇਣਾ ਯਕੀਨੀ ਬਣਾਇਆ ਜਾਵੇ : ਕਮਿਸ਼ਨਰ ਨਗਰ ਨਿਗਮ



**ਸੰਗਤ ਮੰਡੀ, (ਰਾਜਦੀਪ ਜੋਸ਼ੀ)**-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਮਿਸ਼ਨਰ ਨਗਰ ਨਿਗਮ ਰਾਹੁਲ ਨੇ ਜ਼ਿਲ੍ਹੇ ਅਧੀਨ ਪੈਂਦੇ ਸਾਰੇ ਬੈਂਕ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਤਿਮਾਹੀ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਵੱਖ-ਵੱਖ ਬੈਂਕਾਂ ਦੇ ਅਧਿਕਾਰੀਆਂ ਕੋਲੋਂ ਪਿਛਲੇ ਤਿੰਨ ਮਹੀਨਿਆਂ ਦੌਰਾਨ ਕੀਤੇ ਗਏ ਕਾਰਜਾਂ ਦੀ ਸਮੀਖਿਆ ਰਿਪੋਰਟ ਹਾਸਲ ਕਰਦਿਆਂ ਉਨ੍ਹਾਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਮੀਟਿੰਗ ਦੌਰਾਨ ਕਮਿਸ਼ਨਰ ਨਗਰ ਨਿਗਮ ਰਾਹੁਲ ਨੇ ਅਧਿਕਾਰੀਆਂ ਕੋਲੋਂ ਬੈਂਕਾਂ ਨਾਲ ਸਬੰਧਤ ਵੱਖ-ਵੱਖ ਤਰ੍ਹਾਂ ਦੀਆਂ ਦਰਪੇਸ਼ ਸਮੱਸਿਆਵਾਂ ਵੀ ਸੁਣੀਆਂ, ਜਿਨ੍ਹਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿਵਾਇਆ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਬੈਂਕ ਦੀਆਂ ਸਾਰੀਆਂ ਭਲਾਈ ਸਕੀਮਾਂ ਦਾ ਲਾਭ ਦੇਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਆਮ ਲੋਕਾਂ ਨੂੰ ਬੈਂਕ ਪਾਸੋਂ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਭਲਾਈ ਸਕੀਮਾਂ ਦੇ ਲਾਭਾਂ ਬਾਰੇ ਚੰਗੀ ਤਰ੍ਹਾਂ ਜਾਣੂ ਕਰਵਾਇਆ ਜਾਵੇ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਵਧੀਕ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਦਿੰਦਿਆਂ ਕਿਹਾ ਕਿ ਪੁਰਾਣੇ ਪਏ ਲੋਨ ਕੇਸਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਕੋਈ ਵੀ ਅਪਲਾਈ ਕੀਤਾ ਲੋਨ ਪੈਂਡਿੰਗ ਨਾ ਰਹਿਣ ਦਿੱਤਾ ਜਾਵੇ, ਤਾਂ ਜੋ ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਬੈਂਕ ਮੁਖੀਆਂ ਨੂੰ ਹਦਾਇਤ ਕੀਤੀ ਕਿ ਕੇਂਦਰੀ ਸਰਕਾਰ ਦੀਆਂ ਸਕੀਮਾਂ ਡੇ-ਨੂਲਮ, ਪੀ.ਐਮ. ਸਵੈਨਿਧੀ ਯੋਜਨਾ ਸਬੰਧੀ ਨਗਰ ਨਿਗਮ, ਨਗਰ ਕੌਂਸਲਾਂ/ਨਗਰ ਪੰਚਾਇਤਾਂ ਵਿਖੇ ਅਰਜ਼ੀਧਾਰਕਾਂ ਨੂੰ ਆ ਰਹੀਆਂ ਪ੍ਰੇਸ਼ਾਨੀਆਂ ਅਤੇ ਬਿਨਾਂ ਕਿਸੇ ਕਾਰਨ ਕਰਕੇ ਵਾਪਸ ਕੀਤੀਆਂ ਯੋਗ ਅਰਜ਼ੀਆਂ ਦਾ ਨਿਪਟਾਰਾ ਜਲਦ ਤੋਂ ਜਲਦ ਕੀਤਾ ਜਾਵੇ ਤਾਂ ਜੋ ਲਾਭਪਾਤਰੀ ਵੱਧ ਤੋਂ ਵੱਧ ਇਨ੍ਹਾਂ ਸਕੀਮਾਂ ਦਾ ਲਾਭ ਲੈ ਸਕਣ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਇਸ ਸਬੰਧੀ ਹੋਣ ਵਾਲੀ ਅਗਲੀ ਮੀਟਿੰਗ ਵਿੱਚ ਪੀ.ਐਮ. ਸਵੈਨਿਧੀ ਸਬੰਧੀ ਆਪਣੀਆਂ ਰਿਪੋਰਟਾਂ ਨੂੰ ਲਿਆਂਦਾ ਜਾਵੇ ਤਾਂ ਕਿ ਲਾਭਪਾਤਰੀਆਂ ਸਬੰਧੀ ਮੁਕੰਮਲ ਜਾਣਕਾਰੀ ਹਾਸਲ ਕੀਤੀ ਜਾ ਸਕੇ। ਇਸ ਮੌਕੇ ਕਮਿਸ਼ਨਰ ਨਗਰ ਨਿਗਮ ਰਾਹੁਲ ਨੇ ਨਵੀਂ ਸਕੀਮ ਪੋਟੈਂਸ਼ੀਅਲ ਲਿੰਕਡ ਕਰੈਡਿਟ ਪਲਾਟ ਫਾਰ 2024-25 ਸਬੰਧੀ ਇੱਕ ਕਿਤਾਬਚਾ ਵੀ ਜਾਰੀ ਕੀਤਾ ਗਿਆ। ਇਸ ਮੌਕੇ ਏ ਜੀ ਐਮ ਨਬਾਰਡ ਅਮਿਤ ਗਰਗ, ਸਹਾਇਕ ਜਨਰਲ ਮੈਨੇਜਰ ਅਨੀਤਾ ਸ਼ਰਮਾ, ਲੀਡ ਬੈਂਕ ਮੈਨੇਜਰ ਮੰਜੂ ਮਲਹੋਤਤਰਾ, ਮੈਡਮ ਸਵਾਤੀ ਤੋਂ ਇਲਾਵਾ ਵੱਖ-ਵੱਖ ਬੈਂਕਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਕਰਮਚਾਰੀ ਆਦਿ ਹਾਜ਼ਰ ਸਨ।

# ਆੜ੍ਹਤੀਆਂ ਨੇ ਲਗਾਇਆ ਦੁੱਧ ਦਾ ਲੰਗਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** - ਤਿੰਨ ਦਿਨ ਭਰੀ ਸਭਾ ਮੌਕੇ ਦੇਸ਼-ਵਿਦੇਸ਼ ਤੋਂ ਪਹੁੰਚੀਆਂ ਸੰਗਤਾਂ ਲਈ ਸਥਾਨਕ ਸਮਰਾਲਾ ਰੋਡ 'ਤੇ ਸਥਿਤ ਅਨਾਜ ਮੰਡੀ ਦੇ ਆੜ੍ਹਤੀਆਂ ਵਲੋਂ ਗਰਮ ਦੁੱਧ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸੇਵਾ ਕਰਨ ਵਾਲਿਆਂ ਵਿਚ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਟਹਿਲ ਸਿੰਘ ਔਜਲਾ, ਨਿਰਮਲ ਸਿੰਘ ਨਾਗਰਾ, ਪ੍ਰੇਮ ਭਾਟੀਆ, ਨੰਬਰਦਾਰ ਗੁਰਨਾਮ ਸਿੰਘ ਨਾਗਰਾ, ਅਰਵਿੰਦਰਪਾਲ ਸਿੰਘ ਵਿੱਕੀ, ਸਰਬਜੀਤ ਸਿੰਘ ਗਿੱਲ, ਕਪਿਲ ਆਨੰਦ, ਮਨੋਜ ਬਾਂਸਲ, ਅਮਰ ਸਿੰਘ ਹੇਡੋਂ ਬੇਟ, ਬਲਵਿੰਦਰ ਮਾਨ, ਹਰਮੇਸ਼ ਬਾਂਸਲ, ਵਿਨੀਤ ਜੈਨ, ਸ਼ੁਭਦੀਪ ਸਿੰਘ ਸੇਖਾ ਅਤੇ ਅਕਾਊਂਟੈਂਟ ਯੂਨੀਅਨ ਦੇ ਹਰਮੀਤ ਸਿੰਘ ਗਿੱਲ, ਜੋਗਿੰਦਰਪਾਲ, ਸਨੀ ਕੁਮਾਰ ਖੁਰਾਣਾ, ਕੁਲਵਿੰਦਰ ਮਾਨ, ਸ਼ੇਰ ਸਿੰਘ ਸੈਣੀ, ਅਜੈ ਰਾਣਾ, ਹਰਪ੍ਰੀਤ ਸਿੰਘ, ਰਵੀ ਕੁਮਾਰ, ਵਿਜੈ ਕੁਮਾਰ, ਸੰਜੀਵ ਕੁਮਾਰ ਨਾਗਪਾਲ, ਦੀਪਕ ਸ਼ਰਮਾ, ਭਜਨ ਸਿੰਘ ਹੇਡੋਂ ਬੇਟ, ਚੌਧਰੀ ਦਰਸ਼ਨ ਲਾਲ ਆਦਿ ਵੀ ਮੌਜੂਦ ਸਨ। ਇਸ ਦੌਰਾਨ ਆੜ੍ਹਤੀਆਂ ਵਲੋਂ ਜਦੋਂ ਆਖਰੀ ਦਿਨ ਨਗਰ ਕੀਰਤਨ ਨਿਕਲਿਆ ਉਦੋਂ ਇਸ ਸਥਾਨ 'ਤੇ ਪਹੁੰਚੇ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰਿਆਂ ਨੂੰ ਸਤਿਕਾਰ ਵਜੋਂ ਸਿਰੋਪਾਓ ਭੇਟ ਕੀਤੇ ਗਏ।

## ਰੋਟਰੀ ਕਲੱਬ ਮਾਨਸਾ ਵੱਲੋਂ ਲੋੜਵੰਦਾਂ ਨੂੰ ਰੇਹੜੀਆਂ ਦਾਨ



**ਮਾਨਸਾ (ਆਤਮਾ ਸਿੰਘ ਪਮਾਰ)**- ਰੋਟਰੀ ਕਲੱਬ ਮਾਨਸਾ ਵੱਲੋਂ ਰੋਟਰੀ ਇੰਟਰਨੈਸ਼ਨਲ ਜ਼ਿਲ੍ਹਾ 3090 ਵੱਲੋਂ ਗ੍ਰਾਂਟ ਚੋਂ ਆਈਆਂ ਦੋ ਹੱਥ ਰੇਹੜੀਆਂ ਕਲੱਬ ਦੇ ਸੀਨੀਅਰ ਮੈਂਬਰ ਅਤੇ ਹਲਕਾ ਵਿਧਾਇਕ ਡਾਕਟਰ ਵਿਜੇ ਸਿੰਗਲਾ ਦੀ ਹਾਜ਼ਰੀ ਵਿੱਚ ਦੋ ਲੋੜਵੰਦ ਵਿਅਕਤੀਆਂ ਨੂੰ ਸਪੁਰਦ ਕੀਤੀਆਂ ਗਈਆਂ। ਇਸ ਮੌਕੇ ਡਾਕਟਰ ਵਿਜੇ ਸਿੰਗਲਾ ਨੇ ਦੱਸਿਆ ਕਿ ਰੋਟਰੀ ਸਾਰੇ ਸੰਸਾਰ 'ਚ ਸਮਾਜਿਕ ਕਾਰਜ ਕਰਨ ਵਾਲੀ ਸੰਸਥਾ ਹੈ ਅਤੇ ਸਮੇਂ ਸਮੇਂ 'ਤੇ ਲੋਕਾਂ ਨੂੰ ਰੋਟਰੀ ਦੁਆਰਾ ਵੱਖ ਵੱਖ ਖੇਤਰਾਂ 'ਚ ਸਹਿਯੋਗ ਦਿੱਤਾ ਜਾਂਦਾ ਹੈ। ਰੋਟਰੀ ਕਲੱਬ ਮਾਨਸਾ ਦੇ ਪ੍ਰਧਾਨ ਕੇ ਬੀ ਜਿੰਦਲ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਹੋਰ ਸਮਾਜਿਕ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾ ਰਹੀ ਹੈ। ਕਲੱਬ ਦੇ ਸੈਕਟਰੀ ਰਵੀ ਸਿੰਗਲਾ ਨੇ ਕਿਹਾ ਕਿ ਠੰਢ ਨੂੰ ਦੇਖਦੇ ਹੋਏ ਗਰੀਬ ਵਿਅਕਤੀਆਂ ਲਈ ਲੋੜੀਂਦੇ ਸਮਾਨ ਦੇ ਕੈਂਪ ਅਤੇ ਲੋਕਾਂ ਦੀ ਸਿਹਤ ਨੂੰ ਧਿਆਨ 'ਚ ਰੱਖਦੇ ਹੋਏ ਕੈਂਪ ਆਉਣ ਵਾਲੇ ਕੁਝ ਦਿਨਾਂ 'ਚ ਹੀ ਸ਼ੁਰੂ ਕੀਤੇ ਜਾ ਰਹੇ ਹਨ। ਇਸ ਮੌਕੇ ਕਲੱਬ ਦੇ ਸੀਨੀਅਰ ਮੈਂਬਰ ਹੇਮ ਰਾਜ ਗਰਗ, ਡਾ. ਰਾਹੁਲ ਭਾਰਦਵਾਜ, ਅਸਿਸਟੈਂਟ ਗਵਰਨਰ ਐਡਵੋਕੇਟ ਅਮਨ ਮਿੱਤਲ, ਵਿਨੇ ਮਿੱਤਲ, ਪਰਮਜੀਤ ਸਦਿਓੜਾ, ਰੋਹਿਤ ਤਾਮਕੋਟ ਅਤੇ ਸਮਾਜ ਸੇਵੀ ਐਡਵੋਕੇਟ ਧਰਮਵੀਰ ਵਾਲੀਆ ਤੋਂ ਇਲਾਵਾ ਹੋਰ ਲੋਕ ਵੀ ਮੌਜੂਦ ਸਨ।

## ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਗੁਰਮਤਿ ਸਮਾਗਮ ਕਰਵਾਇਆ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)** - ਸ਼ਹੀਦ ਭਾਈ ਮਨੀ ਸਿੰਘ ਖਾਲਸਾ ਕਾਲਜ ਲੌਂਗੋਵਾਲ ਵਿਖੇ ਮਾਤਾ ਗੁਜਰ ਕੌਰ ਜੀ ਅਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼ਮੂਲੀਅਤ ਕਰਦਿਆਂ ਕਿਹਾ ਕਿ ਦੁਨੀਆ ਦੇ ਕਿਸੇ ਵੀ ਇਤਿਹਾਸ ਵਿਚ ਇੰਨੇ ਨਿੱਕੇ ਬੱਚਿਆਂ ਦੀ ਸ਼ਹਾਦਤ ਦਰਜ ਨਹੀਂ ਹੈ। ਅਜਿਹੀਆਂ ਮਾਣਮੱਤੀਆਂ ਸ਼ਹਾਦਤਾਂ ਸਿੱਖ ਕੌਮ ਲਈ ਮਾਤਮ ਦਾ ਨਹੀਂ ਸਗੋਂ ਸਦੈਵ ਮਾਣ ਦਾ ਪ੍ਰਤੀਕ ਰਹੀਆਂ ਹਨ। ਉਨ੍ਹਾਂ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਕਿਹਾ ਕਿ ਸਾਨੂੰ ਸਾਹਿਬਜ਼ਾਦਿਆਂ ਦੀ ਸ਼ਹੀਦੀ ਤੋਂ ਬਹੁਤ ਕੁਝ ਸਿੱਖਣ ਦੀ ਲੋੜ ਹੈ। ਉਪਰੰਤ ਪ੍ਰਿੰਸੀਪਲ ਡਾ. ਜਸਪ੍ਰੀਤ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਵਲੋਂ ਗੁਰਬਾਣੀ ਕੀਰਤਨ ਦੇ ਜਾਪ ਕੀਤੇ ਗਏ ਅਤੇ ਸ਼ਹਿਰ ਵਿਚ ਗੁਰਮਿਤ ਚੇਤਨਾ ਮਾਰਚ ਕੱਢਿਆ ਗਿਆ। ਇਸ ਮੌਕੇ ਵਿਦਿਆਰਥੀਆਂ ਵਲੋਂ ਲਾਸਾਨੀ ਸ਼ਹਾਦਤ ਨੂੰ ਸਮਰਪਤ ਗੁਰਮਤਿ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਇਸ ਮੌਕੇ ਬਾਬਾ ਬਲਵਿੰਦਰ ਸਿੰਘ ਕੈਂਬੋਵਾਲ, ਪਰਮਜੀਤ ਸਿੰਘ ਸਿੱਧੂ, ਅਮਰਜੀਤ ਸਿੰਘ ਨਿੱਜੀ ਸਕੱਤਰ, ਸੁਖਵੀਰ ਸਿੰਘ ਉਭਾਵਾਲ ਅਤੇ ਦਰਸ਼ਨ ਸਿੰਘ ਪੀ. ਏ. ਹਾਜ਼ਰ ਸਨ।

# ਐੱਸ ਬੀ ਐੱਸ ਸਟੇਟ 'ਵਰਸਿਟੀ 'ਚ ਗਣਿਤ ਵਿਗਿਆਨੀ ਰਾਮਾਨੁਜਨ ਦਾ ਜਨਮ ਦਿਨ ਮਨਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਏਆਈਸੀਟੀਈ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਵਿਖੇ ਇਸ ਦੇ ਅਪਲਾਈਡ ਸਾਇੰਸ ਤੇ ਹਿਊਮੈਂਟੀਜ਼ ਵਿਭਾਗ ਦੁਆਰਾ ਮਹਾਨ ਭਾਰਤੀ ਗਣਿਤ ਸ਼ਾਸਤਰੀ ਸ਼੍ਰੀਨਿਵਾਸਾ ਰਾਮਾਨੁਜਨ ਦੇ ਜਨਮ ਦਿਵਸ 'ਤੇ ਰਾਸ਼ਟਰੀ ਗਣਿਤ ਦਿਵਸ ਮਨਾਇਆ ਗਿਆ।ਇਸ ਪ੍ਰੋਗਰਾਮ ਵਿੱਚ ਯੂਨੀਵਰਸਿਟੀ ਦੇ ਫੈਕਲਟੀ, ਸਟਾਫ਼ ਤੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਇਸ ਪ੍ਰੋਗਰਾਮ ਦਾ ਉਦੇਸ਼ ਰੋਜ਼ਾਨਾ ਦੀਆਂ ਸਥਿਤੀਆਂ ਵਿੱਚ ਗਣਿਤ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਵਿਦਿਆਰਥੀਆਂ ਵਿੱਚ ਗਣਿਤ ਪ੍ਰਤੀ ਰੁਚੀ ਪੈਦਾ ਕਰਨਾ ਸੀ।ਜ਼ਿਕਰਯੋਗ ਹੈ ਕਿ ਰਾਮਾਨੁਜਨ ਦੇ ਗਣਿਤ ਵਿਸ਼ੇ ਸਬੰਧੀ ਪਾਏ ਯੋਗਦਾਨ ਦੀ ਯਾਦ ਵਿੱਚ 18 ਤੋਂ 24 ਦਸੰਬਰ 2023 ਤੱਕ "ਗਣਿਤ ਸਪਤਾਹ" ਮਨਾਇਆ ਜਾਂਦਾ ਹੈ। ਇਸ ਹਫ਼ਤੇ ਦੇ ਦੌਰਾਨ, ਅਪਲਾਈਡ ਸਾਇੰਸਜ਼ ਤੇ ਹਿਊਮੈਂਟੀਜ਼ ਵਿਭਾਗ ਨੇ ਕਈ ਪਹਿਲ ਕਦਮੀਆਂ ਜਿਵੇਂ ਕਿ ਮਾਹਰ ਲੈਕਚਰ, ਵਿਦਿਆਰਥੀਆਂ ਦੁਆਰਾ ਪੇਪਰ ਪੇਸ਼ਕਾਰੀ, ਕੁਇਜ਼ ਮੁਕਾਬਲਾ, ਰਾਮਾਨੁਜਨ ਦੇ ਜੀਵਨ ਤੇ ਕਾਰਜ 'ਤੇ ਲੇਖ ਆਦਿ ਮੁਕਾਬਲੇ ਕਰਵਾਏ।ਇਸ ਮੌਕੇ ਗਣਿਤ ਦੇ ਪ੍ਰੋਫ਼ੈਸਰ ਡਾ. ਕੁਲਭੂਸ਼ਣ ਅਗਨੀਹੋਤਰੀ ਨੇ ਰਾਮਾਨੁਜਨ ਦੇ ਜੀਵਨ ਤੇ ਕਾਰਜਾਂ 'ਤੇ ਵਿਸਥਾਰ ਸਹਿਤ ਚਾਨਣਾ ਪਾਉਂਦਿਆਂ ਕਿਹਾ ਇਹ ਦਿਵਸ ਸਾਡੇ ਦੇਸ਼ ਦੀ ਨੌਜਵਾਨ ਪੀੜ੍ਹੀ ਵਿੱਚ ਗਣਿਤ ਸਿੱਖਣ ਲਈ ਪ੍ਰੇਰਣਾ ਤੇ ਇੱਕ ਸਕਾਰਾਤਮਕ ਰਵੱਈਆ ਪੈਦਾ ਕਰੇਗਾ।ਯੂਨੀਵਰਸਿਟੀ ਰਜਿਸਟ੍ਰਾਰ ਡਾ. ਗਜ਼ਲਪ੍ਰੀਤ ਸਿੰਘ ਨੇ ਅਪਲਾਈਡ ਸਾਇੰਸ ਵਿਭਾਗ ਨੂੰ ਅਜਿਹੇ ਪ੍ਰੋਗਰਾਮ ਕਰਵਾਉਣ 'ਤੇ ਵਧਾਈ ਸੰਦੇਸ਼ ਦਿੱਤਾ।ਗਣਿਤ ਦਿਵਸ 'ਤੇ ਅਪਲਾਈਡ ਸਾਇੰਸਜ਼ ਵਿਭਾਗ ਦੇ ਮੁਖੀ ਡਾ. ਕਿਰਨਜੀਤ ਕੌਰ ਵੱਲੋਂ ਲੇਖ ਲਿਖਣ ਵਿੱਚ ਗੌਰਵਪ੍ਰੀਤ ਸਿੰਘ ਤੇ ਅਕਸ਼ਤ ਜੈਨ ਨੂੰ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਇਨਾਮ ਦਿੱਤਾ ਗਿਆ। ਪ੍ਰੋਗਰਾਮ ਵਿੱਚ ਡਾ. ਰਾਕੇਸ਼ ਕੁਮਾਰ, ਡਾ. ਸੁਨੀਲ ਬਹਿਲ, ਪੀਆਰਓ ਯਸ਼ਪਾਲ, ਗੁਰਪ੍ਰੀਤ ਸਿੰਘ, ਹਰਪਿੰਦਰਪਾਲ ਸਿੰਘ, ਪੂਨਮ ਬਹਿਲ, ਸ੍ਰੀਮਤੀ ਜਸਵੀਰ ਸ਼ਰਮਾ, ਸਿਮਰਨ, ਅਸ਼ੀਸ਼, ਸਤਨਾਮ ਸਿੰਘ ਹਾਜ਼ਰ ਸਨ।

# ਐੱਮ ਏ ਐੱਮ ਸਕੂਲ 'ਚ ਅਮਰੀਕਾ ਤੋਂ ਆਏ ਅਧਿਆਪਕਾਂ ਨੇ ਲਗਾਇਆ ਸਿਖਲਾਈ ਕੈਂਪ




**ਸਮਰਾਲਾ, (ਸੁਰਜੀਤ ਸਿੰਘ)**-ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ ਵਿਖੇ ਮੈਨੇਜਮੈਂਟ ਅਤੇ ਪ੍ਰਿੰਸੀਪਲ ਵੱਲੋਂ ਬੱਚਿਆਂ ਨੂੰ ਭਵਿੱਖ ਵਿੱਚ ਆਉਣ ਵਾਲੇ ਕੋਰਸਾਂ, ਭਵਿੱਖ ਵਿੱਚ ਕਿਹੜੇ ਕਿੱਤੇ ਅਪਣਾਏ ਜਾਣ ਬਾਰੇ, ਸਕੂਲ ਵਿੱਚ ਅੰਤਰਰਾਸ਼ਟਰੀ ਆਧਿਆਪਕਾਂ ਦੁਆਰਾ ਸਿਖਲਾਈ ਕੈਂਪ ਦਾ ਆਯੋਜਨ ਕਰਵਾਇਆ ਗਿਆ। ਜਿਸ ਵਿੱਚ ਅਮਰੀਕਾ (ਕੈਲੇਫੋਰਨੀਆ) ਤੋਂ ਜੌਰਡਨ ਲੈਕਿਨ, ਯਹੂਦਰ ਲੈਕਿਨ, ਅੰਬਰੀ ਪੁੱਖਰਾਜ ਨੇ ਅੰਤਰਰਾਸ਼ਟਰੀ ਆਧਿਆਪਕ ਦੇ ਤੌਰ 'ਤੇ ਸ਼ਿਰਕਤ ਕੀਤੀ। ਜੌਰਡਨ ਲੈਕਿਨ ਨੇ ਪ੍ਰੀ-ਸਕੂਲ ਬੱਚਿਆਂ ਨੂੰ ਦੱਖਣੀ ਕੋਰੀਆ, ਹਾਂਗਕਾਂਗ ਅਤੇ ਹੋਰ ਦੇਸ਼ਾਂ ਵਿੱਚ ਪੜ੍ਹਾਇਆ ਹੈ ਅਤੇ ਵਰਤਮਾਨ ਵਿੱਚ ਕਲੀਵਲੈਂਡ, ਉਹੀਓ, ਅਮਰੀਕਾ ਵਿੱਚ ਪੜ੍ਹਾਉਂਦੇ ਹਨ। ਜੌਰਡਨ ਲੈਕਿਨ ਨੇ ਐਮ. ਏ. ਐਮ ਸਕੂਲ ਵਿੱਚ ਪ੍ਰੀ-ਸਕੂਲ ਤੋਂ ਦੂਸਰੀ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਖੇਡ-ਖੇਡ ਰਾਹੀਂ ਸਿੱਖਣ ਦੀ ਗਤੀਵਿਧੀ ਨਾਲ ਪੜ੍ਹਾਉਣ ਦੇ ਢੰਗ ਦੁਆਰਾ ਆਧਿਆਪਕਾਂ ਤੇ ਬੱਚਿਆਂ ਨੂੰ ਸਿਖਲਾਈ ਦਿੱਤੀ। ਯਹੂਦਰ ਲੈਕਿਨ ਅਮਰੀਕਾ ਵਿੱਚ ਇੱਕ ਸਾਬਕਾ ਹਾਈ ਸਕੂਲ ਦੇ ਅਧਿਆਪਕ ਹਨ, ਨੇ ਐਮ.ਏ.ਐਮ ਸਕੂਲ ਦੇ ਨੌਵੀਂ ਜਮਾਤ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਫੁੱਟਬਾਲ ਅਤੇ ਬਾਸਕਟਬਾਲ ਦੀ ਖੇਡ ਦੇ ਨਿਯਮਾਂ ਦੀ ਜਾਣਕਾਰੀ ਦਿੱਤੀ। ਅੰਬਰੀ ਮੁੱਖਰਾਜ ਜੋ ਕਿ ਇੱਕ ਸਾਬਕਾ ਮਿਡਲ ਅਤੇ ਹਾਈ ਸਕੂਲ ਦੀ ਅੰਗਰੇਜ਼ੀ ਅਧਿਆਪਕਾ ਹੈ, ਜਿਸ ਦਾ ਪਾਲਣ ਪੋਸ਼ਣ ਪੰਜਾਬ ਵਿੱਚ ਹੋਇਆ ਹੈ, ਨੇ ਨੌਵੀਂ ਜਮਾਤ ਤੋਂ ਬਾਰ੍ਹਵੀਂ ਜਮਾਤ ਤੱਕ ਦੀਆਂ ਵਿਦਿਆਰਥਣਾਂ ਨੂੰ ਅੰਗਰੇਜ਼ੀ ਸਿੱਖਣ ਅਤੇ ਆਪਣੇ ਭਵਿੱਖ ਵਿੱਚ ਕਿਹੜੇ-ਕਿਹੜੇ ਕਿੱਤੇ ਅਪਣਾਏ ਜਾਣ, ਇਸ ਬਾਰੇ ਜਾਣਕਾਰੀ ਦਿੱਤੀ। ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ ਵਿੱਚ ਅੰਤਰਰਾਸ਼ਟਰੀ ਸ਼ਖ਼ਸੀਅਤਾਂ ਦਾ ਸਕੂਲ ਦੀ ਚੇਅਰਪਰਸਨ ਮਿਸਿਜ਼ ਕੁਲਵਿੰਦਰ ਕੌਰ ਬੈਨੀਪਾਲ, ਪ੍ਰੈਜ਼ੀਡੈਂਟ ਅਨਿਲ ਕੁਮਾਰ, ਸਕੂਲ ਪ੍ਰਿੰਸੀਪਲ ਮੈਡਮ ਮੋਨਿਕਾ, ਰਮਨਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਘਲੋਟੀ ਨੇ ਨਿੱਘਾ ਸਵਾਗਤ ਕੀਤਾ। ਸਕੂਲ ਪ੍ਰਿੰਸੀਪਲ ਮੋਨਿਕਾ ਮਲਹੋਤਰਾ ਨੇ ਭਵਿੱਖ ਵਿੱਚ ਬੱਚਿਆਂ ਨੂੰ ਪੜ੍ਹਾਉਣ ਦੇ ਨਵੇਂ ਢੰਗ-ਤਰੀਕਿਆਂ ਬਾਰੇ ਜਾਣੂ ਕਰਵਾਉਣ ਅਤੇ ਆਧਿਆਪਕਾਂ ਦੀ ਸਿਖਲਾਈ ਲਈ ਇਹੋ ਜਿਹੇ ਹੋਰ ਕੈਂਪ ਦਾ ਆਯੋਜਨ ਕਰਨ ਦਾ ਭਰੋਸਾ ਦਿਵਾਇਆ।

## ਬੀਬੀ ਮਨਜੀਤ ਕੌਰ ਨੂੰ ਸ਼ਰਧਾਂਜਲੀਆਂ ਭੇਟ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਸਮਾਜ ਸੇਵੀ ਦਰਸ਼ਨ ਸਿੰਘ ਫ਼ੌਜੀ ਦੇ ਧਰਮ ਪਤਨੀ ਬੀਬੀ ਮਨਜੀਤ ਕੌਰ ਨਮਿਤ ਅੰਤਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਹੋਇਆ। ਇਸ ਮੌਕੇ ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਨੇ ਵੈਰਾਗਮਈ ਕੀਰਤਨ ਕਰਦਿਆਂ ਇਨਸਾਨ ਦੇ ਜੀਵਨ 'ਚ ਮਾਂ ਦੀ ਅਹਿਮੀਅਤ ਸਬੰਧੀ ਵਿਸਥਾਰਪੂਰਵਕ ਢੰਗ ਨਾਲ ਚਾਨਣਾ ਪਾਇਆ। ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਸਮਾਜ ਸੇਵੀ ਮੰਗਤ ਸਿੰਘ ਸਿੱਧੂ ਨੇ ਕਿਹਾ ਕਿ ਮਾਂ ਬਿਨਾਂ ਇਸ ਸੰਸਾਰ ਦੀ ਹੋਂਦ ਅਧੂਰੀ ਹੈ। ਉਨ੍ਹਾਂ ਅੰਤਮ ਦੌਰਾਨ ਦਰਸ਼ਨ ਸਿੰਘ ਫ਼ੌਜੀ ਅਤੇ ਉਨ੍ਹਾਂ ਦੇ ਪਰਵਾਰ ਵੱਲੋਂ ਬੀਬੀ ਮਨਜੀਤ ਕੌਰ ਦੀ ਕੀਤੀ ਸੇਵਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਬੀਬੀ ਮਨਜੀਤ ਕੌਰ ਦੇ ਮਾਰਗਦਰਸ਼ਨ ਸਦਕਾ ਇਸ ਪਰਵਾਰ ਦੀ ਸਮਾਜ ਵਿਚਲੀ ਹਰਮਨਪਿਆਰਤਾ ਦੀ ਗਵਾਹੀ ਵਿਸ਼ਾਲ ਇਕੱਠ ਭਰਦਾ ਹੈ। ਇਸ ਮੌਕੇ ਸੀਨੀਅਰ ਐਡਵੋਕੇਟ ਜਗਜੀਤ ਸਿੰਘ ਢਿੱਲੋਂ, ਗੁਰਮੇਲ ਸਿੰਘ, ਕ੍ਰਿਪਾਲ ਸਿੰਘ ਵਾਲਾ, ਰੂਪ ਸਿੰਘ ਭੱਦਲਵੱਢ, ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਬਿੰਦਰ ਸਿੰਘ ਖਾਲਸਾ, ਦਵਿੰਦਰ ਸਿੰਘ ਧਨੋਆ, ਨੰਬਰਦਾਰ ਨਛੱਤਰ ਸਿੰਘ, ਮਨਦੀਪ ਕੌਸ਼ਲ, ਪ੍ਰੇਮ ਕੁਮਾਰ ਪਾਸੀ, ਭਾਈ ਸੁਰਿੰਦਰ ਸਿੰਘ ਮਹਿਲ ਕਲਾਂ, ਪਰਮਜੀਤ ਸਿੰਘ ਜਗਦੇ, ਮਹਿੰਦਰ ਸਿੰਘ ਅਰੋੜਾ, ਬੇਅੰਤ ਸਿੰਘ ਜੌਹਲਾਂ ਵਾਲੇ, ਸੁਖਦੇਵ ਸਿੰਘ ਰਾਹਲ, ਗੁਰਪ੍ਰੀਤ ਸਿੰਘ ਕਟੈਹਰੀਆ, ਮਲਕੀਤ ਸਿੰਘ ਸੋਢਾ, ਨੀਲਾ ਸਿੰਘ ਸੇਖੋਂ, ਸਰਪੰਚ ਰਾਜਵਿੰਦਰ ਸਿੰਘ ਧਾਲੀਵਾਲ, ਗੁਰਪ੍ਰੀਤ ਸਿੰਘ ਚੀਨਾ, ਅਵਤਾਰ ਸਿੰਘ ਦੂਲੋਂ ਆਦਿ ਹਾਜ਼ਰ ਸਨ। ਸੇਵਾਮੁਕਤ ਏ.ਐਸ.ਆਈ. ਸੁਖਵਿੰਦਰ ਸਿੰਘ ਅਤੇ ਤਰਸੇਮ ਸਿੰਘ ਬੈਲਜ਼ੀਅਮ ਵੱਲੋਂ ਮਾਤਾ ਮਨਜੀਤ ਕੌਰ ਦੀ ਯਾਦ 'ਚ ਵੱਖ-ਵੱਖ ਸੰਸਥਾਵਾਂ ਨੂੰ ਰਾਸ਼ੀ ਦਾਨ ਵਜੋਂ ਦਿੱਤੀ ਗਈ।

# ਸਾਹਿਤ ਸਭਾ ਮਾਛੀਵਾੜਾ ਦੀ ਮਾਸਿਕ ਇਕੱਤਰਤਾ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** - ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਹਿਤ ਸਭਾ ਮਾਛੀਵਾੜਾ ਦੀ ਮਾਸਿਕ ਇਕੱਤਰਤਾ ਪ੍ਰਧਾਨ ਟੀ. ਲੋਚਨ ਦੀ ਪ੍ਰਧਾਨਗੀ ਵਿਚ ਹੋਈ। ਇਹ ਇਕੱਤਰਤਾ ਸਭਾ ਦੇ ਸਾਬਕਾ ਪ੍ਰਧਾਨ ਤੇ ਉੱਘੇ ਭਾਸ਼ਾ ਵਿਗਿਆਨੀ ਮਰਹੂਮ ਜਨਾਬ ਸੁਰਜੀਤ ਖ਼ੁਰਸ਼ੀਦੀ ਨੂੰ ਸਮਰਪਤ ਸੀ। ਇਕੱਤਰਤਾ ਵਿਚ ਵੱਖ-ਵੱਖ ਸ਼ੋਕ ਮਤਿਆਂ ਰਾਹੀਂ ਉੱਘੇ ਚਿੱਤਰਕਾਰ ਅਤੇ ਕਵੀ ਇਮਰੋਜ਼, ਮਾਛੀਵਾੜਾ ਦੇ ਹਾਕੀ ਕੋਚ ਸੂਬੇਦਾਰ ਗਿਆਨ ਸਿੰਘ ਅਤੇ ਸ਼ਾਇਰ ਨਰਿੰਦਰ ਮਣਕੂ ਦੀ ਵੱਡੀ ਭੈਣ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਜਨਾਬ ਸੁਰਜੀਤ ਖ਼ੁਰਸ਼ੀਦੀ ਨੂੰ ਯਾਦ ਕਰਦਿਆਂ ਸ਼ਾਇਰ ਨਸੀਮ, ਨਿਰੰਜਨ, ਸੂਖਮ, ਜਸਵਿੰਦਰ ਸਚਦੇਵਾ ਅਤੇ ਟੀ. ਲੋਚਨ ਨੇ ਭਾਵਪੂਰਤ ਗੱਲਾਂ ਕੀਤੀਆਂ। ਨਸੀਮ ਨੇ ਉਨ੍ਹਾਂ ਨੂੰ ਸਮਰਪਤ ਇਕ ਗ਼ਜ਼ਲ 'ਮੇਰੇ ਅਹਿਸਾਸ ਦਾ ਸੂਰਜ ਮੇਰੀ ਪਰਤੀਤ ਖ਼ੁਰਸ਼ੀਦੀ, ਨਿਰੀ ਖ਼ੁਸ਼ਬੂ ਗੁਲਾਬਾਂ ਦੀ ਉਹ ਸੰਗੀਤ ਖ਼ੁਰਸ਼ੀਦੀ' ਸੁਣਾਈ। ਇਸ ਇਕੱਤਰਤਾ ਵਿਚ ਮਾਛੀਵਾੜਾ ਸਾਹਿਬ ਦੀ ਪਾਵਨ ਧਰਤੀ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਇੱਥੇ ਪਧਾਰਨ 'ਤੇ ਜੁੜਦੀ ਸਿੰਘ ਸਭਾ ਅਤੇ ਉਨ੍ਹਾਂ ਦੀ ਸ਼ਖ਼ਸੀਅਤ ਬਾਰੇ ਹਾਜ਼ਰ ਸਾਹਿਤਕਾਰਾਂ ਨੇ ਬੜੀਆਂ ਮੁੱਲਵਾਨ ਗੱਲਾਂ ਕਰਦਿਆਂ ਗੁਰੂ ਜੀ ਨੂੰ ਸਿਜਦਾ ਕੀਤਾ। ਰਚਨਾਵਾਂ ਦੇ ਦੌਰ 'ਚ ਅਵਤਾਰ ਸਿੰਘ ਉਟਾਲਾਂ ਨੇ ਦੋਗਾਣਾ, ਕਸ਼ਮੀਰ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਸਮਰਪਤ ਗੀਤ, ਨਛੱਤਰ ਸਿੰਘ ਨੇ ਸੰਨ ਸੰਤਾਲੀ ਨਾਲ ਸੰਬੰਧਤ ਗੀਤ, ਨੇਤਰ ਸਿੰਘ ਮੁੱਤਿਓ ਨੇ ਇਕ ਗੀਤ ਅਤੇ ਮਿੰਨੀ ਕਹਾਣੀ ਅਤੇ ਜਸਵਿੰਦਰ ਸਿੰਘ ਸਚਦੇਵਾ ਨੇ ਮਹਿਮਾਨ ਰਚਨਾ ਦੇ ਰੂਪ ਵਿਚ ਸਰਦਾਰ ਪੰਛੀ ਦੀ ਗ਼ਜ਼ਲ, ਜਿਹੜੀ ਗੁਰੂ ਗੋਬਿੰਦ ਸਿੰਘ ਜੀ ਨੂੰ ਸਮਰਪਤ ਸੀ ਸੁਣਾਈ, ਮਲਕੀਤ ਸਿੰਘ ਨੇ ਗ਼ਜ਼ਲ 'ਮਹਿਕ ਤੇਰੀ ਹੋਂਦ ਨੇ ਐਸੀ ਖਿੰਡਾਈ ਰਾਤ ਭਰ' ਅਤੇ ਸ਼ਾਇਰ ਨਿਰੰਜਨ ਸੂਖਮ ਨੂੰ ਗ਼ਜ਼ਲ 'ਤਾਂਘ ਨਾ ਜਜ਼ਬਾ ਕੋਈ ਨਾ ਹੀ ਪਤਾ ਔਕਾਤ ਕੀ, ਜ਼ਿੰਦਗੀ ਉਨ੍ਹਾਂ ਨੂੰ ਦੇਵੇਗੀ ਭਲਾਂ ਸੌਗਾਤ ਕੀ' ਸੁਣਾਈ, ਸ਼ਾਇਰ ਟੀ. ਲੋਚਨ ਨੇ ਗ਼ਜ਼ਲ 'ਸਬਬ ਬਣਿਆ ਕਿ ਤੂੰ ਜੀਵਨ 'ਚ ਆਇਆ ਬੜਾ ਹੀ ਖੁਸ਼ਨੁਮਾ ਵੇਲਾ ਬਿਤਾਇਆ' ਅਤੇ ਸ਼ਾਇਰ ਸ. ਨਸੀਮ ਨੇ ਗ਼ਜ਼ਲ 'ਤੁਸੀਂ ਬਹਾਰਾਂ ਦੀ ਮੌਜ ਮਾਣੋ ਅਸੀਂ ਖ਼ਜ਼ਾਵਾਂ 'ਚ ਸਾਹ ਲਈਏ, ਇਹ ਰਾਹ ਕਿੱਦਾਂ ਕਬੂਲ ਕਰੀਏ, ਇਹ ਜ਼ੁਲਮ ਕਿੱਦਾਂ ਸਹਾਰ ਲਈਏ' ਸੁਣਾਈ, ਸ਼ਾਇਰ ਜਗਤਾਰ ਸੇਖਾ ਨੇ ਦੋ ਗ਼ਜ਼ਲਾਂ ਸੁਣਾਈਆਂ ਇਕ ਗ਼ਜ਼ਲ ਦਾ ਮਤਲਾ ਪੇਸ਼ ਹੈ 'ਮੌਤ ਹੱਥ ਆਉਂਦੀ ਨਹੀਂ ਤੇ ਜ਼ਿੰਦਗੀ ਨਾਰਾਜ਼ ਹੈ, ਸਾਹ ਤਾਂ ਚਲਦੇ ਨੇ ਬਸ ਧੜਕਨ ਮੇਰੀ ਨਾਰਾਜ਼ ਹੈ'। ਇਸ ਉਪਰੰਤ ਉੱਘੇ ਗੀਤਕਾਰ ਹਰਬੰਸ ਮਾਲਵਾ ਨੇ ਗੀਤ ਸ਼ਾਇਰੀ ਦਾ ਇਕ ਰੂਪ ਗ਼ਜ਼ਲ ਹੈ, ਰੂਪਾਂ ਵਿਚ ਅਨੂਪ ਗ਼ਜ਼ਲ ਹੈ' ਸੁਣਾਇਆ। ਪੜ੍ਹੀਆਂ ਗਈਆਂ ਰਚਨਾਵਾਂ 'ਤੇ ਹਾਜ਼ਰ ਸਾਹਿਤਕਾਰਾਂ ਨੇ ਉਸਾਰੂ ਬਹਿਸ ਕੀਤੀ। ਅੰਤ 'ਚ ਪ੍ਰਧਾਨ ਟੀ. ਲੋਚਨ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸਟੇਜ ਸਕੱਤਰੀ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਬਾਖ਼ੂਬੀ ਨਿਭਾਈ।

28-Dec-PAGE-11-Majha-23-Finak.qxd 12/27/2023 9:57 PM Page 1



# ਸਾਹਿਬਜ਼ਾਦਿਆਂ ਨੂੰ ਸਮਰਪਿਤ ਪਿੰਡ ਚੱਕ ਵੱਸਣ 'ਚ ਧਾਰਮਿਕ ਸਮਾਗਮ ਕਰਵਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਾਹਿਬ-ਏ-ਕਮਾਲ, ਉਦਾਰ ਚਿੱਤ, ਤਲਵਾਰ ਦੇ ਧਨੀ, ਸਰਬੰਸ ਦਾਨੀ, ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕਰਦਿਆਂ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵੱਲੋਂ ਆਰੰਭੀ ਸਪਤਾਹਿਕ ਸਮਾਗਮਾਂ ਦੀ ਮੁਹਿੰਮ ਨੂੰ ਜਾਰੀ ਰੱਖਦਿਆਂ ਪਿੰਡ ਚੱਕ ਵੱਸਣ ਵਿਖੇ ਚਾਰ ਸਾਹਿਬਜ਼ਾਦਿਆਂ, ਮਾਤਾ ਗੁਜਰ ਕੌਰ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ ਕਵਿਤਾਵਾਂ, ਕਵੀਸ਼ਰੀਆਂ, ਭਾਸ਼ਣ ਰਾਹੀਂ ਸੰਗਤਾਂ ਨੂੰ ਇਤਿਹਾਸ ਬਾਰੇ ਜਾਣੂ ਕਰਵਾਇਆ ਗਿਆ। ਇਸ ਤੋਂ ਇਲਾਵਾ ਸੰਸਥਾ ਦੇ ਰਾਗੀ ਜਥੇ ਭਾਈ ਸਾਹਿਬ ਪ੍ਰਭਜਿੰਦਰ ਸਿੰਘ ਦੀ ਅਗਵਾਈ ਹੇਠ ਰਸਭਿੰਨਾ ਕੀਰਤਨ ਸਮਾਗਮ ਕਰਵਾ ਕੇ ਇਸ ਲਾਸਾਨੀ ਸ਼ਹਾਦਤ ਨੂੰ ਨਮਨ ਕਰਦਿਆਂ ਸ਼ਰਧਾਂਜਲੀ ਦਿੱਤੀ ਗਈ। ਸਮਾਗਮ ਵਿੱਚ ਪਿੰਡ ਦੀ ਸੰਗਤ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਸੰਗਤ ਨੂੰ ਸਿੱਖ ਇਤਿਹਾਸ ਨਾਲ ਜੋੜਦਿਆਂ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਤੋਂ ਦੂਰ ਰਹਿਣ ਅਤੇ ਚੜ੍ਹਦੀ ਕਲਾ ਵਿੱਚ ਰਹਿਣ ਲਈ ਪ੍ਰੇਰਿਆ ਗਿਆ। ਇਸੇ ਤਰ੍ਹਾਂ ਹਰ ਸਾਲ ਧਾਰਮਿਕ ਸਮਾਗਮ ਕਰਾਉਣ ਦਾ ਪ੍ਰਣ ਲਿਆ। ਇਸ ਮੌਕੇ ਇਲਾਕੇ ਦੇ ਨੁਮਾਇੰਦੇ ਅਤੇ ਸਮਾਗਮ ਕੋਆਰਡੀਨੇਟਰ ਮੈਡਮ ਬਲਜੀਤ ਕੌਰ ਰਿਆੜ, ਸਰਪੰਚ ਸਰਬਜੀਤ ਸਿੰਘ, ਗੁਰਪਾਲ ਸਿੰਘ, ਨਿਰਮਲ ਸਿੰਘ, ਅੰਗਰੇਜ਼ ਸਿੰਘ, ਬਾਬਾ ਲਖਬੀਰ ਸਿੰਘ, ਸਰਵਨ ਸਿੰਘ ਅਤੇ ਪਿੰਡ ਦੀ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਮੋਤੀ ਮਹਿਰਾ ਨੂੰ ਯਾਦ ਕਰਦਿਆਂ ਦੁੱਧ ਦੇ ਲੰਗਰਾਂ ਦੀ ਸੇਵਾ ਕੀਤੀ ਗਈ ਤੇ ਸਕੂਲ ਦੇ ਸ਼ਲਾਘਾਯੋਗ ਉਪਰਾਲੇ ਨੂੰ ਸਲਾਹੁੰਦੇ ਹੋਏ ਕਿਹਾ ਕਿ ਹਰ ਹੀ ਵਿਦਿਅਕ ਢਾਂਚਿਆਂ ਨੂੰ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਸੇਧ ਦੇਣ ਲਈ ਇਸੇ ਤਰ੍ਹਾਂ ਦੇ ਧਾਰਮਿਕ ਸਮਾਗਮ ਕਰਾਉਣੇ ਚਾਹੀਦੇ ਹਨ, ਨਾ ਕਿ ਇਨ੍ਹਾਂ ਦਿਨਾਂ ਨੂੰ ਛੁੱਟੀਆਂ ਕਰਕੇ ਮਨਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਨਾਲ ਆਉਣ ਵਾਲੀਆਂ ਪੀੜ੍ਹੀਆਂ ਆਪਣੇ ਇਤਿਹਾਸ ਨਾਲ ਜੁੜੀਆਂ ਰਹਿਣ ਅਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਰੱਖਣਗੀਆਂ। ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੇ ਪ੍ਰਬੰਧਕ ਗਗਨਦੀਪ ਸਿੰਘ ਨੇ ਦੱਸਿਆ ਕਿ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਅਤੇ ਰਿਆੜਕੀ ਕਾਲਜ ਤੁਗਲਵਾਲਾ ਦੇ ਵਿਦਿਆਰਥੀਆਂ ਵੱਲੋਂ ਸ਼ਹਾਦਤ ਦਿਹਾੜਿਆਂ ਨੂੰ ਮਨਾਉਣ ਦੀ ਇਹ ਮੁਹਿੰਮ ਇਲਾਕੇ ਦੇ ਪਿੰਡਾਂ ਵਿੱਚ ਪਿੰਡਾਂ ਦੇ ਸਹਿਯੋਗ ਨਾਲ ਵੱਡੀ ਪੱਧਰ 'ਤੇ ਮਨਾਈ ਜਾ ਰਹੀ ਹੈ।

# ਭਾਜਪਾ ਵਰਕਰਾਂ ਦੀ ਮੀਟਿੰਗ 'ਚ ਸੋਮਾ ਨੂੰ ਬਣਾਇਆ ਐੱਸ ਈ ਵਿੰਗ ਦਾ ਪ੍ਰਧਾਨ

ਮਜੀਠਾ (ਸੋਲਿਮ ਆਨੰਦ)-ਮਜੀਠਾ ਦੇ ਭਾਜਪਾ ਵਰਕਰਾਂ ਦੀ ਇੱਕ ਹੰਗਾਮੀ ਮੀਟਿੰਗ ਹਲਕਾ ਮਜੀਠਾ ਦੇ ਭਾਜਪਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਦੀ ਪ੍ਰੇਰਨਾ ਸਦਕਾ ਅੰਮ੍ਰਿਤਸਰ ਦੇ ਜਨਰਲ ਸਕੱਤਰ ਰਕੇਸ਼ ਕੁਮਾਰ ਪੱਪਾ ਦੀ ਰਹਿਨੁਮਾਈ ਹੇਠ ਅਤੇ ਬਲਾਕ ਸਿਟੀ ਪ੍ਰਧਾਨ ਅਰੁਨ ਨੰਦਾ ਅਤੇ ਗੁਲਸ਼ਨ ਚੌਹਾਨ ਦੀ ਅਗਵਾਈ ਹੇਠ ਵਾਰਡ ਨੰਬਰ 4 ਤੋਂ ਭਾਜਪਾ ਇੰਚਾਰਜ ਗੋਪੀ ਦੇ ਗ੍ਰਹਿ ਵਿਖੇ ਹੋਈ ਜਿਸ ਵਿਚ ਬਹੁਤ ਸਾਰੀਆਂ ਬੀਬੀਆਂ ਨੇ ਭਾਗ ਲਿਆ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਸਿਟੀ ਪ੍ਰਧਾਨ ਅਰੁਨ ਨੰਦਾ ਤੇ ਚੌਹਾਨ ਨੇ ਕਿਹਾ ਕਿ ਕੇਂਦਰ ਵਿੱਚ ਭਾਜਪਾ ਦੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਚੱਲ ਰਹੀ ਹੈ ਤੇ ਦੇਸ਼ ਨੂੰ ਹਰੇਕ ਤਰ੍ਹਾਂ ਦੀ ਗਰੰਟੀ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਜਦ ਦੀ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਆਈ ਹੈ ਦੇਸ਼ ਤਰੱਕੀ ਦੀਆਂ ਲੀਹਾਂ ਤੇ ਵਧਦਾ ਜਾ ਰਿਹਾ ਹੈ ਤੇ ਹਰੇਕ ਵਰਗ ਲਈ ਤਰਾਂ ਤਰਾਂ ਦੀਆਂ ਸਹੂਲਤਾਂ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਭਾਜਪਾ ਨੂੰ ਹਲਕਾ ਮਜੀਠਾ ਵਿੱਚ ਪਹਿਲੇ ਸਥਾਨ ਤੇ ਲਿਆਂਦਾ ਜਾਵੇਗਾ। ਇਸ ਮੌਕੇ ਬੀਬੀ ਸੋਮਾ ਨੂੰ ਸਰਬਸੰਮਤੀ ਨਾਲ ਮਜੀਠਾ ਤੋਂ ਐੱਸੀ ਮਹਿਲਾ ਵਿੰਗ ਭਾਜਪਾ ਦਾ ਇੰਚਾਰਜ ਬਣਾਇਆ ਗਿਆ ਅਤੇ ਬਾਕੀ ਅਹੁਦੇਦਾਰਾਂ ਨੂੰ ਜਲਦੀ ਚੁਣ ਲਿਆ ਜਾਵੇਗਾ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਰਕੇਸ਼ ਕੁਮਾਰ ਪੱਪਾ, ਬਲਾਕ ਸਿਟੀ ਪ੍ਰਧਾਨ ਅਰੁਨ ਨੰਦਾ, ਗੁਲਸ਼ਨ ਚੌਹਾਨ, ਸਕੱਤਰ ਲਲਿਤ ਕੁਮਾਰ ਸੈਕਟਰੀ ਮਜੀਠਾ ਦਵਿੰਦਰ ਸਿੰਘ ਮਾਹਲਾ, ਗੋਪੀ ਮਜੀਠਾ, ਗੋਲਡੀ ਚੌਹਾਨ, ਜੈਮਲ ਸਿੰਘ, ਅਸ਼ਵਨੀ ਤਕਿਆਰ, ਗੱਬਰ ਸਿੰਘ, ਮਹਿਲਾ ਵਿੰਗ ਬਲਾਕ ਪ੍ਰਧਾਨ ਸੁਨੀਤਾ, ਮੀਤ ਪ੍ਰਧਾਨ ਜਸਬੀਰ ਕੌਰ, ਬੀਬੀ ਸੋਮਾ, ਸੁਨੀਤਾ ਕੌਰ ਤੋਂ ਇਲਾਵਾ ਬਹੁਤ ਸਾਰੇ ਭਾਜਪਾ ਵਰਕਰ ਹਾਜ਼ਰ ਸਨ।

# 'ਮੇਰਾ ਘਰ ਮੇਰੇ ਨਾਮ' ਸਕੀਮ ਅਧੀਨ ਚੱਲ ਰਹੇ ਕੰਮਾਂ ਬਾਬਤ ਐੱਸ ਡੀ ਐੱਮ ਮਜੀਠਾ ਵੱਲੋਂ ਮੀਟਿੰਗ

ਮਜੀਠਾ (ਸੋਲਿਮ ਆਨੰਦ)-ਪੰਜਾਬ ਵਿਚ ਪਿਛਲੇ ਲੰਮੇ ਸਮੇਂ ਤੋਂ ਪਿੰਡਾਂ ਵਿਚ ਲਾਲ ਲਕੀਰ ਦੇ ਅੰਦਰ ਬਿਨਾਂ ਮਾਲਕੀ ਸਬੂਤਾਂ ਦੇ ਰਹਿ ਰਹੇ ਪਰਿਵਾਰਾਂ ਨੂੰ ਵੱਡੀ ਰਾਹਤ ਦਿੰਦੇ ਹੋਏ ਪੰਜਾਬ ਸਰਕਾਰ ਨੇ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪਿੰਡਾਂ ਵਿਚ ਰਹਿ ਰਹੇ ਇਨ੍ਹਾਂ ਪਰਿਵਾਰਾਂ ਨੂੰ ਰਜਿਸਟਰਡ ਕਰਨ ਦਾ ਫੈਸਲਾ ਲਿਆ ਹੈ ਜਿਸ ਤਹਿਤ ਮਾਲ ਅਧਿਕਾਰੀਆਂ ਨੂੰ ਇਨ੍ਹਾਂ ਪਰਿਵਾਰਾਂ ਦਾ ਪਤਾ ਲਗਾ ਕੇ ਇਨ੍ਹਾਂ ਦੀ ਨਿਸ਼ਾਨਦੇਹੀ ਕਰਵਾ ਕੇ ਇਨ੍ਹਾਂ ਨੂੰ ਮਾਲਕੀ ਦੇ ਹੱਕ ਦੇਣ ਲਈ ਕਿਹਾ ਗਿਆ ਹੈ ਜਿਸ ਤਹਿਤ ਸਬ ਡਵੀਜ਼ਨ ਮਜੀਠਾ ਅਧੀਨ ਆਉਂਦੇ ਪਿੰਡਾਂ ਦੇ ਇਨ੍ਹਾਂ ਪਰਿਵਾਰਾਂ ਦੀ ਨਿਸ਼ਾਨਦੇਹੀ ਕਰਨ ਲਈ ਐੱਸਡੀਐੱਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਨੇ ਜ਼ਿਲ੍ਹਾ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਅਨੁਸਾਰ ਤਹਿਸੀਲਦਾਰ ਮਜੀਠਾ ਰਤਨਜੀਤ ਖੁੱਲਰ ਅਤੇ ਬੀਡੀਪੀਓ ਮਜੀਠਾ ਜਸਬੀਰ ਕੌਰ ਅਤੇ ਸਬੰਧਤ ਮਾਲ ਕਰਮਚਾਰੀਆਂ ਦੀ ਡਿਊਟੀ ਲਗਾਈ ਸੀ ਅਤੇ ਰਿਪੋਰਟ ਤਿਆਰ ਕਰਕੇ ਪੇਸ਼ ਕਰਨ ਦਾ ਆਦੇਸ਼ ਦਿੱਤਾ ਸੀ ਜਿਸ ਦੀ ਸਮੀਖਿਆ ਸਬੰਧੀ ਐੱਸਡੀਐੱਮ ਦਫਤਰ ਮਜੀਠਾ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਵਿਚ ਇਸ ਸਕੀਮ ਦੀ ਸਾਰੀ ਸਥਿਤੀ ਦਾ ਜਾਇਜ਼ਾ ਲਿਆ ਗਿਆ ਅਤੇ ਬਣੀਆਂ ਹੋਈਆਂ ਲਿਸਟਾਂ ਪ੍ਰਾਪਤ ਕੀਤੀਆਂ ਗਈਆਂ ਅਤੇ ਰਹਿੰਦੇ ਕੰਮ ਨੂੰ ਜਲਦੀ ਤੋਂ ਜਲਦੀ ਨਿਪਟਾਉਣ ਦੀਆਂ ਹਦਾਇਤਾਂ ਕੀਤੀਆਂ ਗਈਆਂ। ਇਸ ਮੌਕੇ ਡਾ: ਢਿੱਲੋਂ ਨੇ ਗੱਲਬਾਤ ਦੌਰਾਨ ਕਿਹਾ ਕਿ ਇਸ ਨਾਲ ਪਿੰਡਾਂ ਵਿਚ ਵੱਸਦੇ ਅਨੇਕਾਂ ਪਰਿਵਾਰ ਜਿਹੜੇ ਕਿ ਲਾਲ ਲਕੀਰ ਦੇ ਅੰਦਰ ਇਲਾਕੇ ਵਿਚ ਰਹਿ ਰਹੇ ਹਨ ਪਰ ਉਹ ਹੁਣ ਤੱਕ ਰਿਕਾਰਡ ਵਿਚ ਮਾਲਕ ਨਹੀਂ ਹਨ, ਨੂੰ ਵੱਡੀ ਰਾਹਤ ਮਿਲੇਗੀ। ਜਿਹੜੇ ਪਿਛਲੇ ਲੰਮੇ ਸਮੇਂ ਤੋਂ ਜਿਨ੍ਹਾਂ ਘਰਾਂ ਵਿਚ ਰਹਿ ਰਹੇ ਹਨ ਪਰ ਉਹ ਇਨ੍ਹਾਂ ਘਰਾਂ ਦੇ ਮਾਲਕ ਨਹੀਂ ਬਣ ਸਕੇ ਸਨ ਉਨ੍ਹਾਂ ਨੂੰ ਮਾਲਕੀ ਹੱਕ ਦਿਵਾਉਣ ਨਾਲ ਉਹ ਹੁਣ ਆਪਣੇ ਘਰਾਂ ਦੇ ਪੱਕੇ ਮਾਲਕ ਬਣ ਜਾਣਗੇ। ਇਸ ਮੌਕੇ ਐੱਸਡੀਐੱਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਨਾਲ ਤਹਿਸੀਲਦਾਰ ਰਤਨਜੀਤ ਖੁੱਲਰ, ਬੀਡੀਪੀਓ ਮਜੀਠਾ ਜਸਬੀਰ ਕੌਰ, ਗੌਰਵ ਵਰਿੰਦਰ ਭਾਟੀਆ, ਦੀਪਕ ਭੱਟੀ, ਮੇਜਰ ਸਿੰਘ, ਅੰਮ੍ਰਿਤਪਾਲ ਸਿੰਘ, ਕਾਨੂੰਗੋ ਨਰਿੰਦਰ ਕੁਮਾਰ, ਕਾਨੂੰਗੋ ਅਸ਼ਵਨੀ ਕੁਮਾਰ, ਰੁਪਿੰਦਰ ਕੌਰ, ਪਟਵਾਰੀ ਜਸਵਿੰਦਰ ਸਿੰਘ ਬੇਦੀ, ਮੇਜਰ ਸਿੰਘ, ਹਰਪ੍ਰੀਤ ਸਿੰਘ, ਕਵਲਅਵਤਾਰ ਸਿੰਘ, ਮਨਬੀਰ ਸਿੰਘ ਮੱਲ੍ਹੀ, ਸੰਜੀਵ ਕੁਮਾਰ, ਇੰਦਰਜੀਤ ਸਰਮਾ ਆਦਿ ਹਾਜ਼ਰ ਸਨ।



# ਪਹੂਵਿੰਡ ਵਿਖੇ 58ਵੀਂ ਪੰਜਾਬ ਸਟੇਟ ਕਰਾਸ ਕੰਟਰੀ ਚੈਂਪੀਅਨਸ਼ਿਪ ਆਯੋਜਿਤ

## * ਇੰਡੀਅਨ ਏਅਰ ਫੋਰਸ ਵੱਲੋਂ ਭੇਜੀ ਗਈ ਤਿੰਨ ਆਬਜ਼ਰਵਰਾਂ ਦੀ ਟੀਮ



ਭਿੱਖੀਵਿੰਡ/ਖਾਲੜਾ(ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਐਥਲੈਟਿਕਸ ਐਸੋਸੀਏਸ਼ਨ ਤਰਨ ਤਾਰਨ ਦੇ ਚੀਫ ਪੈਟਰਨ ਅਤੇ ਕੈਬਨਿਟ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਦੇ ਦਿਸ਼ਾ-ਨਿਰਦੇਸ਼ਾਂ ਹੇਠ 58ਵੀਂ ਪੰਜਾਬ ਸਟੇਟ ਕਰਾਸ ਕੰਟਰੀ ਚੈਂਪੀਅਨਸ਼ਿਪ ਦਾ ਆਯੋਜਨ ਪਿੰਡ ਪਹੂਵਿੰਡ ਵਿਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਫਾਊਂਡੇਸ਼ਨ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਮੌਕੇ ਚੇਅਰਮੈਨ ਪੰਜਾਬ ਖਾਦੀ ਬੋਰਡ ਬਲਜੀਤ ਸਿੰਘ, ਹਲਕਾ ਖੇਮਕਰਨ ਤੋਂ ਵਿਧਾਇਕ ਸਰਵਨ ਸਿੰਘ ਧੁੰਨ ਦੇ ਸਿਆਸੀ ਸਲਾਹਕਾਰ ਹਰਵਿੰਦਰ ਸਿੰਘ ਬੁਰਜ, ਡੀਐੱਸਪੀ ਭਿੱਖੀਵਿੰਡ ਪ੍ਰੀਤਇੰਦਰ ਸਿੰਘ, ਐੱਸਐੱਚਓ ਭਿੱਖੀਵਿੰਡ ਗੁਰਚਰਨ ਸਿੰਘ ਅਤੇ ਐੱਸਐੱਚਓ ਵਲਟੋਹਾ ਉਪਕਾਰ ਸਿੰਘ ਵੱਲੋਂ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਗਈ। ਦੱਸਣਯੋਗ ਹੈ ਕਿ ਇੰਡੀਅਨ ਏਅਰ ਫੋਰਸ ਵੱਲੋਂ ਭੇਜੇ ਗਏ ਚੇਅਰਮੈਨ ਸੰਦੀਪ ਮਹਿਤਾ, ਮੈਂਬਰ ਰਾਜਕੁਮਾਰ ਮਿੱਤਲ ਅਤੇ ਹਰਜਿੰਦਰ ਸਿੰਘ ਵੱਲੋਂ ਬਤੌਰ ਆਬਜ਼ਰਵਰ ਡਿਊਟੀ ਨਿਭਾਈ ਗਈ। ਇਸ ਮੌਕੇ ਸ਼ਹੀਦ ਬਾਬਾ ਦੀਪ ਸਿੰਘ ਜੀ ਫਾਊਂਡੇਸ਼ਨ ਦੇ ਪ੍ਰਧਾਨ ਕਰਨਲ ਹਰੀਸਿਮਰਨ ਸਿੰਘ ਨੇ ਦੱਸਿਆ ਕਿ ਇਸ ਕਰਾਸ ਕੰਟਰੀ ਚੈਂਪੀਅਨਸ਼ਿਪ ਵਿੱਚ ਪੰਜਾਬ ਭਰ 'ਚੋਂ ਦਸ ਕਿਲੋਮੀਟਰ, ਅੱਠ ਕਿਲੋਮੀਟਰ, ਛੇ ਕਿਲੋਮੀਟਰ, ਚਾਰ ਕਿਲੋਮੀਟਰ ਅਤੇ ਦੋ ਕਿਲੋਮੀਟਰ ਤੱਕ ਦੌੜਨ ਵਾਲੇ ਖਿਡਾਰੀਆਂ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਦਸ ਕਿਲੋਮੀਟਰ ਕਰਾਸ ਕੰਟਰੀ ਦੌੜਾਂ ਦੇ ਪੁਰਸ਼ ਵਰਗ ਵਿੱਚ ਵਰਿੰਦਰ ਸਿੰਘ ਲੁਧਿਆਣਾ ਨੇ ਪਹਿਲੇ ਸਥਾਨ, ਵਿਸ਼ਨੂੰਵੀਰ ਸਿੰਘ ਨੇ ਦੂਜੇ ਅਤੇ ਸਿਮਰਨ ਸਿੰਘ ਨੇ ਤੀਸਰੇ ਸਥਾਨ 'ਤੇ ਕਬਜ਼ਾ ਕੀਤਾ। ਇਸ ਤਰ੍ਹਾਂ ਇੱਕ ਕਿਲੋਮੀਟਰ ਵਿੱਚ ਹੁਸ਼ਿਆਰਪੁਰ ਤੋਂ ਅਨੁਸ਼ਕਾ ਨੇ ਪਹਿਲਾਂ ਸਥਾਨ, ਜੋਤੀ ਨੇ ਦੂਸਰਾ ਸਥਾਨ ਅਤੇ ਪ੍ਰਭਜੋਤ ਕੌਰ ਲੁਧਿਆਣਾ ਨੇ ਤੀਸਰਾ ਸਥਾਨ ਹਾਸਲ ਕੀਤਾ ਹੈ। ਇਸ ਮੌਕੇ ਹਰੀਸਿਮਰਨ ਸਿੰਘ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਚੰਗੀ ਸਿਹਤ ਲਈ ਅਜਿਹੀਆਂ ਖੇਡਾਂ ਕਰਵਾਉਣੀਆਂ ਬਹੁਤ ਜ਼ਰੂਰੀ ਹਨ।

ਹਰੀਸਿਮਰਨ ਸਿੰਘ ਨੇ ਦੱਸਿਆ ਪਹੂਵਿੰਡ ਸਾਹਿਬ ਦੇ ਖੇਡ ਸਟੇਡੀਅਮ ਨੂੰ ਅੰਤਰਰਾਸ਼ਟਰੀ ਪੱਧਰ ਦਾ ਖੇਡ ਸਟੇਡੀਅਮ ਬਣਾਉਣਾ ਉਨ੍ਹਾਂ ਦੇ ਜੀਵਨ ਦਾ ਮੁੱਖ ਉਦੇਸ਼ ਹੈ। ਦੱਸਣਯੋਗ ਹੈ ਕਿ ਜੇਤੂ ਖਿਡਾਰੀਆਂ ਨੂੰ ਮੈਡਲਾਂ ਅਤੇ ਮੀਮੈਂਟੋਜ਼ ਨਾਲ ਸਨਮਾਨਿਤ ਕੀਤਾ ਗਿਆ ਅਤੇ ਭਾਗ ਲੈਣ ਵਾਲੇ ਸਾਰੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਲਈ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦਿੱਤੇ ਗਏ। ਜ਼ਿਕਰਯੋਗ ਹੈ ਕਿ ਦੌੜਾਕਾਂ ਵਾਸਤੇ ਰਸਤੇ ਵਿੱਚ ਪਾਣੀ ਅਤੇ ਮੈਡੀਕਲ ਸੁਵਿਧਾਵਾਂ ਦਾ ਖਾਸ ਪ੍ਰਬੰਧ ਕੀਤਾ ਗਿਆ ਸੀ।

ਇਸ ਮੌਕੇ ਕੈਪਟਨ ਬਲਵੰਤ ਸਿੰਘ ਪਹੂਵਿੰਡ, ਮੈਨੇਜਰ ਪ੍ਰਭਜੋਤ ਸਿੰਘ, ਸੁਖਜੀਤ ਸਿੰਘ ਰੋਜ਼ੀ, ਲਿਖਾਰੀ ਸਰਵਣ ਸਿੰਘ, ਜੋਗਾ ਸਿੰਘ, ਪ੍ਰਧਾਨ ਸਰੂਪ ਸਿੰਘ ਢੋਟੀਆਂ, ਸੈਕਟਰੀ ਹਰਜੀਤ ਸਿੰਘ, ਕੋਚ ਬਲਜਿੰਦਰ ਸਿੰਘ ਮੰਡ, ਕੋਚ ਕਰਨਜੀਤ ਸਿੰਘ ਪੱਟੀ, ਸ਼ਮਸ਼ੇਰ ਸਿੰਘ, ਕੋਚ ਅਰਵਿੰਦ ਕੌਰ ਸਭਰਾ, ਸੁਰਜੀਤ ਸਿੰਘ ਧਨੋਆ, ਮਲਕੀਤ ਸਿੰਘ ਚੇਅਰਮੈਨ, ਸਰਦਾਰਾ ਸਿੰਘ ਸਭਰਾ, ਗੁਰਿੰਦਰ ਸਿੰਘ ਮੱਟੂ ਅੰਮ੍ਰਿਤਸਰ, ਜਸਮੀਤ ਕੌਰ, ਕੋਚ ਅੰਗਰੇਜ਼ ਸਿੰਘ ਦਦੇਹਰ ਸਾਹਿਬ, ਗੁਰਸੇਵਕ ਸਿੰਘ ਸੰਗਵਾ, ਕੋਚ ਰਸ਼ਪਾਲ ਸਿੰਘ ਫੌਜੀ ਅੰਮ੍ਰਿਤਸਰ, ਪ੍ਰੇਮ ਸਿੰਘ ਸੈਕਟਰੀ ਲੁਧਿਆਣਾ, ਕੋਚ ਕੁਲਵੰਤ ਸਿੰਘ ਟਾਂਡਾ, ਕੋਚ ਬਲਦੇਵ ਸਿੰਘ ਜਲੰਧਰ, ਕੋਚ ਕੁਲਦੀਪ ਸਿੰਘ ਕਾਲੇ, ਕੋਚ ਅਮਨਦੀਪ ਸਿੰਘ ਤਰਨ ਤਾਰਨ, ਕੋਚ ਗੁਰਜੀਤ ਸਿੰਘ ਬਹਾਦਰ ਨਗਰ, ਕੋਚ ਬਲਬੀਰ ਸਿੰਘ ਸੁਰਸਿੰਘ, ਏਐੱਸਆਈ ਤਜਿੰਦਰ ਸਿੰਘ ਟੋਨੀ, ਕੋਚ ਅਮਰੀਕ ਸਿੰਘ ਜਲੰਧਰ, ਕੋਚ ਗੁਰਦੀਪ ਸਿੰਘ ਜਲੰਧਰ, ਕੋਚ ਸੁਖਰਾਜ ਸਿੰਘ ਸਾਂਧਰਾ, ਗੁਰਸਰਨ ਸਿੰਘ ਸੈਕਟਰੀ ਪਠਾਨਕੋਟ, ਰਛਪਾਲ ਸਿੰਘ ਪਠਾਨਕੋਟ, ਹਰਜਿੰਦਰ ਸਿੰਘ ਚੇਅਰਮੈਨ, ਸੀਨੀਅਰ ਕੋਚ ਜਲੰਧਰ ਪਲਵਿੰਦਰ ਸਿੰਘ, ਸੁਖਬੀਰ ਸਿੰਘ ਟਾਂਡਾ, ਬਲਰਾਜ ਸਿੰਘ, ਡੀਪੀ ਗੁਰਸੇਵਕ ਸਿੰਘ, ਡੀਪੀ ਚੇਤਨ ਸੰਧੂ, ਜਸਵਿੰਦਰ ਸਿੰਘ ਕਪੂਰਥਲਾ, ਪਰਮਜੀਤ ਸਿੰਘ ਤਰਨ ਤਾਰਨ, ਨੰਬਰਦਾਰ ਚਾਨਣ ਸਿੰਘ ਪਹੂਵਿੰਡ ਆਦਿ ਹਾਜ਼ਰ ਸਨ।

# ਅਧਿਆਪਕ ਦਲ ਪੰਜਾਬ ਦੇ ਸੂਬਾ ਪ੍ਰਧਾਨ ਬਾਜ ਸਿੰਘ ਖਹਿਰਾ ਦਾ ਰਿਟਾਇਰਮੈਂਟ ਮੌਕੇ ਸਨਮਾਨ



ਟਾਂਗਰਾ (ਲਾਡੀ ਮੱਲ੍ਹੀ)-ਚੰਦੀ ਪੈਲੇਸ ਖਲਚੀਆਂ ਵਿਖੇ ਬਾਜ ਸਿੰਘ ਖਹਿਰਾ ਦੀ ਰਿਟਾਇਰਮੈਂਟ ਮੌਕੇ ਸਨਮਾਨ ਸਮਾਰੋਹ ਕੀਤਾ ਗਿਆ ਜਿਸ ਵਿੱਚ ਅਧਿਆਪਕ ਦਲ ਪੰਜਾਬ (ਜਹਾਂਗੀਰ) ਦੇ ਸਾਰੇ ਜ਼ਿਲ੍ਹਿਆਂ ਦੇ ਜ਼ਿਲ੍ਹਾ ਪ੍ਰਧਾਨ, ਜਨਰਲ ਸਕੱਤਰ ਅਤੇ ਸਟੇਟ ਕਮੇਟੀ ਦੇ ਮੈਂਬਰਾਨ ਜਿਸ ਵਿੱਚ ਜਥੇਬੰਦੀਆਂ ਇਪਲਾਈਜ਼ ਫੈਡਰੇਸ਼ਨ ਪੰਜਾਬ ਰਾਜ ਬਿਜਲੀ ਬੋਰਡ (ਪਹਿਲਵਾਨ ਗਰੁੱਪ), ਸਟੇਟ ਕਰਮਚਾਰੀ ਦਲ ਪੰਜਾਬ, ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਪੰਜਾਬ, ਈ. ਟੀ. ਟੀ . ਯੂਨੀਅਨ ਪੰਜਾਬ (ਕਾਹਲੋਂ ਗਰੁੱਪ), ਐੱਸਐੱਲਏ ਯੂਨੀਅਨ ਪੰਜਾਬ ਵੱਲੋਂ ਖਹਿਰਾ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮੇਂ ਖਹਿਰਾ ਵੱਲੋਂ ਕੀਤੇ ਸਮਾਜ ਸੇਵੀ ਕੰਮਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ ਗਈ। ਅਧਿਆਪਕ ਦਲ ਪੰਜਾਬ (ਜਹਾਂਗੀਰ) ਵੱਲੋਂ ਪਿਛਲੇ ਸਮੇਂ ਕੀਤੀਆਂ ਵੱਖ -ਵੱਖ ਪ੍ਰਾਪਤੀਆਂ ਦਾ ਜ਼ਿਕਰ ਕੀਤਾ ਗਿਆ, ਜਿਨ੍ਹਾਂ ਵਿੱਚ 89 ਦਿਨਾਂ ਵਾਲੇ ਅਧਿਆਪਕਾਂ ਨੂੰ ਪੱਕੇ ਕਰਾਉਣਾ, ਪੇਂਡੂ ਭੱਤਾ ਲਾਗੂ ਕਰਾਉਣਾ, ਦੂਜੇ ਸ਼ਨੀਵਾਰ ਦੀ ਛੁੱਟੀ ਕਰਾਉਣਾ, ਅਧਿਆਪਕਾਂ ਦਾ ਜੀਪੀਐੱਫ ਡੀਡੀਓ ਪੱਧਰ ਤੇ ਲਿਆਉਣਾ, ਪਿਛਲੇ ਪੇ-ਕਮਿਸ਼ਨ ਵਿੱਚ ਅਧਿਆਪਕਾਂ ਲਈ ਟਾਈਪੋਗਰਾਫੀਕਲ ਗਲਤੀ ਕਰਕੇ ਸੋਧੇ ਗਰੇਡ ਲਾਗੂ ਕਰਾਉਣਾ ਆਦਿ। ਇਸ ਸਮੇਂ ਸਵ. ਨਛੱਤਰ ਸਿੰਘ ਜਹਾਂਗੀਰ ਦੇ ਕੀਤੇ ਮਹਾਨ ਕਾਰਜਾਂ ਬਾਰੇ ਵੀ ਚਾਨਣਾ ਪਾਇਆ ਗਿਆ। ਵੱਖ-ਵੱਖ ਬੁਲਾਰਿਆਂ ਵੱਲੋਂ ਮੌਜੂਦਾ ਸਰਕਾਰ ਕੋਲੋਂ ਵਾਅਦਿਆਂ ਅਨੁਸਾਰ ਪੁਰਾਣੀ ਪੈਨਸ਼ਨ ਬਹਾਲ ਕਰਨ, ਕੱਚੇ ਅਧਿਆਪਕਾਂ ਅਤੇ ਕੰਪਿਊਟਰ ਅਧਿਆਪਕਾਂ ਨੂੰ ਸੀ. ਐੱਸ. ਆਰ. ਦੇ ਨਿਯਮਾਂ ਅਨੁਸਾਰ ਪੱਕੇ ਕਰਨ, ਅਧਿਆਪਕਾਂ ਲਈ 2018 ਦੇ ਨਿਯਮ ਰੱਦ ਕੀਤੇ ਜਾਣ, ਪੇਂਡੂ ਭੱਤਾ ਬਹਾਲ ਕਰਨ ਦੀ ਮੰਗ ਕੀਤੀ ਗਈ। ਇਹ ਵੀ ਮੰਗ ਕੀਤੀ ਗਈ ਕਿ 2011 ਵਿੱਚ ਟਾਇਪੋਗਰਾਫੀਕਲ ਮਿਸਟੇਕ ਕਰਕੇ ਲਾਗੂ ਗਰੇਡਾਂ ਨੂੰ ਅਧਾਰ ਮੰਨ ਕੇ ਗੁਣਾਂਕ ਲਾਗੂ ਕੀਤਾ ਜਾਵੇ। ਇਸ ਮੌਕੇ ਬਲਬੀਰ ਸਿੰਘ ਚੀਮਾ, ਬਲਦੇਵ ਸਿੰਘ, ਦਿਲਬਾਗ ਸਿੰਘ, ਸਤਨਾਮ ਸਿੰਘ ਰੰਧਾਵਾ, ਪ੍ਰਤਾਪ ਸਿੰਘ ਚਾਹਲ, ਭੁਪਿੰਦਰ ਸਿੰਘ ਚਾਹਲ, ਰਮਨਦੀਪ ਸਿੰਘ, ਹਰਚੰਦ ਸਿੰਘ ਬੋਡੇ, ਸੁਖਵਿੰਦਰ ਸਿੰਘ ਚਾਹਲ, ਅਮਰੀਕ ਸਿੰਘ ਕੰਗ, ਬਲਦੇਵ ਸਿੰਘ ਧੌਲਾ, ਰਵੇਲ ਸਿੰਘ, ਨਵਦੀਪ ਸਿੰਘ, ਹਰੀ ਸਿੰਘ ਟੌਹੜਾ, ਹਰਜਿੰਦਰ ਸਿੰਘ ਤਾਜਪੁਰ, ਵਰਿੰਦਰ ਸਿੰਘ ਕੰਬੋਜ, ਸਟੇਜ ਦੀ ਜ਼ਿੰਮੇਵਾਰੀ ਨਵਦੀਪ ਸਿੰਘ ਖੇਲਾ ਨੇ ਨਿਭਾਈ।

# ਭੈਣ ਨੂੰ ਨਵੀਂ ਸਕੂਟੀ ਦਿਖਾਉਣ ਜਾ ਰਹੇ ਭਰਾ ਦੀ ਸੜਕ ਹਾਦਸੇ 'ਚ ਮੌਤ



ਭਿੱਖੀਵਿੰਡ/ਖਾਲੜਾ (**ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ**)-ਅਲਗੋਂ ਕੋਠੀ ਤੋਂ ਥੋੜ੍ਹੀ ਦੂਰ ਪੈਂਦੇ ਪਿੰਡ ਵਾੜਾ ਤੇਲੀਆਂ ਨੇੜੇ ਕਾਰ ਚਾਲਕ ਨੇ ਐਕਟਿਵਾ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਸਕੂਟਰੀ ਸਵਾਰ ਨੌਜਵਾਨ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਨੌਜਵਾਨ ਜਿਸ ਦਾ ਨਾਂਅ ਲਵਪ੍ਰੀਤ ਸਿੰਘ ਹੈ, ਨੇ ਨਵੀਂ ਐਕਟਿਵਾ ਖਰੀਦੀ ਸੀ ਅਤੇ ਉਹ ਨਵੀਂ ਐਕਟਿਵਾ ਆਪਣੀ ਭੈਣ ਨੂੰ ਦਿਖਾਉਣ ਲਈ ਅਮਰਕੋਟ ਆ ਰਿਹਾ ਸੀ। ਦੱਸਣਯੋਗ ਹੈ ਕਿ ਅਲਗੋਂ ਕੋਠੀ ਮਿਲਣ ਲਈ ਅਮਰਕੋਟ ਆ ਰਿਹਾ ਸੀ। ਜਦੋਂ ਉਹ ਖੇਮਕਰਨ-ਅਮਰਕੋਟ ਰੋਡ 'ਤੇ ਪਿੰਡ ਵਾੜਾ ਤੇਲੀਆਂ ਤੋਂ ਥੋੜ੍ਹਾ ਅੱਗੇ ਪਹੁੰਚਿਆ ਤਾਂ ਫੋਰਡ ਫੀਗੋ ਕਾਰ ਜਿਸ ਦਾ ਨੰਬਰ ਡੀਐੱਲ 10 ਸੀਐੱਫ 1121 ਹੈ, ਨੇ ਗਲਤ ਪਾਸੇ ਆ ਕੇ ਸਕੂਟਰੀ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਲਵਪ੍ਰੀਤ ਸਿੰਘ ਦੀ ਮੌਤ ਹੋ ਗਈ।

ਮ੍ਰਿਤਕ ਦੇ ਜੀਜੇ ਨੇ ਦੱਸਿਆ ਕਿ ਉਸ ਦੇ ਸਾਲੇ ਦਾ ਡੇਢ ਮਹੀਨੇ ਪਹਿਲਾਂ ਹੀ ਵਿਆਹ ਹੋਇਆ ਸੀ। ਇਸ ਮਾਮਲੇ ਸੰਬੰਧੀ ਚੌਕੀ ਇੰਚਾਰਜ ਅਲਗੋਂ ਕੋਠੀ ਏਐੱਸਆਈ ਨਰਿੰਦਰ ਪੁਲਸ ਨੇ ਮ੍ਰਿਤਕ ਵਿਅਕਤੀ ਦੀ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਕਾਰ ਚਾਲਕ ਵਿਰੁੱਧ ਕੇਸ ਦਰਜ ਕਰ ਲਿਆ ਹੈ। ਮ੍ਰਿਤਕ ਨੌਜਵਾਨ ਦੇ ਜੀਜੇ ਕਪਿਲ ਦੇਵ ਸ਼ਰਮਾ ਵਾਸੀ ਅਮਰਕੋਟ ਨੇ ਪੁਲਸ ਕੋਲ ਦਰਜ ਕਰਵਾਈ ਸ਼ਿਕਾਇਤ 'ਚ ਦੱਸਿਆ ਕਿ ਉਸ ਦਾ ਸਾਲਾ ਲਵਪ੍ਰੀਤ ਸਿੰਘ (23) ਪੁੱਤਰ ਮਨਜੀਤ ਸਿੰਘ ਵਾਸੀ ਬਟਾਲਾ ਰੋਡ ਅੰਮ੍ਰਿਤਸਰ ਐਕਟਿਵਾ 'ਤੇ ਸਵਾਰ ਹੋ ਕੇ ਉਨ੍ਹਾਂ ਨੂੰ ਸਿੰਘ ਨੇ ਦੱਸਿਆ ਕਿ ਕਪਿਲ ਦੇਵ ਸ਼ਰਮਾ ਦੇ ਬਿਆਨ ਕਲਮਬੰਦ ਕਰਕੇ ਅਣਪਛਾਤੇ ਕਾਰ ਚਾਲਕ ਵਿਰੁੱਧ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਉਸ ਦੀ ਪਛਾਣ ਵਾਸਤੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ। ਏਐੱਸਆਈ ਨੇ ਦੱਸਿਆ ਕਿ ਪੋਸਟਮਾਰਟਮ ਕਰਵਾਉਣ ਮਗਰੋਂ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ ਗਈ ਹੈ।

# ਡੀਸੀ ਵੱਲੋਂ ਮਹਾਤਮਾ ਗਾਂਧੀ ਨਰੇਗਾ ਸਕੀਮ ਤਹਿਤ ਬਲਾਕਾਂ 'ਚ ਕੰਮਾਂ ਦੀ ਪ੍ਰਗਤੀ ਦੇ ਰੀਵਿਊ ਸਬੰਧੀ ਮੀਟਿੰਗ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਡੀ. ਸੀ. ਤਰਨ ਤਾਰਨ ਸੰਦੀਪ ਕੁਮਾਰ ਵੱਲੋਂ ਜ਼ਿਲਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ ਮਹਤਾਮਾ ਗਾਂਧੀ ਨਰੇਗਾ ਸਕੀਮ ਤਹਿਤ ਬਲਾਕ ਗੰਡੀਵਿੰਡ, ਭਿੱਖੀਵਿੰਡ ਅਤੇ ਵਲਟੋਹਾ ਦੇ ਕੰਮਾਂ ਦੀ ਪ੍ਰਗਤੀ ਦੇ ਰੀਵਿਊ ਸਬੰਧੀ ਮੀਟਿੰਗ ਕੀਤੀ ਗਈ ।

ਇਸ ਮੀਟਿੰਗ ਵਿੱਚ ਬੀਡੀਪੀਓ ਗੰਡੀਵਿੰਡ, ਭਿੱਖੀਵਿੰਡ, ਜ਼ਿਲ੍ਹਾ ਨੋਡਲ ਅਫਸਰ, ਮਗਨਰੇਗਾ ਤਰਨਤਾਰਨ, ਆਈ. ਟੀ. ਮੈਨੇਜਰ, ਮਗਨਰੇਗਾ, ਤਰਨਤਾਰਨ ਅਤੇ ਬਲਾਕ ਗੰਡੀਵਿੰਡ, ਭਿੱਖੀਵਿੰਡ ਅਤੇ ਵਲਟੋਹਾ ਦਾ ਸਮੂਹ ਮਗਨਰੇਗਾ ਸਟਾਫ਼ ਹਾਜ਼ਰ ਸੀ ।

ਪ੍ਰਗਤੀ ਦੇ ਰੀਵਿਊ ਸਬੰਧੀ ਮਗਨਰੇਗਾ ਅਧੀਨ ਬਲਾਕ ਗੰਡੀਵਿੰਡ ਵੱਲੋਂ ਪੈਦਾ ਕੀਤੀਆਂ ਜਾਂਣ ਵਾਲੀਆਂ ਦਿਹਾੜੀਆਂ ਦੇ ਮਹੀਨਾ ਦਸੰਬਰ ਦੇ ਟੀਚੇ ਵਿਰੁੱਧ 48.12% ਅਤੇ ਵਲਟੋਹਾ 37.23% ਕੰਮ ਦੀ ਪ੍ਰਗਤੀ ਘੱਟ ਹੋਣ ਕਰਕੇ ਡਿਪਟੀ ਕਮਿਸ਼ਨਰ ਵੱਲੋਂ ਨਿਰਾਸ਼ਾ ਜ਼ਾਹਿਰ ਕੀਤੀ ਗਈ ਅਤੇ ਵਧੀਕ ਪ੍ਰੋਗਰਾਮ ਅਫਸਰ ਮਗਨਰੇਗਾ ਅਤੇ ਸਮੂਹ ਬੀਡੀਪੀ ਓਜ਼ ਨੂੰ ਹਦਾਇਤ ਕੀਤੀ ਗਈ ਕਿ ਜਿਨ੍ਹਾਂ ਕਰਮਚਾਰੀਆਂ ਦੀ ਲੇਬਰ ਦੀ ਪ੍ਰਗਤੀ ਘੱਟ ਹੈ, ਉਨ੍ਹਾਂ ਨੂੰ ਦਿੱਤੀ ਜਾਣ ਵਾਲੀ ਤਨਖਾਹ 'ਤੇ ਰੋਕ ਲਗਾਉਣ ਸਬੰਧੀ ਕਾਰਵਾਈ ਆਰੰਭੀ ਜਾਵੇ।

ਜੇਕਰ ਇਨ੍ਹਾਂ ਕਰਮਚਾਰੀਆਂ ਦੇ ਪਗਤੀ ਵਿੱਚ ਕੋਈ ਸੁਧਾਰ ਨਹੀ ਹੁੰਦਾ ਤਾਂ ਇਨ੍ਹਾਂ ਦੇ ਕੰਟਰੈਕਟ ਵਿੱਚ ਕੀਤੇ ਜਾਣ ਵਾਲੇ ਵਾਧੇ ਸਬੰਧੀ ਟਿੱਪਣੀ ਅਤੇ ਸਬੰਧਤ ਬੀਡੀਪੀਓ ਵੱਲੋਂ ਕੀਤੀ ਜਾਣ ਵਾਲੀ ਰਿਪੋਰਟ ਸਮੇ ਵਿਸ਼ੇਸ਼ ਤੌਰ 'ਤੇ ਵਿਚਾਰਿਆ ਜਾਵੇ ।ਡਿਪਟੀ ਕਮਿਸ਼ਨਰ ਵੱਲੋਂ ਆਦੇਸ਼ ਦਿੱਤੇ ਗਏ ਕਿ ਜ਼ਿਲ੍ਹੇ ਦੀ ਸੁਮੱਚੀ ਪ੍ਰਗਤੀ ਵਿੱਚ ਵਾਧੇ ਲਈ ਉਨ੍ਹਾਂ ਵੱਲੋਂ ਹਫਤੇ ਵਿੱਚ 2 ਵਾਰ ਮਗਨਰੇਗਾ ਦੀ ਬਲਾਕ ਵਾਰ ਮੀਟਿੰਗ ਕੀਤੀ ਜਾਵੇਗੀ ਅਤੇ ਮਗਨਰੇਗਾ ਸਕੀਮ ਨੂੰ ਹਰ ਤਰ੍ਹਾਂ ਨਾਲ ਅਸਰਦਾਰ ਬਣਾਉਣ ਲਈ ਅਤੇ ਇਸ ਸਕੀਮ ਦਾ ਲਾਭ ਜ਼ਿਲ੍ਹੇ ਦੇ ਪਿੰਡਾਂ ਵਿੱਚ ਪਹੁੰਚਾਉਣ ਲਈ ਹਰੇਕ ਫੀਲਡ ਦਾ ਰੀਵਿਊ ਜ਼ਿਲ੍ਹਾ ਪੱਧਰ ਤੋਂ ਕੀਤਾ ਜਾਵੇਗਾ।

# ਡੇਰਾ ਬਾਬਾ ਨਾਨਕ ਰੋਡ 'ਤੇ ਨਾਜਾਇਜ਼ ਕਬਜ਼ੇ ਹਟਵਾਏ



ਬਟਾਲਾ, (ਤਰਲੋਕ ਬੱਗਾ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਬਾਜ਼ਾਰਾਂ ਵਿੱਚ ਸੜਕ ਕਿਨਾਰੇ ਹੋਏ ਨਾਜਾਇਜ਼ ਕਬਜ਼ਿਆਂ ਨੂੰ ਹਟਾਉਣ ਦੇ ਦਿਸ਼ਾ-ਨਿਰਦੇਸ਼ਾਂ ਹੇਠ ਨਗਰ ਨਿਗਮ ਬਟਾਲਾ ਦੀ ਟੀਮ ਵੱਲੋਂ ਡੇਰਾ ਬਾਬਾ ਨਾਨਕ ਰੋਡ ਵਿੱਚ ਨਾਜਾਇਜ਼ ਕਬਜ਼ੇ ਹਟਾਉਣ ਦੀ ਮੁਹਿੰਮ ਚਲਾਈ ਗਈ ।ਕਮਿਸ਼ਨਰ ਨਗਰ ਨਿਗਮ ਡਾ. ਸ਼ਾਇਰੀ ਭੰਡਾਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਟੀਮ ਵਲੋ ਦੁਕਾਨਦਾਰਾਂ/ ਰੇਹੜੀਆਂ ਵੱਲੋਂ ਸੜਕ ਕਿਨਾਰੇ ਕੀਤੇ ਨਾਜਾਇਜ਼ ਕਬਜ਼ੇ ਤੇ ਦੁਕਾਨੋਂ ਬਾਹਰ ਰੱਖੇ ਸਾਮਾਨ ਨੂੰ ਹਟਾਇਆ ਗਿਆ ।

ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਹਦਾਇਤਾਂ ਤਹਿਤ ਲੋਕਾਂ ਦੀ ਆਵਾਜਾਈ ਨੂੰ ਸੁਖਾਲੀ ਰੱਖਣ ਤੇ ਸੜਕੀ ਹਾਦਸਿਆਂ ਨੂੰ ਰੋਕਣ ਲਈ ਦੁਕਾਨਦਾਰਾਂ ਨੂੰ ਨਾਜਾਇਜ਼ ਕਬਜ਼ੇ ਹਟਾਉਣ ਦੀ ਅਪੀਲ ਕੀਤੀ ਜਾ ਚੁੱਕੀ ਹੈ ਅਤੇ ਕਿਸੇ ਕਿਸਮ ਦੇ ਨਾਜਾਇਜ਼ ਕਬਜ਼ੇ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਹ ਮੁਹਿੰਮ ਇਸੇ ਤਰ੍ਹਾਂ ਜਾਰੀ ਰਹੇਗੀ।ਉਨ੍ਹਾਂ ਸਮੂਹ ਦਕਾਨਦਾਰਾਂ/ਰੇਹੜੀ ਵਾਲਿਆਂ ਸਮੇਤ ਵਪਾਰਿਕ ਅਦਾਰਿਆਂ ਆਦਿ ਨੂੰ ਅਪੀਲ ਕਰਦਿਆਂ ਕਿਹਾ ਕਿ ਰਾਹਗੀਰਾਂ ਦੀ ਸਹੂਲਤ ਤੇ ਸੁਰੱਖਿਆ ਨੂੰ ਮੁੱਖ ਰੱਖਦਿਆਂ ਆਪਣੇ ਸਾਮਾਨ ਨੂੰ ਸੜਕ ਕਿਨਾਰੇ ਤੋਂ ਹਟਾ ਲੈਣ ।

ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਜਾਂ ਦੁਕਾਨਦਾਰ ਆਦਿ ਵੱਲੋਂ ਸੜਕ ਉਪਰ ਨਾਜਾਇਜ਼ ਕਬਜ਼ਾ ਕੀਤਾ ਗਿਆ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇਗੀ ।

# 'ਬੇਟੀ ਬਚਾਉ ਬੇਟੀ ਪੜ੍ਹਾਉ' ਮੁਹਿੰਮ ਤਹਿਤ ਲੜਕੀਆਂ ਨੂੰ ਸੌਗਾਤਾਂ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਭਾਰਤ ਸਰਕਾਰ ਦੁਆਰਾ 22 ਜਨਵਰੀ 2015 ਤੋਂ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ 'ਬੇਟੀ ਬਚਾਉ ਬੇਟੀ ਪੜ੍ਹਾਉ' ਤਹਿਤ ਲੜਕੀਆਂ ਦੀ ਸਮਾਜ ਵਿੱਚ ਭਾਗੀਦਾਰੀ ਵਧਾਉਣ ਅਤੇ ਸਸ਼ਕਤੀਕਰਨ ਲਈ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਵੱਖ-ਵੱਖ ਸਹਿਯੋਗੀ ਵਿਭਾਗਾਂ ਦੁਆਰਾ ਗਤੀਵਿਧੀਆਂ ਕਰਵਾਈਆ ਜਾ ਰਹੀਆਂ ਹਨ, ਜਿਸ ਤਹਿਤ 'ਬੇਟੀ ਬਚਾਉ ਬੇਟੀ ਪੜ੍ਹਾਉ' ਅਧੀਨ ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਸਹਿਯੋਗ ਨਾਲ ਲਗਭਗ 40 ਲੜਕੀਆਂ ਨੂੰ ਪ੍ਰਤੀਯੋਗੀ ਪ੍ਰਖਿਆਵਾਂ ਦੀ ਤਿਆਰੀ ਕਰਵਾਈ ਜਾਵੇਗੀ ਤਾਂ ਜੋ ਲੜਕੀਆਂ ਵੱਖ-ਵੱਖ ਸਰਕਾਰੀ ਅਤੇ ਗੈਰ-ਸਰਕਾਰੀ ਵਿਭਾਗਾਂ ਵਿੱਚ ਰੁਜ਼ਗਾਰ ਪ੍ਰਾਪਤ ਕਰ ਸਕਣ ਜਿਸ ਨਾਲ ਉਹ ਵਿੱਤੀ ਤੌਰ ਤੇ ਆਤਮ ਨਿਰਭਰ ਹੋ ਸਕਣ। ਇਸ ਸਬੰਧੀ ਅੱਜ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਦੱਸਿਆ ਕਿ ਰਿਜਨਲ ਟਰਾਂਸਪੋਰਟ ਅਥਾਰਟੀ ਦੇ ਸਹਿਯੋਗ ਦੁਆਰਾ 200 ਲੜਕੀਆਂ ਨੂੰ ਮੁਫਤ ਡਰਾਈਵਿੰਗ ਕਲਾਸਾਂ ਦੀ ਸਹੂਲਤ ਦਿੱਤੀ ਜਾਵੇਗੀ ਤਾਂ ਜੋ ਉਹ ਆਤਮ ਨਿਰਭਰ ਬਣ ਸਕਣ ਅਤੇ ਇਸ ਨੂੰ ਕਿੱਤੇ ਵਜੋਂ ਵੀ ਅਪਣਾ ਸਕਣ। ਇਸ ਤੋਂ ਇਲਾਵਾ ਸਿਵਲ ਸਰਜਨ ਦਫ਼ਤਰ ਦੇ ਸਹਿਯੋਗ ਨਾਲ ਲਗਭਗ 550 ਨਵ-ਜੰਮੀਆਂ ਬੱਚੀਆਂ ਖਾਸ ਕਰ ਕੇ ਦੂਜੀ ਨਵ-ਜੰਮੀ ਲੜਕੀ ਨੂੰ ਬੇਬੀ ਕਿੱਟਸ ਦਿੱਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ 350 ਲੜਕੀਆਂ ਨੂੰ ਆਤਮ ਰੱਖਿਆ ਦੀ ਮੁਫਤ ਕੋਚਿੰਗ ਮੁਹਈਆ ਕਰਵਾਈ ਜਾਵੇਗੀ ਤਾਂ ਜੋ ਲੜਕੀਆਂ ਆਪਣੀ ਰੱਖਿਆ ਕਰ ਸਕਣ, ਜਿਸ ਨਾਲ ਉਹਨਾਂ ਦਾ ਆਤਮ ਵਿਸ਼ਵਾਸ ਵੱਧ ਸਕੇ ਅਤੇ ਉਹ ਬਿਨਾਂ ਡਰ ਤੋਂ ਸਮਾਜ ਵਿੱਚ ਵਿਚਰ ਸਕਣ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਇਨ੍ਹਾਂ ਗਤੀਵਿਧੀਆਂ ਨੂੰ ਸੁਚਾਰੂ ਢੰਗ ਨਾਲ ਕਰਨ ਦੀ ਹਦਾਇਤ ਕੀਤੀ ਗਈ ਤਾਂ ਜੋ ਬੇਟੀ ਬਚਾਉ ਬੇਟੀ ਪੜ੍ਹਾਉ ਮੁਹਿੰਮ ਦੇ ਆਦੇਸ਼ਾਂ ਦੀ ਪ੍ਰਾਪਤੀ ਕੀਤੀ ਜਾ ਸਕੇ ਅਤੇ ਲੜਕੀਆਂ ਪ੍ਰਤੀ ਸਮਾਜ ਦੇ ਦ੍ਰਿਸ਼ਟੀਕੋਣ ਵਿੱਚ ਸਾਕਾਰਾਤਮਕ ਪਰਿਵਰਤਨ ਲਿਆਂਦਾ ਜਾ ਸਕੇ ਅਤੇ ਲਿੰਗ ਨਿਰਧਾਰਿਤ ਭਰੂਣ ਹੱਤਿਆ ਨੂੰ ਰੋਕਿਆ ਜਾ ਸਕੇ। ਮੀਟਿੰਗ ਵਿੱਚ ਸਿਵਲ ਸਰਜਨ ਅੰਮ੍ਰਿਤਸਰ ਵਿਜੈ ਕੁਮਾਰ, ਰੀਜ਼ਨਲ ਟਰਾਂਸਪੋਰਟ ਅਥਾਰਿਟੀ ਸ: ਅਰਸ਼ਦੀਪ ਸਿੰਘ, ਡਿਪਟੀ ਡਾਇਰੈਕਟਰ ਜਿਲ੍ਹਾ ਰੋਜ਼ਗਾਰ ਬਿਓਰੋ ਨੀਲਮ ਮਹੇ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਕੁਲਦੀਪ ਕੌਰ, ਤੀਰਥਪਾਲ ਸਿੰਘ ਅਤੇ ਸਿੱਖਿਆ ਵਿਭਾਗ ਤੋਂ ਬਲਰਾਜ ਸਿੰਘ ਢਿੱਲੋਂ ਮੌਜੂਦ ਸਨ।

# ਸ਼ਹੀਦ ਭਾਈ ਮੋਤੀ ਰਾਮ ਮਹਿਰਾ ਜੀ ਦੀ ਯਾਦ 'ਚ ਲਗਾਇਆ ਦੁੱਧ ਦਾ ਲੰਗਰ




ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਅਗਵਾਈ ਹੇਠ ਗੁਰੂ ਘਰ ਦੇ ਸੇਵਕ ਭਾਈ ਮੋਤੀ ਰਾਮ ਮਹਿਰਾ ਜੀ ਦੀ ਸ਼ਹਾਦਤ ਨੂੰ ਸਮਰਪਿਤ 'ਦੁੱਧ ਦਾ ਲੰਗਰ' ਲਗਾਇਆ ਗਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਭਾਈ ਮੋਤੀ ਰਾਮ ਮਹਿਰਾ ਜੀ ਗੁਰੂ ਘਰ ਦੇ ਬਹੁਤ ਹੀ ਵੱਡੇ ਸੇਵਕ ਹਨ। ਉਨ੍ਹਾਂ ਨੇ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਦੁੱਧ ਪਿਆਉਣ ਦੀ ਸੇਵਾ ਉਸ ਵੇਲੇ ਕੀਤੀ ਜਦੋਂ ਉਹ ਮੁਗਲ ਵਜ਼ੀਰ ਖਾਨ ਦੇ ਕੋਲ ਕੈਦ ਸਨ। ਇਸ ਸੇਵਾ ਲਈ ਉਨ੍ਹਾਂ ਨੂੰ ਜ਼ਾਲਮ ਮੁਗਲਾਂ ਨੇ ਪਰਿਵਾਰ ਸਮੇਤ ਕੋਹਲੂ ਵਿੱਚ ਪੀੜ ਕੇ ਸ਼ਹੀਦ ਕਰ ਦਿੱਤਾ ਸੀ। ਉਨ੍ਹਾਂ ਦੀ ਸ਼ਹੀਦੀ ਨੂੰ ਯਾਦ ਕਰਦੇ ਹੋਏ ਸਕੂਲ ਵੱਲੋਂ 'ਦੁੱਧ ਦਾ ਲੰਗਰ' ਲਗਾਇਆ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਕਿਰਨ ਕੇਸਰ ਨੇ ਵਿਦਿਆਰਥੀਆਂ ਨੂੰ ਮੋਤੀ ਰਾਮ ਮਹਿਰਾ ਜੀ ਦੇ ਜੀਵਨ ਅਤੇ ਸ਼ਹਾਦਤ ਬਾਰੇ ਜਾਣਕਾਰੀ ਦਿੰਦਿਆਂ ਆਪਣੇ ਅੰਦਰ ਅਜਿਹੀ ਸੇਵਾ ਭਾਵਨਾ ਪੈਦਾ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਇਸ ਲੰਗਰ ਵਿੱਚ ਸੇਵਾ ਕੀਤੀ ਗਈ।

# ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਸਮੁੱਚੀ ਮਨੁੱਖਤਾ ਲਈ ਪ੍ਰੇਰਨਾ ਦਾ ਸੋਮਾ: ਈ ਟੀ ਓ



ਅੰਮ੍ਰਿਤਸਰ/ਜੰਡਿਆਲਾ ਗੁਰੂ (ਨਰਿੰਦਰਜੀਤ ਸਿੰਘ/ਹਰਿੰਦਰ ਪਾਲ ਸਿੰਘ)-ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਸਾਡੇ ਸਾਰਿਆਂ ਲਈ ਪ੍ਰੇਰਣਾ ਦਾ ਸੋਮਾ ਹੈ ਅਤੇ ਇਸ ਤੋਂ ਸੇਧ ਲੈ ਕੇ ਅਸੀਂ ਆਪਣੇ ਜੀਵਨ ਨੂੰ ਮਨੁੱਖਤਾ ਦੇ ਭਲੇ ਲਈ ਸਮਰਪਿਤ ਕਰ ਸਕਦੇ ਹਾਂ। ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ, ਨੰਦੇੜ ਵਿਖੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮਾਂ ਵਿੱਚ ਸ਼ਮੂਲੀਅਤ ਦੌਰਾਨ ਇਹ ਪ੍ਰਗਟਾਵਾ ਕੀਤਾ। ਉਹ ਗੁਰਦੁਆਰਾ ਸੱਚਖੰਡ ਬੋਰਡ, ਨੰਦੇੜ ਦੇ ਸੱਦੇ 'ਤੇ ਆਪਣੇ ਪਰਿਵਾਰ ਸਮੇਤ ਜਥੇਦਾਰ ਤਖਤ ਸ੍ਰੀ ਹਜ਼ੂਰ ਸਾਹਿਬ ਜਥੇਦਾਰ ਕੁਲਵੰਤ ਸਿੰਘ ਅਤੇ ਪੰਜ ਪਿਆਰਿਆਂ ਦੀ ਸਰਪ੍ਰਸਤੀ ਹੇਠ 25 ਤੇ 26 ਦਸੰਬਰ ਨੂੰ ਕਰਵਾਏ ਗਏ ਇਨ੍ਹਾਂ ਸਮਾਗਮਾਂ ਵਿੱਚ ਸ਼ਾਮਿਲ ਹੋਣ ਲਈ ਨੰਦੇੜ ਪਹੁੰਚੇ ਸਨ। ਇਨ੍ਹਾਂ ਸਮਾਗਮਾਂ ਦੌਰਾਨ 26 ਦਸੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਭਵਨ ਵਿਖੇ ਲਗਾਏ ਗਏ ਮੁਫਤ ਸਿਹਤ ਜਾਂਚ ਅਤੇ ਖੂਨਦਾਨ ਕੈਂਪ ਵਿੱਚ ਹਿੱਸਾ ਲੈਂਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਖੂਨ ਦਾਨ ਕੀਤਾ ਗਿਆ।

ਇਸ ਮੌਕੇ ਉਹ ਸਰਬ ਧਰਮ ਸੰਮੇਲਨ ਅਤੇ ਕੀਰਤਨ ਦਰਬਾਰ ਵਿੱਚ ਹਾਜ਼ਰੀ ਭਰੀ ਅਤੇ ਗੁਰੂਦੁਆਰਾ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਵਿਖੇ ਨਤਮਸਤਕ ਵੀ ਹੋਏ।

# 'ਜੰਞ ਚੜ੍ਹੀ ਚਾਰੇ ਲਾਲਾਂ ਦੀ' ਨੂੰ ਮਿਲ ਰਿਹੈ ਸਰੋਤਿਆਂ ਦਾ ਮਣਾਂ ਮੂੰਹੀਂ ਪਿਆਰ



ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)-ਪਿਛਲੇ ਸਾਢੇ ਤਿੰਨ ਦਹਾਕਿਆਂ ਤੇ ਪੰਜਾਬੀ ਗਾਇਕੀ ਦੇ ਖੇਤਰ ਵਿੱਚ ਹਿੱਕ ਦੇ ਜ਼ੋਰ ਨਾਲ ਗਾਉਣ ਵਾਲੀ ਪੰਜਾਬ ਦੀ ਪ੍ਰਸਿੱਧ ਖੂਬਸੂਰਤ ਲੋਕ ਗਾਇਕਾ ਸੀਮਾ ਅਨਜਾਣ ਜਿਸ ਨੇ ਥੋੜ੍ਹਾ ਸਮਾਂ ਆਪਣੇ ਘਰ ਪਰਿਵਾਰ ਨੂੰ ਸਾਂਭਣ ਲਈ ਸਰਗਰਮ ਗਾਇਕੀ ਦੇ ਖੇਤਰ ਤੋਂ ਪਾਸਾ ਵੱਟ ਲਿਆ ਸੀ, ਹੁਣ ਬੱਚੇ ਜਵਾਨ ਤੇ ਕਾਬਲ ਹੋਣ ਕਰਕੇ ਮੁੜ ਗਾਇਕੀ ਵੱਲ ਪਰਤ ਆਈ ਹੈ।

ਉੱਘੇ ਗੀਤਕਾਰ ਤੇ ਪੇਸ਼ਕਾਰ ਸਤਨਾਮ ਸਿੰਘ ਮਥਰੇਵਾਲ ਹਾਂਗਕਾਂਗ ਵਾਲਿਆਂ ਦੇ ਲਿਖੇ ਨਿਰੋਲ ਧਾਰਮਿਕ ਗੀਤ 'ਜੰਞ ਚੜ੍ਹੀ ਚਾਰੇ ਲਾਲਾਂ ਦੀ' ਦੇ ਸਿੰਗਲ ਟਰੈਕ ਨੂੰ ਪਤੀ ਦੇਵ ਨੀਰਜ ਨਾਲ ਗਾ ਕੇ ਮਜਦਬੂਤ ਹਾਜ਼ਰੀ ਭਰੀ ਹੈ। ਪ੍ਰੈੱਸ ਕਲੱਬ ਚੋਹਲਾ ਸਾਹਿਬ ਦੇ ਦਫਤਰ 'ਚ ਪੁੱਜੀ ਸੀਮਾ ਅਨਜਾਣ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਸਦੀ ਦਿਲੀ ਇੱਛਾ ਸੀ ਕਿ ਉਹ ਆਪਣੀ ਜ਼ਿੰਦਗੀ ਵਿੱਚ ਦਸਮ ਪਾਤਿਸ਼ਾਹ ਤੇ ਉਨ੍ਹਾਂ ਦੇ ਚਾਰੇ ਲਾਲਾਂ ਤੇ ਪਰਿਵਾਰ ਬਾਰੇ ਜ਼ਰੂਰ ਗਾਵੇ।

ਉਸ ਦੀ ਇੱਛਾ ਉੱਘੇ ਕਲਮਕਾਰ ਸਤਨਾਮ ਸਿੰਘ ਮਥਰੇਵਾਲ ਨੇ ਬਾ-ਕਮਾਲ ਗੀਤ ਲਿਖ ਕੇ ਪੂਰੀ ਕਰ ਦਿੱਤੀ। ਸਤਨਾਮ ਸਿੰਘ ਮਥਰੇਵਾਲ ਨੇ ਕਿਹਾ ਕਿ ਸੀਮਾ ਅਨਜਾਣ ਪੰਜਾਬ ਦੀ ਉਹ ਮਾਣ-ਮੱਤੀ ਗਾਇਕਾ ਹੈ ਜਿਸ ਦੀ ਪਿਛਲੇ 35 ਸਾਲਾਂ ਤੋਂ ਨਿਰੋਲ ਧਾਰਮਿਕ ਤੇ ਸੱਭਿਆਚਾਰਕ ਗੀਤ ਸੁਣਦੇ ਆ ਰਹੇ ਹਾਂ। ਉਸਦੀ ਸੁਰੀਲੀ ਤੇ ਰਸਭਰਪੂਰ ਆਵਾਜ਼ ਦਾ ਜਾਦੂ ਉਸੇ ਤਰ੍ਹਾਂ 35 ਸਾਲ ਪੁਰਾਣਾ ਸੁਰ ਤਾਲ ਦੀ ਧਨੀ ਹੈ।

ਉਪਰੋਕਤ ਟਰੈਕ ਆਰ. ਜੇ. ਬੀਟ ਤੇ ਰਾਣਾ ਭੋਗਪੁਰੀਆ ਯੂ. ਐੱਸ. ਏ. ਵਾਲਿਆਂ ਨੇ ਰਿਲੀਜ਼ ਕੀਤਾ। ਇਸ ਦੇ ਮਿਊਜ਼ਿਕ ਡਾਇਰੈਕਟਰ ਨਾਰਾਇਣ ਸ਼ਰਮਾ ਤੇ ਵੀਡੀਓਗਰਾਫੀ ਬਾਬਾ ਕਮਲ ਨੇ ਕੀਤੀ। ਅਖੀਰ 'ਚ ਸੀਮਾ ਅਨਜਾਣ ਤੇ ਗੀਤਕਾਰ ਮਥਰੇਵਾਲੀਆ ਨੇ ਸਮੂਹ ਨਾਨਕ ਲੇਵਾ ਸੰਗਤਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਚੰਦ ਦਿਨਾਂ 'ਚ ਉਨ੍ਹਾਂ ਦੇ ਸਿੰਗਲ ਟਰੈਕ 'ਜੰਞ ਚੜ੍ਹੀ ਚਾਰੇ ਲਾਲਾਂ ਦੀ' ਨੂੰ ਉਨ੍ਹਾਂ ਦੀ ਆਸ ਨਾਲੋਂ ਵੱਧ ਮਾਣ ਸਤਿਕਾਰ ਦਿੱਤਾ ਤੇ ਵਿਸ਼ਵਾਸ ਦਿਵਾਇਆ ਕਿ ਉਹ ਇਸੇ ਤਰ੍ਹਾਂ ਨਿਰੋਲ ਧਾਰਮਿਕ ਤੇ ਸੱਭਿਆਚਾਰਕ ਗੀਤਾਂ ਨਾਲ ਪੰਜਾਬੀਆਂ ਦੀ ਕਚਹਿਰੀ 'ਚ ਜਲਦ ਹੀ ਫਿਰ ਹਾਜ਼ਰੀ ਭਰਨਗੇ।

# ਕਣਕ ਦੀ ਫ਼ਸਲ ਦੇ ਪੀਲੇਪਣ ਦਾ ਕਾਰਨ ਲੱਭ ਕੇ ਸਹੀ ਇਲਾਜ ਕਰਨਾ ਬਹੁਤ ਜ਼ਰੂਰੀ: ਡਾ. ਢਿੱਲੋਂ



**ਗੁਰਦਾਸਪੁਰ (ਜਨਕ ਮਹਾਜਨ)**-ਭਾਰੀ ਪਾਣੀ ਲੱਗਣ ਕਾਰਨ ਕਣਕ ਦੀ ਫਸਲ ਦੇ ਪੌਦਿਆਂ ਦੀ ਜੜ੍ਹ ਖੇਤਰ ਵਿਚਲੇ ਮਿੱਟੀ ਦੇ ਮੁਸਾਮ ਪਾਣੀ ਨਾਲ ਭਰ ਜਾਂਦੇ ਹਨ ਅਤੇ ਫ਼ਸਲ ਦੀਆਂ ਜੜ੍ਹਾਂ ਨੂੰ ਆਕਸੀਜਨ ਘੱਟ ਮਿਲਦੀ ਹੈ, ਨਤੀਜੇ ਵਜੋਂ ਫ਼ਸਲ ਦੇ ਮੁੱਢਲੇ ਵਾਧੇ 'ਤੇ ਮਾੜਾ ਪ੍ਰਭਾਵ ਪੈਂਦਾ ਹੈ ਅਤੇ ਫਸਲ ਪੀਲੀ ਪੈ ਜਾਂਦੀ ਹੈ, ਜਿਸ ਦਾ ਇਲਾਜ ਖੇਤੀ ਮਾਹਿਰਾਂ ਦੀ ਸਲਾਹ ਨਾਲ ਕਰਨ ਦੀ ਜ਼ਰੂਰਤ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਕਿਰਪਾਲ ਸਿੰਘ ਢਿਲੋਂ ਨੇ ਕਿਹਾ ਕਿ ਵਧੇਰੇ ਸਿੱਲ ਜਾਂ ਭਾਰੀ ਜ਼ਮੀਨਾਂ ਵਾਲੇ ਇਲਾਕਿਆਂ ਵਿੱਚ ਕਣਕ ਦੀ ਫਸਲ ਨੂੰ ਪਹਿਲਾ ਪਾਣੀ ਭਾਰੀ ਲੱਗਣ ਕਾਰਨ ਕਣਕ ਦੀ ਫ਼ਸਲ ਪੀਲੀ ਹੋ ਜਾਂਦੀ ਹੈ ਜੋ ਸਮੇਂ ਨਾਲ ਠੀਕ ਹੋ ਜਾਂਦੀ ਹੈ। ਇਸ ਲਈ ਕਿਸਾਨਾਂ ਨੂੰ ਘਬਰਾਉਣ ਦੀ ਜ਼ਰੂਰਤ ਨਹੀਂ ਹੈ। ਉਨ੍ਹਾਂ ਕਿਹਾ ਕਿ ਕਣਕ ਦੀ ਫਸਲ ਦਾ ਇਹ ਪੀਲਾਪਣ ਜ਼ਮੀਨ ਵਿੱਚ ਹਵਾਖੋਰੀ ਦੀ ਕਮੀ ਕਾਰਨ ਹੋਵੇ ਤਾਂ ਵੱਤਰ ਆਉਣ ਤੇ 3 ਕਿਲੋ ਯੂਰੀਆ ਪ੍ਰਤੀ ਏਕੜ ਨੂੰ 100 ਲਿਟਰ ਪਾਣੀ ਵਿੱਚ ਘੋਲ ਕੇ ਗੋਲ ਨੋਜ਼ਲ ਨਾਲ ਛਿੜਕਾਅ ਕਰ ਦੇਣਾ ਚਾਹੀਦਾ ਹੈ। ਡਾ. ਕਿਰਪਾਲ ਸਿੰਘ ਢਿਲੋਂ ਨੇ ਕਿਹਾ ਕਿ ਜਿਨ੍ਹਾਂ ਖੇਤਾਂ ਵਿੱਚ ਝੋਨੇ ਦੀ ਪਰਾਲੀ ਦੀ ਸੰਭਾਲ ਕਰਕੇ ਸੁਪਰ ਸੀਡਰ/ਸਮਾਰਟ ਸੀਡਰ ਜਾਂ ਸਰਫੇਸ ਸੀਡਿੰਗ/ਮਲਚਿੰਗ ਤਕਨੀਕ ਨਾਲ ਕਣਕ ਦੀ ਬਿਜਾਈ ਕੀਤੀ ਹੈ ਉਨਾਂ ਖੇਤਾਂ ਵਿੱਚ ਯੂਰੀਆ ਖਾਦ ਦੀ ਦੂਜੀ ਕਿਸ਼ਤ ਦਾ ਛੱਟਾ ਦੇਣ ਦੀ ਬਿਜਾਏ ਛਿੜਕਾਅ ਕਰ ਦੇਣਾ ਚਾਹੀਦਾ। ਉਨ੍ਹਾਂ ਕਿਹਾ ਕਿ ਇਸ ਮਕਸਦ ਲਈ ਕਣਕ ਦੀ ਬਿਜਾਈ ਤੋਂ ਬਾਅਦ 45-50ਵੇਂ ਦਿਨ 20 ਕਿਲੋ ਯੂਰੀਆ ਪ੍ਰਤੀ ਏਕੜ ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਗੋਲ ਨੋਜ਼ਲ ਨਾਲ ਕਰ ਦੇਣਾ ਚਾਹੀਦਾ ਹੈ ਅਤੇ ਹਫਤੇ ਬਾਅਦ ਦੁਬਾਰਾ 20 ਕਿਲੋ ਯੂਰੀਆ ਪ੍ਰਤੀ ਏਕੜ ਦਾ ਛਿੜਕਾਅ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਕਣਕ ਦੀ ਫਸਲ ਵਿੱਚ ਯੂਰੀਆ ਖਾਦ ਦੀ ਵਰਤੋਂ ਕਰਨ ਸਮੇਂ ਕਿਸਾਨ ਮੌਕੇ ਤੇ ਜ਼ਰੂਰ ਮੌਜੂਦ ਹੋਣਾ ਚਾਹੀਦੇ ਹਨ, ਕਿਉਂਕਿ ਕਿਸਾਨ ਦੀ ਗੈਰਹਾਜ਼ਰੀ ਵਿੱਚ ਮਜ਼ਦੂਰ ਇਕਸਾਰ ਛੱਟਾ ਨਹੀਂ ਦਿੰਦੇ, ਨਤੀਜਤਨ ਫਸਲ ਦੇ ਵਾਧੇ ਵਿੱਚ ਠਹਿਰਾਅ ਆਉਣ ਕਾਰਨ ਪੈਦਾਵਾਰ ਤੇ ਬੁਰਾ ਪ੍ਰਭਾਵ ਪੈਂਦਾ ਹੈ। ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਹਲਕੀਆਂ ਜ਼ਮੀਨਾਂ ਵਿੱਚ ਪਹਿਲਾ ਪਾਣੀ ਲਾਉਣ ਤੋਂ ਬਾਅਦ ਜੇਕਰ ਕਣਕ ਪੀਲੀ ਹੋ ਜਾਂਦੀ ਹੈ ਤਾਂ ਮੈਂਗਨੀਜ਼ ਦੀ ਘਾਟ ਹੋ ਸਕਦੀ ਹੈ। ਉਨਾਂ ਕਿਹਾ ਕਿ ਜ਼ਮੀਨ ਵਿੱਚ ਮੈਂਗਨੀਜ਼ ਦੀ ਪੂਰਤੀ ਲਈ 200 ਲਿਟਰ ਪਾਣੀ ਵਿੱਚ ਇੱਕ ਕਿਲੋ ਮੈਂਗਨੀਜ਼ ਸਲਫੇਟ ਪ੍ਰਤੀ ਏਕੜ ਦਾ ਛਿੜਕਾਓ ਕਰ ਦੇਣਾ ਚਾਹੀਦਾ ਹੈ। ਕਈ ਕਿਸਾਨ ਦੁਕਾਨਦਾਰਾਂ ਦੇ ਕਹੇ ਮੈਗਨੀਸ਼ੀਅਮ ਸਲਫੇਟ ਦਾ ਛਿੜਕਾਅ ਵੀ ਕਣਕ ਦੀ ਫਸਲ ਵਿੱਚ ਕਰ ਰਹੇ ਹਨ ਜੋ ਗਲਤ ਹੈ। ਉਨ੍ਹਾਂ ਕਿਹਾ ਕਿ ਕਿਸੇ ਦੇ ਕਹਿਣ ਤੇ ਛਿੜਕਾਅ ਕਰਨ ਦੀ ਬਜਾਏ ਕਿਸਾਨ ਆਪਣੇ ਹਲਕੇ ਨਾਲ ਸੰਬੰਧਤ ਖੇਤੀਬਾੜੀ ਵਿਕਾਸ ਅਫਸਰ/ਖੇਤੀਬਾੜੀ ਵਿਸਥਾਰ ਅਫਸਰ ਜਾਂ ਖੇਤੀਬਾੜੀ ਅਫਸਰ ਜਾਂ ਮੁੱਖ ਖੇਤੀਬਾੜੀ ਅਫ਼ਸਰ ਨਾਲ ਸੰਪਰਕ ਕਰ ਸਕਦੇ ਹਨ ਅਤੇ ਉਨਾ ਵੱਲੋਂ ਕੀਤੀਆਂ ਸਿਫਾਰਸ਼ਾਂ ਅਨੁਸਾਰ ਹੀ ਇਲਾਜ ਕਰਨਾ ਚਾਹੀਦਾ ਹੈ। ਉਨਾਂ ਕਿਹਾ ਕਿ ਨਦੀਨਨਾਸ਼ਕਾਂ ਦੀ ਕਾਰਜਕੁਸ਼ਲਤਾ ਵਧਾਉਣ ਲਈ ਛਿੜਕਾਅ ਦਾ ਤਰੀਕਾ, ਸਮਾਂ ਅਤੇ ਮਾਤਰਾ ਦਾ ਸਹੀ ਹੋਣਾ ਬਹੁਤ ਜ਼ਰੂਰੀ ਹੈ। ਉਨਾਂ ਕਿਹਾ ਕਿ ਛਿੜਕਾਅ ਸਾਫ ਮੌਸਮ ਵਿੱਚ ਅਤੇ ਇਕਸਾਰ ਕਰਨਾ ਚਾਹੀਦਾ ਹੈ।

# ਰਵਿਦਾਸੀਆ ਧਰਮ ਪ੍ਰਚਾਰ ਕਮੇਟੀ ਵੱਲੋਂ 13ਵਾਂ ਮਹਾਨ ਸੰਤ ਸੰਮੇਲਨ

**ਆਦਮਪੁਰ (ਪਰਮਜੀਤ ਸਿੰਘ)**

ਇਥੇ ਰਵਿਦਾਸੀਆ ਧਰਮ ਪ੍ਰਚਾਰ ਕਮੇਟੀ ਅਤੇ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੁਸਾਇਟੀ ਵਲੋਂ ਦਾਣਾ ਮੰਡੀ ਆਦਮਪੁਰ ਵਿਖੇ 13ਵਾਂ ਮਹਾਨ ਸੰਤ ਸੰਮੇਲਨ ਕਰਵਾਇਆ ਗਿਆ। ਪ੍ਰਧਾਨ ਸੁਰਿੰਦਰ ਕੁਮਾਰ ਅਤੇ ਸੈਕਟਰੀ ਸੁਰਿੰਦਰ ਬੱਧਣ ਨੇ ਦੱਸਿਆ ਕਿ ਰਵਿਦਾਸੀਆ ਕੌਮ ਨੂੰ ਸਮਰਪਿਤ 13ਵਾਂ ਮਹਾਨ ਸੰਤ ਸੰਮੇਲਨ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਛੱਤਰ ਛਾਇਆ ਅਤੇ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀਨਸ਼ੀਨ ਸ੍ਰੀ 108 ਸੰਤ ਨਿਰੰਜਣ ਦਾਸ ਮਹਾਰਾਜ ਜੀ ਦੀ ਸਰਪ੍ਰਸਤੀ ਹੇਠ ਰਵਿਦਾਸੀਆ ਧਰਮ ਪ੍ਰਚਾਰ ਕਮੇਟੀ, ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੁਸਾਇਟੀ ਦੀ ਨਿਗਰਾਨੀ ਹੇਠ ਦੇਸ਼ਾਂ ਵਿਦੇਸ਼ਾਂ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸੰਤ ਸੰਮੇਲਨ ਦੌਰਾਨ ਸੰਤ ਗੁਰਬਚਨ ਦਾਸ, ਬੀਬੀ ਸਰੀਫਾ ਜੀ ਉਦੇਸੀਆ, ਸੰਤ ਪ੍ਰਦੀਪ ਦਾਸ ਜੀ ਕਠਾਰ ਵਾਲੇ , ਸੰਤ ਦੇਸ ਰਾਜ ਦਰਾਵਾ ਵਾਲੇ, ਸੰਤ ਪ੍ਰੀਤਮ ਦਾਸ ਇਸਪੁਰ ਵਾਲੇ, ਸੰਤ ਸੁਖਵਿੰਦਰ ਦਾਸ ਢੱਡੇ ਵਾਲੇ, ਬੀਬੀ ਸੱਤਿਆ ਦੇਵੀ ਗਾਜੀਪੁਰ ਵਾਲੇ,ਸੰਤ ਗੁਰਬਚਨ ਸਿੰਘ ਚੱਕ ਲੱਧੀਆ ਵਾਲੇ ਅਤੇ ਹੋਰ ਵੱਖ ਡੇਰਿਆਂ ਤੋਂ ਸੰਤ ਮਹਾਂਪੁਰਸ ਸੰਗਤਾਂ ਨੂੰ ਅਸ਼ੀਰਵਾਦ ਦੇਣ ਲਈ ਪਹੁੰਚੇ। ਰਵਿਦਾਸੀਆ ਧਰਮ ਪ੍ਰਚਾਰ ਕਮੇਟੀ ਆਦਮਪੁਰ ਦੋਆਬਾ ਦੇ ਸਮੂਹ ਮੈਂਬਰਾਂ ਵਲੋਂ 108 ਸੰਤ ਨਿਰੰਜਣ ਦਾਸ ਮਹਾਰਾਜ ਜੀ ਦਾ ਗੋਲਡ ਮੈਡਲ ਨਾਲ ਸਨਮਾਨ ਕੀਤਾ ਗਿਆ। ਰਵਿਦਾਸੀਆ ਧਰਮ ਪ੍ਰਚਾਰ ਕਮੇਟੀ ਦੇ ਪ੍ਰਧਾਨ ਸੁਰਿੰਦਰ ਕੁਮਾਰ ਖੁਰਦਪੁਰ, ਸੈਕਟਰੀ ਸੁਰਿੰਦਰ ਬੱਧਣ, ਸੋਹਣਜੀਤ ਹਰੀਪੁਰ, ਕੈਪਟਨ ਗੁਰਬਖਸ਼ ਸਿੰਘ ਹਰੀਪੁਰ, ਮਨਜੀਤ ਸਿੰਘ ਆਦਮਪੁਰ, ਕੈਸ਼ੀਅਰ ਸੁਰੇਸ਼ ਕੁਮਾਰ ਭਾਟੀਆ, ਪੱਪਾ ਆਦਮਪੁਰ, ਪਵਨ ਕੁਮਾਰ ਟੀਨੂ ਸਾਬਕਾ ਵਿਧਾਇਕ ਆਦਮਪੁਰ, ਰਾਮ ਜੀਤ ਕਾਰਜ ਸਾਧਕ ਅਫਸਰ ਆਦਮਪੁਰ, ਭੁਪਿੰਦਰ ਸਿੰਘ ਭਿੰਦਾ ਕੌਂਸਲਰ, ਦਸਵਿੰਦਰ ਕੁਮਾਰ, ਸੁਖਵਿੰਦਰ ਸਿੰਘ ਕੋਟਲੀ ਹਲਕਾ ਵਿਧਾਇਕ ਆਦਮਪੁਰ,ਦਰਸ਼ਨ ਸਿੰਘ ਕਰਵਲ ਪ੍ਰਧਾਨ ਨਗਰ ਕੌਂਸਲ ਆਦਮਪੁਰ, ਬਲਵਿੰਦਰ ਸਿੰਘ ਐਡਵੋਕੇਟ, ਸੁਸ਼ਮਾ ਕੁਮਾਰੀ ਕੌਂਸਲਰ, ਰਾਜ ਕੁਮਾਰ, ਰਾਜੇਸ਼ ਕੁਮਾਰ ਰਾਜੂ, ਹਰਪ੍ਰੀਤ ਸਿੰਘ ਐਡਵੋਕੇਟ, ਮਦਨ ਮੱਦੀ, ਵਰੁਣ ਚੋਢਾ, ਜੁਗਿੰਦਰ ਪਾਲ ਕੌਂਸਲਰ, ਸਤਨਾਮ ਸਿੰਘ ਕਲਸੀ, ਡਾਕਟਰ ਨਿਰਮਲ ਕੌਲ, ਚਰਨਜੀਤ ਸੇਰੀ, ਤਰਲੋਚਨ ਤੋਤਾ, ਪਰਮਜੀਤ ਕਠਾਰ, ਗੋਤਮ ਰਾਮ ਨਗਰ, ਜੋਗੀ ਗਾਧੀ, ਹੰਸ ਰਾਜ, ਗੋਰਵ ਗਾਜੀਪੁਰ, ਗੁਰਮੀਤ ਮਿਸਤਰੀ, ਇੰਦਰਜੀਤ ਸੱਤੋਵਾਲੀ, ਹਰਿੰਦਰ ਸਿੰਘ, ਵਿਜੇ ਕੜਿਆਣਾ, ਸੰਤੋਖ ਲਾਲ, ਸੋਢੀ ਰਾਮ, ਸੋਮ ਨਾਥ ਦੜੋਚ, ਦਵਿੰਦਰ ਰਾਮ ਨਗਰ, ਜੁਗਿੰਦਰ ਟੈਟ ਹਾਊਸ, ਗੁਰਪ੍ਰੀਤ, ਲਕਸ਼ਮਣ, ਬਲਵਿੰਦਰ, ਸੋਮਾ ਅਲਾਵਲਪੁਰ ਆਦਿ ਹਾਜਰ ਸਨ ।



# ਦੁੱਧ, ਪਾਣੀ ਤੇ ਬਿਸਕੁੱਟਾਂ ਦਾ ਲੰਗਰ ਲਗਾਇਆ



**ਮੋਰਿੰਡਾ (ਜੈਜੀ ਸਰਦਾਰ)**- ਸਿੱਖ ਕੌਮ ਦੇ ਮਹਾਨ ਸ਼ਹੀਦ ਸਿੰਘਾਂ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਨਤਮਸਤਕ ਹੋਣ ਜਾ ਰਹੀਆਂ ਸੰਗਤਾ ਲਈ ਦੁੱਧ,ਪਾਣੀ ਅਤੇ ਬਿਸਕੁੱਟਾਂ ਦਾ ਲੰਗਰ ਲਗਾਇਆ ਗਿਆ। ਕੁਲਦੀਪ ਸਿੰਘ ਓਇੰਦ ਅਤੇ ਜਗਜੀਤ ਸਿੰਘ ਉਭੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸਮਾਜ ਸੁਧਾਰ ਮੰਚ ਪੰਜਾਬ ਅਤੇ ਮੁਹੱਲਾ ਵਾਸੀਆਂ ਦੇ ਸਹਿਯੋਗ ਨਾਲ ਸਰਹੰਦ ਰੋਡ 'ਤੇ ਲੰਗਰ ਲਗਾਇਆ ਗਿਆ। ਇਸ ਮੌਕੇ ਨੰਬਰਦਾਰ ਬਹਾਦਰ ਸਿੰਘ, ਦਰਸ਼ਨ ਸਿੰਘ ਸੰਧੂ, ਮੋਹਿਤ ਸਾਗੀ, ਸੰਤੋਖ ਸਿੰਘ ਛਿੱਬਰ, ਜਸਵਿੰਦਰ ਸਿੰਘ ਰੋਲੂਮਾਜਰਾ,ਬਲਜਿੰਦਰ ਸਿੰਘ ਧਨੌਂਗੀ,ਬਿੰਦਾ ਮਾਨ ਬਲੌਂਗੀ,ਗੋਪਾਲ ਬਲਦੇਵ ਨਗਰ,ਨਰਿੰਦਰ ਕੌਰ,ਪਰਮਜੀਤ ਪੰਡਿਤ ਬਲੌਂਗੀ,ਜਸਕਰਨ ਸਿੰਘ ਆਰਕੀਟੈਕਟ,ਸੂਬੇਦਾਰ ਪ੍ਰੀਤਪਾਲ ਸਿੰਘ,ਛਿੰਦਾ ਸਿੰਘ ਅਰਨੌਲੀ,ਭਵਨੀਤ ਕੌਰ,ਸੱਜਣ ਸਿੰਘ ਸਰਪੰਚ ਸਮਾਣਾ ਖੁਰਦ,ਦੀਦਾਰ ਸਿੰਘ ਡਹਿਰ,ਪ੍ਰਿੰਸ,ਬਲਜੀਤ ਸਿੰਘ ਪੰਚ ਆਦਿ ਹਾਜ਼ਰ ਸਨ।

# ਕਿਰਤ ਦੇ ਫਲਸਫੇ 'ਤੇ ਪਹਿਰਾ ਦੇਣ ਵਾਲੇ ਗਿਆਨੀ ਦਰਸ਼ਨ ਸਿੰਘ ਨੂੰ ਯਾਦ ਕਰਦਿਆਂ...

ਅੱਜ ਮੈਂ 100 ਵਰ੍ਹਾ ਤੰਦਰੁਸਤ ਜੀਵਨ ਬਿਤਾ ਕੇ ਇਸ ਸੰਸਾਰ ਤੋਂ ਰੁਖਸਤ ਹੋਏ ਇੱਕ ਕਿਰਤੀ ਬਜ਼ੁਰਗ ਗਿਆਨੀ ਦਰਸ਼ਨ ਸਿੰਘ ਦੀ ਜੀਵਨ ਗਾਥਾ ਨੂੰ ਕੁਝ ਸ਼ਬਦਾਂ ਨਾਲ ਸਾਂਝਾ ਕਰਾਂਗਾ, ਜਿਨ੍ਹਾ ਸੰਨ 1923 ਵਿੱਚ ਪਿੰਡ ਪੱਦੀ ਮੱਟਵਾਲੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਜਨਮ ਲਿਆ। ਉਹ ਭਾਵੇਂ ਸਕੂਲੀ ਪੜ੍ਹਾਈ ਤੋਂ ਕੋਰੇ ਅਨਪੜ੍ਹ ਸਨ, ਪ੍ਰੰਤੂ ਉਨ੍ਹਾ ਦੀ ਗੱਲਬਾਤ ਅਤੇ ਇਤਿਹਾਸਕ ਗਿਆਨ ਦੇ ਪਰਖਦਿਆਂ ਉਨ੍ਹਾ ਨੂੰ ਪਿੰਡ ਵੱਲੋਂ ਗਿਆਨੀ ਕਹਾਉਣ ਦਾ ਮਾਣ ਪ੍ਰਾਪਤ ਹੋਇਆ। ਉਨ੍ਹਾਂ ਪਾਸੋਂ ਸ੍ਰੀ ਗੁਰੂ ਨਾਨਕ ਦੇਵ ਜੀ, ਗੁਰੂ ਰਵਿਦਾਸ ਜੀ, ਭਗਤ ਕਬੀਰ ਜੀ ਸਮੇਤ ਹੋਰ ਬਹੁਤ ਸਾਰੇ ਗੁਰੂਆਂ ਅਤੇ ਭਗਤਾਂ ਦੇ ਜੀਵਨ ਅਤੇ ਬਾਣੀ ਦੇ ਸ਼ਲੋਕ ਜ਼ੁਬਾਨੀ ਸੁਣੇ ਜਾ ਸਕਦੇ ਸਨ, ਜਿਨ੍ਹਾਂ ਨੂੰ ਉਨ੍ਹਾ ਵੱਲੋਂ ਮਹਾਂਪੁਰਸ਼ਾਂ ਦੀ ਸੰਗਤ ਵਿਚੋਂ ਗ੍ਰਹਿਣ ਕਰਕੇ ਜ਼ੁਬਾਨੀ ਕੰਠ ਕੀਤਾ ਹੋਇਆ ਸੀ। ਜਦੋਂ ਵੀ ਕਦੇ ਮੌਕਾ ਮਿਲਦਾ, ਉਹ ਗੁਰਬਾਣੀ ਦੇ ਸ਼ਬਦ ਗਾ ਕੇ ਸੰਗਤਾਂ ਪਾਸੋਂ ਵਾਹ-ਵਾਹ ਖੱਟਦੇ ।



ਉਨ੍ਹਾ ਜਿਉਂਦੇ ਜੀਅ ਗੱਲਬਾਤ ਕਰਦਿਆਂ ਕਿਹਾ ਕਿ ਨਾਮ ਜਪਣਾ, ਵੰਡ ਛਕਣਾ ਅਤੇ ਕਿਰਤ ਕਰਨ ਦਾ ਲੋਕ ਕੇਵਲ ਉਪਦੇਸ਼ ਹੀ ਦਿੰਦੇ ਹਨ, ਪਰ ਮੈਂ ਗੁਰੂ ਜੀ ਦੀਆਂ ਇਨ੍ਹਾਂ ਸਿੱਖਿਆਵਾਂ ਨੂੰ ਅਮਲੀ ਰੂਪ ਵਿੱਚ ਮੰਨਦਾ ਹਾਂ। ਜ਼ਿੰਦਗੀ ਭਰ ਨਾਮ, ਵਿੱਤ ਮੁਤਾਬਕ ਦਾਨ ਅਤੇ ਹੱਡ-ਭੰਨਵੀਂ ਕਿਰਤ ਕੀਤੀ ਹੈ, ਜਿਸ ਦੀ ਬਦੌਲਤ ਅੱਜ ਮੇਰੇ ਪਰਵਾਰ ਦੇ ਬੱਚੇ ਦੇਸ ਅਤੇ ਵਿਦੇਸ਼ ਵਿੱਚ ਸਨਮਾਨਯੋਗ ਸੇਵਾਵਾਂ ਨਿਭਾਅ ਰਹੇ ਹਨ। ਉਮਰ ਦੇ ਇਸ ਪੜਾਅ ਅੰਦਰ ਮੈਂ ਸਰੀਰਕ ਕਸਰਤ ਨੂੰ ਜਾਰੀ ਰੱਖਦਿਆਂ ਤੰਦਰੁਸਤ ਤੇ ਖੁਸ਼ਹਾਲ ਜੀਵਨ ਜੀਵਨ ਬਿਤਾ ਰਿਹਾ ਹਾਂ। ਅੱਜ ਹਰ ਖੁਸ਼ੀ ਮੇਰੀ ਝੋਲੀ ਵਿੱਚ ਹੈ ਅਤੇ ਮੈਂ ਆਪਣੀ ਜ਼ਿੰਦਗੀ ਤੋਂ ਪੂਰਾ ਸੰਤੁਸ਼ਟ ਅਤੇ ਖੁਸ਼ ਹਾਂ ।

28 ਦਸੰਬਰ ਉਨ੍ਹਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਪਾਠ ਦੇ ਭੋਗ ਅਤੇ ਅੰਤਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਪਿੰਡ ਪੱਦੀ ਮੱਟ ਵਾਲੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਹੋਵੇਗਾ।

**- ਅਵਤਾਰ ਲੰਗੇਰੀ**

## ਉਨ੍ਹਾ ਦੀ ਜ਼ਿੰਦਗੀ ਨੂੰ ਸੰਬੋਧਿਤ ਦੋ ਰਚਨਾਵਾਂ

ਕੁਰਬਾਨੀ
ਕੇਵਲ ਜੰਗ ਦੇ ਮੈਦਾਨ ਵਿੱਚ ਹੀ ਨਹੀ ਹੁੰਦੀ
ਹਰ ਰੋਜ਼ ਕੁਰਬਾਨ ਹੁੰਦੇ ਆਏ ਨੇ ਉਹ
ਖੇਤਾਂ ਬੰਨਿਆਂ 'ਤੇ
ਸੜਕਾਂ 'ਤੇ
ਸੜਕਾਂ ਦਿਆਂ ਪੁਲਾਂ 'ਤੇ
ਅਸਮਾਨ ਛੂੰਹਦੀਆਂ ਇਮਾਰਤਾਂ ਦੇ ਕਿਨਾਰੇ 'ਤੇ
ਕੇਵਲ ਤੇ ਕੇਵਲ ਆਪਣੇ ਜਿਸਮਾਂ ਦੇ ਸਹਾਰੇ 'ਤੇ

ਇਸੇ ਹੀ ਮਾਣਮੱਤੇ ਸਫਰ 'ਤੇ ਚਲਦਿਆਂ
ਉਨ੍ਹਾ ਦੇਖਿਆ
"ਇਨਕਲਾਬ"
ਜਿਉਂਦੇ ਜੀਅ
ਅਤੇ ਅੱਜ ਦੇਖਦੀ ਪਈ ਹੈ
ਉਨ੍ਹਾਂ ਦੀ ਸੰਤਾਨ
ਇਹ ਫਰਿਸ਼ਤੇ ਲੋਕ
ਅੱਜ ਭਾਵੇਂ ਸਾਥੋਂ ਵਿਦਾ ਹੋ ਗਏ
ਪਰ ਪਾ ਗਏ ਹਨ ਸੰਦਲੀ ਪੈੜਾਂ
ਅਤੇ ਛੱਡ ਗਏ ਹਨ ਖੂਬਸੂਰਤ
ਬਹੁਤ ਸਾਰੇ ਨਿਸ਼ਾਨ
ਅਕਲ ਤੇ ਗਿਆਨ ਕੇਵਲ
ਸਕੂਲਾਂ ਕਾਲਜਾਂ ਦੇ ਹੀ ਮੁਹਤਾਜ਼ ਨਹੀਂ ਹੁੰਦਾ
ਸੰਗਤ, ਪੰਗਤ, ਕਿਰਤ,
ਨਾਮ ਅਤੇ ਬਹੁਤ ਸਾਰੀਆਂ ਨੈਤਿਕ ਕਦਰਾਂ-ਕੀਮਤਾਂ
ਜੋ ਇਨ੍ਹਾਂ ਦੇ ਹਿੱਸੇ ਆਈਆਂ
ਦੋ ਡੰਗ ਦੀ ਰੋਟੀ ਦੇ ਨਾਲ ਨਾਲ
ਇਹ ਵੀ ਸਨ
ਸਾਡੇ ਪੁਰਖਿਆਂ ਦੀਆਂ
ਅਸਲ ਕਮਾਈਆਂ

ਜ਼ਿੰਦਗੀ ਦੇ ਇਸ ਸ਼ਾਨਦਾਰ ਸਫਰ ਨੂੰ ਤੱਕਦਿਆਂ
ਅਸੀਂ ਮਹਿਸੂਸ ਕੀਤਾ ਕਿ
ਅਸੀਂ ਵੀ ਇਸ ਸਫਰ ਦੇ ਪਾਂਧੀ ਹਾਂ
ਪਤਾ ਨਹੀਂ ਇਸ ਮੁਸਾਫਿਰ ਨੇ
ਕਦ ਗੱਡੀ 'ਚੋਂ ਉਤਰ ਜਾਣੈ
ਇਹ ਮੁਸਾਫਰ ਬੜਾ ਹੀ ਪਿਆਰਾ ਏ
ਸਾਡਾ ਸਭ ਦਾ ਸਹਾਰਾ ਏ
ਇਨ੍ਹਾਂ ਦੀ ਟਹਿਲ ਵਿੱਚ
ਕੋਈ ਰਹਿ ਨਾ ਜਾਵੇ ਕਸਰ
ਤਾਂ ਕਿ ਸ਼ਾਨਦਾਰ ਬੀਤ ਜਾਵੇ
ਇਨ੍ਹਾਂ ਦਾ ਸਫਰ

ਮੈਂ ਵੀ ਇਨ੍ਹਾਂ ਦੇ ਇਸ ਸਫਰ ਵਿੱਚ
ਕੁਝ ਅਰਸਾ ਬਿਤਾਇਆ
ਭਾਵੇਂ ਮੈਂ ਦੇਰ ਨਾਲ ਆਇਆ
ਮਾਖਿਓਂ ਮਿੱਠੀ ਬਾਣੀ
ਰਿਸ਼ਤਿਆਂ ਦੀ ਮਰਿਯਾਦਾ
ਜੀਵਨ ਜਾਚ ਅਤੇ
ਉੱਚੀ ਸੁਰ ਵਿੱਚ
ਕੁਦਰਤ ਦਾ ਗੁਣਗਾਨ ਸੁਣਦਿਆਂ
ਮੈਂ ਬਹੁਤ ਕੁਝ ਪਾਇਆ
ਤੇ ਉਨ੍ਹਾਂ ਦੇ ਮੂੰਹੋਂ ਨਿਕਲਦਾ
ਇਹ ਪਿਆਰਾ ਜਿਹਾ ਸ਼ਬਦ
'ਮੱਲਾ ਰਾਜੀ ਆਂ'
'ਲੰਗੇਰੀ' ਵੀ ਸੁਣ ਪਾਇਆ
ਤੇ ਹੁਣ ਇਹ ਸ਼ਬਦ ਜ਼ਿੰਦਗੀ ਭਰ
ਸਾਡੇ ਕੰਨਾਂ ਵਿੱਚ
ਰਸ ਘੋਲਦਾ ਰਹੇਗਾ
ਬਾਬਾ ਬੋਲਦਾ ਰਹੇਗਾ ।

'ਮੱਲਾ ਰਾਜ਼ੀ ਆਂ'

ਇੱਕ ਸਫਰ
ਮੁੜ੍ਹਕੇ 'ਚ ਭਿੱਜਿਆਂ ਹੇਕਾਂ ਲਾਉਣ ਦਾ
ਲੂਹ-ਕੋਹਰਾ ਪਿੰਡੇ 'ਤੇ ਹੰਢਾਓਣ ਦਾ

ਬਾਣੀ ਦੀ ਲੋਰ,
ਮੜ੍ਹਕ ਵਾਲੀ ਤੋਰ,
'ਹਈ-ਛਾਵਾ' ਵਾਲੇ ਜ਼ੋਰ ਦਾ

ਅੱਥਰੇ ਸੁਭਾਅ ਦਾ
ਬੇਪਰਵਾਹ ਦਾ

ਇੱਕ ਸਫਰ
ਅਨਪੜ੍ਹ ਹੁੰਦਿਆਂ
'ਗਿਆਨੀ' ਅਖਵਾਉਣ ਦਾ
ਨੱਬੇ ਟੱਪਿਆ,
ਗੁੱਟ ਛੁਡਾਉਣ ਦੀ ਸ਼ਰਤ ਲਾਉਣ ਦਾ
ਚਿੜੀਆਂ ਉਡਾਉਣ, ਡੰਗਰ ਚਰਾਉਣ ਦਾ

ਜ਼ਿੰਦਗੀ ਜਿਊਣ ਦੀ ਸ਼ਿੱਦਤ ਦਾ
ਬਾਤਾਂ, ਕਹਾਣੀ-ਕਿੱਸੇ ਵਿਚਲੀ ਮਿੱਠਤ ਦਾ
ਭਜਨ ਦਾ, ਬੋਲੀਆਂ ਦਾ
ਮਸਤੀ ਦਾ, ਟਿੱਚਰ ਦਾ

ਤਨ-ਮਨ ਅਰੋਗ ਦਾ
ਸੱਸੀ-ਪੁੰਨੂੰ ਗਾਉਂਦੇ ਸੋਗ ਦਾ

ਤੇਲ ਨਾਲ ਲਿਸ਼ਕੇ ਪਿੰਡੇ ਦਾ
ਚਮਕਦੀ ਅੱਖ, ਮਨ ਖਿੰਡੇ ਦਾ

ਨਿੱਕੇ ਪਿੰਡੇ ਦੇ ਵੱਡੇ ਜਿਗਰੇ ਦਾ
ਸਬਰ, ਸ਼ੁਕਰ, ਸਿਰੜ ਦਾ

ਗੁਸਲਖਾਨੇ, ਇਸ਼ਨਾਨ,
ਝੱਗੇ, ਫਤੂਹੀ, ਖੀਸੇ-ਗੁਦਾਮ ਦਾ
ਸਾਫਾ, ਮਧੇੜ, ਮਾਵਾ,
ਮੌਜੇ, ਗੁਰਗਾਬੀ, ਦਲਾਨ ਦਾ

ਇੱਕ ਸਫਰ
'ਵੱਟਾਂ' 'ਤੇ ਕੀਤੇ ਸਫਰ ਦਾ

ਸੱਥਾਂ ਦਾ
ਸੁੱਚੇ-ਕਿਰਤੀ ਹੱਥਾਂ ਦਾ

ਪਹਿਲੀ ਬੁਰਕੀ ਨਾਲ ਅਲਾਪੇ
ਚਿੜੀਆਂ ਨੂੰ 'ਆਓ-ਆਓ' ਦੇ ਰਾਗ ਦਾ

ਤੇਜ਼ ਬਿਰਤੀ, ਅੰਗਾਂ ਦੀ ਹਰਕਤ ਦਾ
ਏਕਮ-ਦੋਇਮ ਬਰਕਤ ਦਾ

ਕਰ ਲਿਆ ਤੈਅ ਇਹ ਸਫਰ
ਜਿੱਤ ਲਈ ਬਾਜ਼ੀ ਏ

ਮੁਸਾਫਰ ਨੂੰ ਪੁੱਛ ਲਓ
'ਮੱਲਾ..
.... ਰਾਜ਼ੀ ਏ।'

**- ਜਗਦੀਸ਼ ਸਿੰਘ ਕੈਨੇਡਾ**
+17809386091

# ਸੀ ਟੀ ਗਰੁੱਪ ਨੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸ਼ਰਧਾ ਭਾਵਨਾ ਨਾਲ ਕੀਤਾ ਯਾਦ



**ਜਲੰਧਰ (ਸ਼ੈਲੀ ਐਲਬਰਟ)**

ਸੀਟੀ ਗਰੁੱਪ ਨੇ ਇਤਿਹਾਸਕ ਸਾਕਾ ਸਰਹਿੰਦ ਦੀ ਯਾਦ ਵਿੱਚ ਗੁਰੂ ਗੋਬਿੰਦ ਸਿੰਘ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਦਿਨ ਸਮਰਪਿਤ ਕੀਤਾ।ਇਸ ਸਮਾਗਮ ਵਿੱਚ ਐਸ ਜੀ ਪੀ ਸੀ ਅੰਮ੍ਰਿਤਸਰ ਦੇ ਧਾਰਮਿਕ ਅਧਿਐਨ ਦੇ ਇੰਚਾਰਜ ਡਾ. ਜੋਗੇਸ਼ਵਰ ਸਿੰਘ ਦਾ ਇੱਕ ਮਾਹਰ ਲੈਕਚਰ ਸ਼ਾਮਲ ਸੀ, ਜਿਹਨਾਂ ਨੇ ਇਸ ਸਮਾਗਮ ਦੀ ਅਧਿਆਤਮਿਕ ਅਤੇ ਇਤਿਹਾਸਕ ਮਹੱਤਤਾ ਬਾਰੇ ਡੂੰਘੀ ਜਾਣਕਾਰੀ ਸਾਂਝੀ ਕੀਤੀ।ਸਮਾਗਮ ਦੀ ਸ਼ੁਰੂਆਤ ਸੀਟੀ ਮਿਊਜ਼ੀਕਲ ਸੋਸਾਇਟੀ ਵੱਲੋਂ ਸ਼ਬਦ ਗਾਇਨ ਨਾਲ ਕੀਤੀ ਗਈ। ਡਾ. ਜੋਗੇਸ਼ਵਰ ਸਿੰਘ ਦੇ ਮਾਹਿਰ ਲੈਕਚਰ ਨੇ ਸਾਕਾ ਸਰਹਿੰਦ ਸਮੇਂ ਗੁਰੂ ਗੋਬਿੰਦ ਸਿੰਘ ਜੀ ਅਤੇ ਸਾਹਿਬਜ਼ਾਦਿਆਂ ਵੱਲੋਂ ਦਿੱਤੀਆਂ ਕੁਰਬਾਨੀਆਂ ਬਾਰੇ ਡੂੰਘੀ ਜਾਣਕਾਰੀ ਦਿੱਤੀ। ਇਸ ਮੌਕੇ ਗਤਕੇ ਦਾ ਪ੍ਰਦਰਸ਼ਨ ਵੀ ਕੀਤਾ ਗਿਆ। ਸਮਾਗਮ ਵਿੱਚ ਕੈਂਪਸ ਦੇ ਡਾਇਰੈਕਟਰ, ਸੀਟੀ ਗਰੁੱਪ, ਡਾ. ਜੀ.ਐਸ. ਸਿੱਧੂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।ਸਟੂਡੈਂਟ ਵੈਲਫੇਅਰ ਦੇ ਡੀਨ ਡਾ. ਅਰਜਨ ਸਿੰਘ, ਸੰਸਥਾਵਾਂ ਦੇ ਮੁਖੀ ਫੈਕਲਟੀ ਮੈਂਬਰ, ਅਤੇ ਵਿਦਿਆਰਥੀ ਸਭ ਨੇ ਯਾਦ ਅਤੇ ਏਕਤਾ ਦਾ ਸਮੂਹਿਕ ਮਾਹੌਲ ਪੈਦਾ ਕੀਤਾ।ਵਿਸ਼ੇਸ਼ ਬੁਲਾਰੇ ਡਾ. ਜੋਗੇਸ਼ਵਰ ਸਿੰਘ ਨੇ ਅਜਿਹੀਆਂ ਇਤਿਹਾਸਕ ਕਹਾਣੀਆਂ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ, ਗੁਰੂ ਗੋਬਿੰਦ ਸਿੰਘ ਜੀ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਦਰਸਾਉਂਦੇ ਹੋਏ, ਅਸੀਂ ਨਾ ਸਿਰਫ਼ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਸ਼ਰਧਾਂਜਲੀ ਭੇਟ ਕਰਦੇ ਹਾਂ, ਸਗੋਂ ਨਿਆਂ ਅਤੇ ਧਾਰਮਿਕਤਾ ਲਈ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਤੋਂ ਪ੍ਰੇਰਨਾ ਵੀ ਲੈਂਦੇ ਹਾਂ।

# ਭਗੌੜਾ ਕਾਬੂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਜਗਜੀਤ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਨੇ ਦੱਸਿਆ ਕਿ ਮੁਕੱਦਮਾ ਨੰ 43 ਮਿਤੀ 23-05-22 ਭ /ਦ 325,323,506 ਥਾਣਾ 'ਚ ਰਜਿਸਟਰ ਹੋਇਆ ਸੀ । ਇਸ ਮੁਕੱਦਮੇ ਵਿਚ ਦੋਸ਼ੀ ਮੁਕੇਸ਼ ਕੁਮਾਰ ਉਰਫ ਬੱਬਲੂ ਪੁੱਤਰ ਹਰਪਾਲ ਵਾਸੀ ਸੂਪ ਥਾਣਾ ਰੁਮਾਲਾ ਤਹਿ ਬਬੌਤ ਜ਼ਿਲ੍ਹਾ ਬਾਗਪੱਤ ਉਤਰ ਪ੍ਰਦੇਸ਼ ਨੇ ਆਪਣੇ ਸਾਥੀ ਨਾਲ ਮੁਦੱਈਆਂ ਪਰਮੋਦ ਕੁਮਾਰ ਪੁੱਤਰ ਰਾਜਵੀਰ ਦੀ ਕੁੱਟਮਾਰ ਕੀਤੀ ਸੀ । ਮੁਕੇਸ਼ ਕੁਮਾਰ ਲੜਾਈ ਝਗੜਾ ਕਰਕੇ ਆਪਣੀ ਗ੍ਰਿਫਤਾਰੀ ਤੋਂ ਡਰਦਾ ਪਿਛਲੇ ਡੇਢ ਸਾਲ ਤੋਂ ਫਰਾਰ ਚੱਲਿਆ ਆ ਰਿਹਾ ਸੀ, ਜਿਸ ਨੂੰ ਉਤਰ ਪ੍ਰਦੇਸ਼ ਤੋਂ ਗ੍ਰਿਫਤਾਰ ਕਰਕੇ ਏ.ਐਸ.ਆਈ ਗੁਲਸ਼ਨ ਕੁਮਾਰ ਸਮੇਤ ਪੁਲਸ ਪਾਰਟੀ ਥਾਣਾ ਮੇਹਟੀਆਣਾ ਵਲੋਂ ਮਿਤੀ 25-12- 2023 ਨੂੰ ਮੁਕੱਦਮਾ ਉਕਤ ਵਿਚ ਗ੍ਰਿਫਤਾਰ ਕਰਕੇ ਪੇਸ਼ ਅਦਾਲਤ ਕੀਤਾ ਗਿਆ ਹੈ।

# ਬੱਚਿਆ ਲਈ ਪ੍ਰਾਈਵੇਟ ਪਲੇਅ ਵੇ ਸਕੂਲ ਖੋਲ੍ਹਣ ਲਈ ਰਾਸ਼ਟਰੀ ਬਾਲ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਲਾਜ਼ਮੀ

**ਮੋਹਾਲੀ, (ਗੁਰਜੀਤ ਬਿੱਲਾ)** ਜ਼ਿਲ੍ਹੇ ਅਧੀਨ 3 ਤੋਂ 6 ਸਾਲ ਤੱਕ ਦੇ ਬੱਚਿਆ ਲਈ ਪ੍ਰਾਈਵੇਟ ਪਲੇਅ ਵੇ ਸਕੂਲ ਖੋਲ੍ਹਣ ਲਈ ਨੈਸ਼ਨਲ ਕਮਿਸ਼ਨ ਫਾਰ ਪ੍ਰੋਟੈਕਸ਼ਨ ਆਫ ਚਾਈਲਡ ਰਾਈਟਸ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਜੇਕਰ ਕੋਈ ਵਿਅਕਤੀ ਜਾਂ ਸੰਸਥਾ ਜ਼ਿਲ੍ਹਾ ਐੱਸ ਏ ਐੱਸ ਨਗਰ 'ਚ ਪ੍ਰਾਈਵੇਟ ਪਲੇਅ ਵੇ ਸਕੂਲ ਖੋਲ੍ਹਣ ਲਈ ਇਛੁੱਕ ਹੈ, ਤਾਂ ਨੈਸ਼ਨਲ ਕਮਿਸ਼ਨ ਫਾਰ ਪ੍ਰੋਟੈਕਸ਼ਨ ਆਫ ਚਾਈਲਡ ਦੀਆਂ ਹਦਾਇਤਾਂ ਦੀ ਪਾਲਣਾ ਲਾਜ਼ਮੀ ਹੈ, ਜੋ ਕਿ ਦਫਤਰ ਜ਼ਿਲ੍ਹਾ ਪ੍ਰੋਗਰਾਮ ਅਫਸਰ ਤੋਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਜ਼ਿਲ੍ਹਾ ਪ੍ਰੋਗਰਾਮ ਅਫਸਰ ਗਗਨਦੀਪ ਸਿੰਘ ਅਨੁਸਾਰ ਇਸ ਸਬੰਧੀ ਮੁਕੰਮਲ ਜਾਣਕਾਰੀ ਪ੍ਰਾਪਤ ਕਰਨ ਲਈ ਦਫਤਰ ਜ਼ਿਲ੍ਹਾ ਪ੍ਰੋਗਰਾਮ ਅਫਸਰ ਐੱਸ.ਏ.ਐੱਸ ਨਗਰ ਕਮਰਾ ਨੰਬਰ:537, ਚੌਥੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਐੱਸ.ਏ.ਐੱਸ ਨਗਰ (ਮੋਹਾਲੀ) ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

# ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸਫਰ-ਏ-ਸ਼ਹਾਦਤ ਸਮਾਗਮ ਸ਼ਰਧਾ ਭਾਵਨਾ ਨਾਲ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**

ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸਰਬੰਸ ਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਚਾਰ ਸਾਹਿਬਜਾਦੇ, ਮਾਤਾ ਗੁਜਰੀ ਜੀ ਅਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਸਫਰ-ਏ-ਸ਼ਹਾਦਤ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਸਵੇਰੇ 9:00 ਵਜੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਸਾਰਾ ਦਿਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਗੁਰਮਤਿ ਸਮਾਗਮ ਵਿੱਚ ਭਾਈ ਗੁਰਸੇਵਕ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਸਰਬੰਸ ਦਾਨੀ ਦਸਮ ਪਿਤਾ ਧੰਨ ਧੰਨ ਸ੍ਰੀ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦੁਆਰਾ ਧਰਮ ਦੀ ਖਾਤਰ ਛੋਟੀ ਉਮਰੇ ਦਿੱਤੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਜਾਣੂ ਕਰਵਾਇਆ। ਭਾਈ ਬਲਬੀਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਭਾਈ ਅਮਨਦੀਪ ਸਿੰਘ ਲੁਧਿਆਣੇ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀ ਮੁਗਲ ਹਕੂਮਤ ਸਮੇ ਧਰਮ ਦੀ ਰਾਖੀ ਲਈ ਆਰਿਆਂ ਨਾਲ ਚੀਰ ਕੇ, ਚਰਖੜੀਆਂ ਤੇ ਚਾੜ ਕੇ, ਬੰਦ ਬੰਦ ਕਟਵਾ ਕੇ, ਖੋਪਰੀ ਉਤਰਵਾ ਕੇ, ਸ਼ਹਾਦਤ ਪ੍ਰਾਪਤ ਕਰਨ ਵਾਲੇ ਮਰਜੀਵੜੇ ਸਿੰਘਾਂ ਬਾਰੇ ਵਿਸਥਾਰ ਸਹਿਤ ਸੁਣਾਇਆ। ਇਸ ਤੋ ਇਲਾਵਾ ਭਾਈ ਸੰਦੀਪ ਸਿੰਘ ਸ਼੍ਰੋਮਣੀ ਪ੍ਰਚਾਰਕ, ਸ਼ੇਰੇ ਪੰਜਾਬ ਕਵੀਸ਼ਰੀ ਜਥਾ, ਬਾਬਾ ਦੀਪ ਸਿੰਘ ਜੀ ਕਵੀਸ਼ਰੀ ਜੱਥਾ, ਭਾਈ ਗੁਰਦੀਪ ਸਿੰਘ ਅਬੋਹਰ ਵਾਲੇ, ਹਰਜੱਸ ਕੀਰਤਨੀ ਜੱਥਾ, ਭਾਈ ਧਰਮ ਸਿੰਘ ਮਾਹੀ, ਅਕਾਲ ਕਵੀਸ਼ਰੀ ਜੱਥਾਂ, ਬੀਬੀ ਉਤੱਮਜੀਤ ਕੌਰ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਸੁਖਵਿੰਦਰ ਸਿੰਘ ਅਤੇ ਭਾਈ ਜਸਵੰਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ । ਕਈ ਟੀ ਵੀ ਚੈਨਲਾਂ ਵਲੋਂ ਇਸ ਸਾਰੇ ਸਮਾਗਮ ਦਾ ਸਿੱਧਾ ਪ੍ਰਸਾਰਣ ਕੀਤਾ ਗਿਆ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਗਿਆ।




# ਦੁੱਧ ਦਾ ਲੰਗਰ ਲਗਾਇਆ




**ਅੱਡਾ ਸਰਾਂ (ਜਸਵੀਰ ਕਾਜਲ)**- ਮੋਤੀ ਰਾਮ ਮਹਿਰਾ, ਮਾਤਾ ਗੁਜਰੀ ਜੀ ਅਤੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਨੂੰ ਯਾਦ ਕਰਦਿਆਂ ਪਿੰਡ ਗੋਰਾਇਆ ਵਿਖੇ ਦੁੱਧ ਦਾ ਲੰਗਰ ਲਗਾਇਆ ਗਿਆ। ਬਾਬਾ ਮੋਤੀ ਰਾਮ ਮਹਿਰਾ ਸਿੱਖ ਇਤਿਹਾਸ ਦੀ ਉਹ ਸ਼ਖਸੀਅਤ ਹੈ ਜਿਸ ਨੇ ਠੰਡੇ ਬੁਰਜ ਵਿੱਚ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਸੂਬੇ ਵਜੀਰ ਖਾਂ ਵਲੋਂ ਕੈਦ ਕਰਨ ਤੋਂ ਬਾਅਦ ਕੁਝ ਖਾਣ ਪੀਣ ਨੂੰ ਨਾ ਦੇਣ ਦੇ ਹੁਕਮਾਂ ਨੂੰ ਇੱਕ ਪਾਸੇ ਰੱਖ ਦੁੱਧ ਪਿਲਾਉਣ ਦੀ ਸੇਵਾ ਨਿਭਾਈ ਸੀ। ਇਸ ਮੌਕੇ ਬਲਜੀਤ ਸਿੰਘ, ਕੁਲਵਿੰਦਰ ਸਿੰਘ, ਸਿਮਰਨਜੀਤ ਸਿਮਾ, ਪ੍ਰਭਜੋਤ ਸਿੰਘ, ਹਰਮਨਜੋਤ ਸਿੰਘ, ਰਜੀਵ ਸਿੰਘ, ਰੋਹਿਤ, ਜੱਸਾ, ਲਵਪ੍ਰੀਤ ਸਿੰਘ ਅਤੇ ਨਗਰ ਦੀਆਂ ਸੰਗਤਾਂ ਹਾਜਰ ਸਨ।

# ਲਵਲੀ ਪ੍ਰੋਫ਼ੈਸ਼ਨਲ 'ਵਰਸਿਟੀ ਵਿਖੇ ਸਿੱਖਿਆ ਮੰਤਰਾਲੇ ਦੀ 'ਸਮਾਰਟ ਇੰਡੀਆ ਹੈਕਾਥੌਨ-2023' ਸੰਪੰਨ

**ਜਲੰਧਰ (ਸ਼ੈਲੀ ਐਲਬਰਟ)**

ਸਿੱਖਿਆ ਮੰਤਰਾਲੇ ਦਾ 'ਸਮਾਰਟ ਇੰਡੀਆ ਹੈਕਾਥੌਨ -2023' ਮੁਕਾਬਲਾ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਆਪਣੇ ਸ਼ਾਨਦਾਰ ਫਾਈਨਲ 'ਤੇ ਪਹੁੰਚ ਗਿਆ, ਜਿੱਥੇ ਜਲ ਸ਼ਕਤੀ ਮੰਤਰਾਲੇ ਦੁਆਰਾ ਪਛਾਣੀਆਂ ਗਈਆਂ ਜਲ ਪ੍ਰਬੰਧਨ ਨਾਲ ਸਬੰਧਤ ਸਮੱਸਿਆਵਾਂ ਨੂੰ ਹੱਲ ਕਰਨ ਲਈ ਨਵੀਨਤਾਕਾਰੀ ਹਾਰਡਵੇਅਰ ਹੱਲ ਪ੍ਰਦਰਸ਼ਿਤ ਕੀਤੇ ਗਏ। 19 ਤੋਂ 23 ਦਸੰਬਰ ਤੱਕ ਚੱਲੇ ਇਸ 5 ਦਿਨਾਂ ਈਵੈਂਟ ਵਿੱਚ ਦੇਸ਼ ਭਰ ਦੀਆਂ 36 ਟੀਮਾਂ ਨੇ 240 ਸਟੂਡੈਂਟਸ ਨਾਲ ਭਾਗ ਲਿਆ।ਐਲ ਪੀ ਯੂ ਦੇ ਇਨੋਵੇਸ਼ਨ ਸਟੂਡੀਓ ਵਿੱਚ ਆਯੋਜਿਤ, ਇਹ ਕੰਪੀਟੀਸ਼ਨ ਜਲ ਪ੍ਰਬੰਧਨ ਚੁਣੌਤੀਆਂ ਨਾਲ ਨਜਿੱਠਣ ਦੇ ਉਦੇਸ਼ ਨਾਲ ਲਾਗਤ-ਪ੍ਰਭਾਵਸ਼ਾਲੀ ਪ੍ਰੋਜੈਕਟਾਂ ਦੇ ਵਿਕਾਸ ਨੂੰ ਸਮਰਪਿਤ ਸੀ। ਪ੍ਰਤੀਯੋਗਿਤਾ ਵਿੱਚ ਬੇਮਿਸਾਲ ਪ੍ਰਤਿਭਾ ਅਤੇ ਸਿਰਜਣਾਤਮਕਤਾ ਦੇਖੀ ਗਈ, ਜਿਸ ਵਿੱਚ ਟੈਕ-ਟਾਇਟਨਸ (ਸਾਰੀਆਂ ਕੁੜੀਆਂ): ਹਾਈਡਰਾ ਅਤੇ ਵੀ ਈ ਆਰ ਈ ਐਰਰ- 404 ਦੀਆਂ ਟੀਮਾਂ ਜੇਤੂਆਂ ਵਜੋਂ ਉੱਭਰੀਆਂ ਅਤੇ ਸਾਰੀਆਂ ਨੇ ਇੱਕ-ਇੱਕ ਲੱਖ ਰੁਪਏ ਦੇ ਨਕਦ ਇਨਾਮ ਪ੍ਰਾਪਤ ਕੀਤੇ। ਸਿੱਖਿਆ ਮੰਤਰਾਲੇ ਦੇ ਇਨੋਵੇਸ਼ਨ ਸੈੱਲ ਅਤੇ ਆਲ ਇੰਡੀਆ ਕੌਂਸਲ ਫਾਰ ਟੈਕਨੀਕਲ ਐਜੂਕੇਸ਼ਨ ਦੁਆਰਾ ਮਾਨਤਾ ਪ੍ਰਾਪਤ, ਮੁਕਾਬਲੇ ਲਈ ਐਲਪੀਯੂ ਨੂੰ ਨੋਡਲ ਕੇਂਦਰਾਂ 'ਚੋਂ ਇੱਕ ਵਜੋਂ ਚੁਣਿਆ ਗਿਆ ਸੀ।ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਟੂਡੈਂਟਸ ਨਾਲ ਵਰਚੂਅਲ ਗੱਲਬਾਤ ਦੌਰਾਨ ਨੌਜਵਾਨ ਖੋਜਕਾਰਾਂ ਦੀ ਸਮੱਸਿਆ ਹੱਲ ਕਰਨ ਦੀ ਸਮਰੱਥਾ ਅਤੇ ਚਤੁਰਾਈ ਦੀ ਸ਼ਲਾਘਾ ਕੀਤੀ। ਪੁਰਸਕਾਰ ਸਮਾਰੋਹ ਐਲ ਪੀ ਯੂ ਦੇ ਪ੍ਰੋ ਵਾਈਸ ਚਾਂਸਲਰ, ਪ੍ਰੋ. ਡਾ. ਲਵੀ ਰਾਜ ਗੁਪਤਾ ਅਤੇ ਪ੍ਰੋ. ਡਾ. ਸੰਜੇ ਮੋਦੀ ਦੀ ਮੌਜੂਦਗੀ ਦੁਆਰਾ ਸੰਪੰਨ ਹੋਇਆ, ਜਿਨ੍ਹਾਂ ਨੇ ਜੇਤੂ ਟੀਮਾਂ ਨੂੰ 1-1 ਲੱਖ ਰੁਪਏ ਤੱਕ ਦੇ ਨਕਦ ਇਨਾਮਾਂ ਦੇ ਨਾਲ-ਨਾਲ ਸਰਟੀਫਿਕੇਟ ਵੀ ਦਿੱਤੇ।



# 100 ਪ੍ਰਤੀਸ਼ਤ ਟੀਕਾਕਰਨ ਯਕੀਨੀ ਬਣਾਇਆ ਜਾਵੇ : ਡਾ. ਦਲਜੀਤ ਕੌਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਡਾ. ਮਨੂੰ ਵਿੱਜ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਦਲਜੀਤ ਕੌਰ ਦੀ ਅਗਵਾਈ ਹੇਠ ਪੀ.ਐਚ.ਸੀ ਕੀਰਤਪੁਰ ਸਾਹਿਬ ਅਧੀਨ ਵੱਖ ਵੱਖ ਹੈਲਥ ਐਂਡ ਵੈਲਨੈਸ ਸੈਂਟਰਾਂ 'ਤੇ ਮਮਤਾ ਦਿਵਸ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫਸਰ ਡਾ. ਦਲਜੀਤ ਕੌਰ ਨੇ ਦੌਰੇ ਦੌਰਾਨ ਕਿਹਾ ਕਿ ਬੱਚਿਆਂ ਤੇ ਗਰਭਵਤੀ ਮਾਵਾਂ ਦਾ 100 ਪ੍ਰਤੀਸ਼ਤ ਟੀਕਾਕਰਨ ਯਕੀਨੀ ਬਣਾਇਆ ਜਾਵੇ। ਉਨ੍ਹਾਂ ਯੂਵੀਨ ਰਾਹੀਂ ਕੀਤੇ ਜਾ ਰਹੇ ਕੰਮ ਦੀ ਵੀ ਸਮੀਖਿਆ ਕੀਤੀ ਅਤੇ ਸਟਾਫ ਨੂੰ ਲਾਭਪਾਤਰੀਆਂ ਦਾ ਟੀਕਾਕਰਨ ਦਾ ਕੰਮ ਆਨਲਾਈਨ ਕਰਨ ਲਈ ਵੀ ਹਦਾਇਤ ਕੀਤੀ ਗਈ। ਉਨ੍ਹਾਂ ਦੱਸਿਆ ਕਿ ਟੀਕਾਕਰਨ ਬੱਚਿਆਂ ਅਤੇ ਮਾਵਾਂ ਦੀ ਸਿਹਤ ਲਈ ਬਹੁਤ ਲਾਹੇਵੰਦ ਹੈ। ਉਨ੍ਹਾਂ ਨੇ ਕਿਹਾ ਕਿ ਜੇਕਰ ਕੋਈ ਲਾਭਪਾਤਰੀ ਟੀਕਾਕਰਨ ਤੋਂ ਵਾਂਝਾ ਰਹਿ ਜਾਂਦਾ ਹੈ ਤਾਂ ਵਿਸ਼ੇਸ਼ ਕੈਂਪ ਰਾਹੀਂ ਟੀਕਾਕਰਨ ਪੂਰਨ ਕੀਤਾ ਜਾਵੇ। ਉਨ੍ਹਾਂ ਨੇ ਆਮ ਲੋਕਾਂ ਨੂੰ ਵੀ ਸਲਾਹ ਦਿੱਤੀ ਹੈ ਕਿ ਉਹ ਆਪਣੇ ਬੱਚਿਆਂ ਦਾ ਪੂਰਾ ਟੀਕਾਕਰਨ ਕਰਵਾਉਣ।



# ਬੱਸੀ ਗੁਲਾਮ ਹੁਸੈਨ ਵਿਖੇ ਕੁਦਰਤੀ ਖੇਤੀ ਬਾਰੇ ਲਗਾਇਆ ਸਿਖਲਾਈ ਕੈਂਪ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਬੱਸੀ ਗੁਲਾਮ ਹੁਸੈਨ ਵਿਖੇ ਕੁਦਰਤੀ ਖੇਤੀ ਬਾਰੇ ਸਿਖਲਾਈ ਸੰਬੰਧੀ ਕੈਂਵਪ ਲਗਾਇਆ ਗਿਆ। ਸਿਖਿਆਰਥੀਆਂ ਦਾ ਸਵਾਗਤ ਕਰਦਿਆਂ ਸਹਿਯੋਗੀ ਨਿਰਦੇਸ਼ਕ (ਸਿਖਲਾਈ), ਕ੍ਰਿਸ਼ੀ ਵਿਗਿਆਨ ਕੇਂਦਰ ਡਾ. ਮਨਿੰਦਰ ਸਿੰਘ ਬੌਂਸ ਨੇ ਕੇ ਵੀ ਕੇ ਦੀਆਂ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ ਨੂੰ ਉਨ੍ਹਾਂ ਨਾਲ ਸਾਂਝਾ ਕੀਤਾ। ਉਨ੍ਹਾਂ ਨੇ ਕੁਦਰਤੀ ਖੇਤੀ ਦੀ ਮਹੱਤਤਾ ਅਤੇ ਦਾਇਰੇ ਬਾਰੇ ਚਾਨਣਾ ਪਾਇਆ ਅਤੇ ਕਿਸਾਨਾਂ ਨੂੰ ਬਿਹਤਰ ਮਨੁੱਖੀ, ਮਿੱਟੀ ਅਤੇ ਵਾਤਾਵਰਨ ਦੀ ਸਿਹਤ ਲਈ ਕੁਦਰਤੀ ਖੇਤੀ ਨੂੰ ਅਪਣਾਉਣ ਲਈ ਵੀ ਪ੍ਰੇਰਿਤ ਕੀਤਾ। ਡਾ. ਬੌਂਸ ਨੇ ਸਿਖਿਆਰਥੀਆਂ ਨੂੰ ਅਪੀਲ ਕੀਤੀ ਕਿ ਕਿਸਾਨਾਂ ਤੋਂ ਸਿੱਧੀ ਖਰੀਦ ਕਰਕੇ ਉਹ ਕੁਦਰਤੀ ਖੇਤੀ ਕਰਨ ਵਾਲੇ ਕਿਸਾਨਾਂ ਦਾ ਹੌਸਲਾ ਵਧਾਉਣ। ਸਹਾਇਕ ਪ੍ਰੋਫ਼ੈਸਰ (ਸਬਜ਼ੀ ਵਿਗਿਆਨ) ਕੇ.ਵੀ.ਕੇ ਡਾ: ਸੁਖਵਿੰਦਰ ਸਿੰਘ ਔਲਖ ਨੇ ਕੁਦਰਤੀ ਖੇਤੀ ਦੇ ਵੱਖ-ਵੱਖ ਪਹਿਲੂਆਂ, ਇਸ ਦੇ ਸਿਧਾਂਤਾਂ ਅਤੇ ਭਾਗਾਂ ਜਿਵੇਂ ਕਿ ਜੀਵ ਅੰਮ੍ਰਿਤ, ਬੀਜ ਅੰਮ੍ਰਿਤ, ਮਲਚਿੰਗ ਅਤੇ ਵੱਖ-ਵੱਖ ਪੌਦਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਕੁਦਰਤੀ ਖੇਤੀ ਵਿਚ ਅਗਨੀ ਅਸਤਰ, ਬ੍ਰਹਮ ਅਸਤਰ, ਖੱਟੀ ਲੱਸੀ ਦੀ ਵਰਤੋਂ ਵਰਗੇ ਸੁਰੱਖਿਆ ਉਪਾਅ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਉਨ੍ਹਾਂ ਸਿਖਿਆਰਥੀਆਂ ਨੂੰ ਆਪਣੀ ਜ਼ਮੀਨ ਦੇ ਕੁਝ ਹਿੱਸੇ ਨੂੰ ਕੁਦਰਤੀ ਖੇਤੀ ਵਿਚ ਤਬਦੀਲ ਕਰਨ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਇਨੋਵੇਟਿਵ ਫਾਰਮਰਜ਼ ਐਸੋਸੀਏਸ਼ਨ ਦੇ ਪ੍ਰਧਾਨ ਨਰਿੰਦਰ ਸਿੰਘ ਨੇ ਕੁਦਰਤੀ ਖੇਤੀ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣੂੰ ਕਰਵਾਇਆ ਅਤੇ ਕੁਦਰਤੀ ਖੇਤੀ ਵਿਚ ਮਿੱਤਰ ਕੀੜਿਆਂ ਅਤੇ ਉਨ੍ਹਾਂ ਦੀ ਭੂਮਿਕਾ ਨੂੰ ਪਛਾਣਨ ਅਤੇ ਉਨ੍ਹਾਂ ਦੀ ਸੰਭਾਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਸਿਖਿਆਰਥੀਆਂ ਨਾਲ ਜ਼ਿਲ੍ਹੇ ਦੇ ਹੋਰ ਅਗਾਂਹਵਧੂ ਕੁਦਰਤੀ ਖੇਤੀ ਕਰਨ ਵਾਲੇ ਕਿਸਾਨ ਵੀ ਸਿਖਿਆਰਥੀਆਂ ਨਾਲ ਰੂਬਰੂ ਹੋਏ। ਪਿੰਡ ਬੱਸੀ ਗੁਲਾਮ ਹੁਸੈਨ ਦੇ ਕਰਨੈਲ ਸਿੰਘ, ਜ ਕਿ ਆਈ.ਐਫ.ਏ ਦੇ ਸਿਖਲਾਈ ਸਕੱਤਰ ਵੀ ਹਨ, ਨੇ ਆਪਣੇ ਫਾਰਮ 'ਤੇ ਉਗਾਈਆਂ ਸਬਜ਼ੀਆਂ ਦੀ ਕਾਸ਼ਤ ਅਤੇ ਸਵੈ-ਮੰਡੀਕਰਨ ਬਾਰੇ ਦੱਸਿਆ। ਆਈ.ਐਫ.ਏ ਦੇ ਇਕ ਹੋਰ ਅਨੁਭਵੀ ਮੈਂਬਰ, ਤਰਸੇਮ ਸਿੰਘ, ਪਿੰਡ ਨੀਲਾ ਨਲੋਆ ਨੇ ਮੁੱਲ ਵਧਾਉਣ ਲਈ ਪ੍ਰੋਸੈਸਿੰਗ ਕਰਨ ਅਤੇ ਦਾਲਾਂ ਦੀ ਕਾਸ਼ਤ ਬਾਰੇ ਚਰਚਾ ਕੀਤੀ ਅਤੇ ਬਖਸ਼ੀਸ਼ ਸਿੰਘ, ਪਿੰਡ ਹਰੀਪੁਰ ਨੇ ਰਵਾਇਤੀ ਖੇਤੀ ਅਤੇ ਰੋਜ਼ਾਨਾ ਰਸੋਈ ਵਿਚ ਵਰਤੀਆਂ ਜਾਣ ਵਾਲੀਆਂ ਜੜੀਆਂ-ਬੂਟੀਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਕੁਦਰਤੀ ਖੇਤੀ ਵਿਚ ਪੌਦਿਆਂ ਦੀ ਖੁਰਾਕ ਅਤੇ ਸੁਰੱਖਿਆ ਲਈ ਜੀਵ ਅੰਮ੍ਰਿਤ, ਬੀਜ ਅੰਮ੍ਰਿਤ ਅਤੇ ਹੋਰ ਮਿਸ਼ਰਣ ਤਿਆਰ ਕਰਨ ਬਾਰੇ ਵਿਧੀ ਪ੍ਰਦਰਸ਼ਨ ਵੀ ਕੀਤਾ ਗਿਆ। ਹਾਜ਼ਰ ਕਿਸਾਨਾਂ ਨੂੰ ਸਥਾਨਕ ਜੜੀਆਂ-ਬੂਟੀਆਂ ਅਤੇ ਉਪਯੋਗੀ ਪੌਦਿਆਂ ਦੀ ਪਛਾਣ ਵੀ ਕਰਵਾਈ ਗਈ।



# ਮੋਤੀ ਰਾਮ ਮਹਿਰਾ ਦੀ ਯਾਦ 'ਚ ਦੁੱਧ ਦਾ ਲੰਗਰ ਲਗਾਇਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**

ਬਾਰ ਐਸੋਸ਼ੀਏਸ਼ਨ ਸੁਲਤਾਨਪੁਰ ਲੋਧੀ ਤਹਿਸੀਲ ਕਲਰਕ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਅਤੇ ਸਮੂਹ ਸਟਾਫ਼ ਤਹਿਸੀਲ ਕੰਪਲੈਕਸ ਸੁਲਤਾਨਪੁਰ ਲੋਧੀ ਵੱਲੋਂ ਮੋਤੀ ਰਾਮ ਮਹਿਰਾ ਦੀ ਸੇਵਾ ਨੂੰ ਯਾਦ ਕਰਦਿਆਂ ਦੁੱਧ ਦੇ ਲੰਗਰ ਲਗਾਇਆ ਗਿਆ।ਇਸ ਮੌਕੇ ਐਡਵੋਕੇਟ ਜਸਪਾਲ ਸਿੰਘ ਧੰਜੂ ਸਾਬਕਾ ਚੇਅਰਮੈਨ ਕੰਬੋਜ ਵੇਲਫੈਆਰ ਬੋਰਡ ਪੰਜਾਬ ਨੇ ਦੱਸਿਆ ਕਿ ਮੌਜੂਦਾ ਦਿਨ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਦਿਨ ਚੱਲ ਰਹੇ ਹਨ, ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦੇ ਹੋਏ ਤੇ ਨਾਲ ਹੀ ਉਨ੍ਹਾਂ ਸਾਰੇ ਸਿੰਘਾਂ ਨੂੰ, ਜਿਨ੍ਹਾਂ ਗੁਰੂ ਸਾਹਿਬ ਦੀ ਅਗਵਾਈ ਵਿਚ ਜ਼ੁਲਮ ਦੇ ਖ਼ਿਲਾਫ਼ ਮੁਗਲਾਂ ਨਾਲ ਲੜਾਈ ਲੜੀ ਅਤੇ ਇਸ ਕਰਕੇ ਉਨ੍ਹਾਂ ਸਾਰੇ ਮੋਤੀ ਰਾਮ ਮਹਿਰਾ ਵਰਗੇ ਗੁਰੂ ਦੇ ਪਿਆਰਿਆਂ ਨੂੰ ਯਾਦ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਠੰਢ ਦੀਆਂ ਰਾਤਾਂ ਵਿਚ ਜਾਨ ਨੂੰ ਤਲੀ 'ਤੇ ਧਰ ਕੇ ਮੋਤੀ ਰਾਮ ਮਹਿਰਾ ਜੀ ਨੇ ਛੋਟੇ ਸਾਹਿਬਜ਼ਾਦਿਆਂ ਨੂੰ ਦੁੱਧ ਛਕਾਇਆ ਅਤੇ ਆਪਣਾ ਸਾਰਾ ਪਰਿਵਾਰ ਸਿਰਫ ਦੁੱਧ ਛਕਾਉਣ ਦੀ ਸੇਵਾ ਬਦਲੇ ਕੋਹਲੂ ਵਿੱਚ ਪਿੜਾ ਲਿਆ ਸੀ।ਇਸ ਮੌਕੇ ਐਡਵੋਕੇਟ ਵਿਕਾਸਦੀਪ ਸਿੰਘ ਨੰਡਾ ਪ੍ਰਧਾਨ ਬਾਰ ਐਸੋਸ਼ੀਏਸ਼ਨ, ਐਡਵੋਕੇਟ ਕੇਹਰ ਸਿੰਘ, ਸਤਨਾਮ ਸਿੰਘ ਮੋਮੀ ਸਾਬਕਾ ਪ੍ਰਧਾਨ ਬਾਰ ਐਸੋਸ਼ੀਏਸ਼ਨ, ਐਡਵੋਕੇਟ ਭੁਪਿੰਦਰ ਸਿੰਘ, ਐਡਵੋਕੇਟ ਜਰਨੈਲ ਸਿੰਘ ਸੰਧਾ, ਐਡਵੋਕੇਟ ਇੰਦਰਜੀਤ ਸਿੰਘ ਥਿੰਦ, ਰਣਜੀਤ ਸਿੰਘ ਸੈਣੀ, ਜਗਦੀਸ਼ ਸਟੈਨੋ, ,ਤਜਿੰਦਰ ਸਿੰਘ ਧੰਜੂ ਮੀਤ ਪ੍ਰਧਾਨ ਸ਼ਹੀਦ ਊਧਮ ਸਿੰਘ ਟਰੱਸਟ ਸੁਲਤਾਨਪੁਰ ਲੋਧੀ, ਜੱਗਾ ਸ਼ੇਖ ਮੰਗਾਂ, ਸੋਨੀ ਡੇਰਾ ਸੈਦਾਂ ਆਦਿ ਹਾਜ਼ਰ ਸਨ।



# 'ਵਿਕਸਤ ਭਾਰਤ ਸੰਕਲਪ ਯਾਤਰਾ' ਜਾਰੀ

**ਬੂਥਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

'ਵਿਕਸਤ ਭਾਰਤ ਸੰਕਲਪ ਯਾਤਰਾ' ਮੁਹਿੰਮ ਤਹਿਤ ਸਿਹਤ ਬਲਾਕ ਬੂਥਗੜ੍ਹ ਦੇ ਪਿੰਡਾਂ ਵਿਚ ਜਿਥੇ ਲਾਭਪਾਤਰੀਆਂ ਦੇ ਆਯੂਸ਼ਮਾਨ ਸਿਹਤ ਬੀਮਾ ਕਾਰਡ ਬਣਾਏ ਜਾ ਰਹੇ ਹਨ, ਉਥੇ ਟੀ ਬੀ ਸਮੇਤ ਵੱਖ-ਵੱਖ ਬਿਮਾਰੀਆਂ ਦੀ ਜਾਂਚ ਦਾ ਕੰਮ ਵੀ ਲਗਾਤਾਰ ਚੱਲ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਅਲਕਜੋਤ ਕੌਰ ਨੇ ਦਸਿਆ ਕਿ ਉਕਤ ਮੁਹਿੰਮ ਤਹਿਤ ਚੱਲ ਰਹੀ ਜਾਗਰੂਕਤਾ ਵੈਨ ਨੂੰ ਬੂਥਗੜ੍ਹ ਏਰੀਏ ਦੇ ਪਿੰਡਾਂ ਵਿਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। 22 ਨਵੰਬਰ ਤੋਂ ਚੱਲੀ ਵੈਨ ਹਰ ਰੋਜ਼ ਦੋ ਪਿੰਡਾਂ ਨੂੰ ਕਵਰ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਛੁੱਟੀ ਵਾਲੇ ਦਿਨ ਵੀ ਵੈਨ ਪਿੰਡਾਂ ਵਿਚ ਜਾਂਦੀ ਹੈ ਅਤੇ ਲੋਕਾਂ ਨੂੰ ਸਿਹਤ ਸਹੂਲਤਾਂ ਮੁਹਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦਸਿਆ ਕਿ ਮੈਡੀਕਲ ਕੈਂਪਾਂ ਦੌਰਾਨ ਜਿਥੇ ਲੋਕਾਂ ਦੀਆਂ ਸਿਹਤ ਆਈ.ਡੀਜ਼ ਬਣਾਈਆਂ ਜਾ ਰਹੀਆਂ ਹਨ, ਉਥੇ 5 ਲੱਖ ਰੁਪਏ ਤਕ ਦਾ ਮੁਫ਼ਤ ਸਿਹਤ ਬੀਮਾ ਮੁਹਈਆ ਕਰਵਾਉਣ ਵਾਲੇ ਕਾਰਡ ਵੀ ਬਣਾਏ ਜਾ ਰਹੇ ਹਨ। ਉਨ੍ਹਾਂ ਦਸਿਆ ਕਿ ਇਸ ਵੈਨ ਦੁਆਰਾ ਸਿਹਤ ਬਲਾਕ ਬੂਥਗੜ੍ਹ ਦੇ ਹਰ ਪਿੰਡ ਨੂੰ ਕਵਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਗ਼ੈਰ-ਸੰਚਾਰੀ ਬੀਮਾਰੀਆਂ ਅਤੇ ਟੀ ਬੀ ਦੀ ਜਾਂਚ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਮੰਤਵ ਸਿਹਤ ਸਹੂਲਤਾਂ ਨੂੰ ਮੌਕੇ ਤੇ ਮੁਹੱਈਆ ਕਰਵਾਉਣ ਦੇ ਨਾਲ-ਨਾਲ ਸਰਕਾਰੀ ਸਿਹਤ ਸਕੀਮਾਂ ਦਾ ਪ੍ਰਸਾਰ ਅਤੇ ਪ੍ਰਚਾਰ ਜਮੀਨੀ ਪੱਧਰ ਤੱਕ ਕਰਨਾ ਹੈ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਸਿਹਤ ਸੇਵਾਵਾਂ ਦੇ ਲਾਭ ਤੋਂ ਵਾਂਝਾ ਨਾ ਰਹੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਦਾ ਵੱਧ ਤੋਂ ਵੱਧ ਲਾਹਾ ਲੈਣ ਤਾਂਕਿ ਸਾਰਿਆਂ ਦੀ ਚੰਗੀ ਸਿਹਤ ਯਕੀਨੀ ਬਣਾਈ ਜਾ ਸਕੇ।

